ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 114
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 26 April, 2026) ਐਤਵਾਰ, 26 ਅਪ੍ਰੈਲ, 2026, 13 ਵੈਸਾਖ (ਦਸਵੀਂ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਲੀ 'ਚ ਰੋਸ ਮਾਰਚ 7 ਮਈ ਨੂੰ

ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਕੌਮੀ ਇਨਸਾਫ਼ ਮੋਰਚਾ ਦੇ ਆਗੂਆਂ ਵੱਲੋਂ ਸ਼ਨੀਵਾਰ ਨੂੰ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਮੌਕੇ ਕੌਮੀ ਇਨਸਾਫ਼ ਮੋਰਚੇ ਦੇ ਆਗੂਆਂ ਨੇ ਗੱਲ ਕਰਦਿਆਂ ਕਿਹਾ ਗਿਆ ਕਿ 7 ਮਈ ਨੂੰ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਤੋਂ ਪਾਰਲੀਮੈਂਟ ਹਾਊਸ ਤੱਕ ਕਾਲੇ ਚੋਲੇ ਪਾ ਕੇ ਤੇ ਜੰਜ਼ੀਰਾਂ ਪਹਿਨ ਕੇ ਰੋਸ ਮਾਰਚ ਕੀਤਾ ਜਾਵੇਗਾ। ਬੰਦੀ ਸਿੰਘਾਂ ਦੀ ਰਿਹਾਈ ਅਤੇ ਹੋਰ ਪੰਥਕ ਮਸਲਿਆਂ ਸੰਬੰਧੀ ਇਹ ਮਾਰਚ ਕਰਨ ਦਾ ਫੈਸਲਾ (ਬਾਕੀ ਸਫਾ 2 'ਤੇ)

# ਪੰਜਾਬ 'ਚ ਅਪ੍ਰੈਲ ਮਹੀਨੇ ਵਿੱਚ ਹੀ ਜੇਠ-ਹਾੜ ਵਾਲੀ ਗਰਮੀ, ਪਾਰਾ 44 ਡਿਗਰੀ ਤੱਕ ਪੁੱਜਾ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 25 ਅਪ੍ਰੈਲ : ਪੰਜਾਬ ਅਤੇ ਚੰਡੀਗੜ੍ਹ ਇਸ ਸਮੇਂ ਭਿਆਨਕ ਗਰਮੀ ਪੈ ਰਹੀ ਹੈ। ਬਠਿੰਡਾ ਅਤੇ ਫਰੀਦਕੋਟ ਵਿੱਚ ਵੱਧ ਤੋਂ ਵੱਧ ਤਾਪਮਾਨ 44.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਚੰਡੀਗੜ੍ਹ ਵਿੱਚ 41.0 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਸ਼ੁੱਕਰਵਾਰ ਦੇ ਮੁਕਾਬਲੇ ਤਾਪਮਾਨ ਵਿੱਚ 0.5 ਡਿਗਰੀ ਸੈਲਸੀਅਸ ਵਾਧਾ ਹੋਇਆ, ਜੋ ਕਿ ਆਮ ਨਾਲੋਂ ਪੰਜ ਡਿਗਰੀ ਵੱਧ ਹੈ।

ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਨੇ ਅੱਜ ਪੰਜਾਬ ਅਤੇ ਚੰਡੀਗੜ੍ਹ ਵਿਚ ਹੀਟ ਵੇਅ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਸਮੇਂ ਦੌਰਾਨ ਚੰਡੀਗੜ੍ਹ ਵਿੱਚ ਰਾਤਾਂ ਗਰਮ ਰਹਿਣ ਦੀ ਉਮੀਦ ਹੈ। ਕੱਲ੍ਹ 26 ਤੋਂ 30 ਅਪ੍ਰੈਲ ਤੱਕ ਮੀਂਹ ਪੈਣ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਅੱਜ, 10 ਜ਼ਿਲ੍ਹਿਆਂ ਮੋਗਾ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਬਰਨਾਲਾ, ਮੁਕਤਸਰ ਸਾਹਿਬ, ਬਠਿੰਡਾ, ਮਾਨਸਾ, ਸੰਗਰੂਰ ਅਤੇ ਪਟਿਆਲਾ ਵਿੱਚ ਵੱਖ-ਵੱਖ ਥਾਵਾਂ 'ਤੇ ਹੀਟ ਵੇਅ ਚੱਲਣ ਦੀ ਸੰਭਾਵਨਾ ਹੈ। ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਬਰਨਾਲਾ ਅਤੇ ਲੁਧਿਆਣਾ ਦੇ ਵੱਖ-ਵੱਖ ਇਲਾਕਿਆਂ ਵਿੱਚ ਰਾਤਾਂ ਗਰਮ ਰਹਿਣ ਦੀ ਸੰਭਾਵਨਾ ਹੈ। ਫਾਜ਼ਿਲਕਾ, ਮੁਕਤਸਰ ਸਾਹਿਬ ਅਤੇ ਬਠਿੰਡਾ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ।

ਪੰਜਾਬ ਵਿੱਚ ਗਰਮੀ ਦੀ ਲਹਿਰ ਸਾਫ਼ ਦਿਖਾਈ ਦੇ ਰਹੀ ਹੈ। ਅੰਕੜਿਆਂ ਅਨੁਸਾਰ, ਸੱਤ ਜ਼ਿਲ੍ਹਿਆਂ ਵਿੱਚ ਤਾਪਮਾਨ 40 ਡਿਗਰੀ ਤੋਂ ਉੱਪਰ ਦਰਜ ਕੀਤਾ ਗਿਆ। ਇਨ੍ਹਾਂ ਵਿੱਚ ਚੰਡੀਗੜ੍ਹ 41.0 ਡਿਗਰੀ, ਅੰਮ੍ਰਿਤਸਰ 40.3 ਡਿਗਰੀ, ਲੁਧਿਆਣਾ 42.4 ਡਿਗਰੀ, ਪਟਿਆਲਾ 42.4 ਡਿਗਰੀ, ਬਠਿੰਡਾ 42.5 ਡਿਗਰੀ (ਹਵਾਈ ਅੱਡੇ 'ਤੇ 44.3 ਡਿਗਰੀ), ਫਰੀਦਕੋਟ 44.3 ਡਿਗਰੀ ਅਤੇ ਰੂਪਨਗਰ (ਭਾਖੜਾ ਡੈਮ) 41.3 ਡਿਗਰੀ ਸ਼ਾਮਲ ਹਨ। ਇਸ ਦੌਰਾਨ, ਛੇ ਜ਼ਿਲ੍ਹਿਆਂ ਵਿੱਚ ਤਾਪਮਾਨ 35 ਤੋਂ 40 ਡਿਗਰੀ ਤੱਕ ਰਿਹਾ। ਜਿਸ ਵਿੱਚ (ਬਾਕੀ ਸਫਾ 2 'ਤੇ)

### ਬਾਗ਼ੀ ਸਾਂਸਦਾਂ 'ਤੇ ਹੋਵੇਗੀ ਕਾਰਵਾਈ !

# ਮਾਨ 'ਆਪ' ਵਿਧਾਇਕਾਂ ਸਣੇ ਰਾਸ਼ਟਰਪਤੀ ਨਾਲ ਕਰਨਗੇ ਮੁਲਾਕਾਤ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 25 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 7 'ਆਪ' ਸਾਂਸਦਾਂ ਦੇ ਪਾਰਟੀ ਛੱਡਣ ਨੂੰ ਲੈ ਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਦਾ ਸਮਾਂ ਮੰਗਿਆ ਹੈ। ਸੀ.ਐੱਮ. ਮਾਨ ਪੰਜਾਬ ਦੇ ਸਾਰੇ ਵਿਧਾਇਕਾਂ ਨੂੰ ਲੈ ਕੇ ਦਿੱਲੀ ਜਾ ਕੇ ਰਾਸ਼ਟਰਪਤੀ ਨਾਲ ਮਿਲਣਾ ਚਾਹੁੰਦੇ ਹਨ। ਉਹ ਪਾਰਟੀ ਬਦਲਣ ਵਾਲੇ 7 ਸਾਂਸਦਾਂ ਦੇ ਰਾਈਟ ਟੂ ਰਿਕਾਲ ਦੀ ਮੰਗ ਕਰਨਗੇ ਤੇ ਇਸ 'ਤੇ ਆਪਣਾ ਪੱਖ ਰੱਖਣਗੇ।

ਇਸ ਤੋਂ ਇਲਾਵਾ 'ਆਪ' ਦੇ ਰਾਜ ਸਭਾ ਸਾਂਸਦ ਸੰਜੇ ਸਿੰਘ ਉਪ ਰਾਸ਼ਟਰਪਤੀ ਨੂੰ ਮਿਲਣਗੇ। ਜਿਥੇ ਉਹ ਪਾਰਟੀ ਛੱਡਣ ਵਾਲੇ ਸਾਂਸਦਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਕਰਨਗੇ। ਸੰਜੇ ਸਿੰਘ ਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਕਿਹਾ ਕਿ ਸਿਰਫ 3 ਹੀ ਸਾਂਸਦ ਭਾਜਪਾ ਵਿਚ ਸ਼ਾਮਲ ਹੋਏ ਹਨ ਬਾਕੀ 4 ਅਜੇ ਉਨ੍ਹਾਂ ਦੀ ਪਾਰਟੀ ਵਿਚ ਹੀ ਹਨ। ਰਾਘਵ ਚੱਢਾ ਨੇ ਕੱਲ੍ਹ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੀ ਪਾਰਟੀ ਦੇ ਰਾਜ ਸਭਾ ਵਿਚ 10 ਸਾਂਸਦ ਹਨ। ਇਨ੍ਹਾਂ ਵਿਚੋਂ ਦੋ-ਤਿਹਾਈ ਯਾਨੀ 7 ਸਾਂਸਦ ਸਾਡੇ ਨਾਲ ਹਨ। ਅਜਿਹੇ ਵਿਚ ਸਾਡੇ ਉਪਰ ਦਬਦਬਲ ਕਾਨੂੰਨ ਲਾਗੂ ਨਹੀਂ ਹੁੰਦਾ। ਇਸ ਨੂੰ ਖਾਰਜ ਕਰਦੇ ਹੋਏ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਸਿਰਫ 3 ਹੀ ਸਾਂਸਦ ਭਾਜਪਾ ਵਿਚ ਗਏ ਹਨ।

2 ਸਾਂਸਦਾਂ ਸਵਾਤੀ ਮਾਲੀਵਾਲ ਤੇ ਰਾਜਿੰਦਰ ਗੁਪਤਾ ਦੇ ਫਰਜ਼ੀ ਸਾਈਨ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਪੰਜਾਬ ਵਿਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ 10 ਰਾਜ ਸਭਾ ਸਾਂਸਦਾਂ ਵਿਚੋਂ 7 ਸਾਂਸਦਾਂ ਨੇ ਕੱਲ੍ਹ ਪਾਰਟੀ ਛੱਡ ਦਿੱਤੀ। ਇਨ੍ਹਾਂ ਵਿਚੋਂ 6 ਪੰਜਾਬ ਤੋਂ ਹਨ। ਪਾਰਟੀ ਛੱਡਣ ਮਗਰੋਂ ਪੰਜਾਬ ਤੋਂ ਰਾਜ ਸਭਾ ਸਾਂਸਦ ਰਾਘਵ ਚੱਢਾ, ਅਸ਼ੋਕ ਮਿੱਤਲ ਤੇ ਸੰਦੀਪ ਪਾਠਕ ਨੇ ਭਾਜਪਾ ਜੁਆਇਨ ਕਰ ਲਈ। ਰਾਘਵ ਚੱਢਾ ਮੁਤਾਬਕ ਹਰਭਜਨ ਸਿੰਘ, ਵਿਕਰਮਜੀਤ ਸਿੰਘ ਸਾਹਨੀ, ਸਵਾਤੀ ਮਾਲੀਵਾਲ ਤੇ ਰਾਜੇਂਦਰ ਗੁਪਤਾ ਵੀ ਸਾਡੇ ਨਾਲ ਹਨ।

ਇਸੇ ਦਰਮਿਆਨ 'ਆਪ' ਵਿਚ ਹਲਚਲ ਵਧ ਗਈ ਹੈ। 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਕਲ ਹੀ ਗੁਜਰਾਤ ਤੋਂ ਪਰਤੇ ਸਨ ਜਿਸ ਮਗਰੋਂ ਦਿੱਲੀ ਏਅਰਪੋਰਟ ਤੋਂ ਸਿੱਧੇ ਉਹ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਮਿਲਣ ਪਹੁੰਚੇ ਸਨ।

### ਮੁੱਖ ਮੰਤਰੀ ਵੱਲੋਂ ਬਾਗ਼ੀ ਰਾਜ ਸਭਾ ਮੈਂਬਰਾਂ 'ਤੇ ਤੰਜ

## 'ਅਦਰਕ-ਲਸਣ, ਜੀਰਾ ਮਿਲ ਕੇ ਸੁਆਦ ਤਾਂ ਬਣਾਉਂਦੇ ਨੇ ਪਰ ਖੁਦ ਸਬਜ਼ੀ ਨਹੀਂ ਹਨ'

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 25 ਅਪ੍ਰੈਲ :ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਰਾਘਵ ਚੱਢਾ, ਅਸ਼ੋਕ ਮਿੱਤਲ ਅਤੇ ਸੰਦੀਪ ਪਾਠਕ ਸਮੇਤ ਸੱਤ ਰਾਜ ਸਭਾ ਸੰਸਦ ਮੈਂਬਰਾਂ ਦੇ ਜਾਣ ਤੋਂ ਬਾਅਦ ਪਾਰਟੀ ਦੇ ਕਈ ਨੇਤਾ ਇਨ੍ਹਾਂ ਆਗੂਆਂ ਨੂੰ ਨਿਸ਼ਾਨਾ ਬਣਾ ਰਹੇ ਹਨ। ਇਸ ਵਿਚਾਲੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇਨ੍ਹਾਂ ਆਗੂਆਂ 'ਤੇ ਤੰਜ ਕੱਸਿਆ ਹੈ। ਉਨ੍ਹਾਂ ਨੇ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਇਨ੍ਹਾਂ ਬਾਗ਼ੀ ਸੰਸਦ ਮੈਂਬਰਾਂ 'ਤੇ ਤਿੱਖਾ ਹਮਲਾ ਕੀਤਾ ਹੈ, ਜਿਸ ਵਿੱਚ ਉਨ੍ਹਾਂ ਦੀ ਤੁਲਨਾ ਲਸਣ ਅਤੇ ਮਸਾਲਿਆਂ ਨਾਲ ਕੀਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਸਾਂਝੀ ਕੀਤੀ, ਜਿਸ ਵਿੱਚ ਕਿਹਾ ਗਿਆ ਹੈ ਕਿ, ਅਦਰਕ, ਲਸਣ, ਜੀਰਾ, ਮੇਥੀ ਪਾਊਡਰ, ਲਾਲ ਮਿਰਚ, ਕਾਲੀ ਮਿਰਚ ਅਤੇ ਧਨੀਆ - ਇਹ 7 ਚੀਜ਼ਾਂ ਮਿਲਾ ਕੇ ਸਬਜ਼ੀ ਤਾਂ ਸੁਆਦ ਬਣਦੀ ਏ, ਪਰ ਇਕੱਲੇ ਇਹ ਚੀਜ਼ਾਂ 'ਸਬਜ਼ੀ' ਨਹੀਂ ਬਣ ਸਕਦੀ।

ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਸੀ.ਐਮ. ਮਾਨ ਨੇ ਪਾਰਟੀ ਛੱਡਣ ਵਾਲੇ ਸੰਸਦ ਮੈਂਬਰਾਂ ਨੂੰ ਗੱਦਾਰ ਦੱਸਿਆ ਸੀ। ਉਨ੍ਹਾਂ ਕਿਹਾ ਕਿ ਪਾਰਟੀ ਵੱਡੀ ਹੈ, ਸੰਗਠਨ ਵੱਡਾ ਹੈ, ਵਿਅਕਤੀ ਨਹੀਂ। ਉਨ੍ਹਾਂ ਕਿਹਾ ਕਿ ਇਨ੍ਹਾਂ ਛੇ-ਸੱਤ ਲੋਕਾਂ ਜੋ ਚਲੇ ਗਏ ਹਨ, ਨੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ। ਇਨ੍ਹਾਂ ਲੋਕਾਂ ਨੇ ਇੱਥੇ ਬੈਠ ਕੇ ਆਪਣੇ ਅਹੁਦੇ (ਬਾਕੀ ਸਫਾ 2 'ਤੇ)

## 'ਲਾਰੈਂਸ ਆਫ਼ ਪੰਜਾਬ' ਦਾ ਵਿਰੋਧ ਕਰਨ 'ਤੇ ਵੜਿੰਗ, ਰੰਧਾਵਾ ਤੇ ਡੀਜੀਪੀ ਨੂੰ ਮਿਲੀ ਧਮਕੀ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.):ਲਾਰੈਂਸ ਆਫ਼ ਪੰਜਾਬ ਦਸਤਾਵੇਜ਼ੀ 'ਤੇ ਪਾਬੰਦੀ ਤੋਂ ਬਾਅਦ, ਹੁਣ ਡੀ.ਜੀ.ਪੀ. ਗੌਰਵ ਯਾਦਵ, ਰਾਜਾ ਵੜਿੰਗ, ਸੰਸਦ ਮੈਂਬਰ ਸੁਖਜਿੰਦਰ ਰੰਧਾਵਾ ਅਤੇ ਬਲਕਾਰ ਸਿੰਘ ਅਤੇ ਪੰਜਾਬ ਦੇ ਏਜੀ ਨੂੰ ਧਮਕੀਆਂ ਮਿਲੀਆਂ ਹਨ। ਇਸ ਦੇ ਨਾਲ ਹੀ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਵੀ ਧਮਕੀ ਭਰਿਆ ਮੈਸੇਜ ਆਇਆ ਹੈ। ਇਹ ਧਮਕੀ ਇੱਕ ਵਿਦੇਸ਼ੀ ਵਟਸਐਪ ਨੰਬਰ ਤੋਂ ਭੇਜੀ ਗਈ ਸੀ। ਇਸ ਸੁਨੇਹੇ ਵਿੱਚ ਉਨ੍ਹਾਂ ਨੂੰ ਜਾਨੋਂ ਮਾਰਨ ਦੀ (ਬਾਕੀ ਸਫਾ 2 'ਤੇ)

# ਭਾਰਤ-ਅਮਰੀਕਾ ਵਪਾਰਕ ਸਮਝੌਤੇ ਨੂੰ ਲੈ ਕੇ ਵਾਸ਼ਿੰਗਟਨ 'ਚ ਹੋਈ ਸਾਰਥਕ ਚਰਚਾ

**ਚੜ੍ਹਦੀਕਲਾ ਬਿਊਰੋ**



ਵਾਸ਼ਿੰਗਟਨ, 25 ਅਪ੍ਰੈਲ : ਭਾਰਤ ਅਤੇ ਅਮਰੀਕਾ ਵਿਚਾਲੇ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡੀ ਕਾਮਯਾਬੀ ਮਿਲੀ ਹੈ। ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ.ਸੀ. ਵਿੱਚ ਚਾਰ ਦਿਨਾਂ ਤੱਕ ਚੱਲੀ 'ਸਾਰਥਕ ਅਤੇ ਭਵਿੱਖਮੁਖੀ ਚਰਚਾ' ਤੋਂ ਬਾਅਦ, ਦੋਵਾਂ ਦੇਸ਼ਾਂ ਦੇ ਵਾਰਤਾਕਾਰਾਂ ਨੇ ਅੰਤਰਿਮ ਵਪਾਰ ਸਮਝੌਤੇ ਦੇ ਵੇਰਵਿਆਂ ਨੂੰ ਅੰਤਿਮ ਰੂਪ ਦੇਣ ਅਤੇ ਵਿਆਪਕ ਦੁਵੱਲੇ ਵਪਾਰ ਸਮਝੌਤੇ ਵੱਲ ਵਧਣ ਵਿੱਚ ਅਹਿਮ ਪ੍ਰਗਤੀ ਕੀਤੀ ਹੈ। ਭਾਰਤ ਦੇ ਵਣਜ ਵਿਭਾਗ ਵੱਲੋਂ ਜਾਰੀ ਬਿਆਨ ਅਨੁਸਾਰ, ਭਾਰਤੀ ਵਫ਼ਦ ਆਪਣੇ ਅਮਰੀਕੀ ਹਮਰੁਤਬਾ ਨਾਲ ਆਹਮੋ-ਸਾਹਮਣੇ ਦੀਆਂ ਮੀਟਿੰਗਾਂ ਲਈ ਵਾਸ਼ਿੰਗਟਨ ਗਿਆ ਸੀ। ਇਹ ਮੀਟਿੰਗਾਂ ਬਹੁਤ ਹੀ ਰਚਨਾਤਮਕ ਅਤੇ ਸਕਾਰਾਤਮਕ ਰਹੀਆਂ, ਜਿਸ ਵਿੱਚ ਮੁੱਖ ਮੁੱਦਿਆਂ 'ਤੇ ਸਹਿਮਤੀ ਬਣੀ ਹੈ। ਦੋਵੇਂ ਧਿਰਾਂ ਇਸ ਗਤੀ ਨੂੰ ਬਣਾਈ ਰੱਖਣ ਲਈ ਗੱਲਬਾਤ ਜਾਰੀ ਰੱਖਣ 'ਤੇ ਸਹਿਮਤ ਹੋਈਆਂ ਹਨ। ਇਸ ਚਰਚਾ ਦੌਰਾਨ ਕਈ ਮਹੱਤਵਪੂਰਨ ਖੇਤਰਾਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ, ਜਿਨ੍ਹਾਂ ਵਿੱਚ ਬਾਜ਼ਾਰ ਤੱਕ ਪਹੁੰਚ ਅਤੇ ਗੈਰ-ਟੈਰਿਫ ਉਪਾਅ। ਵਪਾਰ ਵਿੱਚ ਤਕਨੀਕੀ ਰੁਕਾਵਟਾਂ ਅਤੇ ਸੀਮਾ ਸ਼ੁਲਕ ਸੁਵਿਧਾਵਾਂ। ਨਿਵੇਸ਼ ਪ੍ਰੋਤਸਾਹਨ ਅਤੇ ਆਰਥਿਕ ਸੁਰੱਖਿਆ। ਡਿਜੀਟਲ ਵਪਾਰ ਨਾਲ ਸਬੰਧਤ ਮੁੱਦੇ ਸ਼ਾਮਲ ਹਨ। (ਬਾਕੀ ਸਫਾ 2 'ਤੇ)

# ਮਾਨ ਵੱਲੋਂ ਡੀ.ਸੀਜ਼. ਨੂੰ ਸਮਾਂ ਹੱਦ ਤੋਂ ਪਹਿਲਾਂ ਹੜ੍ਹ ਸੁਰੱਖਿਆ ਕਾਰਜ ਨੇਪਰੇ ਚਾੜ੍ਹਨ ਦੇ ਆਦੇਸ਼

### ਸਰਕਾਰ ਲੋਕਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ: ਮੁੱਖ ਮੰਤਰੀ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 25 ਅਪ੍ਰੈਲ : ਆਗਾਮੀ ਮਾਨਸੂਨ ਸੀਜ਼ਨ ਦੇ ਮੱਦੇ-ਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਸੁਰੱਖਿਆ ਦੇ ਸਾਰੇ ਕੰਮ ਸਮੇਂ ਸਿਰ ਪੂਰੇ ਕਰਨ ਦੇ ਹੁਕਮ ਦਿੱਤੇ ਅਤੇ ਅਧਿਕਾਰੀਆਂ ਨੂੰ ਕੁਤਾਹੀ ਲਈ ਨਿੱਜੀ ਜਵਾਬਦੇਹੀ ਦੀ ਚੇਤਾਵਨੀ ਦਿੱਤੀ। ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਉਨ੍ਹਾਂ ਨਾਲਿਆਂ ਅਤੇ ਹੜ੍ਹਾਂ ਵਾਲੀਆਂ ਸੰਭਾਵੀ ਥਾਂਵਾਂ ਤੋਂ ਤੁਰੰਤ ਗਾਰ ਕੱਢਣ, ਪ੍ਰਦੂਸ਼ਨ ਵਿਰੋਧੀ ਉਪਾਵਾਂ ਨੂੰ ਤੇਜ਼ ਕਰਨ ਅਤੇ ਲੰਬਿਤ ਬੁਨਿਆਦੀ ਢਾਂਚੇ ਦੇ ਪ੍ਰਾਜੈਕਟਾਂ ਨੂੰ ਅੱਗੇ ਵਧਾਉਣ ਦੇ ਨਿਰਦੇਸ਼ ਦਿੱਤੇ ਤਾਂ ਕਿ ਬਾਰਿਸ਼ ਤੋਂ ਪਹਿਲਾਂ ਹੀ ਸਾਰੇ ਪ੍ਰਬੰਧ ਮੁਕੰਮਲ ਹੋਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾਂ ਦੇ ਨਾਲ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੀ ਸਨ, ਨੇ ਪੰਜਾਬ ਭਰ ਵਿੱਚ ਹੜ੍ਹ ਸੁਰੱਖਿਆ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਮਾਸਟਰ ਪਲਾਨ ਲਾਗੂ ਕਰਨ ਦੀ ਵਕਾਲਤ ਕੀਤੀ। ਉਨ੍ਹਾਂ ਕਿਹਾ, "ਡਰੇਨਾਂ ਅਤੇ ਦਰਿਆਵਾਂ ਦੀ ਯੋਜਨਾ ਸਿੰਜਾਈ ਵਿਭਾਗ ਦੇ ਇੰਜੀਨੀਅਰਾਂ ਨਾਲ ਤਾਲਮੇਲ ਕਰਕੇ ਤਿਆਰ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਹੜ੍ਹ ਸੁਰੱਖਿਆ ਕਾਰਜਾਂ ਦੀ ਨਿਯਮਤ ਤੌਰ 'ਤੇ ਡੀ-ਸਿਲਟਿੰਗ, ਸਫਾਈ ਅਤੇ ਮਜ਼ਬੂਤੀ ਯਕੀਨੀ ਬਣਾਈ ਜਾ ਸਕੇ।"

ਉਨ੍ਹਾਂ ਜ਼ੋਰ ਦੇ ਕੇ ਕਿਹਾ, "ਇਹ ਮਾਨਸੂਨ ਦੇ ਮੌਸਮ ਦੌਰਾਨ ਲੋਕਾਂ ਨੂੰ ਹੜ੍ਹਾਂ ਦੇ ਕਹਿਰ ਤੋਂ ਬਚਾਉਣ ਵਿੱਚ ਸਹਾਈ ਹੋਵੇਗਾ ਅਤੇ ਹਰੇਕ ਅਧਿਕਾਰੀ ਇਸ ਕੰਮ ਲਈ ਨਿੱਜੀ ਤੌਰ 'ਤੇ ਜਵਾਬਦੇਹ ਹੋਵੇਗਾ। ਉਨ੍ਹਾਂ ਕਿਹਾ ਕਿ ਗਿੱਦੜਪਿੰਡੀ ਰੇਲਵੇ ਪੁਲ ਅਤੇ ਹੜ੍ਹਾਂ ਦੀ ਸੰਭਾਵਨਾ ਵਾਲੀਆਂ ਹੋਰ ਥਾਂਵਾਂ ਦੀ ਸਫਾਈ (ਬਾਕੀ ਸਫਾ 2 'ਤੇ)

# ਭਾਜਪਾ 'ਚ ਸ਼ਾਮਿਲ ਹੁੰਦਿਆਂ ਹੀ ਰਾਘਵ ਚੱਢਾ ਦੇ ਇੰਸਟਾਗ੍ਰਾਮ 'ਤੇ ਘਟੇ ਫਾਲੋਅਰਜ਼

### 11 ਲੱਖ ਤੋਂ ਵੱਧ ਲੋਕਾਂ ਨੇ ਕੀਤਾ ਅਨਫਾਲੋਅ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 25 ਅਪ੍ਰੈਲ : ਰਾਸ਼ਟਰੀ ਰਾਜਨੀਤੀ ਵਿਚ ਵੱਡਾ ਬਦਲਾਅ ਦੇਖਣ ਨੂੰ ਮਿਲਿਆ ਹੈ। ਰਾਘਵ ਚੱਢਾ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿਚ ਸ਼ਾਮਲ ਹੋ ਗਏ ਹਨ। ਉਨ੍ਹਾਂ ਦੇ ਇਸ ਫੈਸਲੇ ਨੇ ਰਾਜਨੀਤਕ ਗਲਿਆਰਿਆਂ ਤੋਂ ਲੈ ਕੇ ਸੋਸ਼ਲ ਮੀਡੀਆ ਤੱਕ ਹਲਚਲ ਮਚਾ ਦਿੱਤੀ ਹੈ। 'ਆਪ' ਛੱਡ ਕੇ ਭਾਜਪਾ ਵਿਚ ਸ਼ਾਮਲ ਹੋਏ ਰਾਘਵ ਚੱਢਾ ਨੂੰ ਵੱਡਾ ਝਟਕਾ ਲੱਗਾ ਹੈ। ਉਨ੍ਹਾਂ ਦੇ ਇੰਸਟਾਗ੍ਰਾਮ 'ਤੇ ਫਾਲੋਅਰਜ਼ ਘੱਟ ਗਏ ਹਨ। ਉਨ੍ਹਾਂ ਨੂੰ ਭਾਜਪਾ ਵਿਚ ਸ਼ਾਮਲ ਹੋਏ ਅਜੇ 24 ਘੰਟੇ ਹੀ ਹੋਏ ਹਨ ਕਿ ਇੰਸਟਾਗ੍ਰਾਮ 'ਤੇ ਰਾਘਵ ਦੇ ਲਗਭਗ 10 ਲੱਖ ਦੇ ਫਾਲੋਅਰਜ਼ ਘੱਟ ਗਏ ਹਨ। ਸ਼ੁੱਕਰਵਾਰ ਨੂੰ ਜਿੱਥੇ ਉਨ੍ਹਾਂ ਦੇ 1 ਕਰੋੜ 46 ਲੱਖ ਫਾਲੋਅਰਜ਼ ਸਨ, ਉੱਥੇ ਸ਼ਨੀਵਾਰ ਦੁਪਹਿਰ ਇੱਕ ਵਜੇ ਤੱਕ ਇਹ ਗਿਣਤੀ ਘਟ ਕੇ 1 ਕਰੋੜ 35 ਲੱਖ ਰਹਿ ਗਈ। ਸੋਸ਼ਲ ਮੀਡੀਆ 'ਤੇ #unfollowRaghav Chadha ਦਾ ਟ੍ਰੈਂਡ ਤੇਜ਼ੀ ਨਾਲ ਫੈਲ ਰਿਹਾ ਹੈ। ਆਲੋਚਕਾਂ ਦਾ ਕਹਿਣਾ ਹੈ ਕਿ ਇਸ ਮੁਹਿੰਮ ਦੀ ਅਗਵਾਈ ਮੁੱਖ ਰੂਪ ਵਿੱਚ Gen Z ਯਾਨੀ ਨੌਜਵਾਨ ਵਰਗ ਕਰ ਰਿਹਾ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ 'ਆਪ' ਆਗੂ ਸੌਰਵ ਭਾਰਦਵਾਜ ਵੱਲੋਂ ਰਾਘਵ 'ਤੇ ਦੋਸ਼ ਲਗਾਇਆ ਗਿਆ ਸੀ ਕਿ ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਹੈਂਡਲਾਂ ਤੋਂ ਭਾਜਪਾ ਦੀ (ਬਾਕੀ ਸਫਾ 2 'ਤੇ)

# ਕੱਚੇ ਤੇਲ ਦੇ ਭਾਅ 'ਚ ਉਛਾਲ ਕਾਰਨ ਮਹਿੰਗਾ ਹੋਇਆ ਪੈਟਰੋਲ-ਡੀਜ਼ਲ

**ਚੜ੍ਹਦੀਕਲਾ ਬਿਊਰੋ**




ਨਵੀਂ ਦਿੱਲੀ, 25 ਅਪ੍ਰੈਲ :ਹੋਰਮੁਜ਼ ਜਲਡਮਰੂਮੱਧ ਵਿੱਚ ਵਧਦੇ ਤਣਾਅ ਕਾਰਨ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਦੇਖਣ ਨੂੰ ਮਿਲ ਰਿਹਾ ਹੈ। ਇਸ ਦਾ ਸਿੱਧਾ ਅਸਰ ਹੁਣ ਭਾਰਤ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਪ੍ਰਚੂਨ ਕੀਮਤਾਂ 'ਤੇ ਵੀ ਪੈਣਾ ਸ਼ੁਰੂ ਹੋ ਗਿਆ ਹੈ। ਸ਼ਨੀਵਾਰ ਨੂੰ ਕੱਚੇ ਤੇਲ ਦੀ ਕੀਮਤ ਇੱਕ ਵਾਰ ਫਿਰ 105 ਡਾਲਰ ਪ੍ਰਤੀ ਬੈਰਲ ਨੂੰ ਪਾਰ ਕਰ ਗਈ ਹੈ, ਜਿਸ ਤੋਂ ਬਾਅਦ ਸਰਕਾਰੀ ਤੇਲ ਕੰਪਨੀਆਂ ਵੱਲੋਂ ਜਾਰੀ ਕੀਤੀਆਂ ਗਈਆਂ ਨਵੀਆਂ ਕੀਮਤਾਂ ਵਿੱਚ ਕਈ ਸ਼ਹਿਰਾਂ ਅੰਦਰ ਤੇਲ ਮਹਿੰਗਾ ਹੋ ਗਿਆ ਹੈ। ਇਨ੍ਹਾਂ ਸ਼ਹਿਰਾਂ ਵਿੱਚ ਵਧੀਆਂ ਕੀਮਤਾਂ ਸਰੋਤਾਂ ਅਨੁਸਾਰ, ਅੱਜ ਦੇਸ਼ ਦੇ ਕਈ ਪ੍ਰਮੁੱਖ ਸ਼ਹਿਰਾਂ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਦਰਜ ਕੀਤਾ ਗਿਆ ਹੈ: ਗੁਰੂਗ੍ਰਾਮ ਵਿੱਚ ਪੈਟਰੋਲ 52 ਪੈਸੇ ਮਹਿੰਗਾ ਹੋ ਕੇ 95.65 ਰੁਪਏ ਅਤੇ ਡੀਜ਼ਲ 50 ਪੈਸੇ ਦੇ ਵਾਧੇ ਨਾਲ 88.10 ਰੁਪਏ, ਨੋਇਡਾ ਵਿੱਚ ਪੈਟਰੋਲ 2 ਪੈਸੇ ਮਹਿੰਗਾ ਹੋ ਕੇ 94.90 ਰੁਪਏ ਅਤੇ ਡੀਜ਼ਲ 3 ਪੈਸੇ ਦੇ ਵਾਧੇ ਨਾਲ 88.01 ਰੁਪਏ (ਬਾਕੀ ਸਫਾ 2 'ਤੇ)

## 'ਨਰਕ' ਕਹਿਣ 'ਤੇ ਘਿਰੇ ਟਰੰਪ ਨੇ ਹੁਣ ਭਾਰਤ ਨੂੰ ਦੱਸਿਆ ਮਹਾਨ ਦੇਸ਼

ਵਾਸ਼ਿੰਗਟਨ, 25 ਅਪ੍ਰੈਲ (ਚ.ਨ.ਸ.): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਬੀਤੇ ਦਿਨੀਂ ਭਾਰਤ ਤੇ ਚੀਨ ਨੂੰ 'ਹੈੱਲਹੋਲ' (ਨਰਕ ਵਰਗੀ ਜਗ੍ਹਾ) ਕਹੇ ਜਾਣ ਮਗਰੋਂ ਉਨ੍ਹਾਂ ਦਾ ਭਾਰਤੀ ਤੇ ਅਮਰੀਕੀ ਲੋਕਾਂ ਨੇ ਵਿਰੋਧ ਕੀਤਾ ਹੈ। ਇਸ ਘਟਨਾ ਮਗਰੋਂ ਅਮਰੀਕੀ ਵਿਦੇਸ਼ ਮੰਤਰਾਲੇ ਅਤੇ ਵ੍ਹਾਈਟ ਹਾਊਸ ਨੂੰ ਤੁਰੰਤ ਸਫ਼ਾਈ ਦੇਣੀ ਪਈ ਹੈ। ਟਰੰਪ ਵੱਲੋਂ ਦਿੱਤੇ ਗਏ ਬਿਆਨ ਮਗਰੋਂ ਭਾਰਤ ਵਿੱਚ ਵਧ ਰਹੇ ਗੁੱਸੇ ਨੂੰ ਦੇਖਦਿਆਂ ਵ੍ਹਾਈਟ ਹਾਊਸ ਨੇ ਇਕ ਬਿਆਨ ਜਾਰੀ ਕੀਤਾ ਹੈ ਕਿ 'ਰਾਸ਼ਟਰਪਤੀ ਟਰੰਪ ਭਾਰਤ ਨੂੰ ਇੱਕ ਮਹਾਨ ਦੇਸ਼ ਮੰਨਦੇ ਹਨ ਅਤੇ ਉਹ ਭਾਰਤ ਦੇ ਸੱਭਿਆਚਾਰ ਤੇ ਲੋਕਾਂ ਦਾ ਬਹੁਤ ਸਨਮਾਨ ਕਰਦੇ ਹਨ।' ਰਿਪੋਰਟਾਂ ਅਨੁਸਾਰ, ਟਰੰਪ ਟੈਰਿਫ ਅਤੇ ਇਮੀਗ੍ਰੇਸ਼ਨ ਦੇ ਮੁੱਦੇ 'ਤੇ ਚਰਚਾ ਕਰ ਰਹੇ ਸਨ। (ਬਾਕੀ ਸਫਾ 2 'ਤੇ)

# ਈਰਾਨ ਵੱਲੋਂ ਅਮਰੀਕੀ ਵਫ਼ਦ ਨਾਲ ਕਿਸੇ ਵੀ ਤਰ੍ਹਾਂ ਦੀ ਗੱਲਬਾਤ ਤੋਂ ਨਾਂਹ

**ਚੜ੍ਹਦੀਕਲਾ ਬਿਊਰੋ**



ਇਸਲਾਮਾਬਾਦ, 25 ਅਪ੍ਰੈਲ : ਈਰਾਨ ਅਤੇ ਅਮਰੀਕਾ ਦਰਮਿਆਨ ਵਧਦੇ ਤਣਾਅ ਨੂੰ ਘੱਟ ਕਰਨ ਲਈ ਪਾਕਿਸਤਾਨ ਦੀ ਮੇਜ਼ਬਾਨੀ ਵਿੱਚ ਹੋ ਰਹੀਆਂ ਕੋਸ਼ਿਸ਼ਾਂ ਨੂੰ ਅੱਜ ਉਸ ਵੇਲੇ ਵੱਡਾ ਝਟਕਾ ਲੱਗਿਆ ਜਦੋਂ ਈਰਾਨ ਨੇ ਅਮਰੀਕੀ ਪ੍ਰਤੀਨਿਧੀਆਂ ਨਾਲ ਕਿਸੇ ਵੀ ਤਰ੍ਹਾਂ ਦੀ ਸਿੱਧੀ ਗੱਲਬਾਤ ਤੋਂ ਸਾਫ਼ ਇਨਕਾਰ ਕਰ ਦਿੱਤਾ।

ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਦੇ ਪਾਕਿਸਤਾਨ ਪਹੁੰਚਣ ਤੋਂ ਤੁਰੰਤ ਬਾਅਦ ਈਰਾਨੀ ਵਿਦੇਸ਼ ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਇਸ ਫੇਰੀ ਦੌਰਾਨ ਅਮਰੀਕੀ ਸਰਕਾਰ ਦੇ ਨੁਮਾਇੰਦਿਆਂ ਨਾਲ ਕੋਈ ਮੀਟਿੰਗ ਤੈਅ ਨਹੀਂ ਹੈ। ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਾਕਾਈ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸਲਾਮਾਬਾਦ ਵਿੱਚ ਈਰਾਨ ਅਤੇ ਅਮਰੀਕਾ ਵਿਚਾਲੇ ਕੋਈ ਸਿੱਧੀ ਗੱਲਬਾਤ ਨਹੀਂ ਹੋਵੇਗੀ।

ਉਨ੍ਹਾਂ ਦੱਸਿਆ ਕਿ ਦੋਵਾਂ ਦੇਸ਼ਾਂ ਦੇ ਵਫ਼ਦਾਂ ਦਰਮਿਆਨ ਸੁਨੇਹਿਆਂ ਦਾ ਆਦਾਨ-ਪ੍ਰਦਾਨ ਪਾਕਿਸਤਾਨੀ ਅਧਿਕਾਰੀਆਂ ਰਾਹੀਂ ਕੀਤਾ ਜਾਵੇਗਾ। ਬੁਲਾਰੇ ਨੇ (ਬਾਕੀ ਸਫਾ 2 'ਤੇ)

## ਅੰਮ੍ਰਿਤਪਾਲ ਸਿੰਘ ਨੂੰ ਪੇਸ਼ੀ ਤੋਂ ਬਾਅਦ ਨਿਆਂਇਕ ਹਿਰਾਸਤ 'ਚ ਭੇਜਿਆ

ਅਜਨਾਲਾ, 25 ਅਪ੍ਰੈਲ (ਚ.ਨ.ਸ.): 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਅਜਨਾਲਾ ਥਾਣਾ ਹਮਲਾ ਕੇਸ ਵਿੱਚ ਦੋ ਦਿਨਾਂ ਦੇ ਪੁਲਿਸ ਰਿਮਾਂਡ ਤੋਂ ਬਾਅਦ ਅੱਜ ਮੁੜ ਆਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਭੇਜ ਦਿੱਤਾ ਗਿਆ ਹੈ। ਸ਼ਨੀਵਾਰ ਨੂੰ ਅਜਨਾਲਾ ਦੀ ਅਦਾਲਤ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਸੁਣਵਾਈ ਕਰਦਿਆਂ ਅੰਮ੍ਰਿਤਪਾਲ ਸਿੰਘ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਦੇ ਹੁਕਮ ਦਿੱਤੇ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ 23 ਅਪ੍ਰੈਲ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਹਿਰਾਸਤ ਦੀ ਮਿਆਦ ਖ਼ਤਮ ਹੋਣ ਤੋਂ ਤੁਰੰਤ ਬਾਅਦ ਪੰਜਾਬ ਪੁਲਿਸ ਨੇ ਫਿਰ ਤੋਂ ਗ੍ਰਿਫਤਾਰ (ਬਾਕੀ ਸਫਾ 2 'ਤੇ)







# ਰਾਜ ਸਭਾ ਦੀ ਬਗ਼ਾਵਤ: ਲੋਕਤੰਤਰ ਦੇ ਭਰੋਸੇ ਦੀ ਕਸੌਟੀ

### ਰਾਈਟ ਟੂ ਰੀਕਾਲਦੀ ਚਰਚਾ ਬਹੁਤ ਮਹੱਤਵਪੂਰਨ ਹੈ

### ਭਾਰਤੀ ਸਿਆਸਤ ਦਾ ਸੰਕਟ ਨਹੀਂ, ਸਗੋਂ ਭਾਰਤੀ ਲੋਕਤੰਤਰ ਦੀ ਵਿਸ਼ਵਾਸਯੋਗਤਾ ਦਾ ਹੈ

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਹੁਣ ਰਾਜ ਸਭਾ ਵਿੱਚ ਬਾਗੀ ਨੇਤਾਵਾਂ ਦੇ ਆਮ ਆਦਮੀ ਪਾਰਟੀ ਤੋਂ ਵੱਖ ਹੋ ਕੇ ਭਾਜਪਾ ਵੱਲ ਜਾਣ ਨਾਲ ਪੰਜਾਬ ਅਤੇ ਦਿੱਲੀ ਦੀ ਰਾਜਨੀਤੀ ਵਿੱਚ ਇੱਕ ਨਵਾਂ ਸੰਵਿਧਾਨਕ ਅਤੇ ਨੈਤਿਕ ਸੰਕਟ ਖੜ੍ਹਾ ਹੋ ਗਿਆ ਹੈ।

ਅੱਜ ਇਹ ਮਾਮਲਾ ਸਿਰਫ਼ ਸਿਆਸੀ ਦਲ-ਬਦਲੀ ਦਾ ਨਹੀਂ, ਸਗੋਂ ਲੋਕਤੰਤਰ ਦੀ ਮਰਯਾਦਾ, ਜਨ ਮੰਡੇਟ ਦੀ ਪਵਿੱਤਰਤਾ, ਦਲ ਵਫ਼ਾਦਾਰੀ ਅਤੇ ਰਾਈਟ ਟੂ ਰੀਕਾਲ ਵਰਗੇ ਬੁਨਿਆਦੀ ਲੋਕਤੰਤਰੀ ਸਿਧਾਂਤਾਂ ਨਾਲ ਡੂੰਘਾਈ ਨਾਲ ਜੁੜਿਆ ਹੋਇਆ ਹੈ।

ਰਾਜ ਸਭਾ ਦੇ ਮੈਂਬਰ ਸਿੱਧੇ ਲੋਕਾਂ ਦੁਆਰਾ ਨਹੀਂ, ਸਗੋਂ ਚੁਣੇ ਹੋਏ ਵਿਧਾਇਕਾਂ ਰਾਹੀਂ ਸਦਨ ਤੱਕ ਪਹੁੰਚਦੇ ਹਨ। ਇਸ ਲਈ ਜਦੋਂ ਕੋਈ ਮੈਂਬਰ ਉਸੇ ਪਾਰਟੀ ਨੂੰ ਛੱਡ ਦਿੰਦਾ ਹੈ ਜਿਸ ਦੇ ਆਧਾਰ 'ਤੇ ਉਹ ਸੰਸਦ ਤੱਕ ਪਹੁੰਚਿਆ ਸੀ, ਤਾਂ ਇਹ ਸਿਰਫ਼ ਇੱਕ ਵਿਅਕਤੀਗਤ ਫੈਸਲਾ ਨਹੀਂ ਰਹਿੰਦਾ, ਸਗੋਂ ਲੋਕ ਮੰਡੇਟ ਦੀ ਆਤਮਾ ਨਾਲ ਟਕਰਾਉਂਦਾ ਹੈ। ਸਵਾਲ ਇਹ ਉੱਠਦਾ ਹੈ ਕਿ ਕੀ ਉਹ ਵਿਅਕਤੀ ਨੈਤਿਕ ਤੌਰ 'ਤੇ ਉਸ ਸੀਟ 'ਤੇ ਬਣੇ ਰਹਿਣ ਦਾ ਹੱਕ ਰੱਖਦਾ ਹੈ? ਜਨਤਾ ਦਾ ਮੰਨਣਾ ਹੁੰਦਾ ਹੈ ਕਿ ਵੋਟ ਕਿਸੇ ਇੱਕ ਚਿਹਰੇ ਨੂੰ ਨਹੀਂ, ਸਗੋਂ ਇੱਕ ਵਿਚਾਰਧਾਰਾ, ਇੱਕ ਪਾਰਟੀ ਅਤੇ ਇੱਕ ਭਰੋਸੇ ਨੂੰ ਦਿੱਤੀ ਜਾਂਦੀ ਹੈ। ਭਾਰਤੀ ਸੰਵਿਧਾਨ ਦੀ ਦਸਵੀਂ ਅਨੁਸੂਚੀ, ਜਿਸ ਨੂੰ ਐਂਟੀ ਡਿਫੈਕਸ਼ਨ ਕਾਨੂੰਨ ਕਿਹਾ ਜਾਂਦਾ ਹੈ, ਇਸੇ ਤਰ੍ਹਾਂ ਦੀਆਂ ਸਥਿਤੀਆਂ ਨੂੰ ਸੰਭਾਲਣ ਲਈ ਬਣਾਈ ਗਈ ਸੀ। ਜੇ ਕੋਈ ਸੰਸਦ ਮੈਂਬਰ ਸਵੈਇੱਛਾ ਨਾਲ ਆਪਣੀ ਪਾਰਟੀ ਛੱਡਦਾ ਹੈ ਜਾਂ ਪਾਰਟੀ ਦੇ ਵਿਪ ਦੇ ਵਿਰੁੱਧ ਜਾਂਦਾ ਹੈ, ਤਾਂ ਉਸ ਦੀ ਮੈਂਬਰਸ਼ਿਪ ਖਤਰੇ ਵਿੱਚ ਪੈ ਸਕਦੀ ਹੈ। ਪਰ ਅਸਲ ਸਮੱਸਿਆ ਇਹ ਹੈ ਕਿ ਕਈ ਵਾਰ ਇਹ ਕਾਨੂੰਨੀ ਪ੍ਰਕਿਰਿਆ ਬਹੁਤ ਲੰਬੀ ਹੋ ਜਾਂਦੀ ਹੈ ਅਤੇ ਇਸ ਦੌਰਾਨ ਰਾਜਨੀਤਿਕ ਲਾਭ ਉਠਾ ਲਿਆ ਜਾਂਦਾ ਹੈ। ਕਾਨੂੰਨ ਦੀ ਰਫ਼ਤਾਰ ਅਕਸਰ ਸਿਆਸੀ ਚਾਲਾਂ ਤੋਂ ਪਿੱਛੇ ਰਹਿ ਜਾਂਦੀ ਹੈ।

ਇੱਥੇ ਰਾਈਟ ਟੂ ਰੀਕਾਲ ਦੀ ਚਰਚਾ ਬਹੁਤ ਮਹੱਤਵਪੂਰਨ ਬਣ ਜਾਂਦੀ ਹੈ। ਭਾਰਤ ਦੇ ਸੰਵਿਧਾਨ ਵਿੱਚ ਸੰਸਦ ਮੈਂਬਰਾਂ ਲਈ ਸਿੱਧਾ ਰਾਈਟ ਟੂ ਰੀਕਾਲ ਮੌਜੂਦ ਨਹੀਂ ਹੈ। ਅਰਥਾਤ ਲੋਕ ਚਾਹ ਕੇ ਵੀ ਕਿਸੇ ਰਾਜ ਸਭਾ ਮੈਂਬਰ ਨੂੰ ਵਾਪਸ ਨਹੀਂ ਬੁਲਾ ਸਕਦੇ। ਇਹੀ ਕਾਰਨ ਹੈ ਕਿ ਜਦੋਂ ਦਲ-ਬਦਲ ਹੁੰਦਾ ਹੈ ਤਾਂ ਜਨਤਾ ਵਿੱਚ ਗੁੱਸਾ ਅਤੇ ਬੇਬਸੀ ਦੋਵੇਂ ਵਧਦੇ ਹਨ। ਲੋਕ ਮਹਿਸੂਸ ਕਰਦੇ ਹਨ ਕਿ ਉਹਨਾਂ ਦੇ ਮੰਡੇਟ ਨਾਲ ਧੋਖਾ ਹੋਇਆ ਹੈ, ਪਰ ਉਹਨਾਂ ਕੋਲ ਸਿਰਫ਼ ਦੇਖਣ ਤੋਂ ਇਲਾਵਾ ਹੋਰ ਕੋਈ ਵਿਕਲਪ ਨਹੀਂ ਰਹਿੰਦਾ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰਾਸ਼ਟਰਪਤੀ ਕੋਲ ਸਮਾਂ ਮੰਗਣਾ ਇਸ ਨੂੰ ਸਪੱਸ਼ਟ ਕਰਦਾ ਹੈ। ਇਹ ਕੇਵਲ ਇੱਕ ਪਾਰਟੀ ਦਾ ਅੰਦਰੂਨੀ ਮਸਲਾ ਨਹੀਂ, ਸਗੋਂ ਸੰਸਦੀ ਲੋਕਤੰਤਰ ਦੀ ਮਰਯਾਦਾ ਨਾਲ ਜੁੜਿਆ ਪ੍ਰਸ਼ਨ ਹੈ। ਜੇ ਰਾਜ ਸਭਾ ਵਰਗੇ ਉੱਚ ਸਦਨ ਦੀਆਂ ਸੀਟਾਂ ਨੂੰ ਕੇਵਲ ਸਿਆਸੀ ਵਪਾਰ, ਦਬਾਅ ਜਾਂ ਨਿੱਜੀ ਲਾਭ ਦਾ ਸਾਧਨ ਬਣਾ ਦਿੱਤਾ ਜਾਵੇ, ਤਾਂ ਚੋਣ ਪ੍ਰਣਾਲੀ ਦੀ ਪਵਿੱਤਰਤਾ 'ਤੇ ਗੰਭੀਰ ਸਵਾਲ ਖੜ੍ਹੇ ਹੋ ਜਾਂਦੇ ਹਨ।

ਇਹ ਘਟਨਾ ਆਮ ਆਦਮੀ ਪਾਰਟੀ ਲਈ ਨਿਸ਼ਚਤ ਤੌਰ 'ਤੇ ਵੱਡਾ ਝਟਕਾ ਹੈ, ਖ਼ਾਸ ਕਰਕੇ ਪੰਜਾਬ ਸਰਕਾਰ ਲਈ। ਇਹ ਸਾਫ਼ ਸੰਕੇਤ ਹੈ ਕਿ ਅੰਦਰੂਨੀ ਅਸੰਤੋਸ਼ ਨੂੰ ਸਿਰਫ਼ ਪ੍ਰਚਾਰ ਨਾਲ ਨਹੀਂ, ਸੰਗਠਨਾਤਮਕ ਮਜ਼ਬੂਤੀ ਨਾਲ ਹੱਲ ਕਰਨਾ ਪਵੇਗਾ। ਜੇ ਚੁਣੇ ਹੋਏ ਚਿਹਰੇ ਹੀ ਭਰੋਸਾ ਤੋੜਨ ਲੱਗ ਪੈਣ, ਤਾਂ ਲੋਕਾਂ ਵਿੱਚ ਸਰਕਾਰ ਅਤੇ ਪਾਰਟੀ ਦੋਹਾਂ ਦੀ ਸਾਖ ਪ੍ਰਭਾਵਿਤ ਹੁੰਦੀ ਹੈ।ਅੱਜ ਲੋੜ ਇਸ ਗੱਲ ਦੀ ਹੈ ਕਿ ਰਾਈਟ ਟੂ ਰੀਕਾਲ ਵਰਗੇ ਵਿਚਾਰਾਂ 'ਤੇ ਗੰਭੀਰ ਸੰਵਿਧਾਨਕ ਅਤੇ ਰਾਜਨੀਤਿਕ ਚਰਚਾ ਹੋਵੇ। ਜੇ ਜਨਤਾ ਦੇ ਮੰਡੇਟ ਨਾਲ ਚੁਣਿਆ ਵਿਅਕਤੀ ਅੱਧ ਵਿਚ ਰੰਗ ਬਦਲ ਲਵੇ, ਤਾਂ ਲੋਕਾਂ ਨੂੰ ਵੀ ਉਸ ਨੂੰ ਵਾਪਸ ਬੁਲਾਉਣ ਦਾ ਅਧਿਕਾਰ ਮਿਲਣਾ ਚਾਹੀਦਾ ਹੈ। ਨਹੀਂ ਤਾਂ ਲੋਕਤੰਤਰ ਕੇਵਲ ਗਿਣਤੀ ਦਾ ਖੇਡ ਬਣ ਕੇ ਰਹਿ ਜਾਵੇਗਾ ਅਤੇ ਲੋਕਾਂ ਦਾ ਵਿਸ਼ਵਾਸ ਸੰਸਥਾਵਾਂ ਤੋਂ ਹਟਣਾ ਸ਼ੁਰੂ ਹੋ ਜਾਵੇਗਾ। (ਬਾਕੀ ਸਫਾ 2 'ਤੇ)

## ਆਈ.ਪੀ.ਐਲ.-2026

# ਪੰਜਾਬ ਕਿੰਗਜ਼ ਨੇ ਦਿੱਲੀ ਕੈਪੀਟਲਜ਼ ਦੇ ਰਿਕਾਰਡ ਟੀਚੇ ਦਾ ਪਿੱਛਾ ਕਰਦਿਆਂ ਹਾਸਲ ਕੀਤੀ ਸ਼ਾਨਦਾਰ ਜਿੱਤ




ਨਵੀਂ ਦਿੱਲੀ, 25 ਅਪ੍ਰੈਲ (ਚ.ਨ.ਸ.) : ਪੰਜਾਬ ਕਿੰਗਜ਼ ਨੇ ਸ਼ਨਿੱਚਰਵਾਰ ਨੂੰ ਨਵੀਂ ਦਿੱਲੀ ਦੇ ਅਰੁਣ ਜੇਤਲੀ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਗਏ ਆਈ.ਪੀ.ਐੱਲ. ਮੈਚ ਵਿੱਚ ਦਿੱਲੀ ਕੈਪੀਟਲਜ਼ ਨੂੰ ਰਿਕਾਰਡ ਟੀਚੇ ਦਾ ਪਿੱਛਾ ਕਰਦਿਆਂ ਛੇ ਵਿਕਟਾਂ ਨਾਲ ਹਰਾ ਦਿੱਤਾ ਹੈ। ਪੰਜਾਬ ਕਿੰਗਜ਼ ਨੂੰ ਇਹ ਜਿੱਤ ਪ੍ਰਿਆਂਸ਼ ਆਰੀਆ ਅਤੇ ਪ੍ਰਭਸਿਮਰਨ ਸਿੰਘ ਵੱਲੋਂ ਦਿੱਤੀ ਸ਼ਾਨਦਾਰ ਸ਼ੁਰੂਆਤ ਦੇ ਨਾਲ-ਨਾਲ ਕਪਤਾਨ ਸ਼੍ਰੇਅਸ ਅਈਅਰ ਵੱਲੋਂ ਜੜੇ ਗਏ ਅਰਧ-ਸੈਂਕੜੇ ਦੀ ਬਦੌਲਤ ਹਾਸਲ ਹੋਈ ਹੈ। ਦਿੱਲੀ ਕੈਪੀਟਲਜ਼ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਦੋ ਵਿਕਟਾਂ 'ਤੇ 264 ਦੌੜਾਂ ਬਣਾਈਆਂ, ਪਰ ਪੰਜਾਬ ਕਿੰਗਜ਼ ਨੇ 18.5 ਓਵਰਾਂ ਵਿੱਚ ਚਾਰ ਵਿਕਟਾਂ 'ਤੇ 265 ਦੌੜਾਂ ਬਣਾ ਕੇ ਟੀਚਾ ਹਾਸਲ ਕਰ ਲਿਆ। ਇਹ ਆਈ ਪੀ ਐੱਲ ਵਿੱਚ ਟੀਚੇ ਦਾ ਪਿੱਛਾ ਕਰਦੇ ਹੋਏ ਸਭ ਤੋਂ ਵੱਡੀ ਜਿੱਤ ਹੈ। 265 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਪੰਜਾਬ ਕਿੰਗਜ਼ ਦੇ ਸਲਾਮੀ ਬੱਲੇਬਾਜ਼ਾਂ ਪ੍ਰਭਸਿਮਰਨ ਸਿੰਘ 76 ਦੌੜਾਂ (26 ਗੇਂਦਾਂ ਵਿੱਚ 9 ਚੌਕੇ, 5 ਛੱਕੇ) ਅਤੇ ਪ੍ਰਿਆਂਸ਼ ਆਰੀਆ 43 ਦੌੜਾਂ (17 ਗੇਂਦਾਂ ਵਿੱਚ 2 ਚੌਕੇ, 5 ਛੱਕੇ) ਨੇ ਤੂਫ਼ਾਨੀ ਬੱਲੇਬਾਜ਼ੀ ਕੀਤੀ। ਉਨ੍ਹਾਂ ਨੇ ਮਹਿਜ਼ 6.5 ਓਵਰਾਂ ਵਿੱਚ 126 ਦੌੜਾਂ ਦੀ ਓਪਨਿੰਗ ਸਾਂਝੇਦਾਰੀ ਕੀਤੀ ਅਤੇ ਸੀਜ਼ਨ ਦਾ ਸਭ ਤੋਂ ਵੱਧ ਪਾਵਰਪਲੇਅ ਸਕੋਰ 105/0 ਬਣਾਇਆ। ਹਾਲਾਂਕਿ ਪੰਜਾਬ ਨੇ ਫਿਰ ਲਗਾਤਾਰ ਤਿੰਨ ਵਿਕਟਾਂ ਗੁਆ ਦਿੱਤੀਆਂ, ਪਰ ਕਪਤਾਨ ਸ਼੍ਰੇਅਸ ਅਈਅਰ ਨੇ ਸੱਤ ਗੇਂਦਾਂ ਬਾਕੀ ਰਹਿੰਦਿਆਂ ਇਸ ਰਿਕਾਰਡ ਟੀਚੇ ਨੂੰ ਸਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਉਹ 71 ਦੌੜਾਂ (36 ਗੇਂਦਾਂ, 3 ਚੌਕੇ, 7 ਛੱਕੇ) ਬਣਾ ਕੇ ਨਾਬਾਦ ਰਹੇ ਅਤੇ ਪੰਜਾਬ ਕਿੰਗਜ਼ ਨੇ ਆਪਣੀ ਜਿੱਤ ਦੀ ਮੁਹਿੰਮ ਨੂੰ ਬਰਕਰਾਰ ਰੱਖਿਆ।

ਪੰਜਾਬ ਕਿੰਗਜ਼ ਦੀਆਂ ਹੁਣ ਸੱਤ ਮੈਚਾਂ ਵਿੱਚੋਂ ਛੇ ਜਿੱਤਾਂ ਹੋ ਗਈਆਂ ਹਨ, ਜਦਕਿ ਕੋਲਕਾਤਾ ਵਿੱਚ ਇੱਕ ਮੈਚ ਮੀਂਹ ਕਾਰਨ ਰੱਦ ਹੋ ਗਿਆ ਸੀ। ਇਸ ਤੋਂ ਪਹਿਲਾਂ, ਦਿੱਲੀ ਕੈਪੀਟਲਜ਼ ਨੇ ਬੱਲੇਬਾਜ਼ੀ ਦੀ ਚੋਣ ਕਰਦੇ ਹੋਏ 264/2 ਦਾ ਵੱਡਾ ਸਕੋਰ ਖੜ੍ਹਾ ਕੀਤਾ ਸੀ। ਕੇ ਐਲ ਰਾਹੁਲ ਨੇ ਨਾਬਾਦ 152 ਦੌੜਾਂ ਬਣਾਈਆਂ, ਜੋ ਕਿ ਕਿਸੇ ਭਾਰਤੀ ਵੱਲੋਂ ਆਈ ਪੀ ਐੱਲ ਵਿੱਚ ਬਣਾਇਆ ਗਿਆ ਸਭ ਤੋਂ ਵੱਡਾ ਸਕੋਰ ਹੈ। ਨਿਤੀਸ਼ ਰਾਣਾ ਨੇ ਵੀ 91 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ।

## ਮੋਦੀ ਦਾ ਕਾਸ਼ੀ ਦੌਰਾ 28 ਅਪ੍ਰੈਲ ਤੋਂ

ਵਾਰਾਣਸੀ, 25 ਅਪ੍ਰੈਲ (ਚ.ਨ.ਸ.) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਉਣ ਵਾਲੀ 28 ਅਪ੍ਰੈਲ ਨੂੰ ਵਾਰਾਣਸੀ ਦੌਰੇ ਨੂੰ ਦੇਖਦੇ ਹੋਏ ਨਗਰ ਨਿਗਮ ਸ਼ਹਿਰ ਨੂੰ ਚਮਕਾਉਣ 'ਚ ਲੱਗਾ ਹੋਇਆ ਹੈ। ਇਸ ਕ੍ਰਮ 'ਚ ਇਕ ਹਫ਼ਤੇ ਚੱਲਣ ਵਾਲੀ 'ਮਹਾ ਸਵੱਛਤਾ ਮੁਹਿੰਮ' ਸ਼ੁਰੂ ਕੀਤੀ ਗਈ ਹੈ। ਪ੍ਰਧਾਨ ਮੰਤਰੀ ਦਾ 28 ਅਪ੍ਰੈਲ ਨੂੰ ਕਾਸ਼ੀ ਦੌਰਾ ਪ੍ਰਸਤਾਵਿਤ ਹੈ। ਉਹ ਬਰੇਕਾ 'ਚ ਮਹਿਲਾ ਸੰਮੇਲਨ 'ਚ ਸੰਬੋਧਨ ਕਰਨਗੇ ਅਤੇ 100 ਤੋਂ ਵੱਧ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ ਅਤੇ ਉਦਘਾਟਨ ਕਰਨਗੇ। ਪ੍ਰਧਾਨ ਮੰਤਰੀ ਦਾ ਕਾਸ਼ੀ ਵਿਸ਼ਵਨਾਥ ਮੰਦਰ 'ਚ ਦਰਸ਼ਨ-ਪੂਜਨ ਦਾ ਪ੍ਰੋਗਰਾਮ ਵੀ ਪ੍ਰਸਤਾਵਿਤ ਹੈ। ਮਹਾਂ ਸਫ਼ਾਈ ਮੁਹਿੰਮ ਸ਼ੁਰੂ ਹੋਣ ਤੋਂ ਬਾਅਦ ਕੂੜਾ ਇਕੱਠਾ ਕਰਨ 'ਚ ਤੇਜ਼ੀ ਆਈ ਹੈ। ਪਿਛਲੇ 2 ਦਿਨਾਂ 'ਚ ਹੀ ਕਰੀਬ 250 ਟਨ ਵਾਧੂ ਕੂੜਾ ਚੁੱਕਿਆ ਗਿਆ ਹੈ। ਹੁਣ ਹਰ ਦਿਨ 1200 ਤੋਂ 1300 ਟਨ ਤੱਕ ਕੂੜੇ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ, ਜਦੋਂ ਕਿ ਔਸਤਨ ਰੋਜ਼ਾਨਾ ਲੱਗਭੱਗ 1100 ਟਨ ਕੂੜਾ ਨਿਕਲਦਾ ਹੈ।

## 'ਆਪ' ਸਾਂਸਦਾਂ ਦੇ ਪਾਲਾ ਬਦਲਣ 'ਤੇ ਕਾਂਗਰਸ ਦਾ ਤੰਜ

# ਭਾਜਪਾ ਦੀ ਵਾਸ਼ਿੰਗ ਮਸ਼ੀਨ 'ਮੋਦੀ ਵਾਸ਼ਿੰਗ ਪਾਊਡਰ' ਨਾਲ ਆ ਗਈ ਵਾਪਸ



ਨਵੀਂ ਦਿੱਲੀ , 25 ਅਪ੍ਰੈਲ (ਚ.ਨ.ਸ.) : 'ਆਪ' ਦੇ ਸੱਤ ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਇੱਕ ਦਿਨ ਬਾਅਦ, ਕਾਂਗਰਸ ਨੇ ਸ਼ਨਿੱਚਰਵਾਰ ਨੂੰ ਕਿਹਾ ਕਿ ਭਾਜਪਾ ਦੀ ਵਾਸ਼ਿੰਗ ਮਸ਼ੀਨ 'ਮੋਦੀ ਵਾਸ਼ਿੰਗ ਪਾਊਡਰ' ਦੇ ਨਾਲ ਵਾਪਸ ਆ ਗਈ ਹੈ।

ਕਾਂਗਰਸ ਲਗਾਤਾਰ ਭਾਜਪਾ 'ਤੇ ਦੋਸ਼ ਲਗਾ ਰਹੀ ਹੈ ਕਿ ਉਹ ਕੇਸਾਂ ਦਾ ਸਾਹਮਣਾ ਕਰ ਰਹੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕਰਦੀ ਹੈ ਅਤੇ ਫਿਰ ਉਨ੍ਹਾਂ ਵਿਰੁੱਧ ਕਾਰਵਾਈ ਮੱਠੀ ਕਰ ਦਿੰਦੀ ਹੈ।

ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ (ਸੰਚਾਰ ਇੰਚਾਰਜ) ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਿਖਿਆ ਕਿ ਭਾਜਪਾ ਦੀ ਵਾਸ਼ਿੰਗ ਮਸ਼ੀਨ ਹੁਣ ਮੋਦੀ ਵਾਸ਼ਿੰਗ ਪਾਊਡਰ ਦੇ ਨਾਲ ਵਾਪਸ ਆ ਗਈ ਹੈ। ਉਨ੍ਹਾਂ ਕਿਹਾ ਕਿ ਜੋ ਲੋਕ ਖ਼ੁਦ ਨੂੰ ਇਮਾਨਦਾਰੀ, ਨੇਕੀ ਅਤੇ ਸਿਧਾਂਤਾਂ ਦੇ ਪ੍ਰਤੀਕ ਦੱਸਦੇ ਸਨ, ਉਹ ਹੁਣ ਪੂਰੀ ਤਰ੍ਹਾਂ ਬੇਨਕਾਬ ਹੋ ਗਏ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਾਲੀ ਪਾਰਟੀ ਆਪਣੇ ਸਿਧਾਂਤਾਂ, ਕਦਰਾਂ-ਕੀਮਤਾਂ ਅਤੇ ਮੂਲ ਨੈਤਿਕਤਾ ਤੋਂ ਭਟਕ ਗਈ ਹੈ।

ਜ਼ਿਕਰਯੋਗ ਹੈ ਕਿ ਪਾਰਟੀ ਛੱਡਣ ਵਾਲੇ ਸੱਤ 'ਆਪ' ਸੰਸਦ ਮੈਂਬਰਾਂ ਵਿੱਚੋਂ ਇੱਕ, ਅਸ਼ੋਕ ਮਿੱਤਲ ਨੂੰ ਕੁਝ ਦਿਨ ਪਹਿਲਾਂ ਹੀ ਇਨਫੋਰਸਮੈਂਟ ਡਾਇਰੈਕਟੋਰੇਟ ਦੇ ਛਾਪਿਆਂ ਦਾ ਸਾਹਮਣਾ ਕਰਨਾ ਪਿਆ ਸੀ।

ਉੱਥੇ ਹੀ ਆਮ ਆਦਮੀ ਪਾਰਟੀ ਨੂੰ ਸ਼ੁੱਕਰਵਾਰ ਨੂੰ ਉਦੋਂ ਵੱਡਾ ਝਟਕਾ ਲੱਗਿਆ ਸੀ ਜਦੋਂ ਉਸ ਦੇ ਸੱਤ ਰਾਜ ਸਭਾ ਮੈਂਬਰਾਂ ਰਾਘਵ ਚੱਢਾ, ਅਸ਼ੋਕ ਮਿੱਤਲ, ਸੰਦੀਪ ਪਾਠਕ, ਹਰਭਜਨ ਸਿੰਘ, ਰਾਜੇਂਦਰ ਗੁਪਤਾ, ਵਿਕਰਮ ਸਾਹਨੀ ਅਤੇ ਸਵਾਤੀ ਮਾਲੀਵਾਲ ਨੇ ਪਾਰਟੀ ਛੱਡ ਦਿੱਤੀ ਅਤੇ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸ ਤੋਂ ਬਾਅਦ 'ਆਪ' ਮੁਖੀ ਅਰਵਿੰਦ ਕੇਜਰੀਵਾਲ ਨੇ ਦੋਸ਼ ਲਗਾਇਆ ਕਿ ਭਾਜਪਾ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ, ਜਦੋਂ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੱਤ ਸੰਸਦ ਮੈਂਬਰਾਂ ਨੂੰ 'ਗੱਦਾਰ' ਕਰਾਰ ਦਿੱਤਾ।

## ਏਅਰ ਇੰਡੀਆ ਦੀ ਉਡਾਣ 'ਚ ਕਈ ਘੰਟੇ ਬਿਨਾਂ ਏ.ਸੀ. ਤੋਂ ਬੈਠੇ ਰਹੇ ਮੁਸਾਫ਼ਰ

ਨਵੀਂ ਦਿੱਲੀ, 25 ਅਪ੍ਰੈਲ (ਚ.ਨ.ਸ.) : ਏਅਰ ਇੰਡੀਆ ਦੀ ਉਡਾਣ AI-2515 ਜੋ ਕਿ ਦਿੱਲੀ ਤੋਂ ਇੰਦੌਰ ਜਾ ਰਹੀ ਸੀ ਨੂੰ ਤਕਨੀਕੀ ਖਰਾਬੀ ਕਾਰਨ ਰਨਵੇਅ ਤੋਂ ਵਾਪਸ ਟਰਮੀਨਲ 'ਤੇ ਲਿਆਉਣਾ ਪਿਆ। ਜਹਾਜ਼ ਦੇ ਅੰਦਰ ਏਅਰ ਕੰਡੀਸ਼ਨਿੰਗ ਬੰਦ ਕਰ ਦਿੱਤਾ ਗਿਆ ਸੀ, ਜਦਕਿ ਜਹਾਜ਼ ਰਨਵੇਅ 'ਤੇ ਖੜ੍ਹਾ ਰਿਹਾ । ਨਤੀਜੇ ਵਜੋਂ ਬੰਦ ਕੈਬਿਨ ਦੇ ਅੰਦਰ ਤੇਜ਼ ਗਰਮੀ ਵਿੱਚ ਘੰਟਿਆਂ ਤੱਕ ਫਸੇ ਰਹਿਣ ਮੁਸਾਫਰਾਂ ਦੀ ਸਿਹਤ ਖ਼ਰਾਬ ਹੋਣੀ ਸ਼ੁਰੂ ਅਤੇ ਕਈ ਮੁਸਾਫਰ ਕਿਸੇ ਨਾ ਕਿਸੇ ਸਾਧਨ ਰਾਹੀਂ ਹਵਾ ਝੱਲਦੇ ਹੋਏ ਨਜ਼ਰ ਆਏ।ਦਿੱਲੀ ਹਵਾਈ ਅੱਡੇ 'ਤੇ ਯਾਤਰੀਆਂ ਨੇ ਰਿਫੰਡ ਦੀ ਮੰਗ ਕਰਦੇ ਹੋਏ ਨਾਅਰੇਬਾਜ਼ੀ ਕੀਤੀ। ਇਹ ਉਡਾਣ ਆਮ ਤੌਰ 'ਤੇ ਦਿੱਲੀ ਤੋਂ ਰੋਜ਼ਾਨਾ ਦੁਪਹਿਰ 12:10 ਵਜੇ ਰਵਾਨਾ ਹੁੰਦੀ ਹੈ ਅਤੇ ਦੁਪਹਿਰ 1:45 ਵਜੇ ਇੰਦੌਰ ਪਹੁੰਚਦੀ ਹੈ; ਹਾਲਾਂਕਿ, ਤਕਨੀਕੀ ਖਰਾਬੀ ਕਾਰਨ ਇਸ ਵਿੱਚ ਦੇਰੀ ਹੋਈ। ਸ਼ੁਰੂ ਵਿੱਚ, ਇਹ ਅਨੁਮਾਨ ਲਗਾਇਆ ਗਿਆ ਸੀ, ਕਿ ਉਡਾਣ ਸ਼ਾਮ 5:00 ਵਜੇ ਇੰਦੌਰ ਪਹੁੰਚੇਗੀ; ਹਾਲਾਂਕਿ, ਲੱਗਭੱਗ ਤਿੰਨ ਘੰਟੇ ਦੀ ਦੇਰੀ ਤੋਂ ਬਾਅਦ, ਇਹ ਅੰਤ ਵਿੱਚ ਸ਼ਾਮ 5:15 ਵਜੇ ਦੁਬਾਰਾ ਰਵਾਨਾ ਹੋਈ ਅਤੇ ਹੁਣ ਸ਼ਾਮ 6:30 ਵਜੇ ਦੇ ਆਸਪਾਸ ਇੰਦੌਰ ਪਹੁੰਚਣ ਦੀ ਉਮੀਦ ਹੈ। ਖਾਸ ਤੌਰ 'ਤੇ, ਇੱਕ ਯਾਤਰੀ ਦੇ ਇੱਕ ਪਹਿਲਾਂ ਦੇ ਬਿਆਨ ਵਿੱਚ ਸੁਝਾਅ ਦਿੱਤਾ ਗਿਆ ਸੀ ਕਿ ਏਅਰ ਇੰਡੀਆ ਨੇ ਉਡਾਣ ਰੱਦ ਕਰ ਦਿੱਤੀ ਹੈ।

# ਕੇ. ਕਵਿਤਾ ਨੇ ਲਾਂਚ ਕੀਤੀ ਆਪਣੀ ਪਾਰਟੀ 'ਤੇਲੰਗਾਨਾ ਰਾਸ਼ਟਰ ਸੈਨਾ'

### ਬੀ.ਆਰ.ਐਸ. ਛੱਡਣ ਦੇ ਕੁਝ ਮਹੀਨਿਆਂ ਬਾਅਦ ਹੀ ਕੀਤਾ ਨਵੀਂ ਪਾਰਟੀ ਦਾ ਐਲਾਨ



ਹੈਦਰਾਬਾਦ, 25 ਅਪ੍ਰੈਲ (ਚ.ਨ.ਸ.): ਹੈਦਰਾਬਾਦ ਵਿੱਚ ਸਾਬਕਾ ਮੁੱਖ ਮੰਤਰੀ ਕੇ. ਚੰਦਰਸ਼ੇਖਰ ਰਾਓ ) ਦੀ ਧੀ ਕੇ. ਕਵਿਤਾ ਨੇ ਸ਼ਨਿੱਚਰਵਾਰ ਨੂੰ ਆਪਣੀ ਨਵੀਂ ਸਿਆਸੀ ਪਾਰਟੀ ਬਣਾਉਣ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾਂ ਨੇ ਆਪਣੀ ਇਸ ਪਾਰਟੀ ਦਾ ਨਾਮ 'ਤੇਲੰਗਾਨਾ ਰਾਸ਼ਟਰ ਸੈਨਾ' (ਟੀ.ਆਰ.ਐਸ.) ਰੱਖਿਆ ਹੈ।

ਕਵਿਤਾ ਨੇ ਸ਼ਹਿਰ ਦੇ ਬਾਹਰਵਾਰ ਕਰਵਾਏ ਇੱਕ ਪ੍ਰੋਗਰਾਮ ਦੌਰਾਨ ਇਸ ਨਾਮ ਦਾ ਐਲਾਨ ਕੀਤਾ। ਜ਼ਿਕਰਯੋਗ ਹੈ ਕਿ ਸਤੰਬਰ 2025 ਵਿੱਚ ਕਵਿਤਾ ਨੂੰ ਉਨ੍ਹਾਂ ਦੀ ਪੁਰਾਣੀ ਪਾਰਟੀ ਬੀ.ਆਰ.ਐਸ. ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਇਹ ਕਾਰਵਾਈ ਉਦੋਂ ਹੋਈ ਸੀ, ਜਦੋਂ ਉਨ੍ਹਾਂ ਨੇ ਆਪਣੇ ਚਚੇਰੇ ਭਰਾਵਾਂ ਅਤੇ ਪਾਰਟੀ ਆਗੂਆਂ (ਟੀ ਹਰੀਸ਼ ਰਾਓ ਅਤੇ ਜੇ ਸੰਤੋਸ਼ ਕੁਮਾਰ) 'ਤੇ ਕਾਲੇਸ਼ਵਰਮ ਸਿੰਚਾਈ ਪ੍ਰੋਜੈਕਟ ਦੇ ਮਾਮਲੇ ਵਿੱਚ ਆਪਣੇ ਪਿਤਾ ਦੀ ਤਸਵੀਰ ਖ਼ਰਾਬ ਕਰਨ ਦੇ ਦੋਸ਼ ਲਾਏ ਸਨ।

ਮੁਅੱਤਲੀ ਤੋਂ ਬਾਅਦ ਕਵਿਤਾ ਆਪਣੀ ਸੱਭਿਆਚਾਰਕ ਸੰਸਥਾ 'ਤੇਲੰਗਾਨਾ ਜਾਗ੍ਰਿਤੀ' ਰਾਹੀਂ ਲੋਕਾਂ ਦੇ ਮੁੱਦਿਆਂ 'ਤੇ ਕੰਮ ਕਰ ਰਹੀ ਸੀ। ਦੱਸ ਦਈਏ ਕਿ ਉਨ੍ਹਾਂ ਦੇ ਪਿਤਾ ਦੀ ਪਾਰਟੀ ਬੀ.ਆਰ.ਐਸ. ਦਾ ਅਸਲੀ ਨਾਮ ਵੀ ਪਹਿਲਾਂ ਟੀ.ਆਰ.ਐਸ. ਹੀ ਸੀ, ਜਿਸ ਨੂੰ ਸਾਲ 2022 ਵਿੱਚ ਬਦਲ ਕੇ ਬੀ.ਆਰ.ਐਸ.ਕਰ ਦਿੱਤਾ ਗਿਆ ਸੀ। ਹੁਣ ਕਵਿਤਾ ਨੇ ਉਸੇ ਪੁਰਾਣੇ ਨਾਮ (ਟੀ.ਆਰ.ਐਸ.) ਨਾਲ ਆਪਣੀ ਨਵੀਂ ਪਾਰਟੀ ਸ਼ੁਰੂ ਕੀਤੀ ਹੈ।

# ਪਹਿਲੇ ਸਫ਼ੇ ਦੀ ਬਾਕੀ

## ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਲੀ 'ਚ ਰੋਸ ਮਾਰਚ 7 ਮਈ ਨੂੰ

ਲਿਆ ਗਿਆ ਹੈ। ਇਸ ਮੌਕੇ 'ਤੇ ਕੌਮੀ ਇਨਸਾਫ ਮੋਰਚੇ ਦੇ ਸਰਪ੍ਰਸਤ ਬਾਪੂ ਗੁਰਚਰਨ ਸਿੰਘ ਸੰਬੰਧੀ ਪਿਛਲੇ ਦਿਨੀਂ ਏਆਈ ਦੇ ਨਾਲ ਜੋ ਫੇਕ ਵੀਡੀਓ ਗੀਤਾਂ ਦੇ ਰੂਪ ਵਿਚ ਜਾਰੀ ਕੀਤੀ ਉਸ ਦੀ ਵੀ ਕੌਮੀ ਇਨਸਾਫ਼ ਮੋਰਚੇ ਵੱਲੋਂ ਕੜੀ ਨਿੰਦਿਆ ਕਰਨ ਦੇ ਨਾਲ ਨਾਲ ਇਸ ਸੰਬੰਧੀ ਇਕ ਸ਼ਿਕਾਇਤ ਦਰਜ ਕੀਤੇ ਜਾਣ ਦੀ ਵੀ ਗੱਲ ਕੀਤੀ ਹੈ ਅਤੇ ਉਨ੍ਹਾਂ ਸਾਈਬਰ ਕ੍ਰਾਈਮ ਨੂੰ ਪੱਤਰ ਲਿਖਦਿਆਂ ਇਸ ਫੇਕ ਵੀਡੀਓ ਦੀ ਤੁਰੰਤ ਜਾਂਚ ਕਰਕੇ ਦੋਸ਼ੀਆਂ ਨੂੰ ਸਾਹਮਣੇ ਲਿਆਉਣ ਦੀ ਮੰਗ ਵੀ ਅੱਜ ਪੱਤਰਕਾਰ ਸੰਮੇਲਨ ਦੌਰਾਨ ਉਠਾਈ ਹੈ। ਇਸ ਮੌਕੇ 'ਤੇ ਕੌਮੀ ਇਨਸਾਫ਼ ਮੋਰਚੇ ਦੇ ਆਗੂ ਬਾਪੂ ਗੁਰਚਰਨ ਸਿੰਘ, ਗੁਰਦੀਪ ਸਿੰਘ ਬਠਿੰਡਾ ਅਤੇ ਕਿਸਾਨ ਆਗੂ ਗੁਰਿੰਦਰ ਭੰਗੂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਇਨ੍ਹਾਂ ਆਗੂਆਂ ਵਲੋਂ ਜਗਤਾਰ ਸਿੰਘ ਹਵਾਰਾ ਦੁਆਰਾ ਭੇਜੀ ਇਕ ਚਿੱਠੀ ਨੂੰ ਸੁਨੇਹੇ ਦੇ ਰੂਪ ਵਿਚ ਪੜ੍ਹ ਕੇ ਪੇਸ਼ ਕੀਤਾ ਗਿਆ, ਜਿਸ ਵਿਚ ਜਗਤਾਰ ਸਿੰਘ ਹਵਾਰਾ ਵੱਲੋਂ ਵੀ ਬਾਪੂ ਗੁਰਚਰਨ ਸਿੰਘ 'ਤੇ ਕੀਤੀਆਂ ਟਿੱਪਣੀਆਂ ਦਾ ਗੰਭੀਰ ਨੋਟਿਸ ਲਿਆ ਗਿਆ ਹੈ ਅਤੇ ਉਨ੍ਹਾਂ ਮੰਗ ਵੀ ਕੀਤੀ ਹੈ ਕਿ ਇਸ ਸਾਜਿਸ਼ ਪਿੱਛੇ ਕੌਣ ਕੰਮ ਕਰ ਰਿਹਾ, ਉਸ ਵੀਡੀਓ ਦੇ ਸੱਚ ਨੂੰ ਲੋਕਾਂ ਸਾਹਮਣੇ ਲਿਆਉਣਾ ਚਾਹੀਦਾ ਹੈ। ਕੌਮੀ ਇਨਸਾਫ਼ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਇਹ ਮੋਰਚਾ ਪਿਛਲੇ ਚਾਰ ਸਾਲਾਂ ਤੋਂ ਚੱਲਦਾ ਆ ਰਿਹਾ ਹੈ ।ਉਨ੍ਹਾਂ ਕਿਹਾ ਕਿ ਮੋਰਚੇ ਦੌਰਾਨ ਉਤਰਾ ਚੜ੍ਹਾਅ ਆਉਂਦੇ ਜਾਂਦੇ ਰਹਿੰਦੇ ਹਨ, ਪਰ ਇਸ ਤਰਾਂ ਦੀਆਂ ਕਿਸੇ ਵੱਡੇ ਆਗੂ ਤੇ ਟਿੱਪਣੀਆਂ ਕਰਨਾ ਕਿਸੇ ਤਰ੍ਹਾਂ ਵੀ ਠੀਕ ਨਹੀਂ ਹੈ।

## ਪੰਜਾਬ 'ਚ ਅਪ੍ਰੈਲ ਵਿੱਚ ਹੀ ਜੇਠ ਹਾੜ੍ਹ ਵਾਲੀ

ਫਾਜ਼ਿਲਕਾ ਵਿੱਚ 39.9 ਡਿਗਰੀ, ਫਿਰੋਜ਼ਪੁਰ ਵਿੱਚ 39.2 ਡਿਗਰੀ, ਹੁਸ਼ਿਆਰਪੁਰ ਵਿੱਚ 38.4 ਡਿਗਰੀ, ਐਸਬੀਐਸ ਨਗਰ ਵਿੱਚ 39.6 ਡਿਗਰੀ, ਮੋਗਾ ਵਿੱਚ 39.4 ਡਿਗਰੀ ਅਤੇ ਪਠਾਨਕੋਟ ਵਿੱਚ 38.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਬਾਕੀ ਜ਼ਿਲ੍ਹਿਆਂ ਵਿੱਚ ਤਾਪਮਾਨ 35 ਡਿਗਰੀ ਦੇ ਆਸ-ਪਾਸ ਜਾਂ ਇਸ ਤੋਂ ਘੱਟ ਦਰਜ ਕੀਤਾ ਗਿਆ। ਇੱਕ ਪੱਛਮੀ ਗੜਬੜ ਇਸ ਸਮੇਂ ਉੱਪਰੀ ਹਵਾ ਦੇ ਸਮੂਹਾਂ ਵਿੱਚ ਸਰਗਰਮ ਹੈ ਅਤੇ ਉੱਤਰ ਵੱਲ ਵਧ ਰਿਹਾ ਹੈ। ਉੱਤਰੀ ਹਰਿਆਣਾ ਅਤੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਲਗਭਗ 1.5 ਕਿਲੋਮੀਟਰ ਦੀ ਉਚਾਈ 'ਤੇ ਇੱਕ ਹਲਕਾ ਚੱਕਰਵਾਤੀ ਸਰਕੂਲੇਸ਼ਨ ਵੀ ਮੌਜੂਦ ਹੈ, ਜੋ ਆਲੇ ਦੁਆਲੇ ਦੇ ਮੌਸਮ ਨੂੰ ਪ੍ਰਭਾਵਤ ਕਰ ਸਕਦਾ ਹੈ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਦੇ ਡਾਇਰੈਕਟਰ ਸੁਰੇਂਦਰ ਪਾਲ ਦਾ ਕਹਿਣਾ ਹੈ ਕਿ 26 ਤੋਂ 30 ਤਰੀਕ ਦੇ ਵਿਚਕਾਰ ਸੂਬੇ ਵਿੱਚ ਕੁਝ ਥਾਵਾਂ 'ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਅਗਲੇ ਚਾਰ ਦਿਨਾਂ ਤੱਕ ਦਿਨ ਦੇ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਹੋਵੇਗਾ। ਇਸ ਤੋਂ ਬਾਅਦ ਤਾਪਮਾਨ 2 ਤੋਂ 4 ਡਿਗਰੀ ਤੱਕ ਘੱਟ ਸਕਦਾ ਹੈ।

## 'ਅਦਰਕ-ਲਸਣ, ਜੀਰਾ ਮਿਲ ਕੇ ਸੁਆਦ

ਪ੍ਰਾਪਤ ਕੀਤੇ, ਇਨ੍ਹਾਂ ਨੂੰ ਕਿਸੇ ਤੋਂ ਵੋਟ ਮੰਗਣ ਦੀ ਲੋੜ ਨਹੀਂ ਪਈ। ਉਨ੍ਹਾਂ ਕਿਹਾ ਕਿ ਇਹ ਲੋਕ ਉੱਥੇ ਆਪਣੇ ਸਿਆਸੀ ਹਿੱਤਾਂ ਲਈ ਨਹੀਂ, ਸਗੋਂ ਆਪਣੀਆਂ ਜਾਨਾਂ ਬਚਾਉਣ ਲਈ ਗਏ ਹਨ, ਪਰ ਉੱਥੇ ਵੀ ਉਨ੍ਹਾਂ ਨਾਲ ਕੁਝ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸੰਸਦ ਮੈਂਬਰਾਂ ਦੀ ਵਰਤੋਂ ਕੀਤੀ ਜਾਵੇਗੀ ਅਤੇ ਫਿਰ ਉਨ੍ਹਾਂ ਨੂੰ ਕੱਢ ਦਿੱਤਾ ਜਾਵੇਗਾ।

## ਭਾਰਤ-ਅਮਰੀਕਾ ਵਪਾਰਕ ਸਮਝੌਤੇ ਨੂੰ ਲੈ ਕੇ

ਮੁੱਖ ਵਪਾਰ ਵਾਰਤਾਕਾਰ ਦਰਪਣ ਜੈਨ ਦੀ ਅਗਵਾਈ ਵਿੱਚ ਭਾਰਤੀ ਪ੍ਰਤੀਨਿਧੀ ਮੰਡਲ ਨੇ 20 ਤੋਂ 24 ਅਪ੍ਰੈਲ ਦਰਮਿਆਨ ਅਮਰੀਕੀ ਅਧਿਕਾਰੀਆਂ ਨਾਲ ਇਹ ਅਹਿਮ ਚਰਚਾ ਕੀਤੀ। ਮੰਤਰੀ ਪੀਯੂਸ਼ ਗੋਇਲ ਦਾ ਬਿਆਨ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਰਤ ਅਮਰੀਕਾ ਨਾਲ ਇੱਕ ਅਜਿਹੀ ਵਿਵਸਥਾ ਬਣਾਉਣਾ ਚਾਹੁੰਦਾ ਹੈ, ਜਿਸ ਰਾਹੀਂ ਭਾਰਤੀ ਉਤਪਾਦਾਂ ਨੂੰ ਆਪਣੇ ਮੁਕਾਬਲੇਬਾਜ਼ ਦੇਸ਼ਾਂ ਦੇ ਮੁਕਾਬਲੇ ਅਮਰੀਕੀ ਬਾਜ਼ਾਰ ਵਿੱਚ ਤਰਜੀਹੀ ਪਹੁੰਚ ਮਿਲ ਸਕੇ।

ਉਨ੍ਹਾਂ ਦੱਸਿਆ ਕਿ ਮੁਕਤ ਵਪਾਰ ਸਮਝੌਤੇ ਨੂੰ ਲੱਗਭੱਗ ਅੰਤਿਮ ਰੂਪ ਦਿੱਤਾ ਜਾ ਚੁੱਕਾ ਹੈ ਅਤੇ ਹੁਣ ਇਸ ਨੂੰ ਹੋਰ ਬਿਹਤਰ ਬਣਾਉਣ 'ਤੇ ਕੰਮ ਚੱਲ ਰਿਹਾ ਹੈ। 2030 ਤੱਕ 500 ਅਰਬ ਡਾਲਰ ਦਾ ਟੀਚਾ ਵਿਦੇਸ਼ ਮੰਤਰਾਲੇ ਅਨੁਸਾਰ, ਦੋਵੇਂ ਦੇਸ਼ ਇੱਕ ਸੰਤੁਲਿਤ ਅਤੇ ਆਪਸੀ ਲਾਭਕਾਰੀ ਸਮਝੌਤੇ ਵੱਲ ਵੱਧ ਰਹੇ ਹਨ, ਜਿਸ ਵਿੱਚ ਇੱਕ-ਦੂਜੇ ਦੀਆਂ ਤਰਜੀਹਾਂ ਦਾ ਖਾਸ ਖਿਆਲ ਰੱਖਿਆ ਗਿਆ ਹੈ। ਇਸ ਗੱਲਬਾਤ ਦਾ ਮੁੱਖ ਉਦੇਸ਼ ਸਾਲ 2030 ਤੱਕ ਦੁਵੱਲੇ ਵਪਾਰ ਨੂੰ 500 ਅਰਬ ਡਾਲਰ ਤੱਕ ਪਹੁੰਚਾਉਣਾ ਹੈ। ਕਾਬਲੇਗੌਰ ਹੈ ਕਿ ਅਮਰੀਕੀ ਪ੍ਰਸ਼ਾਸਨ ਨੇ 24 ਫਰਵਰੀ ਤੋਂ 150 ਦਿਨਾਂ ਲਈ ਸਾਰੇ ਦੇਸ਼ਾਂ 'ਤੇ 10 ਫੀਸਦੀ ਦਾ ਇਕਸਾਰ ਸਰਚਾਰਜ ਲਗਾਇਆ ਹੋਇਆ ਹੈ, ਜੋ ਕਿ ਅਮਰੀਕੀ ਸੁਪਰੀਮ ਕੋਰਟ ਦੇ ਇੱਕ ਫੈਸਲੇ ਤੋਂ ਬਾਅਦ ਲਾਗੂ ਕੀਤਾ ਗਿਆ ਸੀ। ਅਜਿਹੇ ਮਾਹੌਲ ਵਿੱਚ ਭਾਰਤ ਅਤੇ ਅਮਰੀਕਾ ਵਿਚਾਲੇ ਇਹ ਗੱਲਬਾਤ ਕਾਫੀ ਅਹਿਮ ਮੰਨੀ ਜਾ ਰਹੀ ਹੈ।

## ਮਾਨ ਵੱਲੋਂ ਡੀ.ਸੀਜ਼. ਨੂੰ ਸਮਾਂ ਹੱਦ ਤੋਂ ਪਹਿਲਾਂ

ਜਲਦੀ ਤੋਂ ਜਲਦੀ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਕਿਸੇ ਵੀ ਹੜ੍ਹ ਵਰਗੀ ਸਥਿਤੀ ਨੂੰ ਟਾਲਿਆ ਜਾ ਸਕੇ।"

ਬੁੱਢੇ ਨਾਲੇ ਦੀ ਸਫਾਈ ਬਾਰੇ ਮੁੱਖ ਮੰਤਰੀ ਨੇ ਅੱਗੇ ਕਿਹਾ, "ਪਵਿੱਤਰ ਬੁੱਢੇ ਨਾਲੇ ਦੇ ਪਾਣੀ ਨੂੰ ਲੁਧਿਆਣਾ ਸ਼ਹਿਰ ਦੇ ਸ਼ੁਰੂਆਤੀ ਬਿੰਦੂ ਤੱਕ ਸਾਫ ਕਰ ਦਿੱਤਾ ਗਿਆ ਹੈ ਅਤੇ ਇਸ ਬਿੰਦੂ ਤੋਂ ਅੱਗੇ ਸਫਾਈ ਦਾ ਕੰਮ ਜਾਰੀ ਹੈ। ਡੇਅਰੀਆਂ ਤੋਂ ਬੁੱਢੇ ਨਾਲੇ ਵਿੱਚ ਜਾਣ ਵਾਲੇ ਗੋਹੇ ਦੇ ਮਾਮਲੇ ਦੀ ਸਖ਼ਤੀ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ। ਨਗਰ ਨਿਗਮ ਨੂੰ ਡੇਅਰੀਆਂ ਤੋਂ ਗੋਹਾ ਸਹੀ ਢੰਗ ਨਾਲ ਚੁਕਾਉਣਾ ਚਾਹੀਦਾ ਹੈ ਅਤੇ ਡੇਅਰੀ ਮਾਲਕਾਂ ਨੂੰ ਸਹਿਯੋਗ ਕਰਨਾ ਚਾਹੀਦਾ ਹੈ।"

ਬੁਨਿਆਦੀ ਢਾਂਚੇ ਦੇ ਰਹਿੰਦੇ ਕੰਮਾਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਕਿਹਾ, "ਹੇਬੋਵਾਲ ਵਿਖੇ ਸੀ.ਬੀ.ਜੀ. ਪਲਾਂਟ ਨੂੰ ਜਲਦੀ ਚਾਲੂ ਕੀਤਾ ਜਾਣਾ ਚਾਹੀਦਾ ਹੈ। ਤਾਜਪੁਰ ਵਿਖੇ ਪ੍ਰਸਤਾਵਿਤ ਸੀ.ਬੀ.ਜੀ. ਪਲਾਂਟ ਲਈ 2.5 ਏਕੜ ਜਮੀਨ ਅਲਾਟ ਕਰਨ ਦੇ ਪ੍ਰਸਤਾਵ ਨੂੰ ਨਗਰ ਨਿਗਮ, ਪੀ.ਐਸ.ਆਈ.ਈ.ਸੀ. ਅਤੇ ਪੇਡਾ ਦੁਆਰਾ ਇੱਕ ਹਫਤੇ ਦੇ ਅੰਦਰ ਜਲਦੀ ਤੋਂ ਜਲਦੀ ਅੰਤਿਮ ਰੂਪ ਦਿੱਤਾ ਜਾਣਾ ਚਾਹੀਦਾ ਹੈ।ਉਦਯੋਗਿਕ ਗੰਦੇ ਪਾਣੀ ਨੂੰ ਸਹੀ ਢੰਗ ਨਾਲ ਟਰੀਟ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਸਬੰਧ ਵਿੱਚ ਪ੍ਰਦੂਸ਼ਨ ਬੋਰਡ ਦੁਆਰਾ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਸੂਬੇ ਭਰ ਵਿੱਚ ਡਰੇਨਾਂ ਵਿੱਚ ਪ੍ਰਦੂਸ਼ਿਤ ਪਾਣੀ ਦਾਖਲ ਹੋਣ ਵਾਲੀ ਲਾਪਰਵਾਹੀ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕੀਤੀ ਜਾਵੇਗੀ।"

ਪਾਣੀ ਦੇ ਵਹਾਅ ਅਤੇ ਪ੍ਰਦੂਸ਼ਨ ਕੰਟਰੋਲ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਚਿੱਟੀ ਵੇਈਂ ਵਿੱਚ 200 ਕਿਊਸਿਕ ਪਾਣੀ ਛੱਡਣ ਲਈ ਸਿੰਬਲੀ ਵਿਖੇ ਰੈਗੂਲੇਟਰ ਚਾਲੂ ਕੀਤਾ ਜਾਣਾ ਚਾਹੀਦਾ ਹੈ। ਜਲੰਧਰ ਰਾਸ਼ਟਰੀ ਰਾਜਮਾਰਗ 44 'ਤੇ ਬਣੀਆਂ ਪੁਲੀਆਂ ਵਿੱਚ ਤੁਰੰਤ ਤਕਨੀਕੀ ਸੁਧਾਰ ਕੀਤਾ ਜਾਣਾ ਚਾਹੀਦਾ ਹੈ। ਇਸੇ ਤਰ੍ਹਾਂ ਕਾਲਾ ਸੰਘਿਆਂ ਡਰੇਨ ਵਿੱਚ ਪ੍ਰਦੂਸ਼ਨ ਘਟਾਉਣ ਲਈ ਬਿਸਤ ਦੁਆਬ ਨਹਿਰ ਤੋਂ 100 ਕਿਊਸਿਕ ਪਾਣੀ ਛੱਡਿਆ ਜਾਣਾ ਚਾਹੀਦਾ ਹੈ।" ਉਨ੍ਹਾਂ ਅੱਗੇ ਕਿਹਾ, "ਸਟੋਨ ਲਾਈਨਿੰਗ ਦਾ ਕੰਮ ਪੂਰਾ ਹੋ ਗਿਆ ਹੈ।"

ਮੁੱਖ ਮੰਤਰੀ ਨੇ ਹਦਾਇਤ ਦਿੱਤੀ, "ਡੇਅਰੀ ਰਹਿੰਦ-ਖੂੰਹਦ ਨੂੰ ਨਾਲੀਆਂ ਵਿੱਚ ਸੁੱਟਣ ਦੀ ਸਖ਼ਤੀ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ ਅਤੇ ਇਸ ਪਾਬੰਦੀ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਲੋੜ ਹੈ। ਧੁੱਸੀ ਬੰਨ੍ਹ ਸੜਕ ਪ੍ਰੋਜੈਕਟ (ਸਤਲੁਜ ਦਰਿਆ) ਦਾ ਮਾਮਲਾ ਕੇਂਦਰੀ ਪੇਂਡੂ ਵਿਕਾਸ ਮੰਤਰੀ ਕੋਲ ਉਠਾਇਆ ਜਾਵੇਗਾ। 117.75 ਕਰੋੜ ਰੁਪਏ ਦੀ ਲਾਗਤ ਨਾਲ ਉਲੀਕਿਆ ਗਿਆ ਇਹ ਪ੍ਰਾਜੈਕਟ ਨਾਬਾਰਡ ਦੇ ਸਹਿਯੋਗ ਨਾਲ ਪੂਰਾ ਕੀਤਾ ਜਾਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ ਐਕਸ ਉੱਤੇ ਕਿਹਾ, "ਅੱਜ ਲੁਧਿਆਣਾ ਦੇ ਬੁੱਢੇ ਨਾਲੇ, ਕਾਲਾ ਸੰਘਿਆਂ ਡਰੇਨ ਅਤੇ ਸਤਲੁਜ ਦੇ ਧੁੱਸੀ ਬੰਨ੍ਹ ਦੀ ਸਫਾਈ ਸਬੰਧੀ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਹਾਜਰੀ ਵਿੱਚ ਜਲੰਧਰ ਅਤੇ ਲੁਧਿਆਣਾ ਦੇ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।"

ਇਸ ਪੋਸਟ ਵਿੱਚ ਕਿਹਾ ਗਿਆ ਕਿ "ਅਧਿਕਾਰੀਆਂ ਨੂੰ ਸਤਲੁਜ ਅਤੇ ਹੋਰ ਮੌਸਮੀ ਨਦੀਆਂ ਦੇ ਕਮਜ਼ੋਰ ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਬੁੱਢੇ ਨਾਲੇ ਲਈ ਐਸ.ਟੀ.ਪੀ. ਪ੍ਰੋਜੈਕਟਾਂ ਨੂੰ ਤੁਰੰਤ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ।ਆਉਣ ਵਾਲੇ ਦਿਨਾਂ ਵਿੱਚ ਮਹੱਤਵਪੂਰਨ ਸੁਧਾਰ ਦਿਖਾਈ ਦੇਣਗੇ। ਲੋਕਾਂ ਦੀ ਸਰਕਾਰ ਲੋਕਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।

## 'ਲਾਰੈਂਸ ਆਫ਼ ਪੰਜਾਬ' ਦਾ ਵਿਰੋਧ ਕਰਨ 'ਤੇ ਵੜਿੰਗ, ਰੰਧਾਵਾ

ਧਮਕੀ ਦਿੱਤੀ ਗਈ ਹੈ। ਸੁਨੇਹਾ ਸਾਹਮਣੇ ਆਉਣ ਤੋਂ ਬਾਅਦ ਪੁਲਿਸ ਹਰਕਤ ਵਿੱਚ ਆ ਗਈ ਹੈ। ਇਹ ਧਮਕੀ ਵਿਵਾਦਤ ਡਾਕੂਮੈਂਟਰੀ/ਵੈੱਬ ਸੀਰੀਜ਼ 'ਲਾਰੈਂਸ ਆਫ ਪੰਜਾਬ' ਦੀ ਰਿਲੀਜ਼ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਅਤੇ ਇਸ 'ਤੇ ਪਾਬੰਦੀ ਲਗਾਉਣ ਦੀ ਮੰਗ ਕਰਨ ਤੋਂ ਬਾਅਦ ਦਿੱਤੀ ਗਈ ਹੈ। ਧਮਕੀ ਭਰੇ ਸੁਨੇਹਿਆਂ ਵਿੱਚ ਸਪੱਸ਼ਟ ਕਿਹਾ ਗਿਆ ਹੈ, ਕਿ ਜੋ ਕੋਈ ਵੀ (ਗੈਂਗਸਟਰ ਦੀ ਜ਼ਿੰਦਗੀ 'ਤੇ ਆਧਾਰਿਤ) ਸੀਰੀਜ਼ ਜਾਂ ਉਨ੍ਹਾਂ ਦੇ ਗਰੁੱਪ ਦਾ ਵਿਰੋਧ ਕਰੇਗਾ, ਉਸ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਲਾਰੈਂਸ ਬਿਸ਼ਨੋਈ ਗੈਂਗ ਦੇ ਹਵਾਲੇ ਨਾਲ ਆਈ ਇਸ ਧਮਕੀ ਨੇ ਸੂਬੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਡੀ.ਜੀ.ਪੀ. ਪੰਜਾਬ ਨੂੰ ਖ਼ੁਦ ਧਮਕੀ ਮਿਲਣ ਤੋਂ ਬਾਅਦ ਪੁਲਿਸ ਵਿਭਾਗ ਬੇਹੱਦ ਗੰਭੀਰ ਹੈ। ਸਾਈਬਰ ਸੈੱਲ ਨੰਬਰਾਂ ਦੀ ਲੋਕੇਸ਼ਨ ਟਰੇਸ ਕਰਨ ਵਿੱਚ ਜੁਟ ਗਿਆ ਹੈ।

## ਭਾਜਪਾ 'ਚ ਸ਼ਾਮਿਲ ਹੁੰਦਿਆਂ ਹੀ ਰਾਘਵ

ਆਲੋਚਨਾ ਵਾਲੀਆਂ ਸਾਰੀਆਂ ਪੁਰਾਣੀਆਂ ਪੋਸਟਾਂ ਹਟਾ ਦਿੱਤੀਆਂ ਹਨ। ਰਾਘਵ ਚੱਢਾ ਦਾ ਇਹ ਸਿਆਸੀ ਬਦਲਾਅ ਨਾ ਸਿਰਫ ਪਾਰਟੀ ਰਾਜਨੀਤੀ ਵਿਚ ਇਕ ਵੱਡਾ ਮੋੜ ਹੈ, ਸਗੋਂ ਸੋਸ਼ਲ ਮੀਡੀਆ 'ਤੇ ਉਨ੍ਹਾਂ ਦੇ ਪ੍ਰਭਾਵ ਨੂੰ ਲੈ ਕੇ ਵੀ ਨਵੀਂ ਬਹਿਸ ਛਿੜ ਚੁੱਕੀ ਹੈ। ਆਉਣ ਵਾਲੇ ਦਿਨਾਂ ਵਿਚ ਇਹ ਦੇਖਣਾ ਦਿਲਚਸਪ ਹੋਵੇਗਾ, ਕਿ ਉਨ੍ਹਾਂ ਦਾ ਇਹ ਕਦਮ ਉਨ੍ਹਾਂ ਦੀ ਸਿਆਸੀ ਯਾਤਰਾ ਨੂੰ ਕਿਸ ਦਿਸ਼ਾ ਵਿਚ ਲੈ ਜਾਂਦਾ ਹੈ।

## ਅੰਮ੍ਰਿਤਪਾਲ ਸਿੰਘ ਨੂੰ ਪੇਸ਼ੀ ਤੋਂ ਬਾਅਦ ਨਿਆਂਇਕ

ਕਰ ਲਿਆ ਸੀ। ਇਸ ਤੋਂ ਬਾਅਦ ਅਦਾਲਤ ਨੇ ਉਸ ਨੂੰ ਦੋ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜਿਆ ਸੀ, ਜਿੱਥੇ ਉਸ ਤੋਂ ਫਰਵਰੀ, 2023 ਵਿੱਚ ਅਜਨਾਲਾ ਥਾਣੇ 'ਤੇ ਹੋਏ ਹਮਲੇ ਸਬੰਧੀ ਪੁੱਛ-ਪੜਤਾਲ ਕੀਤੀ ਗਈ। ਅੰਮ੍ਰਿਤਪਾਲ ਸਿੰਘ ਦੀ ਵਕੀਲ ਜਸਬੀਰ ਕੌਰ ਨੇ ਅਦਾਲਤੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ,'ਸ਼ਨੀਵਾਰ ਨੂੰ ਅਜਨਾਲਾ ਦੀ ਸਬ-ਡਵੀਜ਼ਨਲ ਅਦਾਲਤ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਅੰਮ੍ਰਿਤਪਾਲ ਸਿੰਘ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਦਾ ਹੁਕਮ ਦਿੱਤਾ ਹੈ। ਉਹ ਹੁਣ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿੱਚ ਰਹੇਗਾ। ਅਜਨਾਲਾ ਕੇਸ ਦੀ ਅਗਲੀ ਸੁਣਵਾਈ 30 ਅਪ੍ਰੈਲ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਹੋਵੇਗੀ ਅਤੇ ਅੰਮ੍ਰਿਤਪਾਲ ਸਿੰਘ ਜੇਲ੍ਹ ਤੋਂ ਹੀ ਇਸ ਵਿੱਚ ਹਿੱਸਾ ਲਵੇਗਾ।' ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਮਰਥਕਾਂ 'ਤੇ ਆਪਣੇ ਇੱਕ ਸਾਥੀ ਨੂੰ ਛੁਡਾਉਣ ਲਈ ਅਜਨਾਲਾ ਥਾਣੇ 'ਤੇ ਹਮਲਾ ਕਰਨ ਅਤੇ ਪੁਲਿਸ ਮੁਲਾਜ਼ਮਾਂ ਨਾਲ ਝੜਪ ਕਰਨ ਦੇ ਦੋਸ਼ ਹਨ। ਇਸ ਮਾਮਲੇ ਵਿੱਚ ਅੰਮ੍ਰਿਤਪਾਲ ਸਿੰਘ ਸਮੇਤ 41 ਲੋਕਾਂ ਖ਼ਿਲਾਫ਼ ਦੋਸ਼ ਤੈਅ ਕੀਤੇ ਗਏ ਹਨ। ਇਸ ਤੋਂ ਇਲਾਵਾ, ਜੇਲ੍ਹ ਵਿੱਚੋਂ ਮਿਲੇ ਇਲੈਕਟ੍ਰਾਨਿਕ ਉਪਕਰਨਾਂ ਦੇ ਮਾਮਲੇ ਵਿੱਚ ਵੀ ਉਸ ਖ਼ਿਲਾਫ਼ ਕਾਰਵਾਈ ਚੱਲ ਰਹੀ ਹੈ, ਜਿਸ ਦੀ ਅਗਲੀ ਸੁਣਵਾਈ 7 ਮਈ ਨੂੰ ਹੋਣੀ ਤੈਅ ਹੋਈ ਹੈ। ਅੰਮ੍ਰਿਤਪਾਲ ਸਿੰਘ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਜੇਲ੍ਹ ਵਿੱਚ ਰਹਿੰਦਿਆਂ ਹੀ ਆਜ਼ਾਦ ਉਮੀਦਵਾਰ ਵਜੋਂ ਜਿੱਤ ਹਾਸਲ ਕੀਤੀ ਸੀ ਅਤੇ 5 ਜੁਲਾਈ, 2024 ਨੂੰ ਪੈਰੋਲ ਦੌਰਾਨ ਸਹੁੰ ਚੁੱਕੀ ਸੀ।

## ਕੱਚੇ ਤੇਲ ਦੇ ਭਾਅ 'ਚ ਉਛਾਲ ਕਾਰਨ

ਅਤੇ ਪਟਨਾ ਵਿੱਚ ਪੈਟਰੋਲ 11 ਪੈਸੇ ਵਧ ਕੇ 105.59 ਰੁਪਏ ਅਤੇ ਡੀਜ਼ਲ 10 ਪੈਸੇ ਦੇ ਵਾਧੇ ਨਾਲ 91.82 ਰੁਪਏ ਪ੍ਰਤੀ ਲੀਟਰ ਵਿਕ ਰਿਹਾ ਹੈ।

ਮਹਾਨਗਰਾਂ ਵਿੱਚ ਕੀਮਤਾਂ ਦੀ ਸਥਿਤੀ: ਹਾਲਾਂਕਿ ਕਈ ਸ਼ਹਿਰਾਂ ਵਿੱਚ ਤੇਲ ਮਹਿੰਗਾ ਹੋਇਆ ਹੈ, ਪਰ ਦਿੱਲੀ, ਮੁੰਬਈ, ਚੇਨਈ ਅਤੇ ਕੋਲਕਾਤਾ ਵਰਗੇ ਚਾਰ ਵੱਡੇ ਮਹਾਂਨਗਰਾਂ ਵਿੱਚ ਕੀਮਤਾਂ ਫਿਲਹਾਲ ਸਥਿਰ ਬਣੀਆਂ ਹੋਈਆਂ ਹਨ। ਦਿੱਲੀ: ਪੈਟਰੋਲ 94.72 ਰੁਪਏ ਅਤੇ ਡੀਜ਼ਲ 87.62 ਰੁਪਏ, ਮੁੰਬਈ: ਪੈਟਰੋਲ 103.44 ਰੁਪਏ ਅਤੇ ਡੀਜ਼ਲ 89.97 ਰੁਪਏ ਪ੍ਰਤੀ ਲੀਟਰ 'ਤੇ ਬਣਿਆ ਹੋਇਆ ਹੈ।

ਕੱਚੇ ਤੇਲ ਦੀਆਂ ਅੰਤਰਰਾਸ਼ਟਰੀ ਕੀਮਤਾਂ: ਗਲੋਬਲ ਤਣਾਅ ਦੇ ਚਲਦਿਆਂ ਬ੍ਰੈਂਟ ਕਰੂਡ 105.30 ਡਾਲਰ ਪ੍ਰਤੀ ਬੈਰਲ ਅਤੇ ਡਬਲਯੂ.ਟੀ.ਆਈ. 94.40 ਡਾਲਰ ਪ੍ਰਤੀ ਬੈਰਲ ਦੇ ਆਸ-ਪਾਸ ਕਾਰੋਬਾਰ ਕਰ ਰਿਹਾ ਹੈ। ਮਾਹਿਰਾਂ ਅਨੁਸਾਰ ਆਉਣ ਵਾਲੇ ਦਿਨਾਂ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਹੋਰ ਵੀ ਤਬਦੀਲੀ ਦੇਖਣ ਨੂੰ ਮਿਲ ਸਕਦੀ ਹੈ।

## 'ਨਰਕ' ਕਹਿਣ 'ਤੇ ਘਿਰੇ ਟਰੰਪ ਨੇ ਹੁਣ ਭਾਰਤ ਨੂੰ

ਉਨ੍ਹਾਂ ਦਾ ਇਸ਼ਾਰਾ ਭਾਰਤ ਦੀਆਂ ਕੁਝ ਨੀਤੀਆਂ ਵੱਲ ਸੀ, ਪਰ ਉਨ੍ਹਾਂ ਦੇ ਸ਼ਬਦਾਂ ਦੀ ਚੋਣ ਨੇ ਵੱਡਾ ਵਿਵਾਦ ਖੜ੍ਹਾ ਕਰ ਦਿੱਤਾ। ਅਮਰੀਕੀ ਡਿਪਲੋਮੈਟ ਹੁਣ ਭਾਰਤ ਸਰਕਾਰ ਨਾਲ ਸੰਪਰਕ ਕਰ ਰਹੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਬਿਆਨ ਦਾ ਅਸਰ ਦੋਵਾਂ ਦੇਸ਼ਾਂ ਦੇ ਰਣਨੀਤਕ ਸਬੰਧਾਂ, ਖਾਸ ਕਰਕੇ 'ਇੰਡੋ-ਪੈਸੀਫਿਕ' ਰਣਨੀਤੀ 'ਤੇ ਨਾ ਪਵੇ। ਭਾਲਾਂਕਿ ਭਾਰਤੀ ਵਿਦੇਸ਼ ਮੰਤਰਾਲੇ ਨੇ ਅਜੇ ਤੱਕ ਕੋਈ ਬਹੁਤ ਸਖ਼ਤ ਅਧਿਕਾਰਤ ਬਿਆਨ ਨਹੀਂ ਦਿੱਤਾ ਹੈ ਪਰ ਸੂਤਰਾਂ ਅਨੁਸਾਰ ਭਾਰਤ ਨੇ ਨਿੱਜੀ ਤੌਰ 'ਤੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ ਹੈ। ਵਿਰੋਧੀ ਪਾਰਟੀਆਂ ਨੇ ਇਸ ਮੁੱਦੇ 'ਤੇ ਸਰਕਾਰ ਨੂੰ ਘੇਰਿਆ ਹੈ ਅਤੇ ਰਾਸ਼ਟਰਪਤੀ ਟਰੰਪ ਤੋਂ ਮੁਆਫੀ ਦੀ ਮੰਗ ਕੀਤੀ ਹੈ।

## ਈਰਾਨ ਵੱਲੋਂ ਅਮਰੀਕੀ ਵਫ਼ਦ ਨਾਲ

ਅਮਰੀਕਾ ਵੱਲੋਂ ਥੋਪੀ ਗਈ 'ਹਮਲਾਵਰ ਜੰਗ' ਨੂੰ ਖ਼ਤਮ ਕਰਨ ਲਈ ਪਾਕਿਸਤਾਨ ਸਰਕਾਰ ਵੱਲੋਂ ਨਿਭਾਈ ਜਾ ਰਹੀ ਵਿਚੋਲਗੀ ਦੀ ਸ਼ਲਾਘਾ ਵੀ ਕੀਤੀ। ਦੂਜੇ ਪਾਸੇ, ਵ੍ਹਾਈਟ ਹਾਊਸ ਵੱਲੋਂ ਸ਼ੁੱਕਰਵਾਰ ਨੂੰ ਇਹ ਬਿਆਨ ਜਾਰੀ ਕੀਤਾ ਗਿਆ ਸੀ ਕਿ ਉਨ੍ਹਾਂ ਦੇ ਵਿਸ਼ੇਸ਼ ਦੂਤ ਈਰਾਨੀ ਵਿਦੇਸ਼ ਮੰਤਰੀ ਅਰਾਗਚੀ ਨਾਲ ਮੁਲਾਕਾਤ ਕਰਨਗੇ। ਅਮਰੀਕਾ ਵੱਲੋਂ ਜੈਰੇਡ ਕੁਸ਼ਰਨਰ ਅਤੇ ਸਟੀਵ ਵਿਟਕੌਫ ਵਰਗੇ ਸੀਨੀਅਰ ਆਗੂਆਂ ਦੇ ਇਸਲਾਮਾਬਾਦ ਪਹੁੰਚਣ ਦੀਆਂ ਚਰਚਾਵਾਂ ਸਨ, ਪਰ ਈਰਾਨ ਦੇ ਸਖ਼ਤ ਰੁਖ ਨੇ ਗੱਲਬਾਤ ਦੀਆਂ ਸੰਭਾਵਨਾਵਾਂ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਖਿੱਤੇ ਵਿੱਚ ਜਾਰੀ ਇਸ ਜੰਗੀ ਮਾਹੌਲ ਦੌਰਾਨ ਪਾਕਿਸਤਾਨ ਨੂੰ ਇੱਕ ਅਹਿਮ ਵਿਚੋਲੇ ਵਜੋਂ ਦੇਖਿਆ ਜਾ ਰਿਹਾ ਹੈ, ਜੋ ਦੋਵਾਂ ਧਿਰਾਂ ਨੂੰ ਕਿਸੇ ਸਾਂਝੇ ਨਤੀਜੇ 'ਤੇ ਲਿਆਉਣ ਦੀ ਕੋਸ਼ਿਸ਼ ਕਰ ਰਿਹਾ ਹੈ।

ਅਰਾਗਚੀ ਨੇ ਪਾਕਿ ਫੌਜ ਮੁਖੀ ਆਸਿਮ ਮੁਨੀਰ ਨਾਲ ਕੀਤੀ ਮੁਲਾਕਾਤ: ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਸ਼ਨਿੱਚਰਵਾਰ ਨੂੰ ਪਾਕਿਸਤਾਨੀ ਫੌਜ ਦੇ ਚੀਫ਼ ਫੀਲਡ ਮਾਰਸ਼ਲ ਆਸਿਮ ਮੁਨੀਰ ਨਾਲ ਮੁਲਾਕਾਤ ਕੀਤੀ, ਕਿਉਂਕਿ ਇਸਲਾਮਾਬਾਦ ਅਮਰੀਕਾ ਅਤੇ ਈਰਾਨ ਵਿਚਕਾਰ ਸੰਪਰਕ ਨੂੰ ਸੁਖਾਲਾ ਬਣਾਉਣ ਦੀਆਂ ਕੋਸ਼ਿਸ਼ਾਂ ਜਾਰੀ ਰੱਖ ਰਿਹਾ ਹੈ। ਈਰਾਨੀ ਦੂਤਾਵਾਸ ਵੱਲੋਂ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ ਇੱਕ ਛੋਟੀ ਵੀਡੀਓ ਅਨੁਸਾਰ, ਇਸ ਮੀਟਿੰਗ ਵਿੱਚ ਈਰਾਨ ਦੇ ਉਪ ਵਿਦੇਸ਼ ਮੰਤਰੀ ਕਾਜ਼ੇਮ ਘਰੀਬਾਬਾਦੀ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਾਈ ਅਤੇ ਰਾਜਦੂਤ ਰਜ਼ਾ ਅਮੀਰੀ ਮੁਕੱਦਮ ਵੀ ਸ਼ਾਮਲ ਹੋਏ। ਪਾਕਿਸਤਾਨੀ ਪਾਸੇ ਤੋਂ ਗ੍ਰਹਿ ਮੰਤਰੀ ਮੋਹਸਿਨ ਨਕਵੀ ਅਤੇ ਹੋਰ ਅਧਿਕਾਰੀ ਮੌਜੂਦ ਸਨ। ਦੂਤਾਵਾਸ ਨੇ ਵੀਡੀਓ ਦੇ ਕੈਪਸ਼ਨ ਵਿੱਚ ਦੱਸਿਆ ਕਿ ਅਰਾਗਚੀ ਨੇ ਮੁਨੀਰ ਨਾਲ ਮੁਲਾਕਾਤ ਕੀਤੀ ਹੈ। ਹਾਲਾਂਕਿ, ਅਜੇ ਤੱਕ ਇਸ ਗੱਲ ਦੀ ਕੋਈ ਸਪੱਸ਼ਟਤਾ ਨਹੀਂ ਹੈ ਕਿ ਇਸ ਦੌਰੇ ਦੌਰਾਨ ਵਾਸ਼ਿੰਗਟਨ ਅਤੇ ਤਹਿਰਾਨ ਵਿਚਕਾਰ ਸਿੱਧੀ ਗੱਲਬਾਤ ਹੋਵੇਗੀ ਜਾਂ ਨਹੀਂ।

ਅਰਾਘਚੀ ਨੇ ਸ਼ਹਿਬਾਜ਼ ਸ਼ਰੀਫ਼ ਨਾਲ ਕੀਤੀ ਮੁਲਾਕਾਤ: ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਸ਼ਨੀਵਾਰ ਨੂੰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਨਾਲ ਮੁਲਾਕਾਤ ਕੀਤੀ। ਇਹ ਉੱਚ-ਪੱਧਰੀ ਬੈਠਕ ਅਜਿਹੇ ਸਮੇਂ ਹੋਈ ਹੈ ਜਦੋਂ ਈਰਾਨ ਅਤੇ ਅਮਰੀਕਾ ਵਿਚਕਾਰ ਦੂਜੇ ਦੌਰ ਦੀ ਸੰਭਾਵੀ ਗੱਲਬਾਤ ਨੂੰ ਲੈ ਕੇ ਅਨਿਸ਼ਚਿਤਤਾ ਬਣੀ ਹੋਈ ਹੈ। ਇਸ ਮੁਲਾਕਾਤ ਦੌਰਾਨ ਪਾਕਿਸਤਾਨ ਦੇ ਉਪ-ਪ੍ਰਧਾਨ ਮੰਤਰੀ ਮੁਹੰਮਦ ਇਸਹਾਕ ਡਾਰ ਅਤੇ ਫੌਜ ਮੁਖੀ ਫੀਲਡ ਮਾਰਸ਼ਲ ਆਸਿਮ ਮੁਨੀਰ ਵੀ ਹਾਜ਼ਰ ਸਨ। ਪ੍ਰਧਾਨ ਮੰਤਰੀ ਦਫਤਰ ਵੱਲੋਂ ਜਾਰੀ ਬਿਆਨ ਅਨੁਸਾਰ, ਇਸ ਬੈਠਕ ਵਿੱਚ ਮੁੱਖ ਤੌਰ 'ਤੇ ਖੇਤਰੀ ਸਥਿਤੀ 'ਤੇ ਚਰਚਾ ਕੀਤੀ ਗਈ। ਇਸ ਤੋਂ ਪਹਿਲਾਂ ਅਰਾਘਚੀ ਨੇ ਫੌਜ ਮੁਖੀ ਆਸਿਮ ਮੁਨੀਰ ਨਾਲ ਵੱਖਰੀ ਮੁਲਾਕਾਤ ਕੀਤੀ, ਜਿਸ ਵਿੱਚ ਅਮਰੀਕਾ ਨਾਲ ਸ਼ਾਂਤੀ ਵਾਰਤਾ ਨਾਲ ਜੁੜੇ ਮੁੱਦਿਆਂ 'ਤੇ ਗੱਲਬਾਤ ਹੋਈ। ਇਸਲਾਮਾਬਾਦ ਪਹੁੰਚਣ ਤੋਂ ਪਹਿਲਾਂ ਅਰਾਘਚੀ ਨੇ ਦੱਸਿਆ ਕਿ ਉਹ ਇਸਲਾਮਾਬਾਦ, ਮਸਕਟ ਅਤੇ ਮਾਸਕੋ ਦੀ ਯਾਤਰਾ 'ਤੇ ਹਨ। ਉਹਨਾਂ ਦੇ ਇਸ ਦੌਰੇ ਦਾ ਮੁੱਖ ਉਦੇਸ਼ ਸਾਂਝੇਦਾਰਾਂ ਨਾਲ ਦੁਵੱਲੇ ਮਾਮਲਿਆਂ 'ਤੇ ਤਾਲਮੇਲ ਕਰਨਾ ਅਤੇ ਖੇਤਰੀ ਘਟਨਾਵਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਹੈ। ਅਰਾਘਚੀ ਸ਼ੁੱਕਰਵਾਰ ਦੇਰ ਰਾਤ ਪਾਕਿਸਤਾਨ ਪਹੁੰਚੇ ਸਨ।

ਈਰਾਨ ਵਿੱਚ 57 ਦਿਨਾਂ ਤੋਂ ਇੰਟਰਨੈੱਟ ਬੰਦ; ਦੁਨੀਆਂ ਦਾ ਸਭ ਤੋਂ ਲੰਬਾ ਬਲੈਕਆਊਟ: ਇੰਟਰਨੈੱਟ ਦੀ ਨਿਗਰਾਨੀ ਕਰਨ ਵਾਲੀ ਸੰਸਥਾ NetBlocks ਅਨੁਸਾਰ, ਈਰਾਨ ਦੇ ਨਾਗਰਿਕ ਪਿਛਲੇ 57 ਦਿਨਾਂ ਤੋਂ ਲਗਾਤਾਰ ਇੰਟਰਨੈੱਟ ਬੰਦ ਦਾ ਸਾਹਮਣਾ ਕਰ ਰਹੇ ਹਨ। ਈਰਾਨੀ ਸਰਕਾਰ ਵੱਲੋਂ ਦੇਸ਼ ਦੀ ਡਿਜੀਟਲ ਪਹੁੰਚ ਨੂੰ ਕੱਟੇ ਹੋਏ ਅੱਜ ਪੂਰੇ ਅੱਠ ਹਫ਼ਤੇ ਹੋ ਗਏ ਹਨ। ਸੰਸਥਾ ਨੇ ਅੱਜ ਦੱਸਿਆ ਕਿ 1344 ਘੰਟਿਆਂ ਤੋਂ ਚੱਲ ਰਹੀ ਇਹ ਰੁਕਾਵਟ ਹੁਣ ਆਪਣੇ 57ਵੇਂ ਦਿਨ ਵਿੱਚ ਦਾਖਲ ਹੋ ਗਈ ਹੈ। ਇਹ ਦੁਨੀਆਂ ਵਿੱਚ ਰਾਸ਼ਟਰੀ ਪੱਧਰ 'ਤੇ ਹੁਣ ਤੱਕ ਦਾ ਸਭ ਤੋਂ ਲੰਬਾ ਇੰਟਰਨੈੱਟ ਬੰਦ ਹੈ। ਇਸ ਬੰਦ ਕਾਰਨ ਈਰਾਨੀ ਲੋਕਾਂ ਦੀ ਆਵਾਜ਼ ਦਬਾਈ ਜਾ ਰਹੀ ਹੈ, ਦੋਸਤ ਅਤੇ ਪਰਿਵਾਰ ਇੱਕ-ਦੂਜੇ ਦੇ ਸੰਪਰਕ ਤੋਂ ਬਾਹਰ ਹਨ ਅਤੇ ਦੇਸ਼ ਦੀ ਆਰਥਿਕਤਾ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਇਹ ਮੁਕੰਮਲ ਬਲੈਕਆਊਟ 28 ਫਰਵਰੀ ਨੂੰ ਤਹਿਰਾਨ 'ਤੇ ਅਮਰੀਕਾ ਅਤੇ ਇਜ਼ਰਾਈਲ ਦੇ ਸਾਂਝੇ ਹਮਲਿਆਂ ਤੋਂ ਤੁਰੰਤ ਬਾਅਦ ਲਾਗੂ ਕੀਤਾ ਗਿਆ ਸੀ। ਇਸ ਲੰਬੀ ਤਾਲਾਬੰਦੀ ਨੇ ਖੇਤਰੀ ਅਸਥਿਰਤਾ ਦੇ ਇਸ ਦੌਰ ਵਿੱਚ ਈਰਾਨੀ ਆਬਾਦੀ ਨੂੰ ਪੂਰੀ ਦੁਨੀਆਂ ਤੋਂ ਵੱਖ ਕਰ ਦਿੱਤਾ ਹੈ।

## ਰਾਜ ਸਭਾ ਦੀ ਬਗ਼ਾਵਤ

ਇਹ ਸੰਕਟ ਕੇਵਲ ਆਪ ਦਾ ਨਹੀਂ, ਸਗੋਂ ਭਾਰਤੀ ਲੋਕਤੰਤਰ ਦੀ ਵਿਸ਼ਵਾਸਯੋਗਤਾ ਦਾ ਹੈ। ਜੇ ਨੈਤਿਕਤਾ, ਜਵਾਬਦੇਹੀ ਅਤੇ ਸੰਵਿਧਾਨਕ ਮਰਯਾਦਾ ਦੀ ਰੱਖਿਆ ਨਾ ਹੋਈ, ਤਾਂ ਲੋਕਤੰਤਰ ਦਾ ਢਾਂਚਾ ਤਾਂ ਰਹੇਗਾ, ਪਰ ਉਸ ਦੀ ਰੂਹ ਕਮਜ਼ੋਰ ਹੋ ਜਾਵੇਗੀ। ਲੋਕਤੰਤਰ ਸਿਰਫ਼ ਚੋਣ ਜਿੱਤਣ ਦਾ ਨਾਮ ਨਹੀਂ, ਸਗੋਂ ਜਨ ਭਰੋਸੇ ਨੂੰ ਨਿਭਾਉਣ ਦੀ ਜ਼ਿੰਮੇਵਾਰੀ ਵੀ ਹੈ।

# ਨੀਤੀ ਆਯੋਗ ਦੇ ਨਵ ਨਿਯੁਕਤ ਉਪ ਪ੍ਰਧਾਨ ਅਸ਼ੋਕ ਲਾਹਿੜੀ ਵੱਲੋਂ ਮੋਦੀ ਨਾਲ ਮੁਲਾਕਾਤ



ਨਵੀਂ ਦਿੱਲੀ, 25 ਅਪ੍ਰੈਲ (ਚ.ਨ.ਸ.) : ਨੀਤੀ ਆਯੋਗ ਦੇ ਨਵੇਂ ਨਿਯੁਕਤ ਉਪ ਪ੍ਰਧਾਨ ਅਸ਼ੋਕ ਲਾਹਿੜੀ ਨੇ ਸ਼ਨੀਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਲਾਹਿੜੀ ਨੂੰ ਸ਼ੁੱਕਰਵਾਰ ਨੂੰ ਨੀਤੀ ਆਯੋਗ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ। ਨਾਲ ਹੀ ਵਿਗਿਆਨਕ ਗੋਵਰਧਨ ਦਾਸ ਨੂੰ ਨੀਤੀ ਆਯੋਗ ਦਾ ਮੈਂਬਰ ਬਣਾਇਆ ਗਿਆ ਹੈ। ਪ੍ਰਧਾਨ ਮੰਤਰੀ ਨੀਤੀ ਆਯੋਗ ਦੇ ਪ੍ਰਧਾਨ ਹਨ। ਮੌਜੂਦਾ ਸਮੇਂ ਪੱਛਮੀ ਬੰਗਾਲ 'ਚ ਭਾਜਪਾ ਵਿਧਾਇਕ ਲਾਹਿੜੀ, ਭਾਰਤ ਸਰਕਾਰ ਦੇ ਸਾਬਕਾ ਮੁੱਖ ਆਰਥਿਕ ਸਲਾਹਕਾਰ ਅਤੇ 15ਵੇਂ ਵਿੱਤ ਕਮਿਸ਼ਨ ਦੇ ਮੈਂਬਰ ਰਹਿ ਚੁੱਕੇ ਹਨ।

ਦਾਸ ਨੇ ਨੀਤੀ ਆਯੋਗ ਦਾ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ। ਉਨ੍ਹਾਂ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ,"ਅੱਜ ਮੇਰੇ ਜੀਵਨ ਦਾ ਬਹੁਤ ਅਹਿਮ ਦਿਨ ਹੈ। ਮੈਂ ਪੱਛਮੀ ਬੰਗਾਲ ਦੇ ਇਕ ਸੁਦੂਰ ਪਿੰਡ ਦੇ ਦਲਿਤ ਵਰਗ ਦੇ ਇਕ ਆਮ ਕਿਸਾਨ ਪਰਿਵਾਰ ਦਾ ਬੇਟਾ ਹਾਂ। ਬਚਪਨ ਤੋਂ ਹੀ ਮਿੱਟੀ ਦੀ ਖੁਸ਼ਬੂ, ਮਿਹਨਤ ਦੀ ਕੀਮਤ ਅਤੇ ਸੰਘਰਸ਼ ਦੀ ਸੱਚਾਈ ਮੇਰੀ ਜ਼ਿੰਦਗੀ ਦਾ ਮੁੱਖ ਅੰਗ ਰਹੀ ਹੈ।" ਦਾਸ ਨੇ ਕਿਹਾ,"ਇਹ ਜ਼ਿੰਮੇਵਾਰੀ ਮੇਰੇ ਲਈ ਸਿਰਫ਼ ਇਕ ਅਹੁਦਾ ਨਹੀਂ ਹੈ, ਸਗੋਂ ਇਹ ਮੇਰੇ ਵਰਗੇ ਅਣਗਿਣਤ ਆਮ ਲੋਕਾਂ ਦੇ ਸੁਪਨਿਆਂ, ਉਮੀਦਾਂ ਅਤੇ ਵਿਸ਼ਵਾਸ ਦੀ ਝਲਕ ਹੈ।

# ਭਾਰਤ ਨੇ ਨੇਪਾਲ ਦੀ ਨਵੀਂ ਸਰਕਾਰ ਨਾਲ ਊਰਜਾ ਸਹਿਯੋਗ 'ਤੇ ਕੀਤੀ ਚਰਚਾ



ਕਾਠਮੰਡੂ , 25 ਅਪ੍ਰੈਲ (ਚ.ਨ.ਸ.) : ਨੇਪਾਲ ਵਿੱਚ ਭਾਰਤ ਦੇ ਰਾਜਦੂਤ ਨਵੀਨ ਸ਼੍ਰੀਵਾਸਤਵ ਅਤੇ ਨੇਪਾਲ ਦੀ ਨਵੀਂ ਬਾਲੇਂਦਰ ਸ਼ਾਹ ਸਰਕਾਰ ਦੇ ਊਰਜਾ ਮੰਤਰੀ ਬਿਰਾਜ ਭਗਤ ਸ਼੍ਰੇਸ਼ਠ ਵਿਚਾਲੇ ਸ਼ੁੱਕਰਵਾਰ ਨੂੰ ਇੱਕ ਅਹਿਮ ਮੁਲਾਕਾਤ ਹੋਈ।

ਇਸ ਬੈਠਕ ਦੌਰਾਨ ਊਰਜਾ, ਜਲ ਸਰੋਤ ਅਤੇ ਸਿੰਚਾਈ ਦੇ ਖੇਤਰ ਵਿੱਚ ਆਪਸੀ ਹਿੱਤਾਂ ਅਤੇ ਸਹਿਯੋਗ ਵਧਾਉਣ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਸਰੋਤਾਂ ਅਨੁਸਾਰ, ਇਹ ਗੱਲਬਾਤ ਭਾਰਤ ਅਤੇ ਨੇਪਾਲ ਵਿਚਾਲੇ ਲੰਬੇ ਸਮੇਂ ਤੋਂ ਚਲੀ ਆ ਰਹੀ ਸਾਂਝੇਦਾਰੀ, ਸਥਾਈ ਵਿਕਾਸ ਅਤੇ ਖੇਤਰੀ ਸੰਪਰਕ ਨੂੰ ਅੱਗੇ ਵਧਾਉਣ ਦੇ ਸਾਂਝੇ ਦ੍ਰਿਸ਼ਟੀਕੋਣ 'ਤੇ ਕੇਂਦਰਿਤ ਸੀ।

ਮੰਤਰੀ ਸ਼੍ਰੇਸ਼ਠ ਨੇ ਮਾਰਚ ਵਿੱਚ ਹੋਈਆਂ ਆਮ ਚੋਣਾਂ ਵਿੱਚ ਬਾਲੇਂਦਰ ਸ਼ਾਹ 'ਬਾਲੇਨ' ਦੀ ਅਗਵਾਈ ਵਾਲੀ 'ਰਾਸ਼ਟਰੀ ਸੁਤੰਤਰ ਪਾਰਟੀ' ਦੀ ਜਿੱਤ ਤੋਂ ਬਾਅਦ ਊਰਜਾ ਮੰਤਰੀ ਵਜੋਂ ਕਾਰਜਭਾਰ ਸੰਭਾਲਿਆ ਹੈ। ਦੋਵਾਂ ਪੱਖਾਂ ਨੇ ਦੁਵੱਲੇ ਸਬੰਧਾਂ ਨੂੰ ਹੋਰ ਗੂੜ੍ਹਾ ਕਰਨ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਦੀ ਸਾਂਝੀ ਖੁਸ਼ਹਾਲੀ ਅਤੇ ਆਪਸੀ ਲਾਭ ਨੂੰ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਮੰਤਰੀ ਸ਼੍ਰੇਸ਼ਠ ਨੇ ਇਸ ਸਾਂਝੇਦਾਰੀ ਨੂੰ ਨਿਰੰਤਰ ਸੰਵਾਦ ਰਾਹੀਂ ਹੋਰ ਮਜ਼ਬੂਤ ਕਰਨ ਦੀ ਇੱਛਾ ਜ਼ਾਹਰ ਕੀਤੀ ਹੈ।

ਜ਼ਿਕਰਯੋਗ ਹੈ ਕਿ ਚੋਣਾਂ ਤੋਂ ਕੁਝ ਹਫ਼ਤੇ ਪਹਿਲਾਂ ਹੀ ਨੇਪਾਲ ਨੇ ਭਾਰਤ ਨੂੰ 10,000 ਮੈਗਾਵਾਟ ਬਿਜਲੀ ਨਿਰਯਾਤ ਕਰਨ ਲਈ ਇੱਕ ਲੰਬੇ ਸਮੇਂ ਦੇ ਸਮਝੌਤੇ 'ਤੇ ਹਸਤਾਖਰ ਕੀਤੇ ਸਨ। ਇਸ ਤੋਂ ਇਲਾਵਾ, ਨਵਿਆਉਣਯੋਗ ਊਰਜਾ ਵਿੱਚ ਸਹਿਯੋਗ ਲਈ ਇੱਕ ਸਮਝੌਤਾ ਪੱਤਰ ਸਹੀਬੰਦ ਕੀਤਾ ਗਿਆ ਅਤੇ ਤਿੰਨ ਸਰਹੱਦ ਪਾਰ ਪ੍ਰਸਾਰਣ ਲਾਈਨਾਂ ਦਾ ਸਾਂਝੇ ਤੌਰ 'ਤੇ ਉਦਘਾਟਨ ਵੀ ਕੀਤਾ ਗਿਆ ਸੀ। ਇਸੇ ਦੌਰਾਨ, ਊਰਜਾ ਮੰਤਰੀ ਸ਼੍ਰੇਸ਼ਠ ਨੇ ਨੇਪਾਲ ਵਿੱਚ ਚੀਨ ਦੇ ਰਾਜਦੂਤ ਝਾਂਗ ਮਾਓਮਿੰਗ ਨਾਲ ਵੀ ਮੁਲਾਕਾਤ ਕੀਤੀ ਅਤੇ ਆਪਸੀ ਲਾਭਕਾਰੀ ਸਹਿਯੋਗ ਨੂੰ ਅੱਗੇ ਵਧਾਉਣ ਬਾਰੇ ਚਰਚਾ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਮਾਨ ਸਰਕਾਰ ਵੱਲੋਂ ਬੀਟੀ ਹਾਈਬ੍ਰਿਡ ਨਰਮੇ ਤੇ ਦੇਸੀ ਕਪਾਹ ਦੇ ਬੀਜਾਂ 'ਤੇ 33 ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ : ਖੁੱਡੀਆਂ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਅਤੇ ਨਰਮੇ ਅਧੀਨ ਰਕਬੇ ਨੂੰ ਹੋਰ ਵਧਾਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ), ਲੁਧਿਆਣਾ ਵੱਲੋਂ ਪ੍ਰਮਾਣਿਤ ਬੀਟੀ ਕਾਟਨ ਹਾਈਬ੍ਰਿਡ ਅਤੇ ਦੇਸੀ ਕਪਾਹ ਦੇ ਬੀਜਾਂ 'ਤੇ 33 ਫੀਸਦ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ 87 ਪ੍ਰਵਾਨਿਤ ਬੀਟੀ ਕਾਟਨ ਹਾਈਬ੍ਰਿਡ ਤੇ ਦੇਸੀ ਕਪਾਹ ਦੀਆਂ ਚਾਰ ਕਿਸਮਾਂ-ਐਲ.ਡੀ.1019, ਐਲ.ਡੀ. 949, ਐਫ.ਡੀ.ਕੇ. 124 ਤੇ ਪੀ.ਬੀ.ਡੀ. 88 ਵਿੱਚੋਂ ਕਿਸੇ ਵੀ ਕਿਸਮ ਦੀ ਚੋਣ ਕਰਨ ਵਾਲੇ ਕਿਸਾਨਾਂ ਲਈ ਬੀਜ ਲਾਗਤ ਦਾ ਲਗਭਗ ਇੱਕ ਤਿਹਾਈ ਹਿੱਸੇ ਦੀ ਲਾਗਤ ਦੀ ਸਬਸਿਡੀ ਦਿੱਤੀ ਜਾਵੇਗੀ। ਖੁੱਡੀਆਂ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਇਸ ਸਬਸਿਡੀ ਮਾਡਲ ਨੂੰ ਭਰਵਾਂ ਹੁੰਗਾਰਾ ਦਿੱਤਾ ਹੈ। ਪਿਛਲੇ ਸਾਉਣੀ ਸੀਜ਼ਨ ਵਿੱਚ, ਨਰਮੇ ਦੀ ਕਾਸ਼ਤ ਅਧੀਨ ਰਕਬੇ ਵਿੱਚ 19 ਫ਼ੀਸਦ ਦਾ ਵਾਧਾ ਦਰਜ ਕੀਤਾ ਗਿਆ ਸੀ, ਜਿਸ ਨਾਲ ਇਹ ਰਕਬਾ ਸਾਉਣੀ 2024 ਦੇ 1 ਲੱਖ ਹੈਕਟੇਅਰ ਦੇ ਮੁਕਾਬਲੇ ਸਾਉਣੀ 2025 ਵਿੱਚ ਵਧ ਕੇ 1.19 ਲੱਖ ਹੈਕਟੇਅਰ ਹੋ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਸਾਉਣੀ 2026 ਲਈ 1.25 ਲੱਖ ਹੈਕਟੇਅਰ ਨੂੰ ਨਰਮੇ ਦੀ ਕਾਸ਼ਤ ਹੇਠ ਲਿਆਉਣ ਦਾ ਟੀਚਾ ਰੱਖਿਆ ਹੈ।" ਕਪਾਹ ਨੂੰ "ਚਿੱਟਾ ਸੋਨਾ" ਕਰਾਰ ਦਿੰਦਿਆਂ ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਪਾਣੀ ਦੀ ਜ਼ਿਆਦਾ ਖਪਤ ਕਰਨ ਵਾਲੇ ਝੋਨੇ ਦੀ ਥਾਂ ਹੋਰ ਫਸਲਾਂ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਸਬਸਿਡੀ ਦਾ ਲਾਭ ਲੈਣ ਲਈ ਆਨਲਾਈਨ ਐਪਲੀਕੇਸ਼ਨ ਪੋਰਟਲ 20 ਅਪ੍ਰੈਲ ਤੋਂ ਖੋਲ੍ਹਿਆ ਗਿਆ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਰਜਿਸਟਰਡ ਡੀਲਰਾਂ ਤੋਂ ਪ੍ਰਮਾਣਿਤ ਬੀਜ ਖਰੀਦਣ ਅਤੇ ਅਰਜ਼ੀਆਂ ਜਮ੍ਹਾਂ ਕਰਨ ਸਮੇਂ ਪੱਕੇ ਬਿੱਲ ਅਪਲੋਡ ਕਰਨ। ਤਸਦੀਕ ਉਪਰੰਤ 33 ਫ਼ੀਸਦ ਸਬਸਿਡੀ ਸਿੱਧੇ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਭੇਜ ਦਿੱਤੀ ਜਾਵੇਗੀ। ਇਹ ਪਹਿਲ ਕਿਸਾਨਾਂ ਨੂੰ ਵਿੱਤੀ ਰਾਹਤ ਦੇ ਨਾਲ ਨਾਲ ਹੋਰ ਲਾਭ ਵੀ ਪ੍ਰਦਾਨ ਕਰੇਗੀ। ਇਹ ਕਿਸਾਨਾਂ ਨੂੰ ਵਿਗਿਆਨਕ ਤੌਰ 'ਤੇ ਸਿਫ਼ਾਰਸ਼ ਕੀਤੀਆਂ, ਉੱਚ ਉਤਪਾਦਨ ਵਾਲੀਆਂ ਨਰਮੇ ਤੇ ਕਪਾਹ ਦੀਆਂ ਕਿਸਮਾਂ ਅਪਣਾਉਣ ਲਈ ਉਤਸ਼ਾਹਿਤ ਕਰੇਗੀ। ਉਨ੍ਹਾਂ ਕਿਹਾ ਕਿ ਦੇਸੀ ਕਪਾਹ ਅਤੇ ਪੀਏਯੂ-ਪ੍ਰਵਾਨਿਤ ਬੀਟੀ ਹਾਈਬ੍ਰਿਡ ਨਰਮੇ ਦੇ ਬੀਜਾਂ ਉੱਤੇ ਸਬਸਿਡੀ ਨਾਲ ਪੰਜਾਬ ਨੂੰ ਆਪਣੀ ਰਵਾਇਤੀ ਕਪਾਹ ਪੱਟੀ ਨੂੰ ਮੁੜ ਸੁਰਜੀਤ ਕਰਨ ਵਿੱਚ ਮਦਦ ਮਿਲੇਗੀ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸਬਸਿਡੀ ਸਕੀਮ, ਜਿਸ ਨਾਲ ਪਿਛਲੇ ਸੀਜ਼ਨ ਵਿੱਚ ਨਰਮੇ ਹੇਠ ਰਕਬੇ ਵਿੱਚ ਵਾਧਾ ਦਰਜ ਕੀਤਾ ਗਿਆ ਸੀ, ਨਾਲ ਖਰਚਿਆਂ ਵਿੱਚ ਕਾਫ਼ੀ ਕਮੀ ਆਉਣ ਅਤੇ ਖਾਸ ਕਰਕੇ ਨਰਮਾ ਪੱਟੀ ਵਾਲੇ ਮਾਲਵਾ ਖਿੱਤੇ ਵਿੱਚ ਇਸ ਦਾ ਹੋਰ ਵਿਸਥਾਰ ਹੋਣ ਦੀ ਉਮੀਦ ਹੈ। ਸ. ਗੁਰਮੀਤ ਸਿੰਘ ਖੁੱਡੀਆਂ ਨੇ ਸਾਰੇ ਮੁੱਖ ਖੇਤੀਬਾੜੀ ਅਫਸਰਾਂ ਨੂੰ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਹਰੇਕ ਯੋਗ ਕਿਸਾਨ ਲਈ ਆਨਲਾਈਨ ਪੋਰਟਲ ਤੱਕ ਨਿਰਵਿਘਨ ਪਹੁੰਚ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਉਤਪਾਦਕ ਜਾਣਕਾਰੀ ਜਾਂ ਡਿਜੀਟਲ ਪਹੁੰਚ ਦੀ ਘਾਟ ਕਾਰਨ ਇਸ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹੇ। ਖੁੱਡੀਆਂ ਨੇ ਕਿਹਾ ਕਿ ਮਜ਼ਬੂਤ ਗੁਣਵੱਤਾ ਵਾਲੇ ਬੀਜ ਪ੍ਰਦਾਨ ਕਰਕੇ ਪੰਜਾਬ ਵੱਲੋਂ ਉਤਪਾਦਕਤਾ ਅਤੇ ਮੁਨਾਫ਼ਾ ਦੋਵਾਂ ਵਿੱਚ ਵਾਧਾ ਕੀਤਾ ਜਾਵੇਗਾ। ਉਨ੍ਹਾਂ ਹਰੇਕ ਕਪਾਹ ਤੇ ਨਰਮਾ ਉਤਪਾਦਕ ਨੂੰ ਪੋਰਟਲ 'ਤੇ ਜਲਦੀ ਅਰਜ਼ੀਆਂ ਦੇਣ ਅਤੇ ਇਸ ਯੋਜਨਾ ਦਾ ਪੂਰਾ ਲਾਭ ਲੈਣ ਦੀ ਅਪੀਲ ਕੀਤੀ।

# ਸ੍ਰੀ ਗੁਰੂ ਤੇਗ਼ ਬਹਾਦਰ ਗੁਰਦੁਆਰਾ ਸਾਹਿਬ, ਕੋਟਕਪੂਰਾ ਦੀ ਪ੍ਰਬੰਧਕ ਕਮੇਟੀ ਤੇ ਸੰਗਤ ਵੱਲੋਂ ਸੰਧਵਾਂ ਦਾ ਸਨਮਾਨ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨੂੰ ਰੋਕਣ ਲਈ ਪਾਸ ਕੀਤਾ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026" ਹੁਣ ਕਾਨੂੰਨ ਬਣ ਗਿਆ ਹੈ। ਇਸ ਬੇਮਿਸਾਲੀ ਫ਼ੈਸਲੇ ਸਦਕਾ ਸਮੁੱਚੀ ਸਿੱਖ ਸੰਗਤ ਵਿੱਚ ਖੁਸ਼ੀ ਦੀ ਲਹਿਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਸਨਮਾਨ ਵਿੱਚ ਸੂਬੇ ਭਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਮਾਗਮ ਕਰਵਾਏ ਜਾ ਰਹੇ ਹਨ। ਸ੍ਰੀ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ, ਕੋਟਕਪੂਰਾ ਦੀ ਪ੍ਰਬੰਧਕ ਕਮੇਟੀ ਅਤੇ ਸੰਗਤ ਨੇ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਅਤੇ ਸਪੀਕਰ ਸੰਧਵਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਧਾਰਮਿਕ ਮਰਿਆਦਾ ਅਤੇ ਭਾਵਨਾਵਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸਪੀਕਰ ਸੰਧਵਾਂ ਨੇ ਗੁਰਦੁਆਰਾ ਸਾਹਿਬ ਵਿੱਚ ਮੌਜੂਦ ਸਮੁੱਚੀ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਾਨੂੰਨ ਬੇਅਦਬੀ ਵਰਗੀਆਂ ਘਟਨਾਵਾਂ ਨਾਲ ਸਖ਼ਤੀ ਨਾਲ ਨਜਿੱਠੇਗਾ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਣਾ ਯਕੀਨੀ ਬਣਾਏਗਾ। ਆਪਣੀ ਸਰਕਾਰ ਨੂੰ ਇਹ ਕਾਨੂੰਨ ਲਿਆਉਣ ਦਾ ਮੌਕਾ ਦੇਣ ਲਈ ਉਨ੍ਹਾਂ ਨੇ ਗੁਰੂ ਸਾਹਿਬ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਮੁੱਚੇ ਧਾਰਮਿਕ ਅਸਥਾਨਾਂ ਦੇ ਮਾਣ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗੀ।

# 4.90 ਲੱਖ ਤੋਂ ਵੱਧ ਕਿਸਾਨਾਂ ਦੇ ਖਾਤਿਆਂ 'ਚ 15871.51 ਕਰੋੜ ਦੀ ਅਦਾਇਗੀ : ਕਟਾਰੂਚੱਕ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਨਿਰਵਿਘਨ ਖਰੀਦ ਸੀਜ਼ਨ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸਮੁੱਚੀ ਫ਼ਸਲ ਦੀ ਖਰੀਦ ਅਤੇ ਕਿਸਾਨਾਂ ਨੂੰ ਭੁਗਤਾਨ ਕਰਨ ਲਈ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣਾ ਯਕੀਨੀ ਬਣਾ ਰਹੀ ਹੈ। ਹੁਣ ਤੱਕ 4,90,260 (4.90 ਲੱਖ) ਕਿਸਾਨਾਂ ਨੂੰ 15871.51 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਆਮਦ ਦੇ ਸਬੰਧ ਵਿੱਚ, ਸੂਬੇ ਭਰ ਦੀਆਂ ਮੰਡੀਆਂ ਵਿੱਚ 8789802.82 ਮੀਟਰਕ ਟਨ ਕਣਕ ਪਹੁੰਚ ਚੁੱਕੀ ਹੈ ਜਿਸ ਵਿੱਚੋਂ ਕੱਲ੍ਹ ਦੇਰ ਸ਼ਾਮ ਤੱਕ 8394114 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ, ਇਹ ਜਾਣਕਾਰੀ ਦਿੰਦੇ ਹੋਏ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਲਿਫਟਿੰਗ ਵਿੱਚ ਵੀ ਕਾਫੀ ਤੇਜ਼ੀ ਵੇਖਣ ਨੂੰ ਮਿਲ ਰਹੀ ਹੈ।

ਖਰੀਦ ਦੇ ਮਾਮਲੇ ਵਿੱਚ ਜ਼ਿਲ੍ਹਾ ਪਟਿਆਲਾ ਮੋਹਰੀ ਹੈ ਜਿੱਥੇ ਕੁੱਲ 783749.85 ਮੀਟਰਕ ਟਨ ਕਣਕ ਖਰੀਦੀ ਗਈ ਹੈ। ਸੰਗਰੂਰ ਜ਼ਿਲ੍ਹਾ ਹੁਣ ਤੱਕ 724988.5 ਮੀਟਰਕ ਟਨ ਕਣਕ ਦੀ ਖਰੀਦ ਨਾਲ ਦੂਜੇ ਜਦੋਂ ਕਿ ਫ਼ਿਰੋਜ਼ਪੁਰ 595924.35 ਮੀਟਰਕ ਟਨ ਕਣਕ ਦੀ ਖਰੀਦ ਨਾਲ ਤੀਜੇ ਸਥਾਨ 'ਤੇ ਹੈ। ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਦੂਰਦਰਸ਼ੀ ਅਗਵਾਈ ਹੇਠ, ਵਿਭਾਗ ਵੱਲੋਂ 122 ਲੱਖ ਮੀਟਰਕ ਟਨ ਕਣਕ ਦੀ ਖਰੀਦ ਲਈ ਢੁਕਵੇਂ ਪ੍ਰਬੰਧ ਕਰਨ ਦੇ ਨਾਲ-ਨਾਲ ਮੰਡੀਆਂ ਵਿੱਚ ਸਫਾਈ ਅਤੇ ਸਾਫ਼ ਪੀਣ ਵਾਲੇ ਪਾਣੀ ਸਬੰਧੀ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ ਹੈ।

# ਛੋਟੇ ਤੇ ਮੱਧਮ ਵਰਗ ਦੇ ਕਿਸਾਨਾਂ ਲਈ ਬਹੁਤ ਲਾਭਕਾਰੀ ਸਾਬਤ ਹੋ ਰਹੀ ਹੈ ਏ.ਆਈ.ਐਫ. ਸਕੀਮ : ਮੋਹਿੰਦਰ ਭਗਤ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਹੈ ਕਿ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏਆਈਐਫ) ਸਕੀਮ ਛੋਟੇ ਤੇ ਮੱਧਮ ਵਰਗ ਦੇ ਕਿਸਾਨਾਂ ਲਈ ਬਹੁਤ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਸਕੀਮ ਤਹਿਤ ਕਿਸਾਨ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿੱਤੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀਬਾੜੀ ਨੂੰ ਲਾਭਕਾਰੀ ਕਿੱਤਾ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਏਆਈਐਫ ਸਕੀਮ ਇਸ ਦਿਸ਼ਾ ਵੱਲ ਇੱਕ ਅਹਿਮ ਕਦਮ ਹੈ। ਮੰਤਰੀ ਭਗਤ ਨੇ ਦੱਸਿਆ ਕਿ ਏਆਈਐਫ ਸਕੀਮ ਅਧੀਨ ਕੋਲਡ ਸਟੋਰੇਜ, ਗੋਦਾਮ, ਗ੍ਰੇਡਿੰਗ ਅਤੇ ਪੈਕਿੰਗ ਯੂਨਿਟਾਂ, ਪ੍ਰੋਸੈਸਿੰਗ ਸੈਂਟਰਾਂ ਅਤੇ ਹੋਰ ਖੇਤੀਬਾੜੀ ਸਹੂਲਤਾਂ ਦੀ ਸਥਾਪਨਾ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਨਾਲ ਕਿਸਾਨਾਂ ਨੂੰ ਆਪਣੀ ਉਪਜ ਦਾ ਵਧੀਆ ਮੁੱਲ ਮਿਲ ਰਿਹਾ ਹੈ ਤੇ ਫਸਲਾਂ ਦੇ ਨੁਕਸਾਨ ਵਿੱਚ ਵੀ ਕਮੀ ਆ ਰਹੀ ਹੈ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਸਕੀਮ (ਏ ਆ ਈ ਐ ਫ) ਤਹਿਤ 31 ਮਾਰਚ ਤੱਕ ਦੇ ਡਾਟੇ ਅਨੁਸਾਰ 34,265 ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ। ਇਨ੍ਹਾਂ ਪ੍ਰੋਜੈਕਟਾਂ ਲਈ ਵੱਖ-ਵੱਖ ਵਿੱਤੀ ਸੰਸਥਾਵਾਂ ਵੱਲੋਂ 7,991 ਕਰੋੜ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਗਏ ਹਨ ਤੇ 7,496 ਕਰੋੜ ਰੁਪਏ ਲਾਭਪਾਤਰੀਆਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਬਾਗਬਾਨੀ ਵਿਭਾਗ ਏਆਈਐਫ ਸਕੀਮ ਨੂੰ ਲਾਗੂ ਕਰਨ ਲਈ ਨੋਡਲ ਏਜੰਸੀ ਵਜੋਂ ਕੰਮ ਕਰ ਰਿਹਾ ਹੈ ਅਤੇ ਸੂਬੇ ਦਾ ਕੋਈ ਵੀ ਕਿਸਾਨ ਇਸ ਸਕੀਮ ਅਧੀਨ ਲਾਭ ਪ੍ਰਾਪਤ ਕਰਨ ਲਈ ਆਪਣੇ ਨੇੜਲੇ ਬਾਗਬਾਨੀ ਦਫ਼ਤਰ ਜਾ ਕੇ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦਾ ਹੈ।

# ਸਿੱਖ ਵਿਰਾਸਤ ਨੂੰ ਸਮਰਪਿਤ ਕਿਤਾਬ "ਬ੍ਰਹਮੰਡੀ ਅਧਿਕਾਰਾਂ ਦੇ ਵਣਜਾਰੇ" ਕਾਲਕਾ ਨੂੰ ਭੇਟ

ਨਵੀਂ ਦਿੱਲੀ, 25 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾ. ਮਨਪ੍ਰੀਤ ਸਿੰਘ, ਸੰਪਾਦਕ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਵਿਸ਼ੇਸ਼ ਤੌਰ 'ਤੇ ਕਿਤਾਬ "ਬ੍ਰਹਮੰਡੀ ਅਧਿਕਾਰਾਂ ਦੇ ਵਣਜਾਰੇ" (ਗੁਰ ਇਤਿਹਾਸ ਸਿੰਘ ਸੂਰਮੇ) ਭੇਟ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਮਹਾਨ ਰਚਨਾ ਪ੍ਰਸਿੱਧ ਲੇਖਕ ਰਜਿੰਦਰ ਸਿੰਘ ਜਾਲੀ ਵੱਲੋਂ ਲਿਖੀ ਗਈ ਹੈ, ਜੋ ਸਿੱਖ ਕੌਮ ਦੀ ਮਹਾਨ ਵਿਰਾਸਤ, ਗੁਰੂ ਸਾਹਿਬਾਨਾਂ ਦੀ ਅਦੁੱਤੀ ਮਹਿਮਾ ਤੇ ਸਿੰਘ ਸੂਰਮਿਆਂ ਦੀ ਅਦਭੁੱਤ ਬਹਾਦਰੀ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਪ੍ਰਗਟਾਉਂਦੀ ਹੈ। ਇਹ ਕਿਤਾਬ ਨਾ ਕੇਵਲ ਇਤਿਹਾਸਕ ਦਸਤਾਵੇਜ਼ ਹੈ, ਸਗੋਂ ਸਿੱਖੀ ਦੇ ਅਸੂਲਾਂ ਤੇ ਆਦਰਸ਼ਾਂ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਵਾਲਾ ਪ੍ਰੇਰਣਾਦਾਇਕ ਸਾਧਨ ਵੀ ਹੈ। ਕਾਲਕਾ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਰਚਨਾਵਾਂ ਸਾਡੇ ਸਿੱਖ ਨੌਜਵਾਨਾਂ ਨੂੰ ਆਪਣੇ ਧਰਮ ਤੇ ਇਤਿਹਾਸ ਨਾਲ ਜੋੜਨ ਲਈ ਵਡਮੁੱਲਾ ਯੋਗਦਾਨ ਪਾਉਂਦੀਆਂ ਹਨ। ਹਰਮੀਤ ਸਿੰਘ ਕਾਲਕਾ ਨੇ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਇਹ ਪਵਿੱਤਰ ਕਿਤਾਬ ਹਰ ਘਰ ਤੱਕ ਪਹੁੰਚੇ ਅਤੇ ਸਿੱਖੀ ਦੇ ਮੂਲ ਸਿਧਾਂਤਾਂ ਨਾਲ ਨੌਜਵਾਨ ਪੀੜ੍ਹੀ ਨੂੰ ਜੋੜਨ ਲਈ ਪ੍ਰੇਰਣਾ ਦਾ ਸਰੋਤ ਬਣੇ।

# ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੀ ਵਿਸ਼ੇਸ਼ ਮੀਟਿੰਗ 'ਚ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰੀ ਖ਼ਤਮ ਕਰਨ ਦੇ ਪਿਛਲੀ ਮੀਟਿੰਗ ਦੇ ਫ਼ੈਸਲੇ 'ਤੇ ਲੱਗੀ ਪੱਕੀ ਮੋਹਰ

ਨਵੀਂ ਦਿੱਲੀ, 25 ਅਪ੍ਰੈਲ (ਅੰਮ੍ਰਿਤਆਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਵਿਚ ਇਕ ਵਾਰ ਫਿਰ ਤੋਂ 25 ਅਕਤੂਬਰ 2025 ਦੇ ਉਸ ਫੈਸਲੇ ਨੂੰ ਕਨਫਰਮ ਕਰਦੇ ਹਏ, ਜਿਸ ਵਿਚ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰੀ ਖਾਰਜ ਕੀਤੀ ਗਈ ਸੀ 'ਤੇ ਪੱਕੀ ਮੋਹਰ ਲਗਾ ਦਿੱਤੀ ਗਈ। ਵਿਸ਼ੇਸ਼ ਮੀਟਿੰਗ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਵਿਸ਼ੇਸ਼ ਮੀਟਿੰਗ ਸਬੰਧੀ ਏਜੰਡਾ 15 ਦਿਨ ਪਹਿਲਾਂ ਸਾਰੇ ਮੈਂਬਰਾਂ ਨੂੰ ਭੇਜਿਆ ਗਿਆ ਸੀ। ਉਹਨਾਂ ਦੱਸਿਆ ਕਿ ਅੱਜ ਦੀ ਵਿਸ਼ੇਸ਼ ਮੀਟਿੰਗ ਵਿਚ 38 ਮੈਂਬਰਾਂ ਨੇ ਸ਼ਮੂਲੀਅਤ ਕੀਤੀ ਜਿਹਨਾਂ ਨੇ 25 ਅਕਤੂਬਰ 2025 ਦੀ ਉਸ ਮੀਟਿੰਗ ਵੇ ਫੈਸਲੇ ਨੂੰ ਕਨਫਰਮ ਕਰਕੇ ਆਪਣੀ ਮਨਜ਼ੂਰੀ ਦਿੱਤੀ ਤੇ ਪੱਕੀ ਮੋਹਰ ਲਗਾਈ ਜਿਸ ਰਾਹੀਂ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰਸ਼ਿਪ ਖ਼ਤਮ ਕੀਤੀ ਗਈ ਸੀ।

ਉਹਨਾਂ ਦੱਸਿਆ ਕਿ 25 ਅਕਤੂਬਰ 2025 ਨੂੰ ਹੋਈ ਮੀਟਿੰਗ ਵਿਚ ਵੀ ਮੈਂਬਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰ ਕੇ ਇਹਨਾਂ ਤਿੰਨ ਆਗੂਆਂ ਦੀ ਮੈਂਬਰਸ਼ਿਪ ਖ਼ਤਮ ਕੀਤੀ ਸੀ ਤੇ ਅੱਜ ਵੀ ਉਸ ਫੈਸਲੇ ਨੂੰ ਮੁੜ ਦੁਹਰਾਇਆ ਗਿਆ ਹੈ। ਉਹਨਾਂ ਕਿਹਾ ਕਿ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ.



ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਐਕਟ ਦੀ ਉਲੰਘਣਾ ਕਰਦਿਆਂ ਆਪਣੇ ਪਰਿਵਾਰਕ ਮੈਂਬਰਾਂ ਦੀਆਂ ਕੰਪਨੀਆਂ ਦੇ ਨਾਮ 'ਤੇ ਕਮੇਟੀ ਨਾਲ ਵਿੱਤੀ ਲੈਣ ਦੇਣ ਕੀਤਾ ਹੋਇਆ ਹੈ ਜੋ ਕਿ ਨਿਯਮਾਂ ਦੀ ਉਲੰਘਣਾ ਹੈ। ਉਹਨਾਂ ਕਿਹਾ ਕਿ ਪੰਜਾਬ ਸਟੀਲ ਜੋ ਕਿ ਸਰਨਾ ਭਰਾਵਾਂ ਦੀ ਕੰਪਨੀ ਹੈ ਤੇ ਮਨਜੀਤ ਸਿੰਘ ਜੀ. ਕੇ ਦੀ ਬੇਟੀ ਦੇ ਨਾਮ ਦੀ ਕੰਪਨੀ ਰੈਬੀ ਕਲੋਥਿੰਗ ਨਾਲ ਲੈਣ ਦੇਣ ਕੀਤਾ ਹੋਇਆ ਹੈ ਜੋ ਕਿ ਦਿੱਲੀ ਗੁਰਦੁਆਰਾ ਕਮੇਟੀ ਦੇ ਐਕਟ ਦੀ ਉਲੰਘਣਾ ਹੈ।

ਉਹਨਾਂ ਕਿਹਾ ਕਿ ਐਕਟ ਵਿਚ ਸਪਸ਼ਟ ਲਿਖਿਆ ਹੈ ਕਿ ਪਰਿਵਾਰਕ ਮੈਂਬਰਾਂ ਦੀਆਂ ਕੰਪਨੀਆਂ ਨਾਲ ਕਿਸੇ ਵੀ ਤਰੀਕੇ ਲੈਣ ਦੇਣ ਨਹੀਂ ਹੋ ਸਕਦਾ ਪਰ ਇਸਦੇ ਬਾਵਜੂਦ ਇਹਨਾਂ ਨੇ ਅਜਿਹਾ ਕੀਤਾ ਹੈ। ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਨੇ ਤਾਂ ਕਿਤਾਬਾਂ ਦੇ ਨਾਮ 'ਤੇ ਵੀ ਬਿੱਲ ਪਾਏ ਹਨ ਤੇ 1 ਲੱਖ ਡਾਲਰ ਵੀ ਗਾਇਬ ਕੀਤਾ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਉਹਨਾਂ ਖਿਲਾਫ ਲੱਗੇ ਦੋਸ਼ਾਂ ਬਾਰੇ ਸੰਗਤ ਨੂੰ ਜਵਾਬ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਪਣੇ 'ਤੇ ਲੱਗੇ ਦੋਸ਼ਾਂ ਦਾ ਜਵਾਬ ਦੇਣ ਦੀ ਥਾਂ 'ਤੇ ਮਨਜੀਤ ਸਿੰਘ ਜੀ.ਕੇ. ਤੇ ਸਰਨਾ ਭਰਾ ਇਧਰ ਉਧਰ ਦੀਆਂ ਦਲੀਲਾਂ ਦੇ ਰਹੇ ਹਨ ਜੋ ਕਿ ਗਲਤ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਸਰਨਾ ਭਰਾਵਾਂ ਤੇ ਜੀ.ਕੇ. ਨੂੰ ਉਹਨਾਂ ਖਿਲਾਫ ਲੱਗੇ ਦੋਸ਼ਾਂ ਬਾਰੇ ਆਪਣਾ ਪੱਖ ਰੱਖਣ ਦਾ ਦੋ ਵਾਰ ਮੌਕਾ ਦਿੱਤਾ ਸੀ। ਅੱਜ ਦੀ ਮੀਟਿੰਗ ਵਿੱਚ ਵੀ ਇਨ੍ਹਾਂ ਨੂੰ ਸੱਦਾ ਦਿੱਤਾ ਗਿਆ ਸੀ, ਪਰ ਇਹਨਾਂ ਨੇ ਕੋਈ ਜਵਾਬ ਨਹੀਂ ਦਿੱਤਾ ਜਿਸ ਤੋਂ ਸਾਬਤ ਹੁੰਦਾ ਹੈ ਕਿ ਇਹ ਲੱਗੇ ਦੋਸ਼ ਸਹੀ ਹਨ।

ਇਕ ਹੋਰ ਸਵਾਲ ਦੇ ਜਵਾਬ ਵਿਚ ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦਾ ਹਰ ਮੈਂਬਰ ਛੇਵੇਂ ਪਾਤਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਦੇ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ ਤੇ ਤਖ਼ਤ 'ਤੇ ਬਿਰਾਜਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਜਵਾਬਦੇਹ ਹੈ। ਉਹਨਾਂ ਕਿਹਾ ਕਿ ਅੱਜ ਜੋ ਵੀ ਫੈਸਲਾ ਵਿਸ਼ੇਸ਼ ਮੀਟਿੰਗ ਵਿਚ ਹੋਇਆ, ਉਸ ਬਾਰੇ 11 ਮੈਂਬਰੀ ਕਮੇਟੀ ਬਣਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭੇਜੀ ਜਾਵੇਗੀ ਜੋ ਕਿ ਜਥੇਦਾਰ ਸਾਹਿਬ ਨੂੰ ਹੋਏ ਫੈਸਲਿਆਂ ਤੋਂ ਤੇ ਸੰਗਤ ਦੀ ਭਾਵਨਾ ਤੋਂ ਜਾਣੂ ਕਰਵਾਏਗੀ। ਉਹਨਾਂ ਇਹ ਵੀ ਦੱਸਿਆ ਕਿ ਮਨਜੀਤ ਸਿੰਘ ਜੀ.ਕੇ. ਦੇ ਖਿਲਾਫ ਜਿਹੜੀਆਂ ਤਿੰਨ ਐਫ ਆਈ ਆਰ ਦਰਜ ਹਨ ਤੇ ਉਸ ਵਿਚ ਚਾਰਜਸ਼ੀਟ ਵੀ ਦਾਖਲ ਹੈ, ਜਿਸ ਕਰਕੇ ਮਾਣਯੋਗ ਕੋਰਟ ਵੱਲੋਂ ਉਸ ਨੂੰ ਦੇਸ਼ ਛੱਡਣ 'ਤੇ ਮਨਾਹੀ ਦੇ ਹੁਕਮ ਦਿੱਤੇ ਹੋਏ ਹਨ।

# ਆਰ.ਐਲ.ਡੀ.ਏ. ਨੇ ਗ਼ੈਰ-ਕਾਨੂੰਨੀ ਕਬਜ਼ੇ ਹਟਵਾਏ

ਚੰਡੀਗੜ੍ਹ, 25 ਅਪ੍ਰੈਲ (ਹਰਦੀਪ ਕੌਰ): ਰੇਲ ਲੈਂਡ ਡਿਵੈਲਪਮੈਂਟ ਅਥਾਰਟੀ (ਆਰਐਲਡੀਏ) ਨੇ ਸਿਵਲ ਲਾਈਨਜ਼ ਸਥਿਤ ਰੇਲਵੇ ਕਲੋਨੀ ਨੰਬਰ 13 ਵਿੱਚ ਆਪਣੀ ਜਗ੍ਹਾ 'ਤੇ ਗ਼ੈਰ-ਕਾਨੂੰਨੀ ਕਬਜ਼ੇ ਹਟਾਏ। 5.25 ਏਕੜ ਜ਼ਮੀਨ ਪਹਿਲਾਂ ਆਰਐਲਡੀਏ ਵੱਲੋਂ ਆਪਣੇ ਜ਼ਮੀਨੀ ਮੁਦਰੀਕਰਨ ਪ੍ਰੋਗਰਾਮ ਦੇ ਹਿੱਸੇ ਵਜੋਂ ਕਰਵਾਈ ਗਈ ਇੱਕ ਪ੍ਰਤੀਯੋਗੀ ਬੋਲੀ ਪ੍ਰਕਿਰਿਆ ਰਾਹੀਂ ਓਮੈਕਸ ਨੂੰ ਅਲਾਟ ਕੀਤੀ ਗਈ ਸੀ। ਹੁਣ ਆਰਐਲਡੀਏ ਵੱਲੋਂ ਇਸ ਜਗ੍ਹਾ ਦੇ ਗ਼ੈਰ-ਕਾਨੂੰਨੀ ਕਬਜ਼ੇ ਹਟਾਏ ਗਏ ਹਨ। ਇਹ ਅਭਿਆਸ 18 ਅਪ੍ਰੈਲ, 2026 ਨੂੰ ਉੱਤਰੀ ਰੇਲਵੇ, ਰੇਲਵੇ ਸੁਰੱਖਿਆ ਬਲ (ਆਰਪੀਐਫ) ਤੇ ਸਥਾਨਕ ਪ੍ਰਸ਼ਾਸਨ ਦੇ ਤਾਲਮੇਲ ਨਾਲ ਪੂਰਾ ਕੀਤਾ ਗਿਆ ਸੀ। ਇਨ੍ਹਾਂ ਕਾਨੂੰਨੀ ਤੇ ਤਿਆਰੀ ਦੇ ਕਦਮਾਂ ਦੇ ਪੂਰਾ ਹੋਣ ਦੇ ਨਾਲ, ਜ਼ਮੀਨ ਹੁਣ ਵਿਕਾਸ ਲਈ ਉਪਲਬਧ ਹੈ। ਓਮੈਕਸ ਮਨਜ਼ੂਰਸ਼ੁਦਾ ਯੋਜਨਾਵਾਂ ਦੇ ਅਨੁਸਾਰ ਪ੍ਰੋਜੈਕਟ ਨੂੰ ਸ਼ੁਰੂ ਕਰੇਗਾ, ਜਿਸ ਵਿੱਚ ਰਿਹਾਇਸ਼ੀ ਅਤੇ ਵਪਾਰਕ ਹਿੱਸਿਆਂ ਵਾਲੇ ਮਿਸ਼ਰਤ-ਵਰਤੋਂ ਫਾਰਮੈਟ ਹੋਣਗੇ। ਲੁਧਿਆਣਾ ਦੇ ਸਥਾਪਿਤ ਖੇਤਰਾਂ ਵਿੱਚੋਂ ਇੱਕ, ਸਿਵਲ ਲਾਈਨਜ਼ ਵਿੱਚ ਸਥਿਤ, ਵਿਕਾਸ ਸਮੇਂ ਦੇ ਨਾਲ ਆਲੇ ਦੁਆਲੇ ਦੇ ਮਾਈਕ੍ਰੋ-ਮਾਰਕੀਟ ਵਿੱਚ ਵਧੇਰੇ ਢਾਂਚਾਗਤ ਸ਼ਹਿਰੀ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਉਮੀਦ ਹੈ। ਰੇਲਵੇ ਮੰਤਰਾਲੇ ਦੇ ਅਧੀਨ ਇੱਕ ਕਾਨੂੰਨੀ ਅਥਾਰਟੀ, ਆਰਐਲਡੀਏ, ਰੇਲਵੇ ਜ਼ਮੀਨ ਦੀ ਯੋਜਨਾਬੱਧ ਵਰਤੋਂ ਨੂੰ ਸਮਰੱਥ ਬਣਾਉਣ ਦੇ ਆਪਣੇ ਆਦੇਸ਼ ਦੇ ਹਿੱਸੇ ਵਜੋਂ, ਵੱਖ-ਵੱਖ ਥਾਵਾਂ 'ਤੇ ਅਜਿਹੀਆਂ ਪ੍ਰਵਾਨਗੀਆਂ ਅਤੇ ਤਿਆਰੀ ਗਤੀਵਿਧੀਆਂ ਨੂੰ ਜਾਰੀ ਰੱਖਦੀ ਹੈ।

# ਦਿੱਲੀ ਗੁਰਦੁਆਰਾ ਕਮੇਟੀ ਦੀ ਵਿਸ਼ੇਸ਼ ਮੀਟਿੰਗ ਵਿੱਚ ਵੱਡੇ ਫੈਸਲੇ ਅਨੁਸ਼ਾਸਨਹੀਣਤਾ 'ਤੇ ਸਖ਼ਤ ਕਾਰਵਾਈ : ਕਾਲਕਾ

ਨਵੀਂ ਦਿੱਲੀ 25 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਹੈ ਕਿ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ ਸਪੈਸ਼ਲ ਮੀਟਿੰਗ ਦਾ ਸੱਦਾ ਦਿੱਤਾ ਗਿਆ ਸੀ ਸਾਰੇ ਮੈਂਬਰ ਸਾਹਿਬਾਨ ਨੂੰ ਸੱਦਾ ਦਿੱਤਾ ਗਿਆ ਤੇ ਭਾਵੇਂ ਉਹ ਸਾਡੀ ਪਾਰਟੀ ਨਾਲ ਸੰਬੰਧਿਤ ਹੋਣ ਭਾਵੇਂ ਉਹ ਦੂਸਰੀ ਪਾਰਟੀ ਨਾਲ ਸੰਬੰਧਿਤ ਹੋਣ। ਇਸ ਮੀਟਿੰਗ ਵਿੱਚ 38 ਮੈਂਬਰ ਸ਼ਾਮਲ ਹੋਏ। ਉਨਾਂ ਦਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੀਟਿੰਗ ਦਾ ਏਜੰਡਾ ਲਿਖਿਤ ਤੌਰ ਦੇ ਉੱਤੇ ਅੱਜ ਤੋਂ 15 ਦਿਨ ਪਹਿਲੇ ਭੇਜਿਆ ਗਿਆ ਸੀ, ਜਿਹਦੇ ਵਿੱਚ ਪਹਿਲਾਂ ਨੁਕਤਾ 25 ਅਕਤੂਬਰ 2025 ਨੂੰ ਜਿਹੜੀ ਕਾਰਵਾਈ ਹੋਈ ਸੀ ਉਹਦੀ ਪ੍ਰਵਾਨਗੀ ਲੈਣ ਦਾ, ਦੂਸਰਾ ਨੁਕਤਾ ਸੀ ਕਿ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜਿਹੜਾ ਜਿਸ ਤਰੀਕੇ ਦੇ ਨਾਲ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਦਿਆ ਸੀ ਅਤੇ ਇਸ ਕਾਰਵਾਈ ਦੇ ਉੱਤੇ ਜਿਹੜੀ ਕਿੰਤੂ ਪਰੰਤੂ ਵਾਲੀ ਗੱਲ ਉਹਨਾਂ ਦੇ ਅੱਗੇ ਰੱਖੀ ਗਈ ਸੀ ਉਹਨਾਂ ਨੇ ਸਾਡੇ ਨਾਲ ਵਿਚਾਰ-ਵਟਾਂਦਰਾ ਕੀਤੀ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਹ ਸੰਗਤ ਨਾਲ ਵਿਚਾਰ-ਵਟਾਂਦਰਾ ਕਰਨਾ ਤੇ ਤੀਸਰਾ ਨੁਕਤਾ ਜਿਹੜਾ ਸਕੂਲਾਂ ਦੇ ਨਾਲ ਐਮਓਯੂ ਸਾਈਨ ਕੀਤਾ ਸਟਾਫ ਦੇ ਨਾਲ ਤਾਂ ਕਿ ਉਹਨਾਂ ਨੂੰ ਬਣਦਾ ਹੋਇਆ ਹੋਇਆ ਉਹਨਾਂ ਦਾ ਜਿਹੜੀ ਵੀ ਨੇ ਕਮਿਸ਼ਨ ਨੇ ਉਹਨਾਂ ਦਾ ਬਣਦਾ ਹੋਇਆ ਏਰੀਅਰ ਹੈ ,ਉਹ ਜਿਹੜਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੋਰਟ ਦੇ ਵਿੱਚ ਦੇਣਾ ਕੀਤਾ ਉਹਦੀ ਵੀ ਸਾਰੇ ਮੈਂਬਰ ਸਾਹਿਬਾਨ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ, ਸਾਰਿਆਂ ਦਾ ਮਤਲਬ ਸਾਰੇ ਯਾਨੀ ਕਿ ਜਿਹੜੇ ਸਾਡੇ ਨਾਲ ਨੇ ਜਿਹੜੇ ਦੂਸਰੇ ਵੀ ਨੇ ਤੇ ਕਿਸੇ ਨੂੰ ਇਹਦੇ ਉੱਤੇ ਕੋਈ ਕਿੰਤੂ ਪਰੰਤੂ ਹੈ ਤੇ ਉਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਗੱਲ ਕਰੇ ਸੋ ਇਹ ਪਹਿਲੇ ਏਜੰਡੇ ਦੇ ਉੱਤੇ ਜਿਸ ਵਕਤ ਗੱਲ ਸ਼ੁਰੂ ਹੋਈ ਹੈ। ਉਸ ਏਜੰਡੇ ਦੀ ਪ੍ਰਵਾਨਗੀ ਲੈਣ ਤੋਂ ਪਹਿਲਾਂ ਅਸੀਂ ਜਥੇਦਾਰ ਅਕਾਲ ਤਖਤ ਸਾਹਿਬ ਵਾਲੀ ਗੱਲ ਰੱਖੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੇ ਇਸ ਮੀਟਿੰਗ ਜਿਹੜੀ ਪਿਛਲੀ ਮੀਟਿੰਗ ਆ ਕਿਉਂਕਿ ਸਾਡੇ ਕੋਲ ਕੋਈ ਸੱਦਾ ਨਹੀਂ ਆਇਆ ਸੀ ਸੱਦਾ ਇੱਕ ਮੈਂਬਰ ਦੇ ਰਾਹੀ ਮੀਟਿੰਗ ਸ਼ੁਰੂ ਹੋਣ ਤੋਂ ਬਾਅਦ ਭੇਜਿਆ ਗਿਆ ਸੀ, ਕਮੇਟੀ ਨੂੰ ਮੁਲਤਵੀ ਕੀਤਾ ਜਾਏ ਅਤੇ ਉਸ ਤੋਂ ਬਾਅਦ ਉਹਨਾਂ ਨੇ ਸਾਨੂੰ ਜਦ ਅਸੀਂ ਜਦ ਨਿੱਜੀ ਪੱਧਰ ਤੇ ਜਾ ਕੇ ਮੀਟਿੰਗ ਕੀਤੀ ਤੇ ਉਹਨਾਂ ਨੇ ਸਾਨੂੰ ਕਿਹਾ ਸੀ ਕਿ ਭਾਵੇਂ ਤੁਸੀਂ ਇਹਨੂੰ ਅਗਲੀ ਕਾਰਵਾਈ ਦੇ ਵਿੱਚ ਪਾਸ ਕਰ ਦਿਓ ਸੋ ਅਸੀਂ ਉਹ ਏਜੰਡਾ ਰੱਖਿਆ ਤੇ ਸਾਰੇ ਮੈਂਬਰ ਸਾਹਿਬਾਨ ਨੇ ਇਹ ਗੱਲ ਰੱਖੀ ਕਿ ਜਥੇਦਾਰ ਸਾਹਿਬ ਨੂੰ ਪੂਰੀ ਗੱਲਾਂ ਦੀ ਜਾਣਕਾਰੀ ਜਰੂਰ ਭੇਜੀ ਜਾਏ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜੋ ਸੰਗਤ ਵੱਲੋਂ ਚੁਣੀ ਕਮੇਟੀ ਹੈ ਅਤੇ ਇਸ ਕਰਕੇ ਚੁਣੀ ਜਾਂਦੀ ਹੈ ਕਿ ਗੁਰੂ ਘਰਾਂ ਦੀਆਂ ਸੇਵਾਵਾਂ ਕੀਤੀਆਂ ਜਾਣ ਗੁਰੂ ਘਰ ਦੇ ਵਿੱਚ ਧਰਮ ਦੇ ਪ੍ਰਚਾਰ ਪ੍ਰਸਾਰ ਦੀ ਗੱਲ ਕੀਤੀ ਜਾਏ ਇਸ ਕਰਕੇ ਇਹ ਮੀਟਿੰਗ ਕਮੇਟੀ ਨਾ ਕਿ ਇਥੇ ਵਪਾਰੀਕਰਨ ਕੀਤਾ ਜਾਏ ਆਪਣੇ ਪਰਿਵਾਰਾਂ ਨੂੰ ਖੁਸ਼ਹਾਲ ਕਰਨ ਵਾਸਤੇ ਆਪਣੇ ਪਰਿਵਾਰਾਂ ਦੇ ਆਪਣੇ ਬੱਚਿਆਂ ਦੇ ਨਾਮ ਦੇ ਉੱਤੇ ਇਥੇ ਕੰਪਨੀਆਂ ਦੇ ਨਾਲ ਪਰਿਵਾਰ ਕਰਨ ਵਾਸਤੇ ਇਸ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰਾਂ ਨੇ ਇੱਕ ਫੈਸਲਾ ਲਿਆ ਕਿ 25 ਅਕਤੂਬਰ ਦਾ ਜਿੱਥੇ ਅਸੀਂ ਏਜੰਡਾ ਪਾਸ ਕਰਦੇ ਹੈ ਤੇ ਜਥੇਦਾਰ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੀ ਬੇਨਤੀ ਕਰਾਂਗੇ ਇੱਕ ਇੱਕ ਚੀਜ਼ ਜਿਹੜੀ ਹੈ ਉਹ ਨੋਟ ਕਰਕੇ ਰੱਖਣ ਤੇ ਦੱਸਣ ਕਿਉਂਕਿ ਇਨਾ ਹੀ ਵੱਡੇ ਗੁਨਾਹ ਤੇ ਖਾਸ ਤੌਰ ਤੇ 25 ਅਕਤੂਬਰ ਦੀ ਕਾਰਵਾਈ ਤੋਂ ਬਾਅਦ ਜਿਹੜੇ ਨਵੰਬਰ ਮਹੀਨੇ ਦੇ ਵਿੱਚ ਸਰਦਾਰ ਮਨਜੀਤ ਸਿੰਘ ਜੀਕੇ ਦੇ ਉੱਤੇ ਜਿਹੜੀ ਆ ਐਫ .ਆਈ.ਆਰ. ਹੋ ਰਖੀਆਂ ਸੀ ਉਹਦੇ ਵਿੱਚ ਉਹਨਾਂ ਨੂੰ 50 ਹਜਾਰ ਰੁਪਏ ਦੀ ਜਮਾਨਤ ਲੈਣੀ ਪਈ ਜੋ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪ੍ਰੈਸ ਦੇ ਰਾਹੀਂ ਤੋਂ ਲੋਕਾਂ ਨੂੰ ਜਾਣਕਾਰੀ ਦੇ ਚੁੱਕੇ ਹਾਂ। ਕੋਰਟ ਨੇ ਆਦੇਸ਼ ਕੀਤੇ ਹਨ ਕਿ ਉਹ ਦੇਸ਼ ਨੂੰ ਬਿਨਾਂ ਸੂਚਿਤ ਕੀਤੇ ਦੇਸ਼ ਨੂੰ ਛੱਡ ਕੇ ਨਾ ਜਾਣ ਅਤੇ ਕੋਰਟ ਵਿੱਚ ਹਰ ਪੇਸ਼ੀ ਤੇ ਉਨ੍ਹਾਂ ਨੂੰ ਆਪ ਹਾਜ਼ਰ ਹੋਣਾ ਚਾਹੀਦਾ ਹੈ।

ਉਸ ਤੋਂ ਪਹਿਲਾਂ ਪਿਛਲੀ ਮੀਟਿੰਗ ਦੀ ਕਾਰਵਾਈ ਸਾਰੀ ਸੁਣਾਈ ਤੇ ਇਹ ਸਾਰੇ ਉਸ ਨੁਕਤਿਆਂ ਦੇ ਉੱਤੇ ਵੀ ਐਮਓਯੂ ਦੇ ਉੱਤੇ ਵੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰਾਂ ਨੇ ਜਿੱਥੇ ਕਮੇਟੀ ਦੀ ਸ਼ਲਾਘਾ ਵੀ ਕੀਤੀ ਉਥੇ ਵੀ ਕਿਹਾ ਗਿਆ ਕਿ ਇਹੋ ਜਿਹਾ ਕੰਮ ਜਿਹੜਾ ਪਹਿਲੇ ਨਹੀਂ ਹੋਇਆ ਉਹ ਅੱਜ ਜਿਹੜੀ ਕਮੇਟੀ ਕਰ ਰਹੀ ਅਤੂ ਸਾਰਿਆਂ ਨੇ ਉਸ ਦੀ ਵੀ ਸਹਿਮਤੀ ਦਿੱਤੀ ਕਿ ਜੋ ਫੈਸਲੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਕੂਲਾਂ ਦੇ ਸਟਾਫ ਦੇ ਨਾਲ ਕਿਉਂਕਿ ਸਟਾਫਾਂ ਦਾ ਹੱਕ ਬਣਦਾ ਜਿਨਾਂ ਨੂੰ ਪਿਛਲੇ 20-20 ਸਾਲ ਤੋਂ ਰੋਲਿਆ ਜਾ ਰਿਹਾ ਸੀ ਅਤੇ ਅੱਜ ਸਾਨੂੰ ਇਹ ਖੁਸ਼ੀ ਹੈ ਕਿ ਸਾਰੇ ਮੁੱਦੇ ਜਿੱਥੇ ਪਾਸ ਹੋਏ ਨਾਲ ਹੀ ਸਾਡੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਹੋਣਾਂ ਨੇ ਇਹ ਮੁੱਦੇ ਚੁੱਕੇਗੀ ਜੋ ਸ਼ਬਦਾਵਲੀ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਵਰਤੀ ਜਾ ਰਹੀ ਹੈ ਹ ਜਿਸ ਤਰੀਕੇ ਦੇ ਨਾਲ ਗੁਰਦੁਆਰਾ ਬੰਗਲਾ ਸਾਹਿਬ ਦੀ ਅਦੂਤ ਦੇ ਵਿੱਚ ਪੈ ਕੇ ਖੜੇ ਹੋ ਕੇ ਮੀਡੀਏ ਨੂੰ ਸੰਬੋਧਨ ਕਰਦੇ ਹੋਏ ਪਰਮਜੀਤ ਸਿੰਘ ਸਰਨੇ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਂਬਰਾਂ ਦੀ ਖਰੀਦ ਲਈ ਲੱਖਾਂ ਰੁਪਏ ਦੇਣ ਦੀ ਗੱਲ ਕੀਤੀ ਹੈ, ਇਸ ਗਲ ਤੇ ਜਥੇਦਾਰ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ

ਨੋਟਿਸ ਲੈਂਦਿਆਂ ਉਹਨਾਂ ਕੋਲੋਂ ਸਜ਼ਾ ਲਗਵਾਉਣੀ ਚਾਹੀਦੀ ਹੈ ਉਸ ਸ਼ਖਸ ਨੂੰ ਸਜ਼ਾ ਦੇਣੀ ਚਾਹੀਦੀ ਹੈ ਤਾਂ ਜੋ ਕੋਈ ਵਿਅਕਤੀ ਕਦੇ ਦੁਬਾਰਾ ਹਿੰਮਤ ਨਾ ਕਰ ਸਕੇ ਕਿ ਕਿਸੀ ਮੈਂਬਰ ਤੋਂ ਕੋਈ ਪੈਸੇ ਦੇਣ ਦੀ ਆਫਰ ਕਰੇ। ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਜਿਹੜੀ ਸ਼ਬਦਾਵਲੀ ਪਰਮਜੀਤ ਸਿੰਘ ਸਰਨਾ ਨੇ ਬਤੌਰ ਮੈਂ ਮੇਰੇ ਉੱਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਦੇ ਉੱਤੇ ਜਿਸ ਤਰੀਕੇ ਦੇ ਨਾਲ ਉਹਨੇ ਇੱਕ ਇੰਟਰਵਿਊ ਦੇ ਵਿੱਚ ਸ਼ਤਾਬਦੀ ਵਰਤੀ ਹੈ ਉਸ ਸ਼ਬਦਾਵਲੀ ਨੂੰ ਲੈ ਕੇ ਜਥੇਦਾਰ ਅਕਾਲ ਤਖਤ ਸਾਹਿਬ ਕੋਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਮੰਗ ਕੀਤੀ ਗਈ ਕਿ ਜਿਹੜੀ 11 ਮੈਂਬਰੀ ਕਮੇਟੀ ਇਥੋਂ ਬਣਾ ਕੇ ਭੇਜਾਂਗੇ ਜਿਹੜੀ ਜਥੇਦਾਰ ਅਕਾਲ ਤਖਤ ਸਾਹਿਬ ਨੂੰ ਇਹਨਾਂ ਦੀ ਜਿਹੜੀ ਸ਼ਬਦਾਵਲੀ ਹੈ ਇਹਨਾਂ ਦੀ ਕਾਰਜਸ਼ੈਲੀ ਹੈ ਇਹ ਸਾਰੇ ਦੱਸ ਸਕਣ ਸੋ ਇਸ ਤਰੀਕੇ ਦੇ ਨਾਲ ਜਿਹੜੀ ਹ ਬੜੇ ਚੰਗੇ ਮਾਹੌਲ ਦੇ ਨਾਲ ਮੀਟਿੰਗ ਜਿਹੜੀ ਸੰਪੂਰਨ ਹੋਈ ਹੈ ਤੇ ਇਹ ਸਾਰੇ ਫੈਸਲੇ ਸਾਰੇ ਮੈਂਬਰਾਂ ਨੇ ਜਿੱਥੇ ਲੈ ਨੇ ਅੱਜ ਹਾਊਸ ਨੇ ਮੋਹਰ ਲਾ ਦਿਤੀ 38 ਮੈਂਬਰਾਂ ਨੇ ਮੋਹਰ ਲਾ ਦਿੱਤੀ ਹੈ ਇਹ ਲੋਕ ਗੁਰੂ ਘਰ ਦੇ ਦੋਖੀ ਨੇ ਗੁਰੂ ਘਰ ਘਰ ਦੀਆਂ ਜਿਹੜੀਆਂ ਡਿਊਟੀਆਂ ਇਹਨਾਂ ਨੂੰ ਮਿਲੀਆਂ ਸੀ ਸੰਗਤ ਨੇ ਦਿੱਤੀਆਂ ਸੀ ਉਹਦਾ ਇਹਨਾਂ ਨੇ ਦੁਰਵਰਤੋਂ ਕੀਤੀ ਅਤੇ ਸੰਗਤ ਦੇ ਕੰਮ ਕਰਨ ਦੀ ਬਜਾਏ ਇਹਨਾਂ ਨੇ ਆਪਣੇ ਪਰਿਵਾਰਾਂ ਦੇ ਆਪਣੇ ਬੱਚਿਆਂ ਦੇ ਨਾਮ ਤੇ ਚੱਲ ਰਹੀਆਂ ਕੰਪਨੀਆਂ ਤੋਂ ਵਿਉਪਾਰ ਕੀਤਾ ਇਸ ਕਰਕੇ ਇਹਨਾਂ ਦੀ ਨਿਖੇਧੀ ਕਰਦੇ ਹੋਏ ਇਹਨਾਂ ਦੀ ਮੈਂਬਰਸ਼ਿਪ ਰੱਦ ਕੀਤੀ ਜਾਂਦੀ।

# ਬਲਬੀਰ ਸਿੰਘ ਸਿੱਧੂ ਨੇ ਸੱਤਾਧਾਰੀ 'ਤੇ ਕੀਤੇ ਤਿੱਖੇ ਸ਼ਬਦੀ ਹਮਲੇ



ਮੋਹਾਲੀ, 25 ਅਪ੍ਰੈਲ (ਹਰਦੀਪ ਕੌਰ): ਫੇਜ਼-10 ਵਿਖੇ ਆਪਣੇ ਨਵੇਂ ਦਫ਼ਤਰ ਦੇ ਉਦਘਾਟਨ ਮੌਕੇ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪ੍ਰੈਸ ਕਾਨਫਰੰਸ ਦੌਰਾਨ 'ਆਪ' ਉੱਤੇ ਤਿੱਖੇ ਸ਼ਬਦੀ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਅੱਜ ਆਮ ਆਦਮੀ ਪਾਰਟੀ ਅੰਦਰੂਨੀ ਤੌਰ 'ਤੇ ਪੂਰੀ ਤਰ੍ਹਾਂ ਟੁੱਟ ਚੁੱਕੀ ਹੈ। ਜਿਹੜੀ ਪਾਰਟੀ ਕਦੇਂ ਇਮਾਨਦਾਰੀ ਦੇ ਨਾਅਰੇ ਲਗਾਉਂਦੀ ਸੀ, ਉਹ ਆਪਣੇ ਹੀ ਆਗੂਆਂ ਤੇ ਵਰਕਰਾਂ ਨੂੰ ਅਣਡਿੱਠਾ ਕਰ ਰਹੀ ਹੈ। ਮਿਹਨਤੀ ਤੇ ਸਮਰਪਿਤ ਵਰਕਰ ਆਪਣੇ ਆਪ ਨੂੰ ਲਾਵਾਰਿਸ ਮਹਿਸੂਸ ਕਰ ਰਹੇ ਹਨ, ਜਦਕਿ ਲੀਡਰ ਲਗਾਤਾਰ ਪਾਰਟੀ ਛੱਡ ਰਹੇ ਹਨ। ਸਿੱਧੂ ਨੇ ਦੋਸ਼ ਲਗਾਇਆ ਕਿ ਝਾੜੂ ਪਾਰਟੀ ਨੇ ਟਿਕਟਾਂ ਵੇਚ ਕੇ ਪੰਜਾਬ ਦੀ ਰਾਜਨੀਤੀ ਨੂੰ ਗੰਦਾ ਕੀਤਾ ਹੈ। ਪੈਸੇ ਦੇ ਆਧਾਰ 'ਤੇ ਫੈਸਲੇ ਲਏ ਗਏ ਤੇ ਜਿਨ੍ਹਾਂ ਨੇ ਸਾਲਾਂ ਤੱਕ ਪਾਰਟੀ ਲਈ ਮਿਹਨਤ ਕੀਤੀ, ਉਹਨਾਂ ਨੂੰ ਨਜ਼ਰਅੰਦਾਜ਼ ਕੀਤਾ। ਇਹੀ ਕਾਰਨ ਹੈ ਕਿ ਅੱਜ ਪਾਰਟੀ ਵਿੱਚ ਨਾਰਾਜ਼ਗੀ ਚਰਮ 'ਤੇ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹੀ ਝਾੜੂ ਪਾਰਟੀ ਸੱਤਾ 'ਚ ਆਉਣ ਤੋਂ ਪਹਿਲਾਂ ਲੋਕਾਂ ਨੂੰ 'ਮੁਫ਼ਤ ਬਿਜਲੀ' ਦੇ ਵੱਡੇ-ਵੱਡੇ ਵਾਅਦੇ ਕਰਦੀ ਸੀ, ਪਰ ਅੱਜ ਹਕੀਕਤ ਵਿੱਚ ਲੋਕਾਂ ਨੂੰ ਨਾ ਤਾਂ ਪੂਰੀ ਰਾਹਤ ਮਿਲ ਰਹੀ ਹੈ ਤੇ ਉਲਟ ਬਿਜਲੀ ਦੇ ਕੱਟ ਤੇ ਮਹਿੰਗੇ ਬਿੱਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਵਾਅਦਿਆਂ ਤੋਂ ਮੁਕਰਣ ਦੀ ਸਪੱਸ਼ਟ ਨਿਸ਼ਾਨੀ ਹੈ।

ਸਿੱਧੂ ਨੇ ਅੱਗੇ ਕਿਹਾ ਕਿ ਬਿਜਲੀ ਦੇ ਮਸਲੇ 'ਤੇ ਵੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਰਹੀ ਹੈ। ਵੱਡੇ-ਵੱਡੇ ਦਾਅਵੇ ਕਰਨ ਵਾਲੀ ਸਰਕਾਰ ਦੇ ਦੌਰ 'ਚ ਲਗਾਤਾਰ ਬਿਜਲੀ ਦੇ ਕੱਟ ਲੱਗ ਰਹੇ ਹਨ ਤੇ ਲੋਕਾਂ ਨੂੰ ਭਾਰੀ ਬਿੱਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਲੋਕ-ਵਿਰੋਧੀ ਨੀਤੀਆਂ ਦਾ ਸਪੱਸ਼ਟ ਸਬੂਤ ਹੈ। ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਹਕੀਕਤ ਹੁਣ ਲੋਕਾਂ ਸਾਹਮਣੇ ਆ ਚੁੱਕੀ ਹੈ। ਇਹ ਸਰਕਾਰ ਸਿਰਫ਼ ਪ੍ਰਚਾਰ ਅਤੇ ਝੂਠੇ ਵਾਅਦਿਆਂ 'ਤੇ ਆਧਾਰਿਤ ਹੈ ਅਤੇ ਜ਼ਮੀਨੀ ਪੱਧਰ 'ਤੇ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਜਾਗਰੂਕ ਹੋ ਚੁੱਕੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਇਸ ਨਾਕਾਮ ਸਰਕਾਰ ਨੂੰ ਕਰਾਰਾ ਜਵਾਬ ਦੇਣਗੇ।

# ਗੈਂਗਸਟਰਾਂ 'ਤੇ ਵਾਰ ਦੇ 95ਵੇਂ ਦਿਨ 577 ਥਾਵਾਂ ਉੱਤੇ ਛਾਪੇਮਾਰੀ ਦੌਰਾਨ 309 ਕਾਬੂ

ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 95ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 577 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

95ਵੇਂ ਦਿਨ, ਪੁਲਿਸ ਟੀਮਾਂ ਨੇ ਸੱਤ ਹਥਿਆਰਾਂ ਸਮੇਤ 309 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫਤਾਰੀਆਂ 23,989 ਹੋ ਗਈਆਂ। ਇਸ ਤੋਂ ਇਲਾਵਾ 64 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 79 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 420ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 96 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6.2 ਕਿਲੋ ਹੈਰੋਇਨ ਅਤੇ 415 ਨਸ਼ੀਲੀਆਂ ਗੋਲੀਆਂ/ਕੈਪਸੂਲ ਬਰਾਮਦ ਕੀਤੇ ਗਏ। ਇਸ ਨਾਲ, ਸਿਰਫ 420 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 60,728 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 23 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪ੍ਰਸਿੱਧ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਪਾਲਾ ਜਲਾਲਪੁਰੀਆ 'ਆਪ' ਵਿੱਚ ਸ਼ਾਮਲ

ਚੰਡੀਗੜ੍ਹ 25 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਕਬੱਡੀ ਖਿਡਾਰੀ ਤੇ ਮਸ਼ਹੂਰ ਸਟੌਪਰ ਪਾਲਾ ਜਲਾਲਪੁਰੀਆ ਸ਼ਨੀਵਾਰ




ਨੂੰ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ ਹਨ। ਖੇਡ ਜਗਤ ਦੀ ਇਸ ਨਾਮੀ ਹਸਤੀ ਦੇ ਆਉਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਪਾਲਾ ਜਲਾਲਪੁਰੀਆ ਨੂੰ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਸਵਾਗਤ ਕੀਤਾ। ਪਾਲਾ ਜਲਾਲਪੁਰੀਆ ਕਬੱਡੀ ਦੀ ਦੁਨੀਆ ਵਿੱਚ ਆਪਣੀ ਬਿਹਤਰੀਨ ਤਕਨੀਕ ਤੇ 'ਕਲੋਜ਼ ਫਾਈਟਰ' ਦੇ ਨਾਮ ਤੋਂ ਮਸ਼ਹੂਰ ਹਨ, ਜਿਨ੍ਹਾਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਜਲਾਲਪੁਰੀਆ ਵਰਗੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਸਾਡੇ ਲਈ ਮਾਣ ਵਾਲੀ ਗੱਲ ਹੈ। ਪਾਲਾ ਨੇ ਹਮੇਸ਼ਾ ਖੇਡ ਦੇ ਮੈਦਾਨ ਵਿੱਚ ਪੰਜਾਬ ਦੀ ਸ਼ਾਨ ਵਧਾਈ ਹੈ ਅਤੇ ਹੁਣ ਉਹ ਜਨ ਸੇਵਾ ਦੇ ਮੈਦਾਨ ਵਿੱਚ ਸਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ। ਸਾਡੀ ਸਰਕਾਰ ਲਗਾਤਾਰ ਖਿਡਾਰੀਆਂ ਨੂੰ ਮਾਣ-ਸਤਿਕਾਰ ਦੇਣ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਚਨਬੱਧ ਹੈ। ਪਾਲਾ ਦੇ ਪਾਰਟੀ ਵਿੱਚ ਆਉਣ ਨਾਲ ਸੂਬੇ ਦੇ ਨੌਜਵਾਨਾਂ ਅਤੇ ਖਿਡਾਰੀਆਂ ਵਿੱਚ ਇੱਕ ਨਵਾਂ ਉਤਸ਼ਾਹ ਪੈਦਾ ਹੋਵੇਗਾ।

# ਨੈਤਿਕਤਾ ਦੇ ਆਧਾਰ 'ਤੇ ਸੱਤੇ ਰਾਜ ਸਭਾ ਮੈਂਬਰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ : ਬਰਸਟ



ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਆਮ ਆਦਮੀ ਪਾਰਟੀ ਵੱਲੋਂ ਨਿਯੁਕਤ ਰਾਜ ਸਭਾ ਮੈਂਬਰਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਜਾਣ ਦੇ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਇਹ ਨੀਤੀਆਂ ਸਿੱਧੇ ਤੌਰ ਤੇ ਲੋਕਤੰਤਰ ਦੇ ਵਿਰੁੱਧ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਿਯੁਕਤ ਕੀਤੇ ਗਏ ਸਾਰੇ ਹੀ ਰਾਜ ਸਭਾ ਮੈਂਬਰ ਵੋਟਾਂ ਰਾਹੀਂ ਰਾਜ ਸਭਾ ਮੈਂਬਰ ਨਹੀਂ ਬਣੇ ਹਨ। ਇਹਨਾਂ ਨੂੰ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਹਿੱਤਾਂ ਨੂੰ ਰਾਜ ਸਭਾ ਵਿੱਚ ਚੁੱਕਣ ਵਾਸਤੇ ਬਤੌਰ ਰਾਜ ਸਭਾ ਮੈਂਬਰ ਨਿਯੁਕਤ ਕੀਤਾ ਗਿਆ ਸੀ, ਤਾਂ ਕਿ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਉਦਯੋਗਪਤੀਆਂ, ਮੁਲਾਜ਼ਮਾਂ ਅਤੇ ਆਮ ਲੋਕਾਂ ਦੀ ਆਵਾਜ਼ ਅਤੇ ਉਹਨਾਂ ਦੇ ਹੱਕਾਂ ਦੀ ਗੱਲ ਰਾਜ ਸਭਾ ਵਿੱਚ ਬੁਲੰਦ ਕੀਤੀ ਜਾ ਸਕੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੂਰੀ ਤਰ੍ਹਾਂ ਲੋਕਾਂ ਦੀ ਸੇਵਾ ਲਈ ਡਟੀ ਹੋਈ ਹੈ। ਆਮ ਆਦਮੀ ਪਾਰਟੀ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ ਪੂਰੀ ਤਰ੍ਹਾਂ ਇੱਕਜੁੱਟ ਹੈ ਤੇ ਭਾਰਤੀ ਜਨਤਾ ਪਾਰਟੀ ਦੇ ਦਬਾਅ ਹੇਠ ਆ ਕੇ ਪੰਜਾਬ ਦੇ ਲੋਕਾਂ ਨਾਲ ਗੱਦਾਰੀ ਕਰਨ ਵਾਲਿਆਂ ਨੂੰ ਪੰਜਾਬ ਦੇ ਲੋਕ ਕਦੇ ਵੀ ਮੂੰਹ ਨਹੀਂ ਲਗਾਉਣਗੇ।

# ਸੀਨੀਅਰ ਕਾਂਸਟੇਬਲ 5,000 ਰਿਸ਼ਵਤ ਲੈਂਦਾ ਵਿਜੀਲੈਂਸ ਵੱਲੋਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 25 ਅਪ੍ਰੈਲ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਥਾਣਾ ਜੈਤੋ ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਸੀਨੀਅਰ ਕਾਂਸਟੇਬਲ ਵਿਕਰਮ ਸ਼ਰਮਾ ਨੂੰ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਨੂੰ ਤਹਿਸੀਲ ਜੈਤੋ ਜ਼ਿਲ੍ਹਾ ਫਰੀਦਕੋਟ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਝਗੜੇ ਦੀ ਸ਼ਿਕਾਇਤ ਮਿਲੀ ਸੀ ਜਿਸ ਤਹਿਤ ਦੋਸ਼ੀ ਸੀਨੀਅਰ ਕਾਂਸਟੇਬਲ ਸ਼ਿਕਾਇਤਕਰਤਾ ਨੂੰ ਉਸਦੀ ਆਲਟੋ ਕਾਰ ਸਮੇਤ ਥਾਣਾ ਜੈਤੋ, ਜ਼ਿਲ੍ਹਾ ਫਰੀਦਕੋਟ ਲੈ ਕੇ ਆਇਆ ਸੀ। ਇਸ ਤੋਂ ਬਾਅਦ, ਦੋਵਾਂ ਧਿਰਾਂ ਵਿਚਕਾਰ ਸਮਝੌਤਾ ਹੋ ਗਿਆ। ਇਸ ਸਬੰਧੀ, ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਸੀਨੀਅਰ ਕਾਂਸਟੇਬਲ ਨੇ ਉਸਦੀ ਆਲਟੋ ਕਾਰ ਥਾਣੇ ਵਿੱਚ ਹੀ ਰੱਖ ਲਈ ਅਤੇ ਉਸਦੀ ਕਾਰ ਛੱਡਣ ਬਦਲੇ 5000 ਰੁਪਏ ਰਿਸ਼ਵਤ ਮੰਗੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ।

ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਯੂਨਿਟ, ਫਰੀਦਕੋਟ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਸੀਨੀਅਰ ਕਾਂਸਟੇਬਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ, ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਫਿਰੋਜ਼ਪੁਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# 'ਮਹਿਲਾ ਵਿਰੋਧੀ' ਰੁਖ ਵਿਰੁੱਧ ਭਾਜਪਾ ਮਹਿਲਾਵਾਂ ਦਾ ਪ੍ਰਦਰਸ਼ਨ, ਮੁੱਖ ਮੰਤਰੀ ਦੇ ਨਿਵਾਸ ਵੱਲ ਮਾਰਚ ਦੌਰਾਨ ਗ੍ਰਿਫ਼ਤਾਰ




ਚੰਡੀਗੜ੍ਹ, 25 ਅਪ੍ਰੈਲ (ਹਰਦੀਪ ਕੌਰ): ਤੀਖੀ ਗਰਮੀ ਦੇ ਬਾਵਜੂਦ, ਪੰਜਾਬ ਭਰ ਤੋਂ ਸੈਂਕੜੇ ਮਹਿਲਾਵਾਂ, ਭਾਜਪਾ ਪੰਜਾਬ ਦੇ ਵਰਕਿੰਗ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਅਗਵਾਈ ਹੇਠ, ਮੁੱਖ ਮੰਤਰੀ ਭਗਵੰਤ ਮਾਨ ਦੇ ਨਿਵਾਸ ਵੱਲ ਮਾਰਚ ਕਰਦੀਆਂ ਹੋਈਆਂ, ਆਮ ਆਦਮੀ ਪਾਰਟੀ ਤੋਂ ਨਾਰੀ ਸ਼ਕਤੀ ਵੰਦਨ ਅਧਿਨਿਯਮ "ਜੋ ਸੰਸਦ ਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਨੂੰ 33% ਰਿਜ਼ਰਵੇਸ਼ਨ ਪ੍ਰਦਾਨ ਕਰਦਾ ਹੈ" ਦੇ ਵਿਰੋਧ ਬਾਰੇ ਜਵਾਬ ਮੰਗ ਰਹੀਆਂ ਸਨ। ਚੰਡੀਗੜ੍ਹ ਪੁਲਿਸ ਨੇ ਮੁੱਖ ਮੰਤਰੀ ਮਾਨ ਦੇ ਨਿਵਾਸ ਵੱਲ ਵੱਧਣ ਦੀ ਕੋਸ਼ਿਸ਼ ਦੌਰਾਨ ਕਈ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ। ਹਿਰਾਸਤ ਵਿੱਚ ਲਏ ਗਏ ਆਗੂਆਂ ਵਿੱਚ ਸਾਬਕਾ ਕੇਂਦਰੀ ਮੰਤਰੀ ਪਰਨੀਤ ਕੌਰ; ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਪ੍ਰਸੂਬਾ ਪ੍ਰਧਾਨ ਜੈ ਇੰਦਰ ਕੌਰ; ਭਾਜਪਾ ਪੰਜਾਬ ਦੀ ਮੀਤ ਪ੍ਰਧਾਨ ਮੋਹਿੰਦਰ ਕੌਰ ਜੋਸ਼ ਤੇ ਮੋਨਾ ਜੈਸਵਾਲ; ਨਾਲ ਹੀ ਸੂਬਾ ਸਕੱਤਰ ਮੀਨੂ ਸੇਠੀ, ਵੰਦਨਾ ਸਾਂਗਵਾਨ, ਰੇਨੂ ਥੱਪਰ ਅਤੇ ਏਕਤਾ ਨਾਗਪਾਲ ਸ਼ਾਮਲ ਸਨ। "ਨਾਰੀ ਸ਼ਕਤੀ ਜ਼ਿੰਦਾਬਾਦ" ਦੇ ਨਾਰੇ ਲਗਾਉਂਦਿਆਂ ਮਹਿਲਾਵਾਂ ਨੇ ਸਮਾਨ ਅਧਿਕਾਰਾਂ ਲਈ ਆਪਣੀ ਲੜਾਈ ਜਾਰੀ ਰੱਖਣ ਦਾ ਸੰਕਲਪ ਲਿਆ ਤੇ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰਨ ਦੀ ਮੰਗ ਕੀਤੀ। ਇਸ ਤੋਂ ਪਹਿਲਾਂ ਸਭਾ ਨੂੰ ਸੰਬੋਧਨ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਹਮੇਸ਼ਾ ਮਹਿਲਾ ਸਸ਼ਕਤੀਕਰਨ ਦੇ ਹੱਕ ਵਿੱਚ ਰਹੀ ਹੈ। "ਜਿੱਥੇ ਰਾਜਨੀਤਿਕ ਦਲ ਕਈ ਮਸਲਿਆਂ 'ਤੇ ਅਸਹਿਮਤ ਹੁੰਦੇ ਹਨ, ਉੱਥੇ ਇਹ ਹੈਰਾਨੀ ਦੀ ਗੱਲ ਹੈ ਕਿ ਕਾਂਗਰਸ ਤੇ ਆਪ ਪਾਰਟੀ ਮਹਿਲਾ ਰਿਜ਼ਰਵੇਸ਼ਨ ਦਾ ਵਿਰੋਧ ਕਰਨ ਵਿੱਚ ਇਕੱਠੇ ਹੋ ਗਏ ਹਨ" ਸ਼ਰਮਾ ਨੇ ਕਿਹਾ। ਉਨ੍ਹਾਂ ਇਸਨੂੰ ਰਾਜਨੀਤਿਕ ਮੌਕਾਪਰਸਤੀ ਕਰਾਰ ਦਿੰਦਿਆਂ ਕਿਹਾ ਕਿ ਦੋਵੇਂ ਦਲ ਵੋਟ-ਬੈਂਕ ਦੀ ਰਾਜਨੀਤੀ ਵਿੱਚ ਲਿਪਤ ਹਨ ਤੇ ਅਜੇਹੇ ਸੰਰਚਨਾਤਮਕ ਸੁਧਾਰਾਂ ਦਾ ਵਿਰੋਧ ਕਰ ਰਹੇ ਹਨ ਜੋ ਉਨ੍ਹਾਂ ਦੇ ਅੰਦਰੂਨੀ ਸੱਤਾ ਸੰਤੁਲਨ ਨੂੰ ਬਦਲ ਸਕਦੇ ਹਨ।

ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਮਹਿਲਾ ਰਿਜ਼ਰਵੇਸ਼ਨ ਬਿੱਲ ਨੂੰ ਰੋਕਣ ਨੂੰ ਲੋਕਤੰਤਰ ਲਈ "ਕਾਲਾ ਦਿਨ" ਕਰਾਰ ਦਿੱਤਾ। "ਕਾਂਗਰਸ ਤੇ ਆਪ ਨੇ ਹਮੇਸ਼ਾ ਮਹਿਲਾਵਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਦੇਖਿਆ ਹੈ ਤੇ ਉਨ੍ਹਾਂ ਨੂੰ ਉਨ੍ਹਾਂ ਦਾ ਯੋਗ ਪ੍ਰਤੀਨਿਧਿਤਵ ਦੇਣ ਵਿੱਚ ਅਸਫਲ ਰਹੀਆਂ ਹਨ। ਕਾਂਗਰਸ ਗਠਜੋੜ ਮਹਿਲਾਵਾਂ ਦੇ ਵਧਦੇ ਰਾਜਨੀਤਿਕ ਸਸ਼ਕਤੀਕਰਨ ਤੋਂ ਡਰਦਾ ਨਜ਼ਰ ਆ ਰਿਹਾ ਹੈ। ਦੇਸ਼ ਭਰ ਦੀਆਂ ਮਹਿਲਾਵਾਂ ਇਸ ਅਪਮਾਨ ਦਾ ਕਰਾਰਾ ਜਵਾਬ ਦੇਣਗੀਆਂ," ਉਨ੍ਹਾਂ ਕਿਹਾ। ਪਰਨੀਤ ਕੌਰ ਨੇ ਕਿਹਾ ਕਿ ਮਹਿਲਾਵਾਂ ਦੇ ਹਿੱਤਾਂ ਨੂੰ ਅੱਗੇ ਵਧਾ ਕੇ ਸਦਭਾਵਨਾ ਹਾਸਲ ਕਰਨ ਦੀ ਬਜਾਏ ਵਿਰੋਧੀ ਪੱਖ ਨੇ ਮਹਿਲਾ ਰਿਜ਼ਰਵੇਸ਼ਨ ਬਿੱਲ ਨੂੰ ਪਾਸ ਹੋਣ ਤੋਂ ਰੋਕਣ ਵਿੱਚ ਨਕਾਰਾਤਮਕ ਭੂਮਿਕਾ ਨਿਭਾਈ ਹੈ। ਉਨ੍ਹਾਂ ਸਾਰੇ ਰਾਜਨੀਤਿਕ ਦਲਾਂ ਨੂੰ ਨਿੱਜੀ ਹਿਤਾਂ ਤੋਂ ਉੱਪਰ ਉੱਠ ਕੇ ਦੇਸ਼ ਦੀ ਅੱਧੀ ਆਬਾਦੀ ਦੇ ਉੱਥਾਨ ਲਈ ਕੰਮ ਕਰਨ ਦੀ ਅਪੀਲ ਕੀਤੀ।

## ਸੰਪਾਦਕੀ

# ਰੁਝਾਨਾਂ ਦੇ ਅਰਥ

ਪੱਛਮੀ ਬੰਗਾਲ ਅਤੇ ਤਾਮਿਲਨਾਡੂ ਵਿੱਚ ਵਿਧਾਨ ਸਭਾ ਚੋਣਾਂ ਲਈ ਵੀਰਵਾਰ ਨੂੰ ਹੋਈ ਵੋਟਿੰਗ ਦਾ ਮੁਲਾਂਕਣ ਪਾਰਟੀਆਂ ਵਿਚਕਾਰ ਸੱਤਾ ਸੰਘਰਸ਼ਾਂ ਜਾਂ ਰਾਜਨੀਤਿਕ ਅੰਦਰੂਨੀ ਲੜਾਈਆਂ ਦੀ ਬਜਾਏ ਪਾਈਆਂ ਗਈਆਂ ਵੋਟਾਂ ਦੀ ਪ੍ਰਤੀਸ਼ਤਤਾ ਤੋਂ ਵੱਧ ਕੀਤਾ ਜਾਵੇਗਾ। ਇਹ ਨਿਸ਼ਚਤ ਤੌਰ 'ਤੇ ਉਮੀਦ ਕੀਤੀ ਜਾਂਦੀ ਹੈ ਕਿ ਚੋਣਾਂ ਵਿੱਚ ਵੱਧ ਤੋਂ ਵੱਧ ਵੋਟਰ ਭਾਗੀਦਾਰੀ ਪ੍ਰਾਪਤ ਕੀਤੀ ਜਾਵੇਗੀ, ਜਿਨ੍ਹਾਂ ਨੂੰ ਅਕਸਰ ਲੋਕਤੰਤਰ ਦੇ ਤਿਉਹਾਰ ਵਜੋਂ ਦੇਖਿਆ ਜਾਂਦਾ ਹੈ। ਹਾਲਾਂਕਿ, ਪੱਛਮੀ ਬੰਗਾਲ ਅਤੇ ਤਾਮਿਲਨਾਡੂ ਵਿੱਚ, ਇਸ ਚੋਣ ਵਿੱਚ ਹੁਣ ਤੱਕ ਦਰਜ ਕੀਤੀ ਗਈ ਸਭ ਤੋਂ ਵੱਧ ਵੋਟਿੰਗ ਇਸ ਅੰਕੜੇ ਨੂੰ ਪਾਰ ਕਰ ਗਈ ਹੈ। ਕੁਦਰਤੀ ਤੌਰ 'ਤੇ ਇਸ ਨੂੰ ਲੋਕਤੰਤਰ ਦੇ ਜੀਵਨ ਖੂਨ ਅਤੇ ਆਮ ਲੋਕਾਂ ਵਿੱਚ ਵਧਦੀ ਜਾਗਰੂਕਤਾ ਦੇ ਪ੍ਰਤੀਬਿੰਬ ਵਜੋਂ ਦੇਖਿਆ ਜਾ ਰਿਹਾ ਹੈ। ਹਾਲਾਂਕਿ, ਦੋਵਾਂ ਰਾਜਾਂ ਵਿੱਚ ਯੋਗ ਵੋਟਰਾਂ ਦੀ ਉੱਚ ਵੋਟਿੰਗ ਵਿੱਚ ਯੋਗਦਾਨ ਪਾਉਣ ਵਾਲੇ ਹੋਰ ਕਾਰਕ ਵੀ ਹਨ। ਇਹ ਧਿਆਨ ਦੇਣ ਯੋਗ ਹੈ ਕਿ ਪੱਛਮੀ ਬੰਗਾਲ ਵਿੱਚ, ਲਗਭਗ ਤ੍ਰਾਨਵੇਂ ਪ੍ਰਤੀਸ਼ਤ ਆਬਾਦੀ ਨੇ ਚੋਣਾਂ ਦੇ ਪਹਿਲੇ ਪੜਾਅ ਵਿੱਚ ਵੋਟ ਪਾਈ, ਜਦੋਂ ਕਿ ਤਾਮਿਲਨਾਡੂ ਵਿੱਚ, ਪਚਾਨਵੇਂ ਪ੍ਰਤੀਸ਼ਤ ਤੋਂ ਵੱਧ ਆਬਾਦੀ ਵੋਟ ਪਾਉਣ ਲਈ ਬਾਹਰ ਆਈ। ਸਪੱਸ਼ਟ ਤੌਰ 'ਤੇ ਇੰਨੀ ਵੱਡੀ ਵੋਟਿੰਗ ਦਾ ਮੁੱਖ ਕਾਰਨ ਸੰਵਿਧਾਨਕ ਅਧਿਕਾਰਾਂ ਬਾਰੇ ਜਨਤਾ ਵਿੱਚ ਵਿਆਪਕ ਜਾਗਰੂਕਤਾ ਹੈ ਅਤੇ ਇਹ ਦੇਸ਼ ਦੇ ਲੋਕਤੰਤਰ ਲਈ ਇੱਕ ਸਕਾਰਾਤਮਕ ਸੰਕੇਤ ਹੈ। ਭਾਵੇਂ ਪੱਛਮੀ ਬੰਗਾਲ ਵਿੱਚ ਕਿਸੇ ਵੀ ਚੋਣ ਵਿੱਚ ਵੋਟਰਾਂ ਦੀ ਗਿਣਤੀ ਆਮ ਤੌਰ 'ਤੇ ਦੂਜੇ ਰਾਜਾਂ ਨਾਲੋਂ ਵੱਧ ਹੁੰਦੀ ਹੈ ਪਰ ਇਸ ਵਾਰ ਇਹ ਅੰਕੜਾ ਵਿਰੋਧੀ ਪਾਰਟੀਆਂ ਵਿਚਕਾਰ ਹਮਲਾਵਰ ਰਾਜਨੀਤਿਕ ਮਾਹੌਲ ਕਾਰਨ ਪੈਦਾ ਹੋਏ ਉਥਲ-ਪੁਥਲ ਕਾਰਨ ਹੈ, ਜਿਸ ਕਾਰਨ ਬਹੁਤ ਸਾਰੇ ਲੋਕ ਵੋਟ ਪਾਉਣ ਪ੍ਰਤੀ ਵਧੇਰੇ ਸੁਚੇਤ ਹੋ ਗਏ ਹਨ। ਤਾਮਿਲਨਾਡੂ ਵਿੱਚ ਵੀ ਸਥਿਤੀ ਘੱਟ ਜਾਂ ਇੱਕੋ ਜਿਹੀ ਸੀ। ਦਿਲਚਸਪ ਗੱਲ ਇਹ ਹੈ ਕਿ ਭਾਜਪਾ ਦਾ ਹੁਣ ਤੱਕ ਇਨ੍ਹਾਂ ਦੋਵਾਂ ਰਾਜਾਂ ਦੇ ਚੋਣ ਗਣਿਤ ਵਿੱਚ ਬਹੁਤਾ ਪ੍ਰਭਾਵ ਨਹੀਂ ਰਿਹਾ ਹੈ, ਪਰ ਇਸ ਚੋਣ ਮੁਹਿੰਮ ਵਿੱਚ ਇਸਦੀ ਯੋਜਨਾਬੱਧ ਸ਼ਮੂਲੀਅਤ ਨੇ ਇਸਨੂੰ ਵਿਰੋਧੀ ਪਾਰਟੀਆਂ ਦੇ ਵਿਰੋਧ ਦਾ ਕੇਂਦਰ ਬਣਾ ਦਿੱਤਾ ਹੈ। ਇਸ ਹਮਲਾਵਰ ਮੁਹਿੰਮ ਨੇ ਸਿੱਧੇ ਤੌਰ 'ਤੇ ਆਮ ਲੋਕਾਂ ਨੂੰ ਪ੍ਰਭਾਵਿਤ ਕੀਤਾ, ਜੋ ਆਪਣੀਆਂ-ਆਪਣੀਆਂ ਪਾਰਟੀਆਂ ਨੂੰ ਵੋਟ ਪਾਉਣਾ ਆਪਣੀ ਜ਼ਿੰਮੇਵਾਰੀ ਸਮਝਦੇ ਸਨ। ਇਸ ਤੋਂ ਇਲਾਵਾ, ਇੱਕ ਵੱਡਾ ਕਾਰਨ ਮੰਨਿਆ ਜਾਂਦਾ ਹੈ ਕਿ ਚੋਣ ਕਮਿਸ਼ਨ ਨੇ ਚੋਣਾਂ ਤੋਂ ਪਹਿਲਾਂ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (SIR) ਕਿਵੇਂ ਕੀਤੀ ਅਤੇ ਅਯੋਗ ਵੋਟਰਾਂ ਦੇ ਨਾਮ ਹਟਾਉਣ ਦੀ ਪ੍ਰਕਿਰਿਆ, ਜਿਸ ਨੇ ਵੱਡੀ ਗਿਣਤੀ ਵਿੱਚ ਲੋਕਾਂ ਵਿੱਚ ਕਿਸੇ ਵੀ ਹਾਲਾਤ ਵਿੱਚ ਸੂਚੀ ਵਿੱਚ ਰਹਿਣ ਬਾਰੇ ਚਿੰਤਾ ਪੈਦਾ ਕੀਤੀ ਹੈ। ਇਹੀ ਕਾਰਨ ਹੈ ਕਿ SIR ਪ੍ਰਕਿਰਿਆ ਦੁਆਰਾ ਵੋਟਰ ਸੂਚੀ ਵਿੱਚੋਂ ਲੱਖਾਂ ਲੋਕਾਂ ਨੂੰ ਹਟਾਉਣ ਤੋਂ ਬਾਅਦ ਜੋ ਮਰ ਗਏ ਸਨ, ਪਰਵਾਸ ਕਰ ਗਏ ਸਨ, ਜਾਂ ਹੋਰ ਕਾਰਨਾਂ ਕਰਕੇ ਅਯੋਗ ਮੰਨੇ ਗਏ ਸਨ, ਜੋ ਰਹਿ ਗਏ ਸਨ, ਉਨ੍ਹਾਂ ਨੇ ਇਸ ਵਾਰ ਪਹਿਲਾਂ ਨਾਲੋਂ ਜ਼ਿਆਦਾ ਚੌਕਸੀ ਦਿਖਾਈ। ਦਰਅਸਲ, ਇਸ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਾ ਨਾਗਰਿਕ ਅਧਿਕਾਰਾਂ ਦੀ ਭਵਿੱਖੀ ਸੁਰੱਖਿਆ ਬਾਰੇ ਚਿੰਤਾਵਾਂ ਨਾਲ ਵੀ ਜੁੜਿਆ ਹੋ ਸਕਦਾ ਹੈ। ਫਿਰ ਵੀ, ਇਹ ਕਿਹਾ ਜਾ ਸਕਦਾ ਹੈ ਕਿ ਵੱਡੀ ਗਿਣਤੀ ਵਿੱਚ ਯੋਗ ਵੋਟਰ ਜੋ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਘਰਾਂ ਤੋਂ ਬਾਹਰ ਆਏ ਸਨ, ਨਾ ਸਿਰਫ ਵਿਆਪਕ ਜਨਤਕ ਜਾਗਰੂਕਤਾ ਦਾ ਸੰਕੇਤ ਹੈ, ਸਗੋਂ ਦੇਸ਼ ਦੇ ਲੋਕਤੰਤਰ ਦੀ ਮਜ਼ਬੂਤੀ ਦਾ ਸੂਚਕ ਵੀ ਹੈ। ਪੱਛਮੀ ਬੰਗਾਲ ਵਿੱਚ ਵੋਟਿੰਗ ਦਾ ਪਹਿਲਾ ਪੜਾਅ ਸਮਾਪਤ ਹੋ ਗਿਆ ਹੈ, ਜਿਸ ਵਿੱਚ ਲਗਭਗ 90 ਪ੍ਰਤੀਸ਼ਤ ਵੋਟਰਾਂ ਨੇ ਵੋਟ ਪਾਈ। ਮਮਤਾ ਬੈਨਰਜੀ ਪਿਛਲੇ 15 ਸਾਲਾਂ ਤੋਂ ਰਾਜ ਵਿੱਚ ਸੱਤਾ ਵਿੱਚ ਹੈ। 2011 ਵਿੱਚ ਪਹਿਲੀ ਵਾਰ ਸੱਤਾ ਵਿੱਚ ਆਉਣ ਤੋਂ ਬਾਅਦ, ਉਸਨੇ ਬੰਗਾਲ ਦੇ ਲੋਕਾਂ ਨਾਲ ਕਈ ਵਾਅਦੇ ਕੀਤੇ। ਭਾਜਪਾ ਦਾ ਦੋਸ਼ ਹੈ ਕਿ ਮਮਤਾ ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਅਸਫਲ ਰਹੀ ਹੈ। ਆਪਣੀ ਵਿਸ਼ੇਸ਼ ਲੜੀ, ਫਿਗਰਜ਼ ਸਪੀਕ ਰਾਹੀਂ, ਜਨਸੱਤਾ ਮਮਤਾ ਬੈਨਰਜੀ ਦੀ 15 ਸਾਲਾਂ ਦੀ ਸਰਕਾਰ ਦੇ ਕੰਮ ਦਾ ਵਿਸ਼ਲੇਸ਼ਣ ਕਰ ਰਿਹਾ ਹੈ। ਇਹ ਮੁਲਾਂਕਣ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਪਿਛਲੇ 15 ਸਾਲਾਂ ਵਿੱਚ ਸਿਹਤ, ਸਿੱਖਿਆ, ਰੁਜ਼ਗਾਰ ਅਤੇ ਨਿਵੇਸ਼ ਦੇ ਖੇਤਰਾਂ ਵਿੱਚ ਕਿੰਨੀ ਤਰੱਕੀ ਹੋਈ ਹੈ।

**-ਜਗਜੀਤ ਸਿੰਘ ਦਰਦੀ**

# ਪੰਜਾਬ ਆਪਣੀ ਤਾਕਤ ਨਾਲ ਖੜ੍ਹਾ ਰਹੇਗਾ ਇਹ ਰਾਜਨੀਤੀ ਬਦਲਦੀ ਰਹੇਗੀ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## 'ਆਪ' ਦਾ ਟੁੱਟਣਾ, ਭਾਜਪਾ ਦਾ ਦਾਅ ਅਤੇ 2027 ਦੀਆਂ ਚੋਣਾਂ ਦਾ ਅਗਲਾ ਚਿਹਰਾ

ਅੱਜ ਪੰਜਾਬ ਦੀ ਸਿਆਸਤ ਪਲ-ਪਲ ਬਦਲ ਰਹੀ ਹੈ। ਇੱਕ ਵਾਰ ਫਿਰ ਰਾਜਨੀਤੀ ਦਾ ਮੈਦਾਨ ਗਰਮ ਹੋ ਗਿਆ ਹੈ। ਆਮ ਆਦਮੀ ਪਾਰਟੀ (ਆਪ) ਵਿੱਚ ਵੱਡੀ ਤਬਦੀਲੀ ਆਈ ਹੈ। ਰਾਘਵ ਚੱਡਾ ਸਮੇਤ ਆਪ ਦੇ 10 ਰਾਜ ਸਭਾ ਮੈਂਬਰਾਂ ਵਿੱਚੋਂ 7 ਨੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਇਨ੍ਹਾਂ ਵਿੱਚੋਂ ਤਿੰਨ ਮੈਂਬਰਾਂ ਰਾਘਵ ਚੱਡਾ, ਸੰਦੀਪ ਪਾਠਕ ਅਤੇ ਅਸ਼ੋਕ ਮਿੱਤਲ ਨੂੰ ਭਾਜਪਾ ਪ੍ਰਧਾਨ ਨੇ ਔਪਚਾਰਿਕ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕਰ ਲਿਆ ਹੈ। ਹੁਣ ਇਸ ਘਟਨਾ ਨੇ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਲਹਿਰ ਪੈਦਾ ਕਰ ਦਿੱਤੀ ਹੈ। ਲੋਕਾਂ ਵਿੱਚ ਸਵਾਲ ਉੱਠ ਰਿਹਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਆਪ ਪਾਰਟੀ ਦਾ ਟੁੱਟਣ-ਫੁੱਟਣ ਦਾ ਇਹ ਸਿਲਸਿਲਾ ਕਿੰਨਾ ਅੱਗੇ ਵਧੇਗਾ? ਅੱਜ ਇਹ ਟੁੱਟਣਾ ਭਾਜਪਾ ਦਾ ਅਗਲਾ ਰਾਜਨੀਤਿਕ ਕਦਮ ਹੈ ਜਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੀ ਹੋਣ ਵਾਲੀ ਅਸਥਿਰਤਾ ਦਾ ਇੱਕ ਚਿਹਰਾ ਹੈ? ਅੱਜ ਇਸ ਘਟਨਾ ਚੱਕਰ ਨੂੰ ਸਮਝਣ ਲਈ ਪੰਜਾਬ ਦੀ ਰਾਜਨੀਤੀ ਦੇ ਵਰਤਾਰੇ ਨੂੰ ਗਹਿਰਾਈ ਨਾਲ ਵੇਖਣਾ ਪਵੇਗਾ। ਆਪ ਪਾਰਟੀ 2022 ਵਿੱਚ ਭਰਪੂਰ ਬਹੁਮਤ ਨਾਲ ਸੱਤਾ ਵਿੱਚ ਆਈ ਸੀ। ਲੋਕਾਂ ਨੇ ਬਦਲਾਅ ਚਾਹਿਆ ਸੀ ਨਸ਼ਾ ਮੁਕਤੀ, ਰੁਜ਼ਗਾਰ, ਸਿਹਤ ਅਤੇ ਸਿੱਖਿਆ ਵਿੱਚ ਸੁਧਾਰ। ਪਰ ਪੰਜਾਬੀ ਰਾਜਨੀਤੀ ਦਾ ਇੱਕ ਪੁਰਾਣਾ ਰੋਗ ਹੈ ਅੰਦਰੂਨੀ ਗਦਾਰੀ, ਫੁੱਟ ਅਤੇ ਰਾਜਨੀਤਿਕ ਏਜੰਡੇ ਦੀ ਤਬਦੀਲੀ। ਰਾਘਵ ਚੱਡਾ ਵਰਗੇ ਲੀਡਰਾਂ ਦਾ ਭਾਜਪਾ ਵਿੱਚ ਜਾਣਾ ਇਸ ਰੋਗ ਦਾ ਇੱਕ ਨਵਾਂ ਰੂਪ ਹੈ। ਇਸ ਨਾਲ ਆਪ ਦੀ ਰਾਜਨੀਤੀ ਉੱਤੇ ਡੂੰਘਾ ਪ੍ਰਭਾਵ ਪੈਣ ਵਾਲਾ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਅਸਰ ਸਾਫ਼ ਨਜ਼ਰ ਆਵੇਗਾ। ਅੱਜ ਆਪ ਵਿੱਚ ਵੱਡੀ ਫੁੱਟ, ਤੱਥ ਅਤੇ ਰਾਜਨੀਤਿਕ ਵਰਤਾਰਾ ਆਪ ਦੇ 10 ਰਾਜ ਸਭਾ ਮੈਂਬਰਾਂ ਵਿੱਚੋਂ 7 ਨੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਇਸ ਵਿੱਚ ਰਾਘਵ ਚੱਡਾ, ਸਵਾਤੀ ਮਾਲੀਵਾਲ, ਹਰਭਜਨ ਸਿੰਘ, ਅਸ਼ੋਕ ਮਿੱਤਲ, ਸੰਦੀਪ ਪਾਠਕ, ਰਾਜਿੰਦਰ ਗੁਪਤਾ ਅਤੇ ਵਿਕਰਮਜੀਤ ਸਾਹਨੀ ਸ਼ਾਮਲ ਹਨ। ਇਸ ਫੁੱਟ ਨੂੰ ਭਾਜਪਾ ਨੇ ਮਰਜਰ ਦਾ ਰੂਪ ਦਿੱਤਾ ਹੈ ਤਾਂ ਜੋ ਐਂਟੀ-ਡਿਫੈਕਸ਼ਨ ਲਾਅ ਤੋਂ ਬਚਿਆ ਜਾ ਸਕੇ। ਰਾਘਵ ਚੱਡਾ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਆਪ ਪਾਰਟੀ ਆਪਣੇ ਮੂਲ ਤੋਂ ਭਟਕ ਗਈ ਹੈ ਅਤੇ ਉਹ ਭਾਜਪਾ ਦੇ ਨਾਲ ਮਿਲ ਕੇ ਪੰਜਾਬ ਅਤੇ ਦੇਸ਼ ਦੀ ਸੇਵਾ ਕਰਨਾ ਚਾਹੁੰਦੇ ਹਨ।ਇਸ ਘਟਨਾ ਨੇ ਆਪ ਪਾਰਟੀ ਵਿੱਚ ਗਹਿਰਾ ਸੰਕਟ ਪੈਦਾ ਕਰ ਦਿੱਤਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਨੂੰ 'ਗਦਾਰੀ' ਅਤੇ 'ਭਾਜਪਾ ਦਾ ਆਪਰੇਸ਼ਨ ਲੋਟਸ' ਦੱਸਿਆ ਹੈ। ਉਨ੍ਹਾਂ ਨੇ ਰਾਸ਼ਟਰਪਤੀ ਨੂੰ ਮਿਲਣ ਦਾ ਸਮਾਂ ਮੰਗਿਆ ਹੈ, ਜਿਸ ਨਾਲ ਲੋਕਾਂ ਵਿੱਚ ਇੱਕ ਤਰ੍ਹਾਂ ਦੀ ਬੇਚੈਨੀ ਪੈਦਾ ਹੋਈ ਹੈ। ਇਹ ਫੁੱਟ ਸਿਰਫ਼ ਰਾਜ ਸਭਾ ਤੱਕ ਸੀਮਤ ਨਹੀਂ ਰਹੇਗੀ। ਆਉਣ ਵਾਲੇ ਦਿਨਾਂ ਵਿੱਚ ਪੰਜਾਬ ਵਿੱਚ ਆਪ ਦਾ ਅੰਦਰੂਨੀ ਤਣਾਅ ਵਧ ਸਕਦਾ ਹੈ ਅਤੇ ਵਿਧਾਇਕਾਂ ਵਿੱਚ ਵੀ ਬਗਾਵਤ ਦੀਆਂ ਆਵਾਜ਼ਾਂ ਉੱਠ ਸਕਦੀਆਂ ਹਨ।

ਅੱਜ ਇਹ ਟੁੱਟਣਾ ਭਾਜਪਾ ਦਾ ਅਗਲਾ ਕਦਮ ਹੈ ਜਾਂ ਆਪ ਸਰਕਾਰ ਦੀ ਅਸਥਿਰਤਾ? ਇਸ ਫੁੱਟ ਨੂੰ ਦੋ ਤਰੀਕਿਆਂ ਨਾਲ ਵੇਖਿਆ ਜਾ ਰਿਹਾ ਹੈ। ਇੱਕ ਤਰਫ਼ ਭਾਜਪਾ ਇਸ ਨੂੰ ਆਪਣੀ ਰਣਨੀਤਕ ਜਿੱਤ ਵਜੋਂ ਪੇਸ਼ ਕਰ ਰਹੀ ਹੈ। ਭਾਜਪਾ ਲੰਬੇ ਸਮੇਂ ਤੋਂ ਪੰਜਾਬ ਵਿੱਚ ਆਪਣੀ ਪਕੜ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਰਾਘਵ ਚੱਡਾ ਵਰਗੇ ਚਿਹਰੇ ਨਾਲ ਉਸ ਨੂੰ ਸ਼ਹਿਰੀ ਅਤੇ ਯੁਵਕ ਵਰਗ ਵਿੱਚ ਇੱਕ ਨਵੀਂ ਛਵੀ ਬਣਾਉਣ ਵਿੱਚ ਮਦਦ ਮਿਲ ਸਕਦੀ ਹੈ। ਭਾਜਪਾ ਇਸ ਫੁੱਟ ਨੂੰ 2027 ਦੀਆਂ ਚੋਣਾਂ ਲਈ ਇੱਕ ਬੁਨਿਆਦੀ ਪਲੇਟਫਾਰਮ ਵਜੋਂ ਵਰਤਣਾ ਚਾਹੁੰਦੀ ਹੈ।

ਦੂਜੇ ਪਾਸੇ ਇਹ ਫੁੱਟ ਆਪ ਸਰਕਾਰ ਅਤੇ ਭਗਵੰਤ ਮਾਨ ਦੀ ਲੀਡਰਸ਼ਿਪ ਲਈ ਇੱਕ ਵੱਡੀ ਚੁਣੌਤੀ ਹੈ। ਰਾਜ ਸਭਾ ਵਿੱਚ ਆਪ ਦੀ ਤਾਕਤ ਘਟਣ ਨਾਲ ਰਾਸ਼ਟਰੀ ਪੱਧਰ 'ਤੇ ਉਸ ਦੀ ਆਵਾਜ਼ ਕਮਜ਼ੋਰ ਹੋਵੇਗੀ। ਪੰਜਾਬ ਵਿੱਚ ਵੀ ਇਸ ਨਾਲ ਆਪ ਦੀ ਅੰਦਰੂਨੀ ਏਕਤਾ 'ਤੇ ਸਵਾਲ ਉੱਠ ਰਹੇ ਹਨ। ਲੋਕ ਪੁੱਛ ਰਹੇ ਹਨ ਕਿ ਜੇਕਰ ਆਪ ਦੇ ਉੱਚ ਲੀਡਰ ਇਸ ਤਰ੍ਹਾਂ ਬਗਾਵਤ ਕਰ ਰਹੇ ਹਨ ਤਾਂ ਸਰਕਾਰ ਕਿੰਨੀ ਮਜ਼ਬੂਤ ਹੈ? ਇਸ ਲਈ ਇਹ ਟੁੱਟਣਾ ਭਾਜਪਾ ਦਾ ਅਗਲਾ ਰਾਜਨੀਤਿਕ ਕਦਮ ਵੀ ਹੋ ਸਕਦਾ ਹੈ ਅਤੇ ਆਪ ਸਰਕਾਰ ਦੀ ਅਸਥਿਰਤਾ ਦਾ ਇੱਕ ਚਿਹਰਾ ਵੀ। 2027 ਚੋਣਾਂ ਵਿੱਚ ਆਪ ਦੀਆਂ ਸੰਭਾਵਨਾਵਾਂ ਉੱਤੇ ਅਸਰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਇਹ ਘਟਨਾ ਇੱਕ ਟਰਨਿੰਗ ਪੁਆਇੰਟ ਬਣ ਸਕਦੀ ਹੈ। ਆਪ ਪਾਰਟੀ 2022 ਵਿੱਚ ਭਰਪੂਰ ਬਹੁਮਤ ਨਾਲ ਸੱਤਾ ਵਿੱਚ ਆਈ ਸੀ। ਉਸ ਸਮੇਂ ਲੋਕਾਂ ਨੇ ਬਦਲਾਅ ਚਾਹਿਆ ਸੀ। ਪਰ ਪੰਜਾਬ ਵਿੱਚ ਰਾਜਨੀਤੀ ਤੇਜ਼ੀ ਨਾਲ ਬਦਲਦੀ ਹੈ। ਇਸ ਫੁੱਟ ਨਾਲ ਆਪ ਦੀਆਂ ਸੰਭਾਵਨਾਵਾਂ ਉੱਤੇ ਡੂੰਘਾ ਅਸਰ ਪਵੇਗਾ। ਯੁਵਕ ਅਤੇ ਸ਼ਹਿਰੀ ਵਰਗ ਵਿੱਚ ਆਪ ਦੀ ਛਵੀ ਘੱਟ ਸਕਦੀ ਹੈ। ਭਾਜਪਾ ਇਸ ਫੁੱਟ ਨੂੰ ਵਰਤ ਕੇ ਆਪਣੀ ਰਣਨੀਤੀ ਮਜ਼ਬੂਤ ਕਰ ਰਹੀ ਹੈ ਅਤੇ ਆਪ ਨੂੰ ਅੰਦਰੂਨੀ ਗਦਾਰੀ ਵਾਲੀ ਪਾਰਟੀ ਵਜੋਂ ਪੇਸ਼ ਕਰ ਰਹੀ ਹੈ ਪਰ ਆਪ ਲਈ ਇੱਕ ਮੌਕਾ ਵੀ ਹੈ। ਜੇਕਰ ਭਗਵੰਤ ਮਾਨ ਸਰਕਾਰ ਆਪਣੀਆਂ ਯੋਜਨਾਵਾਂ ਔਰਤਾਂ ਲਈ 1000 ਰੁਪਏ, ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ ਆਦਿ ਨੂੰ ਹੋਰ ਤੇਜ਼ੀ ਨਾਲ ਲਾਗੂ ਕਰਦੀ ਹੈ ਅਤੇ ਲੋਕਾਂ ਵਿੱਚ ਭਰੋਸਾ ਬਣਾਉਂਦੀ ਹੈ ਤਾਂ ਉਹ ਇਸ ਸੰਕਟ ਤੋਂ ਉੱਭਰ ਸਕਦੀ ਹੈ।

ਸੱਚ ਤਾਂ ਇਹ ਹੈ ਕਿ ਪੰਜਾਬੀ ਲੋਕ ਰਾਜਨੀਤਿਕ ਗਦਾਰੀ ਤੋਂ ਥੱਕ ਚੁੱਕੇ ਹਨ। ਉਹ ਅਸਲੀ ਵਿਕਾਸ ਅਤੇ ਸਥਿਰਤਾ ਚਾਹੁੰਦੇ ਹਨ। ਜੇਕਰ ਆਪ ਆਪਣੇ ਮੂਲ ਭ੍ਰਿਸ਼ਟਾਚਾਰ ਵਿਰੋਧ ਅਤੇ ਲੋਕ ਭਲਾਈ 'ਤੇ ਵਾਪਸ ਆਉਂਦੀ ਹੈ ਤਾਂ ਉਸ ਦਾ ਭਵਿੱਖ ਅਜੇ ਵੀ ਚਮਕਦਾਰ ਹੋ ਸਕਦਾ ਹੈ।ਭਵਿੱਖ ਵਿੱਚ ਆਪ ਅਤੇ ਭਾਜਪਾ ਦੀ ਰਾਜਨੀਤੀ ਆਪ ਲਈ ਭਵਿੱਖ ਚੁਣੌਤੀਪੂਰਨ ਹੈ। ਉਸ ਨੂੰ ਅੰਦਰੂਨੀ ਏਕਤਾ ਬਣਾਉਣੀ ਪਵੇਗੀ ਅਤੇ ਲੋਕਾਂ ਵਿੱਚ ਭਰੋਸਾ ਵਾਪਸ ਲਿਆਉਣਾ ਪਵੇਗਾ। ਰਾਜ ਸਭਾ ਵਿੱਚ ਤਾਕਤ ਘੱਟਣ ਨਾਲ ਉਸ ਦੀ ਰਾਸ਼ਟਰੀ ਛਵੀ ਵੀ ਪ੍ਰਭਾਵਿਤ ਹੋਵੇਗੀ। ਪਰ ਪੰਜਾਬ ਵਿੱਚ ਆਪ ਅਜੇ ਵੀ ਇੱਕ ਵੱਡੀ ਤਾਕਤ ਹੈ।

ਅੱਜ ਜੇਕਰ ਉਹ ਆਪਣੀਆਂ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਂਦੀ ਰਹੀ ਤਾਂ 2027 ਵਿੱਚ ਵੀ ਉਸ ਨੂੰ ਮਜ਼ਬੂਤ ਲੜਾਈ ਮਿਲ ਸਕਦੀ ਹੈ।ਭਾਜਪਾ ਲਈ ਇਹ ਇੱਕ ਵੱਡਾ ਮੌਕਾ ਹੈ। ਉਹ ਪੰਜਾਬ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ। ਰਾਘਵ ਚੱਡਾ ਵਰਗੇ ਚਿਹਰੇ ਨਾਲ ਉਸ ਨੂੰ ਯੁਵਕ ਅਤੇ ਸ਼ਹਿਰੀ ਵਰਗ ਵਿੱਚ ਇੱਕ ਨਵੀਂ ਛਵੀ ਬਣਾਉਣ ਵਿੱਚ ਮਦਦ ਮਿਲੇਗੀ। ਭਾਜਪਾ ਆਪਣੀ ਰਾਸ਼ਟਰੀ ਰਣਨੀਤੀ ਨੂੰ ਪੰਜਾਬ ਵਿੱਚ ਲਾਗੂ ਕਰਨਾ ਚਾਹੁੰਦੀ ਹੈ । ਵਿਕਾਸ, ਰੁਜ਼ਗਾਰ ਅਤੇ ਰਾਸ਼ਟਰੀ ਏਕਤਾ ਉੱਤੇ ਧਿਆਨ ਦੇ ਕੇ। ਜੇਕਰ ਉਹ ਇਸ ਫੁੱਟ ਨੂੰ ਸਹੀ ਢੰਗ ਨਾਲ ਵਰਤਦੀ ਹੈ ਤਾਂ 2027 ਵਿੱਚ ਉਹ ਇੱਕ ਮਜ਼ਬੂਤ ਵਿਪੱਖ ਵਜੋਂ ਉਭਰ ਸਕਦੀ ਹੈ ਅਤੇ ਭਵਿੱਖ ਵਿੱਚ ਗਠਜੋੜ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਹੈ।ਪੰਜਾਬ ਦੇ ਲੋਕ ਇਸ ਸਭ ਤੋਂ ਥੱਕ ਚੁੱਕੇ ਹਨ। ਉਹ ਰਾਜਨੀਤਿਕ ਗਦਾਰੀ, ਫੁੱਟ ਅਤੇ ਤੂੰ ਮੈਂ ਮੈਂ ਵਾਲੀ ਰਾਜਨੀਤੀ ਤੋਂ ਉਕਤਾਏ ਹੋਏ ਹਨ। ਉਨ੍ਹਾਂ ਨੂੰ ਅਸਲੀ ਵਿਕਾਸ ਚਾਹੀਦਾ ਹੈ ।ਨਸ਼ਾ ਮੁਕਤ ਪੰਜਾਬ, ਰੁਜ਼ਗਾਰ, ਸਿਹਤ ਅਤੇ ਸਿੱਖਿਆ। ਉਹ ਗੁਰੂਆਂ ਦੇ ਨਾਂ 'ਤੇ ਏਕਤਾ ਚਾਹੁੰਦੇ ਹਨ। ਰਾਜਨੀਤਿਕ ਪਾਰਟੀਆਂ ਨੂੰ ਇਸ ਗੱਲ ਨੂੰ ਸਮਝਣਾ ਪਵੇਗਾ ਕਿ ਪੰਜਾਬ ਆਪਣੇ ਭਰੋਸੇ ਅਤੇ ਵਿਸ਼ਵਾਸ 'ਤੇ ਜਿਊਂਦਾ ਹੈ। ਭਾਵੇਂ ਰਾਜਨੀਤੀ ਕਿੰਨੀ ਵੀ ਬਦਲੇ, ਪੰਜਾਬ ਆਪਣੀ ਤਾਕਤ ਨਾਲ ਖੜ੍ਹਾ ਰਹੇਗਾ। ਹੁਣ ਭਵਿੱਖ ਵਿੱਚ ਪੰਜਾਬ ਦੀ ਰਾਜਨੀਤੀ ਬਹੁ-ਕੋਣੀ ਬਣ ਸਕਦੀ ਹੈ। ਆਪ, ਭਾਜਪਾ, ਕਾਂਗਰਸ ਅਤੇ ਐੱਸਏਡੀ ਵਿਚਾਲੇ ਤਿੱਖੀ ਲੜਾਈ ਹੋਵੇਗੀ। ਲੋਕ ਆਪਣੀ ਆਵਾਜ਼ ਨਾਲ ਫੈਸਲਾ ਕਰਨਗੇ ਕਿ ਉਹ ਕਿਸ ਨੂੰ ਵਾਗਡੋਰ ਸੌਂਪਣਾ ਚਾਹੁੰਦੇ ਹਨ। ਰਾਜਨੀਤਿਕ ਪਾਰਟੀਆਂ ਨੂੰ ਲੋਕਾਂ ਦੀ ਆਵਾਜ਼ ਨੂੰ ਸਨਮਾਨ ਦੇਣਾ ਚਾਹੀਦਾ ਹੈ ਅਤੇ ਅਸਲੀ ਅਜੰਡਾ ਪੰਜਾਬ ਦੇ ਵਿਕਾਸ 'ਤੇ ਧਿਆਨ ਦੇਣਾ ਚਾਹੀਦਾ ਹੈ। ਤਾਂ ਹੀ ਪੰਜਾਬ ਇੱਕ ਵਾਰ ਫਿਰ ਆਪਣੀ ਗਰਵ ਵਾਲੀ ਧਰਤੀ ਬਣ ਸਕਦਾ ਹੈ।

ਪੰਜਾਬ ਜਿਊਂਦਾ ਰਹੇਗਾ — ਗੁਰੂਆਂ ਦੇ ਨਾਂ 'ਤੇ, ਲੋਕਾਂ ਦੇ ਭਰੋਸੇ 'ਤੇ ਅਤੇ ਆਪਣੀ ਅੰਦਰੂਨੀ ਤਾਕਤ 'ਤੇ। ਰਾਜਨੀਤੀ ਬਦਲਦੀ ਰਹੇਗੀ, ਪਰ ਪੰਜਾਬ ਆਪਣੀ ਤਾਕਤ ਨਾਲ ਖੜ੍ਹਾ ਰਹੇਗਾ।

# ਆਮ ਆਦਮੀ ਪਾਰਟੀ ਦੇ ਹੀਰੇ ਖੋਟੇ ਨਿਕਲੇ



ਕਮਲਜੀਤ ਸਿੰਘ ਬਨਵੈਤ
98147 34035

## ☛ਸ਼ੀਤਲ ਅੰਗਰਾਲ ਨੇ ਗੇਮ ਪਲਟੀ ਹੀ ਨਹੀਂ ਸਗੋਂ ਆਮ ਆਦਮੀ ਪਾਰਟੀ ਨੂੰ ਪਾ ਦਿੱਤਾ ਸੀ ਭੂਠਿਆਂ

ਲਿਖਣਾ ਸ਼ੁਰੂ ਕਰਨ ਤੋਂ ਪਹਿਲਾਂ ਹੀ ਮੁਆਫ਼ੀ ਮੰਗ ਲੈਂਦਾ ਹਾਂ। ਇਨਕਲਾਬ ਉੱਤੇ ਡਾਕਾ ਪਿਆ ਹੈ ਜਾਂ ਇਨਕਲਾਬ ਸੇਲ 'ਤੇ ਲੱਗ ਗਿਆ ਹੈ। ਆਮ ਆਦਮੀ ਪਾਰਟੀ ਵੱਲੋਂ ਰਾਜ ਸਭਾ ਵਿੱਚ ਭੇਜੇ ਸੱਤ ਮੈਂਬਰਾਂ ਵਿੱਚੋਂ ਛੇ ਪਾਰਟੀ ਛੱਡ ਕੇ ਗਏ ਹਨ। ਇੱਕ ਸੱਚ ਹੋਰ ਕਹਾਂ ਤਾਂ ਮੈਨੂੰ ਸਿਆਸਤਦਾਨਾਂ ਵਾਸਤੇ ਰਾਜਨੀਤਿਕ ਪਾਰਟੀਆਂ ਫਾਸਟ ਫੂਡ ਦੇ ਖੋਖੇ ਲੱਗਣ ਲੱਗੀਆਂ ਹਨ। ਸਿਆਸੀ ਲੀਡਰ ਹਰੇਕ ਖੋਖੇ 'ਤੇ ਵਿਕ ਰਹੇ ਮਾਲ ਦਾ ਸਵਾਦ ਚੱਖਣ ਲੱਗੇ ਹਨ ਪਰ ਦਿਲ ਉਹਨਾਂ ਦਾ ਕਿਤੇ ਵੀ ਨਹੀਂ ਭਰਦਾ। ਕਦੇ ਕਦੇ ਤਾਂ ਮੈਨੂੰ ਇੰਝ ਵੀ ਲੱਗਣ ਲੱਗਦਾ ਹੈ ਜਿਵੇਂ ਸਿਆਸੀ ਪਾਰਟੀਆਂ ਹਾਈਵੇਅ 'ਤੇ ਚਲਦੇ ਢਾਬੇ ਬਣ ਗਏ ਹੋਣ। ਢਾਬਿਆਂ ਦੇ ਬਾਹਰ ਖੜ੍ਹੇ ਕੀਤੇ ਕਰਿੰਦੇ ਗਾਹਕਾਂ ਨੂੰ ਖਿੱਚਣ ਲਈ ਹੱਕਾਂ ਮਾਰ ਰਹੇ ਹੋਣ। ਇਹ ਵਰਤਾਰਾ ਕਿਸੇ ਇੱਕ ਪਾਰਟੀ ਦਾ ਨਹੀਂ ਸਗੋਂ ਆਵਾ ਹੀ ਊਤਿਆ ਪਿਆ ਹੈ।

ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਤੇ ਲਵਲੀ ਯੂਨੀਵਰਸਿਟੀ ਦੇ ਚਾਂਸਲਰ ਅਸ਼ੋਕ ਅਰੋੜਾ ਦੇ ਘਰ ਈਡੀ ਦੀ ਰੇਡ ਪੈਣ ਦੇ ਨੌਂ ਦਿਨ ਬਾਅਦ ਹੀ ਇਹ ਭਾਣਾ ਵਾਪਰ ਗਿਆ ਹੈ। ਜਿਨ੍ਹਾਂ ਹੋਰਾਂ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਿਹਾ ਹੈ ਉਹਨਾਂ ਵਿੱਚ ਪਦਮ ਸ਼੍ਰੀ ਬਿਕਰਮਜੀਤ ਸਿੰਘ ਸਾਹਨੀ, ਵੱਡੇ ਵਪਾਰੀ ਰਜਿੰਦਰ ਗੁਪਤਾ, ਕ੍ਰਿਕਟਰ ਹਰਭਜਨ ਸਿੰਘ ਭਜੀ, ਫਤਿਹ ਸੰਦੀਪ ਪਾਠਕ ਦੇ ਨਾ ਸ਼ਾਮਲ ਹਨ। ਇੱਕ ਹੋਰ ਮੈਂਬਰ ਰਾਘਵ ਚੱਢਾ ਆਮ ਆਦਮੀ ਪਾਰਟੀ ਨਾਲ ਖਟਪਟੀ ਹੋਣ ਤੋਂ ਬਾਅਦ ਬੁਣਤੀ ਬੁਣਦੇ ਆ ਰਹੇ ਸਨ। ਦਿੱਲੀ ਤੋਂ ਮਹਿਲਾ ਮੈਂਬਰ ਸ਼ਵਤੀ ਮਾਲੀਵਾਲ ਨੇ ਪਾਰਟੀ ਨੂੰ ਅਲਵਿਦਾ ਕਿਹਾ ਹੈ ਪਰ ਕਈ ਚਿਰ ਪਛੜ ਕੇ। ਉਹਨਾਂ ਦੇ ਰੁੱਸੇ ਦੀ ਸਮਝ ਵੀ ਲੱਗਦੀ ਹੈ ।ਪਾਰਟੀ ਸੁਪਰੀਮੋ ਦਾ ਨਿੱਜੀ ਫੈਸਲਾ ਕਿਸੇ ਮਹਿਲਾ ਨਾਲ ਹੇਠਲੇ ਪੱਧਰ ਦੀ ਬਦਤਮੀਜ਼ੀ ਕਰਨ 'ਤੇ ਉੱਤਰ ਆਏ ਤਾਂ ਦੇਰ ਸਵੇਰ ਰਿਐਕਸ਼ਨ ਤਾਂ ਹੋਣਾ ਹੀ ਹੁੰਦਾ ਹੈ।

ਸਭ ਤੋਂ ਵੱਡੀ ਗੱਲ ਇਹ ਕਿ ਪਾਰਟੀ ਛੱਡਣ ਵਾਲੇ ਰਾਜ ਸਭਾ ਦੇ ਮੈਂਬਰਾਂ ਉੱਤੇ ਦਲ ਬਦਲੀ ਵਿਰੋਧੀ ਕਾਨੂੰਨ ਲਾਗੂ ਨਹੀਂ ਹੁੰਦਾ। ਜੇ ਆਪ ਦੇ ਸਾਰੇ ਸੱਤ ਮੈਂਬਰ ਭਾਜਪਾ ਵਿੱਚ ਸ਼ਾਮਲ ਹੁੰਦੇ ਹਨ ਤਾਂ ਦਲ ਬਦਲੀ ਕਾਨੂੰਨ ਦਾ ਕੋਈ ਅਸਰ ਨਹੀਂ ਪਵੇਗਾ। ਇਹ ਕਾਨੂੰਨ ਹੈ ਕਿ ਕਿਸੇ ਵੀ ਪਾਰਟੀ ਦੇ ਦੋ ਤਿਹਾਈ ਜਾਂ ਉਸ ਤੋਂ ਬਾਅਦ ਮੈਂਬਰ ਅਲੱਗ ਹੋ ਕੇ ਕਿਸੇ ਦੂਸਰੀ ਪਾਰਟੀ ਵਿੱਚ ਜਾਂਦੇ ਹਨ ਤਾਂ ਉਹਨਾਂ ਨੂੰ ਯੋਗ ਨਹੀਂ ਠਹਿਰਾਇਆ ਜਾ ਸਕਦਾ ਹੈ। ਜਦੋਂ 1979 ਵਿੱਚ 76 ਸੰਸਦ ਮੈਂਬਰਾਂ ਦੇ ਟੁੱਟਣ ਨਾਲ ਮੁਰਾਰ ਜੀ ਦੇਸਾਈ ਦੀ ਪ੍ਰਧਾਨ ਮੰਤਰੀ ਦੀ ਕੁਰਸੀ ਗਈ ਸੀ । ਦੀ ਗੱਲ ਇਹ ਕਿ ਰਾਘਵ ਚੱਡਾ ਕਿਸੇ ਵੇਲੇ ਪੰਜਾਬ ਦੇ ਸੁਪਰ ਸੀਐਮ ਸਮਝੇ ਜਾਂਦੇ ਸਨ। ਸੰਦੀਪ ਪਾਠਕ ਵੀ ਸੀਐਮ ਤੋਂ ਘੱਟ ਨਹੀਂ ਸਨ ਹੁੰਦੇ। ਇਸ ਤੋਂ ਵੀ ਵੱਡੀ ਗੱਲ ਇਹ ਕਿ ਦੋਹਾਂ ਨੇ 2022 ਦੀਆਂ ਚੋਣਾਂ ਵਿੱਚ ਪਾਰਟੀ ਦੀ ਜਿੱਤ ਲਈ ਅਹਿਮ ਭੂਮਿਕਾ ਨਿਭਾਈ ਸੀ। ਇਸ ਵੇਲੇ ਪੰਜਾਬ ਤੋਂ ਆਮ ਆਦਮੀ ਪਾਰਟੀ ਦੀ ਤਰਫੋਂ ਕੇਵਲ ਇੱਕੋ ਇੱਕ ਸੰਸਦ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਰਹਿ ਗਏ ਹਨ ਜਦੋਂ ਕਿ ਪਾਰਟੀ ਦੇ ਦੋ ਹੋਰ ਸੰਜੇ ਸਿੰਘ ਅਤੇ ਐਨਡੀ ਗੁਪਤਾ ਬਚੇ ਹਨ।

ਇਥੇ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਪ੍ਰਤੀਕਰਮ ਦਾ ਜ਼ਿਕਰ ਵਿਸ਼ੇਸ਼ ਕਰਕੇ ਬਣਦਾ ਹੈ। ਉਹ ਅਕਸਰ ਕਹਿੰਦੇ ਹਨ ਕਿ ਉਹ ਇੱਕ ਪੈਸੇ ਦੇ ਵੀ ਰਵਾਦਾਰ ਨਹੀਂ ਹਨ। ਲੰਘੇ ਕੱਲ ਉਹਨਾਂ ਨੇ ਕਿਹਾ ਸੀ ਕਿ ਉਹ ਈਡੀ ਤੋਂ ਨਹੀਂ ਡਰਦੇ। ਉਹਨਾਂ ਦੇ ਦਰਵਾਜ਼ੇ ਹਮੇਸ਼ਾ ਖੁੱਲੇ ਹਨ, ਭਾਜਪਾ ਜਦੋਂ ਮਰਜ਼ੀ ਈਡੀ ਭੇਜ ਦੇਵੇ। ਉਹ ਨਾਲ ਹੀ ਕਹਿੰਦੇ ਹਨ ਕਿ ਰਾਘਵ ਤਾਂ ਸਰਪੰਚ ਦੇ ਲਾਇਕ ਵੀ ਨਹੀਂ ਸੀ। ਜਦੋਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਤੋਂ ਸਤ ਰਾਜ ਸਭਾ ਦੇ ਮੈਂਬਰਾਂ ਦੀ ਚੋਣ ਕੀਤੀ ਗਈ ਸੀ ਉਦੋਂ ਵੀ ਪੰਜਾਬੀਆਂ ਨੇ ਤਕੜਾ ਰਿਐਕਸ਼ਨ ਕੀਤਾ ਸੀ। ਪੰਜਾਬੀਆਂ ਨੂੰ ਗਿਲ੍ਹਾ ਸੀ ਕਿ ਪੰਜਾਬ ਦੇ ਕੋਟੇ ਵਿੱਚੋਂ ਦਿੱਲੀ ਵਾਲੇ ਰਾਜ ਸਭਾ ਵਿੱਚ ਭੇਜ ਦਿੱਤੇ ਗਏ ਹਨ। ਗੁੱਸਾ ਤਾਂ ਇਹ ਵੀ ਸੀ ਕਿ ਜਿਹੜੇ ਪੰਜਾਬ ਵਿੱਚ ਭੇਜੇ ਗਏ ਹਨ, ਉਹਨਾਂ ਵਿੱਚੋਂ ਸੰਤ ਸੀਚੇਵਾਲ ਨੂੰ ਛੱਡ ਕੇ ਬਾਕੀ ਸਾਰੇ ਮਾਇਆਧਾਰੀ ਸਨ। ਚਰਚਾ ਤਾਂ ਇਹ ਵੀ ਸੀ ਕਿ ਸੰਤ ਸੀਚੇਵਾਲ ਤੋਂ ਇਲਾਵਾ ਬਾਕੀ ਸਾਰੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਚੁਆਇਸ ਬਣੇ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਾਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਸਮੇਤ ਸਾਰੇ ਲੀਡਰ ਇਹ ਕਹੀ ਜਾਣ ਕਿ ਇਹਨਾਂ ਸੱਤਾਂ ਦੇ ਜਾਣ ਨਾਲ ਪਾਰਟੀ ਨੂੰ ਕੋਈ ਫਰਕ ਨਹੀਂ ਪੈਣਾ ਪਰ ਸਭ ਦੀ ਬਾਡੀ ਲੈਂਗੁਏਜ਼ ਅਤੇ ਬੋਲਣ ਦੇ ਅੰਦਾਜ਼ ਤੋਂ ਸਹਿਜੇ ਹੀ ਅੰਦਾਜ਼ਾ ਲੱਗਦਾ ਹੈ ਕਿ ਅੰਦਰੋਂ ਟੁੱਟੇ ਹੋਏ ਹਨ। ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਝਟਕੇ ਨੂੰ ਆਮ ਨਹੀਂ ਲਿਆ ਜਾ ਸਕਦਾ ਹੈ। ਹਾਲੇ ਤਾਂ ਇਹ ਵੀ ਚਰਚਾ ਹੈ ਕਿ ਕਈ ਦਰਜਨ ਵਿਧਾਇਕ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਨ ਨੂੰ ਫਿਰਦੇ ਹਨ। ਪਰ ਅਮਿਤ ਸ਼ਾਹ ਹੱਥ ਨਹੀਂ ਫੜਾ ਰਹੇ ਹਨ। ਇੱਕ ਮੱਤ ਇਹ ਵੀ ਆ ਰਿਹਾ ਹੈ ਕਿ ਪੰਜਾਬੀ ਹਮੇਸ਼ਾ ਮਾੜੇ ਨਾਲ ਖੜਦੇ ਹਨ। ਭਾਰਤੀ ਜਨਤਾ ਪਾਰਟੀ ਦੇ ਇਸ ਧੱਕੇ ਨਾਲ ਪੰਜਾਬੀਆਂ ਨੂੰ ਸ਼ਾਇਦ ਧੱਕਾ ਲੱਗਾ ਹੋਵੇ। ਇਹ ਸੱਚ ਹੈ ਕਿ ਪੰਜਾਬੀ ਮਾੜੇ ਦੀ ਢਾਲ ਬਣਦੇ ਹਨ ਪਰ ਦਿੱਲੀ ਨਾਲ ਇੱਟ ਖੜੱਕਾ ਹਮੇਸ਼ਾ ਰਿਹਾ ਹੈ।

ਕਈ ਚਿਰ ਪਹਿਲਾਂ ਭਾਰਤੀ ਜਨਤਾ ਪਾਰਟੀ ਦੇ ਅਪਰੇਸ਼ਨ ਲੋਟਸ ਦੀ ਚਰਚਾ ਸ਼ੁਰੂ ਹੋਈ ਸੀ। ਆਮ ਆਦਮੀ ਪਾਰਟੀ ਨੇ ਭਾਜਪਾ ਉੱਤੇ ਉਹਨਾਂ ਦੇ ਵਿਧਾਇਕ ਪੁੱਟਣ ਦੇ ਦੋਸ਼ ਲਾਏ ਸਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਵਿਧਾਇਕਾਂ ਦੇ ਇੱਕ ਵਫਦ ਨੇ ਪੰਜਾਬ ਦੇ ਪੁਲਿਸ ਮੁਖੀ ਗੌਰਵ ਯਾਦਵ ਨੂੰ ਇੱਕ ਸ਼ਿਕਾਇਤ ਵੀ ਦਿੱਤੀ ਸੀ। ਉਹ ਸ਼ਿਕਾਇਤ ਕਿੱਥੇ ਹੈ ਅੱਲ੍ਹਾ ਜਾਣੇ ਪਰ ਸਾਡਾ ਸਵਾਲ ਤਾਂ ਇਹ ਹੈ ਕਿ ਸੂਬੇ ਵਿੱਚ ਆਪਣੀ ਸਰਕਾਰ ਹੁੰਦਿਆਂ ਵੀ ਉਸ ਸ਼ਿਕਾਇਤ 'ਤੇ ਕਾਰਵਾਈ ਕਿਉਂ ਨਹੀਂ ਹੋਈ ? ਕੀ ਇਹ ਸ਼ਿਕਾਇਤ ਫਰਜ਼ੀ ਸੀ ਜਾਂ ਭਾਜਪਾ ਨੂੰ ਬਦਨਾਮ ਕਰਨ ਦੀ ਇੱਕ ਚਾਲ। ਅਸੀਂ ਇਹ ਨਹੀਂ ਕਹਿੰਦੇ ਕਿ ਭਾਜਪਾ ਦੂਜੀਆਂ ਪਾਰਟੀਆਂ ਵਿੱਚੋਂ ਬੰਦੇ ਪੱਟ ਪੱਟ ਕੇ ਨਹੀਂ ਲਿਆ ਰਹੀ ਹੈ ਪਰ ਸਾਡਾ ਸਵਾਲ ਤਾਂ ਅਪਰੇਸ਼ਨ ਲੋਟਸ ਨੂੰ ਲੈ ਕੇ ਦਿੱਤੀ ਸ਼ਿਕਾਇਤ ਨਾਲ ਹੈ। ਉਸ ਤੋਂ ਵੀ ਵੱਡੀ ਹੈਰਾਨੀ ਇਹ ਕਿ ਭਾਰਤੀ ਜਨਤਾ ਪਾਰਟੀ ਦੇ ਜਲੰਧਰ ਦੇ ਜਿਸ ਵਿਧਾਇਕ ਸ਼ੀਤਲ ਅੰਗਰਾਲ ਨੇ ਸਭ ਤੋਂ ਵੱਡੇ ਦੋਸ਼ ਲਾਏ ਸਨ, ਉਹ ਆਪ ਹੀ ਆਮ ਆਦਮੀ ਪਾਰਟੀ ਨੂੰ ਛੱਡ ਗਿਆ। ਉਸ ਨੇ ਭਾਜਪਾ ਦਾ ਦਾਮਨ ਫੜ ਲਿਆ। ਫਿਰ, ਉਸ ਨੇ ਇੱਕ ਵੱਖਰੀ ਕਿਸਮ ਦਾ ਧਿਆਨ ਦਿੰਦਿਆਂ ਸਿਆਸਤ ਦਾ ਰਹਿੰਦਾ ਜਲੂਸ ਕੱਢ ਦਿੱਤਾ ਹੈ ਕਿ ਜਿਹੜੇ ਫ਼ੋਨ ਉਸਨੇ ਭਾਰਤੀ ਜਨਤਾ ਪਾਰਟੀ ਦੀ ਤਰਫੋਂ ਦੱਸੇ ਸਨ, ਉਹ ਤਾਂ ਉਸ ਦੀ ਆਪਣੀ ਪਾਰਟੀ ਵੱਲੋਂ ਹੀ ਫਰਜ਼ੀ ਕਾਲਾਂ ਕੀਤੀਆਂ ਗਈਆਂ ਸਨ। ਆਮ ਲੋਕ ਤਾਂ ਖ਼ੁਦ ਸ਼ਸ਼ੋਪੰਜ ਵਿੱਚ ਹਨ ਤੇ ਉਹ ਭਰੋਸਾ ਸ਼ੀਤਲ ਅੰਗਰਾਲ ਦੀ ਪਹਿਲੀ ਦਿੱਤੀ ਸ਼ਿਕਾਇਤ 'ਤੇ ਕਰਨ ਜਾਂ ਫਿਰ ਬਾਅਦ ਵਾਲੇ ਉੱਤੇ ਬਿਆਨ ਨੂੰ ਸੱਚ ਮੰਨਣ।

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਭਾਜਪਾ ਉੱਤੇ ਗੰਭੀਰ ਦੋਸ਼ ਲਾਇਆ ਸੀ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਹਨਾਂ ਨਾਲ ਸੰਪਰਕ ਕੀਤਾ ਤੇ ਬੰਦ ਕਮਰੇ ਵਿੱਚ ਮੀਟਿੰਗ ਕਰਨ ਸਮੇਤ ਭਾਜਪਾ ਦੀ ਟਿਕਟ ਦਿਵਾਉਣ ਅਤੇ ਮਨਮਾਨੀਆਂ ਸ਼ਰਤਾਂ ਪੂਰੀਆਂ ਕਰਨ ਦਾ ਵੱਡਾ ਆਫਰ ਦਿੱਤਾ ਸੀ। ਉਸ ਨੇ ਦੋਸ਼ ਲਾਇਆ ਸੀ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਸ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਅਤੇ ਨਾਲ ਹੀ ਸੰਗਰੂਰ ਤੋਂ ਭਾਜਪਾ ਦੀ ਟਿਕਟ ਦੇਣ ਦਾ ਲਾਲਚ ਦਿੱਤਾ ਗਿਆ। ਹੁਣ ਆ ਕੇ ਲੱਗਦਾ ਹੈ ਕਿ ਨਰਿੰਦਰ ਕੌਰ ਭਰਾਜ ਦੀ ਆਪਣੀ ਟਿਕਟ ਪੱਕੀ ਕਰਨ ਦੀ ਚਾਲ ਰੰਗ ਨਹੀਂ ਲਿਆ ਸਕੀ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪ ਵਿਧਾਇਕਾ ਨਰਿੰਦਰ ਕੌਰ ਭਰਾਜ ਵੱਲੋਂ ਆਪਰੇਸ਼ਨ ਲੋਟਸ 'ਤੇ ਲਾਏ ਗਏ ਦੋਸ਼ਾਂ ਬਾਰੇ ਤਿੱਖਾ ਜਵਾਬ ਦਿੱਤਾ ਸੀ।

ਪਾਰਟੀਆਂ ਬਦਲਣ ਦੀ ਚੱਲ ਰਹੀ ਖੇਡ ਦੀ ਗੱਲ ਕਰੀਏ ਤਾਂ ਸਿਆਸਤਦਾਨਾਂ ਦੀ ਜ਼ਮੀਰ ਮਰ ਗਈ ਲੱਗਦੀ ਹੈ। ਹੁਣ ਪਾਰਟੀ ਬਦਲਣ ਵੇਲੇ ਗੱਲ ਲੈਣ ਦੇਣ 'ਤੇ ਮੁਕਦੀ ਹੈ, ਪਾਰਟੀ ਜਾਂ ਆਪਣੇ ਸਿਧਾਂਤ ਤਾਂ ਜਾਣ ਢੱਠੇ ਖੂਹ ਵਿੱਚ। ਸਾਡੇ ਰਾਜਨੀਤਿਕ ਨੇਤਾ ਜਿਹਨਾਂ ਵਿਰੋਧੀ ਨੇਤਾਵਾਂ ਨੂੰ ਰਾਤ ਵੇਲੇ ਪਾਣੀ ਪੀ ਪੀ ਕੇ ਕੋਸਦੇ ਹਨ, ਅਗਲੀ ਸਵੇਰ ਉਹਨਾਂ ਨਾਲ ਜੱਫੀਆਂ ਪੈਂਦੀਆਂ ਦੇਖੀਆਂ ਜਾਂਦੀਆਂ ਹਨ। ਹੈਰਾਨੀ ਤਾਂ ਸੂਬੇ ਦੀਆਂ ਇਨ੍ਹਾਂ ਜ਼ਿਮਨੀ ਚੋਣਾਂ ਵੇਲੇ ਦੇਖਣ ਨੂੰ ਮਿਲੀ ਜਦੋਂ ਕਈ ਉਮੀਦਵਾਰ ਆਪਣੀ ਪਿੱਤਰੀ ਪਾਰਟੀ ਵਿੱਚ ਰਹਿੰਦਿਆਂ ਵਿਧਾਨ ਸਭਾ ਦੀ 2022 ਦੀ ਚੋਣ ਹਾਰ ਗਏ ਸਨ ਪਰ ਸੱਤਾਧਾਰੀ ਪਾਰਟੀ ਦੀ ਟਿਕਟ ਮਿਲਣ ਤੋਂ ਬਾਅਦ ਜਿੱਤ ਗਏ। ਧੰਨ ਹਨ ਮੇਰੇ ਸੂਬੇ ਦੇ ਲੋਕ ਜਿਹੜੇ ਬੜੀ ਵਾਰ ਚੜ੍ਹਦੇ ਸੂਰਜ ਨੂੰ ਸਲਾਮ ਕਰ ਜਾਂਦੇ ਹਨ। ਮੰਨਿਆ ਕਿ ਲੋਕ ਸ਼੍ਰੋਮਣੀ ਅਕਾਲੀ ਦਲ ਤੋਂ ਦੂਰ ਜਾ ਚੁੱਕੇ ਹਨ, ਕਾਂਗਰਸ ਦੀ ਆਪਸੀ ਲੜਾਈ ਤੋਂ ਦੁਖੀ ਹਨ, ਭਾਜਪਾ ਤੋਂ ਹਾਲੇ ਭਰੋਸਾ ਨਹੀਂ ਬਣਦਾ ਪਰ ਪਾਰਟੀ ਬਦਲਣ ਨਾਲ ਬੰਦੇ 'ਤੇ ਵਿਸ਼ਵਾਸ ਕਿਵੇਂ ਬਣਨ ਲੱਗ ਜਾਂਦਾ ਹੈ। ਕੋਈ ਸਤਾ ਦੇ ਲਾਲਚ ਨੂੰ ਵਿਕਦਾ ਹੈ। ਹੋਰ ਈਡੀ ਦੇ ਡਰ ਦਾ ਮਾਰਿਆ ਜੀ ਹਜ਼ੂਰੀ 'ਤੇ ਆ ਜਾਂਦਾ ਹੈ। ਘਾਟ ਅਜਿਹਿਆਂ ਦੀ ਵੀ ਨਹੀਂ ਜਿਹਨਾਂ ਦੀ ਜ਼ਮੀਰ ਨੋਟਾਂ ਦੀਆਂ ਬੋਰੀਆਂ ਥੱਲੇ ਦੱਬੀ ਜਾਂਦੀ ਹੈ। ਝੰਡੀ ਵਾਲੀ ਕਾਰ ਦੇ ਲਾਲਚ ਨੂੰ ਕੌਡੀਆਂ ਦੇ ਭਾਅ ਵੀ ਵਿਕਦੇ ਹਨ।



ਵਿੰਕਲਜੀਤ ਸਿੰਘ ਸਰਾ
9501477889

## ਲੋਕਤੰਤਰ ਦੀ ਨੈਤਿਕਤਾ ਦਾ ਘਾਣ

# ਸੰਵਿਧਾਨਕ ਮਰਿਯਾਦਾਵਾਂ, ਸ਼ਹੀਦਾਂ ਦੇ ਸੁਪਨੇ, ਸਿਆਸੀ ਦਲ-ਬਦਲੀ, ਡੋਲਦੇ ਕਿਰਦਾਰ ਅਤੇ ਜਨਤਕ ਫਤਵੇ ਨਾਲ ਧੋਖਾ

**ਸਿਆਸਤ ਦਾ ਬਦਲਦਾ ਸਰੂਪ ਅਤੇ ਇਤਿਹਾਸਕ ਵਿਰਾਸਤ ਦੀ ਤੌਹੀਨ** : ਭਾਰਤ ਦੀ ਰਾਜਨੀਤੀ ਦਾ ਮੁੱਢ ਕੁਰਬਾਨੀ, ਸਿਧਾਂਤ ਅਤੇ ਦੇਸ਼-ਪ੍ਰੇਮ ਦੀ ਪਵਿੱਤਰ ਮਿੱਟੀ ਵਿੱਚੋਂ ਬੱਝਿਆ ਸੀ। ਜਦੋਂ ਅਸੀਂ ਆਜ਼ਾਦੀ ਦੇ ਸੰਘਰਸ਼ ਵੱਲ ਝਾਤ ਮਾਰਦੇ ਹਾਂ, ਤਾਂ ਸਾਨੂੰ ਉਹ ਮਹਾਨ ਚਿਹਰੇ ਨਜ਼ਰ ਆਉਂਦੇ ਹਨ, ਜਿਨ੍ਹਾਂ ਨੇ ਸੱਤਾ ਦੇ ਸੁੱਖਾਂ ਦੀ ਬਜਾਏ ਮੌਤ ਦੇ ਰੱਸੇ ਚੁੰਮਣੇ ਬਿਹਤਰ ਸਮਝੇ। ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਕਰਤਾਰ ਸਿੰਘ ਸਰਾਭਾ ਅਤੇ ਸ਼ਹੀਦ ਊਧਮ ਸਿੰਘ ਵਰਗੇ ਸ਼ਹੀਦਾਂ ਨੇ ਸਾਨੂੰ ਸਿਖਾਇਆ ਸੀ ਕਿ ਰਾਜਨੀਤੀ ਮਹਿਜ਼ ਕੁਰਸੀ ਹਾਸਲ ਕਰਨ ਦਾ ਜ਼ਰੀਆ ਨਹੀਂ, ਸਗੋਂ ਸਮਾਜ ਦੇ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਬਣਨ ਦਾ ਇੱਕ ਮਿਸ਼ਨ ਹੈ। ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਨੇ ਦੇਸ਼ ਨੂੰ ਇੱਕ ਅਜਿਹਾ ਸੰਵਿਧਾਨ ਦਿੱਤਾ ਜੋ ਹਰ ਨਾਗਰਿਕ ਨੂੰ ਬਰਾਬਰੀ ਅਤੇ ਸਨਮਾਨ ਨਾਲ ਜਿਊਣ ਦਾ ਹੱਕ ਦਿੰਦਾ ਹੈ। ਉਨ੍ਹਾਂ ਨੇ ਉਮੀਦ ਕੀਤੀ ਸੀ ਕਿ ਆਜ਼ਾਦ ਭਾਰਤ ਦੇ ਨੇਤਾ ਇਸ ਸੰਵਿਧਾਨ ਦੀ ਰੂਹ ਨੂੰ ਸਮਝਣਗੇ ਅਤੇ ਲੋਕਤੰਤਰ ਦੀਆਂ ਬੁਨਿਆਦਾਂ ਨੂੰ ਮਜ਼ਬੂਤ ਕਰਨਗੇ। ਪਰ ਅਫ਼ਸੋਸ ਕਿ ਅੱਜ ਦੀ ਰਾਜਨੀਤੀ ਵਿੱਚ ਉਹ ਪਵਿੱਤਰਤਾ ਗਾਇਬ ਹੋ ਚੁੱਕੀ ਹੈ। ਅੱਜ ਰਾਜਨੀਤੀ ਇੱਕ ਅਜਿਹਾ ਬਾਜ਼ਾਰ ਬਣ ਗਈ ਹੈ ਜਿੱਥੇ ਵਿਚਾਰਧਾਰਾਵਾਂ ਵਿਕਦੀਆਂ ਹਨ, ਵਫ਼ਾਦਾਰੀਆਂ ਦੀ ਬੋਲੀ ਲੱਗਦੀ ਹੈ ਅਤੇ ਲੋਕਾਂ ਦੇ ਭਰੋਸੇ ਨੂੰ ਪੈਰਾਂ ਹੇਠ ਲਤਾੜਿਆ ਜਾਂਦਾ ਹੈ। ਜਦੋਂ ਇੱਕ ਚੁਣਿਆ ਹੋਇਆ ਨੁਮਾਇੰਦਾ ਆਪਣੀ ਪਾਰਟੀ ਛੱਡ ਕੇ ਦੂਜੀ ਧਿਰ ਵਿੱਚ ਜਾਂਦਾ ਹੈ, ਤਾਂ ਉਹ ਸਿਰਫ਼ ਆਪਣਾ ਝੰਡਾ ਨਹੀਂ ਬਦਲਦਾ, ਸਗੋਂ ਉਹ ਉਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਵੀ ਤੌਹੀਨ ਕਰਦਾ ਹੈ, ਜਿਨ੍ਹਾਂ ਨੇ ਸਿਧਾਂਤਾਂ ਦੀ ਰਾਜਨੀਤੀ ਲਈ ਆਪਣੀ ਜਵਾਨੀ ਦੇਸ਼ ਦੇ ਲੇਖੇ ਲਾਈ ਸੀ।

**ਰਾਜ ਸਭਾ ਮੈਂਬਰਾਂ ਦਾ ਨੈਤਿਕ ਪਤਨ ਅਤੇ ਜਨਤਕ ਉਮੀਦਾਂ ਦਾ ਕਤਲ** : ਰਾਜ ਸਭਾ ਨੂੰ ਸਾਡੇ ਲੋਕਤੰਤਰ ਵਿੱਚ 'ਵਿਦਵਾਨਾਂ ਦਾ ਸਦਨ' ਕਿਹਾ ਜਾਂਦਾ ਹੈ। ਇਹ ਉਹ ਥਾਂ ਹੈ ਜਿੱਥੇ ਦੇਸ਼ ਦੇ ਸਭ ਤੋਂ ਬੁੱਧੀਜੀਵੀ, ਤਜ਼ਰਬੇਕਾਰ ਅਤੇ ਗੰਭੀਰ ਲੋਕਾਂ ਨੂੰ ਭੇਜਿਆ ਜਾਂਦਾ ਹੈ ਤਾਂ ਜੋ ਉਹ ਦੇਸ਼ ਦੀਆਂ ਨੀਤੀਆਂ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਣ। ਜਦੋਂ ਕੋਈ ਪਾਰਟੀ ਆਪਣੇ ਕਿਸੇ ਮੈਂਬਰ ਨੂੰ ਰਾਜ ਸਭਾ ਵਿੱਚ ਭੇਜਦੀ ਹੈ, ਤਾਂ ਉਸ ਪਿੱਛੇ ਹਜ਼ਾਰਾਂ ਵਰਕਰਾਂ ਦੀ ਮਿਹਨਤ ਅਤੇ ਲੱਖਾਂ ਵੋਟਰਾਂ ਦੀ ਉਮੀਦ ਹੁੰਦੀ ਹੈ। ਇਹ ਮੈਂਬਰ ਸਿੱਧੇ ਤੌਰ 'ਤੇ ਵੋਟਾਂ ਰਾਹੀਂ ਨਹੀਂ ਚੁਣੇ ਜਾਂਦੇ, ਪਰ ਉਹ ਉਸ ਜਨਤਕ ਫਤਵੇ ਦਾ ਹਿੱਸਾ ਹੁੰਦੇ ਹਨ ਜੋ ਪਾਰਟੀ ਨੂੰ ਮਿਲਿਆ ਹੁੰਦਾ ਹੈ। ਪਰ ਹਾਲ ਹੀ ਦੇ ਘਟਨਾ-ਕ੍ਰਮ, ਜਿੱਥੇ ਰਾਜ ਸਭਾ ਮੈਂਬਰਾਂ ਨੇ ਆਪਣੀ ਪਾਰਟੀ ਪ੍ਰਤੀ ਸਾਰੀਆਂ ਵਫ਼ਾਦਾਰੀਆਂ ਛਿੱਕੇ ਟੰਗ ਕੇ ਵਿਰੋਧੀ ਧਿਰ ਦਾ ਪੱਲਾ ਫੜਿਆ ਹੈ, ਨੇ ਸਾਬਤ ਕਰ ਦਿੱਤਾ ਹੈ ਕਿ ਅਹੁਦੇ ਦੀ ਲਾਲਸਾ ਨੇ ਇਨਸਾਨੀ ਜ਼ਮੀਰ ਨੂੰ ਪੂਰੀ ਤਰ੍ਹਾਂ ਮਾਰ ਦਿੱਤਾ ਹੈ। ਇਹ ਨੇਤਾ ਜਿਨ੍ਹਾਂ ਨੂੰ ਪਾਰਟੀ ਨੇ ਬੜੀ ਉਮੀਦ ਨਾਲ ਸੰਸਦ ਵਿੱਚ ਬਿਠਾਇਆ ਸੀ, ਉਹ ਆਪਣੇ ਨਿੱਜੀ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਪਾਰਟੀ ਦੇ ਵਿਸ਼ਵਾਸ ਨੂੰ ਨਿਲਾਮ ਕਰ ਰਹੇ ਹਨ। ਜਦੋਂ ਅਜਿਹੇ ਉੱਚੇ ਅਹੁਦਿਆਂ 'ਤੇ ਬੈਠੇ ਲੋਕ ਆਪਣਾ ਰਸਤਾ ਬਦਲ ਲੈਂਦੇ ਹਨ, ਤਾਂ ਆਮ ਆਦਮੀ ਦਾ ਲੋਕਤੰਤਰੀ ਪ੍ਰਣਾਲੀ ਤੋਂ ਭਰੋਸਾ ਉੱਠਣਾ ਸੁਭਾਵਿਕ ਹੈ। ਇਹ ਦਰਸਾਉਂਦਾ ਹੈ ਕਿ ਅੱਜ ਦੇ ਦੌਰ ਵਿੱਚ 'ਸੇਵਾ' ਅਤੇ 'ਸਮਰਪਣ' ਸਿਰਫ਼ ਭਾਸ਼ਣਾਂ ਤੱਕ ਸੀਮਤ ਹਨ, ਜਦਕਿ ਅਸਲ ਵਿੱਚ ਸਿਰਫ਼ 'ਕੁਰਸੀ' ਹੀ ਸਭ ਤੋਂ ਵੱਡਾ ਸੱਚ ਹੈ।

**ਸਿਆਸੀ ਦੋਹਰੇਪਨ ਅਤੇ ਮੌਕਾਪ੍ਰਸਤੀ ਦੀ ਸਿਖ਼ਰ** : ਪੰਜਾਬੀ ਸਮਾਜ ਵਿੱਚ ਇੱਕ ਬਹੁਤ ਹੀ ਭਾਰੀ ਕਹਾਵਤ ਹੈ ਥੁੱਕ ਕੇ ਚੱਟਣਾ, ਜਿਸ ਦਾ ਅਰਥ ਹੈ ਆਪਣੀ ਕਹੀ ਹੋਈ ਗੱਲ ਤੋਂ ਬੇਸ਼ਰਮੀ ਨਾਲ ਮੁੱਕਰ ਜਾਣਾ। ਅੱਜ ਦੀ ਰਾਜਨੀਤੀ ਵਿੱਚ ਇਹ ਕਹਾਵਤ ਸਭ ਤੋਂ ਸਹੀ ਢੁਕਦੀ ਹੈ। ਇੱਕ ਨੇਤਾ ਜਿਹੜਾ ਅੱਜ ਸਵੇਰੇ ਇੱਕ ਪਾਰਟੀ ਨੂੰ 'ਦੇਸ਼ ਦਾ ਦੁਸ਼ਮਣ' ਅਤੇ 'ਭ੍ਰਿਸ਼ਟਾਚਾਰੀ' ਦੱਸਦਾ ਹੈ, ਸ਼ਾਮ ਤੱਕ ਉਸੇ ਪਾਰਟੀ ਦੇ ਦਫ਼ਤਰ ਵਿੱਚ ਬੈਠ ਕੇ ਮਿਠਾਈਆਂ ਖਾ ਰਿਹਾ ਹੁੰਦਾ ਹੈ। ਇਹ ਨਾ ਸਿਰਫ਼ ਰਾਜਨੀਤਿਕ ਗਿਰਾਵਟ ਹੈ, ਸਗੋਂ ਇਹ ਮਨੁੱਖੀ ਕਿਰਦਾਰ ਦਾ ਵੀ ਦੀਵਾਲੀਆਪਣ ਹੈ। ਸਾਡੇ ਸ਼ਹੀਦਾਂ ਨੇ ਸਾਨੂੰ ਸਿਖਾਇਆ ਸੀ ਕਿ ਜ਼ੁਬਾਨ ਦੀ ਕੀਮਤ ਜਾਨ ਤੋਂ ਵੱਧ ਹੁੰਦੀ ਹੈ । ਕਰਤਾਰ ਸਿੰਘ ਸਰਾਭਾ ਵਰਗੇ ਨਾਇਕਾਂ ਨੇ ਫਾਂਸੀ ਦੇ ਰੱਸੇ ਨੂੰ ਹੱਸ ਕੇ ਇਸ ਲਈ ਚੁੰਮਿਆ ਕਿਉਂਕਿ ਉਹ ਆਪਣੇ ਅਸੂਲਾਂ ਨਾਲ ਸਮਝੌਤਾ ਨਹੀਂ ਕਰਨਾ ਚਾਹੁੰਦੇ ਸਨ। ਪਰ ਅੱਜ ਦੇ ਨੇਤਾਵਾਂ ਲਈ ਜੇਹੜੀ ਜ਼ੁਬਾਨ ਘਾਟਾ ਪਵਾਏ, ਉਸ ਦਾ ਕੀ ਕਰਨਾ ? ਵਾਲੀ ਸੋਚ ਭਾਰੂ ਹੋ ਚੁੱਕੀ ਹੈ। ਜਦੋਂ ਨੇਤਾ ਆਪਣੇ ਹੀ ਪੁਰਾਣੇ ਬਿਆਨਾਂ ਦੇ ਉਲਟ ਬੋਲਦੇ ਹਨ, ਤਾਂ ਉਹ ਜਨਤਾ ਦੀ ਸਿਆਣਪ ਦਾ ਮਜ਼ਾਕ ਉਡਾਉਂਦੇ ਹਨ। ਇਹ ਦੋਹਰਾ ਚਿਹਰਾ ਲੋਕਤੰਤਰ ਲਈ ਬਹੁਤ ਖ਼ਤਰਨਾਕ ਹੈ ਕਿਉਂਕਿ ਜਦੋਂ ਸਿਆਸਤ ਵਿੱਚੋਂ ਸੱਚ ਅਤੇ ਇਮਾਨਦਾਰੀ ਗਾਇਬ ਹੋ ਜਾਵੇ, ਤਾਂ ਉੱਥੇ ਸਿਰਫ਼ 'ਵਪਾਰ' ਬਚਦਾ ਹੈ।

**ਬਾਬਾ ਸਾਹਿਬ ਅੰਬੇਡਕਰ ਦੇ ਸੰਵਿਧਾਨਕ ਸੁਪਨਿਆਂ ਦਾ ਘਾਣ** : ਡਾ. ਬੀ.ਆਰ. ਅੰਬੇਡਕਰ ਨੇ ਜਦੋਂ ਸੰਵਿਧਾਨ ਤਿਆਰ ਕੀਤਾ ਸੀ, ਤਾਂ ਉਨ੍ਹਾਂ ਦਾ ਸਭ ਤੋਂ ਵੱਡਾ ਡਰ ਇਹ ਸੀ ਕਿ ਜੇਕਰ ਭਵਿੱਖ ਵਿੱਚ ਅਨੈਤਿਕ ਲੋਕ ਸੱਤਾ ਵਿੱਚ ਆ ਗਏ, ਤਾਂ ਸੰਵਿਧਾਨ ਦਾ ਮਕਸਦ ਖ਼ਤਮ ਹੋ ਜਾਵੇਗਾ। ਅੱਜ ਉਹ ਡਰ ਸੱਚ ਹੁੰਦਾ ਨਜ਼ਰ ਆ ਰਿਹਾ ਹੈ। ਸੰਵਿਧਾਨ ਨੇ ਸਾਨੂੰ ਵੋਟ ਦਾ ਅਧਿਕਾਰ ਇਸ ਲਈ ਦਿੱਤਾ ਸੀ ਤਾਂ ਜੋ ਅਸੀਂ ਅਜਿਹੇ ਨੁਮਾਇੰਦੇ ਚੁਣ ਸਕੀਏ ਜੋ ਸਾਡੇ ਮੁੱਦਿਆਂ ਦੀ ਗੱਲ ਕਰਨ। ਪਰ ਅੱਜ ਦੇ ਨੇਤਾ ਜਨਤਕ ਫਤਵੇ ਨੂੰ ਆਪਣੀ ਨਿੱਜੀ ਜਾਇਦਾਦ ਸਮਝਣ ਲੱਗ ਪਏ ਹਨ। ਉਹ ਜਨਤਾ ਕੋਲੋਂ ਵੋਟਾਂ ਕਿਸੇ ਹੋਰ ਵਿਚਾਰਧਾਰਾ ਦੇ ਨਾਮ 'ਤੇ ਲੈਂਦੇ ਹਨ ਅਤੇ ਜਿੱਤਣ ਤੋਂ ਬਾਅਦ ਉਸ ਵਿਚਾਰਧਾਰਾ ਨੂੰ ਹੀ ਪਿੱਠ ਦਿਖਾ ਦਿੰਦੇ ਹਨ। ਇਹ ਸੰਵਿਧਾਨਿਕ ਮਰਿਆਦਾਵਾਂ ਦਾ ਸਿੱਧਾ ਘਾਣ ਹੈ। ਬਾਬਾ ਸਾਹਿਬ ਨੇ ਹਮੇਸ਼ਾ ਨੈਤਿਕਤਾ 'ਤੇ ਜ਼ੋਰ ਦਿੱਤਾ ਸੀ, ਪਰ ਅੱਜ ਦੀ ਰਾਜਨੀਤੀ ਵਿੱਚ ਨੈਤਿਕਤਾ ਨੂੰ 'ਕਮਜ਼ੋਰੀ' ਮੰਨਿਆ ਜਾਣ ਲੱਗ ਪਿਆ ਹੈ। ਜਦੋਂ ਸਿਆਸਤਦਾਨਾਂ ਦਾ ਕੋਈ ਦੀਨ-ਧਰਮ ਨਹੀਂ ਰਹਿੰਦਾ, ਤਾਂ ਉਹ ਸੰਵਿਧਾਨਿਕ ਸੰਸਥਾਵਾਂ ਨੂੰ ਵੀ ਆਪਣੇ ਨਿੱਜੀ ਫਾਇਦੇ ਲਈ ਵਰਤਣ ਲੱਗ ਪੈਂਦੇ ਹਨ, ਜੋ ਕਿ ਕਿਸੇ ਵੀ ਦੇਸ਼ ਦੀ ਸਥਿਰਤਾ ਲਈ ਇੱਕ ਵੱਡਾ ਖ਼ਤਰਾ ਹੈ।

**ਕਾਨੂੰਨੀ ਸ਼ਿਕੰਜਾ ਅਤੇ ਜਵਾਬਦੇਹੀ ਦੇ ਸਖ਼ਤ ਪੈਰਾਮੀਟਰਾਂ ਦੀ ਲੋੜ** : ਇਸ ਗੰਧਲੀ ਹੋ ਰਹੀ ਰਾਜਨੀਤੀ ਨੂੰ ਸਿਰਫ਼ ਨੈਤਿਕ ਗੱਲਾਂ ਨਾਲ ਨਹੀਂ ਸੁਧਾਰਿਆ ਜਾ ਸਕਦਾ; ਇਸ ਲਈ ਬੇਹੱਦ ਸਖ਼ਤ ਕਾਨੂੰਨੀ ਸੁਧਾਰਾਂ ਦੀ ਲੋੜ ਹੈ। ਸਾਡੇ ਦੇਸ਼ ਵਿੱਚ 'ਦਲ-ਬਦਲ ਵਿਰੋਧੀ ਕਾਨੂੰਨ' ਮੌਜੂਦ ਤਾਂ ਹੈ, ਪਰ ਨੇਤਾਵਾਂ ਨੇ ਇਸ ਵਿੱਚੋਂ ਵੀ ਬਚਣ ਦੇ ਰਾਹ ਲੱਭ ਲਏ ਹਨ। ਹੁਣ ਸਮਾਂ ਹੈ ਕਿ ਅਜਿਹੇ ਕਾਨੂੰਨੀ ਪੈਰਾਮੀਟਰ ਬਣਾਏ ਜਾਣ ਜਿਨ੍ਹਾਂ ਵਿੱਚ ਕੋਈ ਲੂਪਹੋਲ ਨਾ ਹੋਵੇ: ਤੁਰੰਤ ਬਰਖਾਸਤਗੀ: ਜੇਕਰ ਕੋਈ ਚੁਣਿਆ ਹੋਇਆ ਮੈਂਬਰ ਆਪਣੀ ਮੂਲ ਪਾਰਟੀ ਛੱਡਦਾ ਹੈ, ਤਾਂ ਉਸ ਦੀ ਮੈਂਬਰਸ਼ਿਪ ਤੁਰੰਤ ਖ਼ਤਮ ਹੋਣੀ ਚਾਹੀਦੀ ਹੈ। ਉਸ ਨੂੰ ਅਦਾਲਤਾਂ ਜਾਂ ਤਕਨੀਕੀ ਅਧਾਰ 'ਤੇ ਸਮਾਂ ਬਰਬਾਦ ਕਰਨ ਦੀ ਇਜਾਜ਼ਤ ਨਹੀਂ ਹੋਣੀ ਚਾਹੀਦੀ।

**ਚੋਣ ਲੜਨ 'ਤੇ ਉਮਰ ਭਰ ਜਾਂ ਲੰਬੀ ਪਾਬੰਦੀ**: ਦਲ-ਬਦਲੀ ਕਰਨ ਵਾਲੇ ਨੇਤਾ ਉੱਤੇ ਘੱਟੋ-ਘੱਟ ਦੋ ਚੋਣ ਕਾਰਜਕਾਲਾਂ (10 ਸਾਲ) ਲਈ ਕਿਸੇ ਵੀ ਤਰ੍ਹਾਂ ਦੀ ਚੋਣ ਲੜਨ 'ਤੇ ਮੁਕੰਮਲ ਪਾਬੰਦੀ ਹੋਣੀ ਚਾਹੀਦੀ ਹੈ। ਜਦੋਂ ਤੱਕ ਸਜ਼ਾ ਦਾ ਡਰ ਨਹੀਂ ਹੋਵੇਗਾ, ਉਦੋਂ ਤੱਕ ਲਾਲਚ ਨਹੀਂ ਰੁਕੇਗਾ।

**ਅਹੁਦੇ ਅਤੇ ਲਾਭ 'ਤੇ ਰੋਕ**: ਅਜਿਹੇ ਨੇਤਾਵਾਂ ਨੂੰ ਕਿਸੇ ਵੀ ਸਰਕਾਰੀ ਕਮਿਸ਼ਨ, ਬੋਰਡ ਜਾਂ ਮੰਤਰੀ ਮੰਡਲ ਵਿੱਚ ਕੋਈ ਵੀ ਲਾਭਕਾਰੀ ਅਹੁਦਾ ਲੈਣ ਤੋਂ ਰੋਕਿਆ ਜਾਵੇ।

**ਪਬਲਿਕ ਰੀਕਾਲ (Public Recall)**: ਜੇਕਰ ਕਿਸੇ ਹਲਕੇ ਦੇ ਵੋਟਰ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਦਾ ਨੇਤਾ ਵਿਚਾਰਧਾਰਕ ਤੌਰ 'ਤੇ ਵਿਕ ਗਿਆ ਹੈ, ਤਾਂ ਉਨ੍ਹਾਂ ਕੋਲ ਉਸ ਨੂੰ ਵਾਪਸ ਬੁਲਾਉਣ ਅਤੇ ਉਸ ਦੀ ਸੀਟ ਖਾਲੀ ਕਰਵਾਉਣ ਦਾ ਕਾਨੂੰਨੀ ਅਧਿਕਾਰ ਹੋਣਾ ਚਾਹੀਦਾ ਹੈ। ਜਦੋਂ ਰਾਜਨੀਤਿਕ ਬੇਵਫ਼ਾਈ ਦੀ ਕੀਮਤ ਬਹੁਤ ਜ਼ਿਆਦਾ ਹੋਵੇਗੀ, ਤਾਂ ਹੀ ਨੇਤਾ ਆਪਣੀ ਜ਼ੁਬਾਨ 'ਤੇ ਕਾਇਮ ਰਹਿਣਾ ਸਿੱਖਣਗੇ।

**ਜਨਤਕ ਚੇਤਨਾ; ਲੋਕਤੰਤਰ ਦੀ ਅਸਲੀ ਢਾਲ** : ਸਾਰੇ ਕਾਨੂੰਨਾਂ ਅਤੇ ਸੰਵਿਧਾਨਕ ਧਾਰਾਵਾਂ ਦੇ ਬਾਵਜੂਦ, ਸਭ ਤੋਂ ਵੱਡੀ ਅਦਾਲਤ 'ਜਨਤਾ ਦੀ ਕਚਹਿਰੀ' ਹੈ। ਲੋਕਾਂ ਨੂੰ ਇਹ ਸਮਝਣਾ ਪਵੇਗਾ ਕਿ ਸਿਰਫ਼ ਕਿਸੇ ਪਾਰਟੀ ਦੇ ਨਾਮ 'ਤੇ ਵੋਟ ਪਾਉਣਾ ਕਾਫ਼ੀ ਨਹੀਂ ਹੈ। ਸਾਨੂੰ ਵਿਅਕਤੀ ਦੇ ਕਿਰਦਾਰ ਦੀ ਪਰਖ ਕਰਨੀ ਪਵੇਗੀ। ਸਾਨੂੰ ਅਜਿਹੇ ਸਵਾਲ ਪੁੱਛਣੇ ਪੈਣਗੇ: ਕੀ ਇਹ ਵਿਅਕਤੀ ਭਵਿੱਖ ਵਿੱਚ ਸਾਡੀ ਵੋਟ ਦਾ ਸੌਦਾ ਤਾਂ ਨਹੀਂ ਕਰੇਗਾ? ਕੀ ਇਸ ਦੇ ਅੰਦਰ ਸ਼ਹੀਦ ਭਗਤ ਸਿੰਘ ਵਾਲੀ ਨਿਡਰਤਾ ਅਤੇ ਇਮਾਨਦਾਰੀ ਹੈ ? ਜੇਕਰ ਅਸੀਂ ਸਿਰਫ਼ ਪੈਸੇ ਜਾਂ ਪਾਰਟੀ ਦੇ ਪ੍ਰਚਾਰ ਨੂੰ ਵੇਖ ਕੇ ਵੋਟ ਪਾਵਾਂਗੇ ਤਾਂ ਸਾਨੂੰ ਅਜਿਹੇ ਹੀ 'ਵਿਕਾਊ' ਨੇਤਾ ਮਿਲਣਗੇ। ਪਰ ਜੇਕਰ ਅਸੀਂ ਨੇਤਾਵਾਂ ਨੂੰ ਉਨ੍ਹਾਂ ਦੇ ਪਿਛਲੇ ਕਿਰਦਾਰ ਅਤੇ ਇਮਾਨਦਾਰੀ ਦੇ ਅਧਾਰ 'ਤੇ ਚੁਣਨਾ ਸ਼ੁਰੂ ਕਰ ਦਿੱਤਾ, ਤਾਂ ਰਾਜਨੀਤੀ ਦਾ ਮਿਆਰ ਆਪਣੇ-ਆਪ ਉੱਚਾ ਹੋ ਜਾਵੇਗਾ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਨੇਤਾ ਸਾਡੇ ਮਾਲਕ ਨਹੀਂ, ਸਗੋਂ ਸਾਡੇ ਸੇਵਕ ਹਨ। ਜਦੋਂ ਸੇਵਕ ਮਾਲਕ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਲੱਗ ਪੈਣ ਤਾਂ ਮਾਲਕ (ਜਨਤਾ) ਨੂੰ ਜਾਗਣਾ ਪੈਂਦਾ ਹੈ।

**ਸਿਧਾਂਤਾਂ ਦੀ ਵਾਪਸੀ ਹੀ ਇੱਕੋ-ਇੱਕ ਰਸਤਾ** : ਅੰਤ ਵਿੱਚ, ਇਹ ਕਹਿਣਾ ਬਿਲਕੁਲ ਸਹੀ ਹੋਵੇਗਾ ਕਿ ਰਾਜਨੀਤੀ ਨੂੰ ਸਾਫ਼ ਕਰਨ ਲਈ ਸਿਰਫ਼ ਕਾਨੂੰਨ ਨਹੀਂ, ਸਗੋਂ ਇੱਕ ਨੈਤਿਕ ਕ੍ਰਾਂਤੀ ਦੀ ਲੋੜ ਹੈ। ਕੁਰਸੀ ਆਉਣੀ-ਜਾਣੀ ਹੈ, ਪਰ ਜੋ ਕਿਰਦਾਰ ਇੱਕ ਨੇਤਾ ਪਿੱਛੇ ਛੱਡ ਕੇ ਜਾਂਦਾ ਹੈ, ਉਹ ਹਮੇਸ਼ਾ ਲਈ ਰਹਿੰਦਾ ਹੈ। ਅੱਜ ਦੇ ਨੇਤਾਵਾਂ ਨੂੰ ਸ਼ਹੀਦ ਭਗਤ ਸਿੰਘ, ਕਰਤਾਰ ਸਿੰਘ ਸਰਾਭਾ ਅਤੇ ਊਧਮ ਸਿੰਘ ਵਰਗੇ ਸੂਰਮਿਆਂ ਦੇ ਇਤਿਹਾਸ ਨੂੰ ਪੜ੍ਹਨ ਦੀ ਲੋੜ ਹੈ, ਜਿਨ੍ਹਾਂ ਨੇ ਕਦੇ ਆਪਣੀ ਜ਼ੁਬਾਨ ਅਤੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ। ਬਾਬਾ ਸਾਹਿਬ ਅੰਬੇਡਕਰ ਦੇ ਸੁਪਨਿਆਂ ਦਾ ਭਾਰਤ ਉਦੋਂ ਹੀ ਬਣੇਗਾ ਜਦੋਂ ਰਾਜਨੀਤੀ ਵਿੱਚ ਇਮਾਨਦਾਰੀ ਦਾ ਮੁੱਲ ਹੋਵੇਗਾ। ਸਾਨੂੰ ਅਜਿਹੀ ਰਾਜਨੀਤੀ ਦੀ ਸਿਰਜਣਾ ਕਰਨੀ ਪਵੇਗੀ ਜਿੱਥੇ 'ਥੁੱਕ ਕੇ ਚੱਟਣਾ' ਕੋਈ ਪ੍ਰਾਪਤੀ ਨਹੀਂ, ਸਗੋਂ ਸਭ ਤੋਂ ਵੱਡੀ ਨਮੋਸ਼ੀ ਹੋਵੇ। ਜਦੋਂ ਨੇਤਾ ਆਪਣੇ ਨਿੱਜੀ ਲਾਲਚ ਨੂੰ ਲੋਕ-ਹਿੱਤ ਤੋਂ ਹੇਠਾਂ ਰੱਖਣਗੇ, ਤਾਂ ਹੀ ਸਾਡਾ ਲੋਕਤੰਤਰ ਅਸਲ ਅਰਥਾਂ ਵਿੱਚ ਆਜ਼ਾਦ ਅਤੇ ਮਜ਼ਬੂਤ ਹੋਵੇਗਾ।

# ਸਿਵਲ ਡਿਫੈਂਸ ਏਅਰ ਰੇਡ/ਬਲੈਕਆਊਟ ਮੌਕ ਡਰਿਲ ਸਫਲਤਾਪੂਰਵਕ ਸੰਪੰਨ

ਹੁਸ਼ਿਆਰਪੁਰ, 25 ਅਪ੍ਰੈਲ (ਦੀਪਕ ਅਗਨੀਹੋਤਰੀ): ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ ਸ਼ੁੱਕਰਵਾਰ ਨੂੰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਸਿਵਲ ਡਿਫੈਂਸ ਏਅਰ ਰੇਡ/ਬਲੈਕਆਊਟ ਮੌਕ ਡਰਿਲ ਸਫਲਤਾਪੂਰਵਕ ਕਰਵਾਈ ਗਈ। ਇਸ ਅਭਿਆਸ ਦਾ ਮਕਸਦ ਐਮਰਜੈਂਸੀ ਹਾਲਾਤਾਂ ਦੌਰਾਨ ਪ੍ਰਸ਼ਾਸਨਕ ਤਿਆਰੀਆਂ ਤੇ ਵੱਖ-ਵੱਖ ਵਿਭਾਗਾਂ ਦੇ ਆਪਸੀ ਤਾਲਮੇਲ ਦੀ ਜਾਂਚ ਕਰਨਾ ਸੀ। ਡੀ.ਏ.ਵੀ. ਕਾਲਜ ਹੁਸ਼ਿਆਰਪੁਰ ਵਿੱਚ ਮੌਕ ਡਰਿਲ ਦੀ ਸ਼ੁਰੂਆਤ ਸ਼ਾਮ 8 ਵਜੇ ਸਿਵਲ ਡਿਫੈਂਸ ਕੰਟਰੋਲ ਸੈਂਟਰ ਵਿੱਚ ਰੈਡ ਸਿਗਨਲ ਮਿਲਣ ਨਾਲ ਹੋਈ। ਇਸ ਤਹਿਤ ਪੂਰੇ ਜ਼ਿਲ੍ਹੇ ਵਿੱਚ ਸ਼ਾਮ 7:58 ਵਜੇ ਦੋ ਮਿੰਟ ਲਈ ਹਾਈ/ਲੋ ਪਿੱਚ ਸਾਇਰਨ ਵਜਾਏ ਗਏ ਤਾਂ ਜੋ ਲੋਕਾਂ ਨੂੰ ਏਅਰ ਰੇਡ ਚੇਤਾਵਨੀ ਦਾ ਸੰਕੇਤ ਦਿੱਤਾ ਜਾ ਸਕੇ। ਇਸ ਤੋਂ ਬਾਅਦ ਪਾਵਰਕਾਮ ਵਿਭਾਗ ਵੱਲੋਂ ਸ਼ਾਮ 8 ਵਜੇ ਪੂਰੇ ਜ਼ਿਲ੍ਹੇ ਵਿੱਚ ਪੂਰਨ ਬਲੈਕਆਊਟ ਲਾਗੂ ਕੀਤਾ ਗਿਆ।ਇਸ ਦੌਰਾਨ ਜ਼ਰੂਰੀ ਸੇਵਾਵਾਂ ਤੋਂ ਇਲਾਵਾ ਹੋਰ ਸਾਰੀਆਂ ਬੱਤੀਆਂ ਬੰਦ ਰੱਖੀਆਂ ਗਈਆਂ। ਇਸ ਦੌਰਾਨ ਐਸਡੀਐਮ ਅਮਨਦੀਪ ਕੌਰ ਸੰਧੂ ਨੇ ਦੱਸਿਆ ਕਿ ਇਹ ਮੌਕ ਡਰਿਲ ਸਫਲ ਰਹੀ ਤੇ ਇਸ ਨਾਲ ਵੱਖ-ਵੱਖ ਵਿਭਾਗਾਂ ਦੇ ਆਪਸੀ ਤਾਲਮੇਲ ਤੇ ਆਫ਼ਤ ਪ੍ਰਬੰਧਨ ਸਮਰੱਥਾ ਦੀ ਪ੍ਰਭਾਵਸ਼ਾਲੀ ਜਾਂਚ ਹੋਈ ਹੈ। ਉਨ੍ਹਾਂ ਸਹਿਯੋਗ ਲਈ ਜ਼ਿਲ੍ਹਾ ਵਾਸੀਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਸਬ ਰਜਿਸਟਰਾਰ ਹੁਸ਼ਿਆਰਪੁਰ ਹਰਜੋਤ ਸਿੰਘ, ਚੀਫ਼ ਵਾਰਡਨ ਸਿਵਲ ਡਿਫੈਂਸ ਐਡ. ਲੋਕੇਸ਼ ਪੁਰੀ, ਡਿਪਟੀ ਚੀਫ਼ ਵਾਰਡਨ ਪ੍ਰਮੋਦ ਸ਼ਰਮਾ, ਪੰਜਾਬ ਹੋਮ ਗਾਰਡਜ਼ ਦੇ ਕਮਾਂਡਰ ਟ੍ਰੇਨਿੰਗ ਸੈਂਟਰ ਮਨਿੰਦਰ ਸਿੰਘ ਹੀਰਾ, ਕੰਪਨੀ ਕਮਾਂਡਰ ਅਤਿੰਦਰ ਸਿੰਘ, ਕੰਪਨੀ ਕਮਾਂਡਰ ਦਵਿੰਦਰ ਸਿੰਘ ਤੋਂ ਇਲਾਵਾ ਹੋਰ ਵਲੰਟੀਅਰ ਤੇ ਐਨਸੀਸੀ ਕੈਡਿਟਸ ਵੀ ਮੌਜੂਦ ਸਨ।

# ਵਿਧਾਇਕ ਜ਼ਿੰਪਾ ਵੱਲੋਂ ਜ਼ਮੀਨਦੋਜ਼ ਨਾਲਿਆਂ ਰਾਹੀਂ ਖੇਤਾਂ ਦੀ ਸਿੰਚਾਈ ਲਈ ਵਰਤਣ ਵਾਲੇ ਪ੍ਰੋਜੈਕਟ ਦਾ ਉਦਘਾਟਨ



ਹੁਸ਼ਿਆਰਪੁਰ, 25 ਅਪ੍ਰੈਲ (ਪਰਮਿੰਦਰ ਘੁੰਮਣ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ੁੱਕਰਵਾਰ ਨੂੰ ਸੀਵਰੇਜ ਟ੍ਰੀਟਮੈਂਟ ਪਲਾਂਟ ਪਿਪਲਾਂਵਾਲਾ, ਹੁਸ਼ਿਆਰਪੁਰ ਵਿੱਚ 30 ਐਮ.ਐਲ.ਡੀ. ਸੋਧੇ ਪਾਣੀ ਨੂੰ ਜ਼ਮੀਨਦੋਜ਼ ਨਾਲਿਆਂ ਰਾਹੀਂ ਖੇਤਾਂ ਦੀ ਸਿੰਚਾਈ ਲਈ ਵਰਤਣ ਵਾਲੇ ਮਹੱਤਵਪੂਰਨ ਪ੍ਰੋਜੈਕਟ ਦਾ ਉਦਘਾਟਨ ਕੀਤਾ। ਭੂਮੀ ਸੁਰੱਖਿਆ ਵਿਭਾਗ ਵੱਲੋਂ ਕਰੀਬ 11 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਇਸ ਪ੍ਰੋਜੈਕਟ ਨਾਲ ਕਿਸਾਨਾਂ ਨੂੰ ਸਿੰਚਾਈ ਲਈ ਪ੍ਰਚੂਰ ਪਾਣੀ ਉਪਲਬਧ ਹੋਵੇਗਾ ਤੇ ਕੁਦਰਤੀ ਜਲ ਸਰੋਤਾਂ 'ਤੇ ਨਿਰਭਰਤਾ ਘਟੇਗੀ। ਇਸ ਨਾਲ ਨਾ ਸਿਰਫ਼ ਪਾਣੀ ਦੀ ਬੱਚਤ ਹੋਵੇਗੀ ਸਗੋਂ ਕਿਸਾਨ ਉਚ ਕਿਸਮ ਦੀ ਖੇਤੀ ਕਰਨ ਦੇ ਯੋਗ ਵੀ ਬਣਨਗੇ। ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪਿਪਲਾਂਵਾਲਾ ਸਥਿਤ ਸੀਵਰੇਜ ਟ੍ਰੀਟਮੈਂਟ ਪਲਾਂਟ ਤੋਂ ਸੋਧ ਹੋ ਕੇ ਨਿਕਲਣ ਵਾਲਾ ਪਾਣੀ ਹੁਣ ਇਲਾਕੇ ਦੇ ਸੱਤ ਪਿੰਡਾਂ ਦੇ ਕਿਸਾਨਾਂ ਨੂੰ ਸਿੰਚਾਈ ਲਈ ਉਪਲਬਧ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਹੱਤਵਪੂਰਨ ਯੋਜਨਾ ਅਧੀਨ ਲਗਭਗ 40 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਈ ਗਈ ਹੈ, ਜਿਸ ਰਾਹੀਂ ਸੋਧਿਆ ਪਾਣੀ ਖੇਤਾਂ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਵਾਤਾਵਰਨ ਸੰਰੱਖਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਵਿਭਾਗੀ ਅਧਿਕਾਰੀਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਯੋਜਨਾ ਕਿਸਾਨਾਂ ਦੀ ਆਰਥਿਕ ਮਜ਼ਬੂਤੀ ਤੇ ਜਲ ਸਰੋਤਾਂ ਦੇ ਬਿਹਤਰ ਪ੍ਰਬੰਧਨ ਵੱਲ ਇੱਕ ਮੀਲ ਪੱਥਰ ਸਾਬਤ ਹੋਵੇਗੀ। ਇਸ ਪ੍ਰੋਜੈਕਟ ਨਾਲ ਖੇਤੀ ਦੀ ਲਾਗਤ ਘਟੇਗੀ ਤੇ ਜਲ ਸੰਕਟ ਨਾਲ ਜੂਝ ਰਹੇ ਖੇਤਰਾਂ ਨੂੰ ਰਾਹਤ ਮਿਲੇਗੀ। ਇਸ ਮੌਕੇ ਸੁਰਿੰਦਰ ਕੁਮਾਰ, ਜਸਵੰਤ ਰਾਇ, ਸਤੀਸ਼ ਸੈਨੀ, ਰਾਕੇਸ਼ ਸ਼ਰਮਾ, ਤਰਨਜੀਤ ਸਿੰਘ, ਮਨਜੋਤ ਕੌਰ, ਸੰਜੇ ਸ਼ਰਮਾ ਸਮੇਤ ਹੋਰ ਪਤਵੰਤੇ ਵਿਅਕਤੀ ਹਾਜ਼ਰ ਸਨ।

# ਰਮਨ ਬਹਿਲ ਨੇ 8 ਕਰੋੜ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ 66 ਕੇ.ਵੀ. ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ



ਗੁਰਦਾਸਪੁਰ, 25 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ ਲਗਾਤਾਰ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਗੁਰਦਾਸਪੁਰ ਸ਼ਹਿਰ ਵਾਸੀਆਂ ਨੂੰ ਵੱਡਾ ਤੋਹਫਾ ਦਿੰਦਿਆਂ 8 ਕਰੋੜ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ 66 ਕੇ.ਵੀ. ਸਬ-ਸਟੇਸ਼ਨ ਦਾ ਨੀਂਹ ਪੱਥਰ ਪਾਵਰ ਕਲੋਨੀ, ਜੇਲ੍ਹ ਰੋਡ ਗੁਰਦਾਸਪੁਰ ਵਿਖੇ ਰੱਖਿਆ। ਇਸ ਮੌਕੇ ਅਰਵਿੰਦਰਜੀਤ ਸਿੰਘ ਬੋਪਾਰਾਏ, ਚੀਫ਼ ਇੰਜੀਨੀਅਰ ਬਾਰਡਰ ਜ਼ੋਨ, ਪਾਵਰਕਾਮ ਵੀ ਮੌਜੂਦ ਸਨ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ 66 ਕੇ.ਵੀ. ਨਵੇਂ ਸਬ-ਸਟੇਸ਼ਨ ਬਣਨ ਨਾਲ ਸ਼ਹਿਰ ਵਾਸੀਆਂ ਨੂੰ ਹੋਰ ਬਿਹਤਰ ਢੰਗ ਨਾਲ ਬਿਜਲੀ ਸਪਲਾਈ ਮੁਹੱਈਆ ਹੋਵੇਗੀ, ਜਿਸ ਨਾਲ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੂੰ ਫਾਇਦਾ ਮਿਲੇਗਾ। ਉਨ੍ਹਾਂ ਦੱਸਿਆ ਕਿ ਟੈਂਡਰ ਲੱਗ ਚੁੱਕਾ ਹੈ ਤੇ ਜਲਦ ਕੰਮ ਸ਼ੁਰੂ ਹੋ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵਿਧਾਨ ਸਭਾ ਹਲਕੇ ਗੁਰਦਾਸਪੁਰ ਅੰਦਰ ਪਿਛਲੇ ਚਾਰ ਸਾਲਾਂ ਵਿੱਚ ਲੋਕ ਹਿੱਤ ਵਿੱਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਹਨ ਤੇ ਵਿਕਾਸ ਕੰਮ ਨਿਰੰਤਰ ਜਾਰੀ ਹਨ। ਰਮਨ ਬਹਿਲ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਸ਼ਹਿਰ ਸਮੇਤ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਵਿਕਾਸ ਕਾਰਜ ਕੀਤੇ ਹਨ ਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਇਸ ਮੌਕੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਐਡ. ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਕੁਲਦੀਪ ਸਿੰਘ, ਚੇਅਰਮੈਨ ਰਜਿੰਦਰ ਨੰਦਾ, ਗਗਨ ਮਹਾਜਨ, ਵਪਾਰ ਮੰਡਲ ਦੇ ਪ੍ਰਧਾਨ ਅਸ਼ਵਨੀ ਮਹਾਜਨ, ਹਿਤੇਸ਼ ਮਹਾਜਨ ਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਆਜ਼ਾਦੀ ਤੋਂ ਬਾਅਦ ਪਿੰਡ ਸੈਦਪੁਰ ਥੇਹ ਨੂੰ ਸੜਕ ਬਣਨ ਦੀ ਆਸ ਬੱਝੀ

ਨਵਾਂਸ਼ਹਿਰ, 25 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਪਿੰਡ ਗਰਚਾ ਤੋਂ ਤਾਜਪੁਰ ਨੂੰ ਜਾਂਦੀ ਸੜਕ ਵਾਇਆ ਸੈਦਪੁਰ ਥੇਹ ਜਿੱਥੇ ਕਿ ਪਿੰਡ ਵਾਸੀਆਂ ਨੂੰ ਅਜੇ ਤੱਕ ਸੜਕ ਨਹੀਂ ਨਸੀਬ ਹੋਈ, ਜਾਣਕਾਰੀ ਦਿੰਦੇ ਹੋਏ ਪਿੰਡ ਵਾਸੀ ਰਜਿੰਦਰ ਸਿੰਘ ਸੈਦਪੁਰੀ, ਅਮਰੀਕ ਸਿੰਘ ਪੰਚ, ਦਲੇਰ ਸਿੰਘ ਪੰਚ, ਮਨਜੀਤ ਸਿੰਘ ਨੰਬਰਦਾਰ, ਗੁਲਜ਼ਾਰ ਸਿੰਘ ਸਾਬਕਾ ਸਰਪੰਚ, ਕਰਨੈਲ ਸਿੰਘ ਸਰਪੰਚ, ਡਾ. ਸੁਸ਼ੀਲ ਕੁਮਾਰ ਸੇਵਾ ਮੁਕਤ ਅਧਿਕਾਰੀ ਤੇ ਦਵਿੰਦਰ ਕੁਮਾਰ ਜਲਾਹ ਮਾਜਰਾ ਨੇ ਦੱਸਿਆ ਕਿ ਭਾਰਤ ਦੀ ਆਜ਼ਾਦੀ ਦੇ 80 ਸਾਲ ਬੀਤ ਜਾਣ ਦੇ ਬਾਵਜੂਦ ਵੀ ਇਸ ਪਿੰਡ ਨੂੰ ਕੋਈ ਪੱਕੀ ਸੜਕ ਨਸੀਬ ਨਹੀਂ ਹੋਈ। ਜ਼ਿਕਰਯੋਗ ਹੈ ਕਿ ਦੋਆਬਾ ਏਰੀਆ ਜੋ ਕਿ ਸੜਕਾਂ ਦੇ ਨਾਮ-ਨਾਲ ਜਾਣਿਆ ਜਾਂਦਾ ਹੈ ਤੇ ਹਰੇਕ ਪਿੰਡ ਤੋਂ ਚਾਰ ਪੰਜ ਪਿੰਡਾਂ ਨੂੰ ਸੜਕਾਂ ਜੁੜਦੀਆਂ ਹਨ ।ਪਰ ਸੈਦਪੁਰ ਥੇਹ ਪਿੰਡ ਇਨ੍ਹਾਂ ਸਹੂਲਤਾਂ ਤੋਂ ਵਾਂਝਾ ਹੈ। ਜਿਸ ਕਾਰਨ ਪਿੰਡ ਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਰਜਿੰਦਰ ਸਿੰਘ ਸੈਦਪੁਰੀ ਨੇ ਦੱਸਿਆ ਕਿ ਜੇਕਰ ਇਹ ਸੜਕ ਬਣ ਜਾਂਦੀ ਹੈ ਤਾਂ ਨੇੜਲੇ ਪਿੰਡਾਂ ਨੂੰ ਇਸ ਦਾ ਬਹੁਤ ਫਾਇਦਾ ਹੋਵੇਗਾ, ਘੱਟੋ-ਘੱਟ 10 ਪਿੰਡਾਂ ਨੂੰ ਫਾਇਦਾ ਪਹੁੰਚੇਗਾ, ਜੋ ਕਿ ਆਪਣੀ ਫਸਲ ਦੂਰ ਦਰਾਡੇ ਲਿਜਾ ਕੇ ਚੰਗੇ ਮੁੱਲ ਵਿੱਚ ਵੇਚ ਸਕਦੇ ਹੋ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨਾਲ ਰਾਬਤਾ ਕਾਇਮ ਕੀਤਾ ਹੈ, ਜਿਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਇਹ ਸੜਕ ਜਲਦੀ ਹੀ ਬਣਾ ਦਿੱਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਕੋਈ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸੜਕਾਂ ਲਈ ਵਿਸ਼ੇਸ਼ ਬਜਟ ਰੱਖਿਆ ਗਿਆ ਹੈ ਤਾਂ ਜੋ ਹਰੇਕ ਪਿੰਡ ਨੂੰ ਸੜਕਾਂ ਨਾਲ ਜੋੜਿਆ ਜਾ ਸਕੇ। ਇਸ ਮੌਕੇ ਮਨਵੀਰ ਸਿੰਘ, ਕਾਂਤਾ ਰਾਣੀ, ਬਲਵਿੰਦਰ ਸਿੰਘ, ਸਤਪਾਲ, ਪ੍ਰਸ਼ੋਤਮ ਲਾਲ, ਜੋਗਾ ਸਿੰਘ ਆਦਿ ਹਾਜ਼ਰ ਸਨ।



# ਸਿੱਖਿਆ ਕ੍ਰਾਂਤੀ ਤਹਿਤ ਪਿੰਡ ਮੱਲੂ ਨੰਗਲ 'ਚ ਸਾਇੰਸ ਲਾਇਬ੍ਰੇਰੀ ਦਾ ਉਦਘਾਟਨ



ਅਜਨਾਲਾ, 25 ਅਪ੍ਰੈਲ (ਸੁਖਦੇਵ ਸਿੰਘ ਖਾਲਸਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸਿੱਖਿਆ ਕ੍ਰਾਂਤੀ ਨੂੰ ਹੋਰ ਮਜ਼ਬੂਤੀ ਦਿੰਦਿਆਂ, ਹਲਕਾ ਰਾਜਾਸਾਂਸੀ ਦੇ ਇੰਚਾਰਜ ਤੇ ਨਸ਼ਾ ਮੁਕਤੀ ਮੋਰਚਾ ਮਾਝਾ ਜ਼ੋਨ ਦੀ ਕੋਆਰਡੀਨੇਟਰ ਸੋਨੀਆ ਮਾਨ ਵੱਲੋਂ ਸਰਕਾਰੀ ਹਾਈ ਸਕੂਲ, ਪਿੰਡ ਮੱਲੂ ਨੰਗਲ ਵਿਖੇ ਨਵੀਂ ਤਿਆਰ ਕੀਤੀ ਗਈ ਸਾਇੰਸ ਲਾਇਬ੍ਰੇਰੀ ਬਿਲਡਿੰਗ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੋਨੀਆ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਵੱਡੇ ਸੁਧਾਰ ਕਰ ਰਹੀ ਹੈ ਤੇ ਸਕੂਲਾਂ ਦੀ ਬੁਨਿਆਦੀ ਢਾਂਚਾਗਤ ਸਹੂਲਤਾਂ ਨੂੰ ਆਧੁਨਿਕ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਾਇੰਸ ਲਾਇਬ੍ਰੇਰੀ ਨਾਲ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਨੂੰ ਵਧਾਉਣ ਤੇ ਪ੍ਰਯੋਗਾਤਮਕ ਸਿੱਖਿਆ ਪ੍ਰਾਪਤ ਕਰਨ ਵਿੱਚ ਵੱਡੀ ਮਦਦ ਮਿਲੇਗੀ। ਉਨ੍ਹਾਂ ਹੋਰ ਕਿਹਾ ਕਿ ਨਵੀਂ ਪੀੜ੍ਹੀ ਨੂੰ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ ਤੇ ਇਸ ਤਰ੍ਹਾਂ ਦੇ ਪ੍ਰੋਜੈਕਟ ਵਿਦਿਆਰਥੀਆਂ ਦੇ ਭਵਿੱਖ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਸਕੂਲ ਦੇ ਸਟਾਫ ਤੇ ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਸਿੰਘ ਵੜੈਚ, ਹਲਕਾ ਰਾਜਾਸਾਂਸੀ ਸੰਗਠਨ ਇੰਚਾਰਜ ਰਾਜਬੀਰ ਸਿੰਘ ਟੋਲਾ ਨੰਗਲ, ਸਰਪੰਚ ਸੁਖਚੈਨ ਸਿੰਘ ਅਦਲੀਵਾਲਾ, ਨਸ਼ਾ ਮੁਕਤੀ ਮੋਰਚਾ ਹਲਕਾ ਕੋਆਰਡੀਨੇਟਰ ਸੁਖਦੀਪ ਸਿੰਘ ਛੀਨਾ ਵੀ ਹਾਜ਼ਰ ਸਨ।

# ਵਿਸ਼ਵ ਮਲੇਰੀਆ ਦਿਵਸ ਮਨਾਇਆ



ਦਸੂਹਾ, 25 ਅਪ੍ਰੈਲ (ਰਾਜਿੰਦਰ ਸਿੰਘ ਦਸੂਹਾ): ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰੋਹਿਤ ਬਰੂਟਾ ਪੀ.ਐਚ.ਸੀ. ਮੰਡ ਭੰਡੇਰ ਦੀ ਯੋਗ ਅਗਵਾਈ ਹੇਠ ਮਲੇਰੀਆ ਜਾਗਰੂਕਤਾ ਕੈਂਪ ਆਯੁਸ਼ਮਾਨ ਆਰੋਗਿਆ ਕੇਂਦਰ ਪੰਡੋਰੀ ਅਰਾਈਆਂ ਅਧੀਨ ਆਉਂਦੇ ਸਰਕਾਰੀ ਮਿਡਲ ਸਕੂਲ ਪੰਡੋਰੀ ਅਰਾਈਆਂ ਵਿਖੇ ਲਗਾਇਆ ਗਿਆ। ਇਸ ਮੌਕੇ ਰਜਿੰਦਰ ਸਿੰਘ ਹੀਰ ਹੈਲਥ ਵਰਕਰ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਹ ਮੱਛਰ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦੇ ਹਨ ਤੇ ਇਹ ਮੱਛਰ ਰਾਤ ਤੋਂ ਸਵੇਰ ਵੇਲੇ ਕੱਟਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਮਲੇਰੀਆ ਬੁਖਾਰ ਦੇ ਲੱਛਣ ਠੰਢ ਤੇ ਕਾਂਬੇ ਨਾਲ ਬੁਖ਼ਾਰ, ਤੇਜ਼ ਬੁਖ਼ਾਰ ਤੇ ਸਿਰਦਰਦ, ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਹੋ ਸਕਦੇ ਹਨ।ਮਲੇਰੀਆ ਦੀ ਰੋਕਥਾਮ ਸਾਡੀ ਸਭ ਦੀ ਜ਼ਿੰਮੇਵਾਰੀ ਹੈ। ਮਲੇਰੀਆ ਤੋਂ ਬਚਾਓ ਲਈ ਸਾਨੂੰ ਘਰਾਂ ਦੇ ਆਲੇ-ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਬੁਖਾਰ ਹੋਣ 'ਤੇ ਤੁਰੰਤ ਨੇੜੇ ਦੀ ਸਿਹਤ ਸੰਸਥਾ ਜਾਂ ਸਰਕਾਰੀ ਹਸਪਤਾਲ ਨਾਲ ਸੰਪਰਕ ਕਰੋ। ਮਲੇਰੀਆ ਦਾ ਟੈਸਟ ਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ। ਇਸ ਮੌਕੇ ਅਧਿਆਪਕ ਤੇ ਸਕੂਲ ਦੇ ਦੋ ਬੱਚੇ ਹਾਜ਼ਰ ਸਨ।

# ਬੇਅਦਬੀ ਕਾਨੂੰਨ ਨਾਲ ਧਾਰਮਿਕ ਅਦਬ-ਸਤਿਕਾਰ ਨੂੰ ਹੋਰ ਮਜ਼ਬੂਤੀ ਮਿਲੇਗੀ: ਖ਼ਾਲਸਾ



ਗੁਰਦਾਸਪੁਰ, 25 ਅਪ੍ਰੈਲ (ਜਸਵਿੰਦਰ ਸਿੰਘ): ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਲਿਆਂਦਾ ਗਿਆ ਬਿੱਲ ਹੁਣ ਰਾਜਪਾਲ ਦੇ ਦਸਤਖ਼ਤਾਂ ਨਾਲ ਕਾਨੂੰਨ ਬਣ ਗਿਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਸੀਨੀਅਰ ਆਗੂ ਰਘੁਬੀਰ ਸਿੰਘ ਖ਼ਾਲਸਾ ਨਗਰ ਸੁਧਾਰ ਟਰੱਸਟ ਟਰੱਸਟੀ ਗੁਰਦਾਸਪੁਰ ਨੇ ਕਿਹਾ ਕਿ ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ ਉਮਰ ਕੈਦ ਤੇ ਜੁਰਮਾਨੇ ਦੀ ਸਜ਼ਾ ਦਾ ਪ੍ਰਾਵਧਾਨ ਕੀਤਾ ਗਿਆ ਹੈ। ਇਹ ਮਹੱਤਵਪੂਰਨ ਕਦਮ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਵੱਲ ਇੱਕ ਮਜ਼ਬੂਤ ਸੰਦੇਸ਼ ਦਿੰਦਾ ਹੈ। ਇਹ ਬਿੱਲ ਪਹਿਲਾਂ ਪੰਜਾਬ ਸਰਕਾਰ ਵੱਲੋਂ ਕੈਬਨਿਟ ਮੀਟਿੰਗ ਵਿੱਚ ਮਨਜ਼ੂਰ ਕੀਤਾ ਗਿਆ ਸੀ, ਜਿਸ ਤੋਂ ਬਾਅਦ ਇਸ ਨੂੰ ਗਵਰਨਰ ਸਾਹਿਬ ਕੋਲ ਮਨਜ਼ੂਰੀ ਲਈ ਭੇਜਿਆ ਗਿਆ, ਪਿਛਲੇ ਦਿਨੀਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵਿੱਚ ਇਹ ਬਿੱਲ ਪਾਸ ਕੀਤਾ ਗਿਆ ਸੀ, ਜਿਸ ਨੂੰ ਅੱਜ ਗਵਰਨਰ ਵੱਲੋਂ ਮਨਜ਼ੂਰੀ ਮਿਲਣ ਉਪਰੰਤ ਕਾਨੂੰਨ ਦਾ ਦਰਜਾ ਪ੍ਰਾਪਤ ਹੋ ਗਿਆ ਹੈ। ਇਹ ਦਿਨ ਪੰਜਾਬ ਦੇ ਇਤਿਹਾਸ ਵਿੱਚ ਬਹੁਤ ਮਹੱਤਵਪੂਰਨ ਮੰਨਿਆ ਜਾਵੇਗਾ, ਕਿਉਂਕਿ ਇਸ ਫ਼ੈਸਲੇ ਨਾਲ ਧਾਰਮਿਕ ਅਦਬ-ਸਤਿਕਾਰ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਸਮਾਜ ਵਿੱਚ ਸਕਾਰਾਤਮਕ ਸੰਦੇਸ਼ ਜਾਵੇਗਾ ।ਇਸ ਕਾਨੂੰਨ ਦੇ ਲਾਗੂ ਹੋਣ ਨਾਲ ਬੇਅਦਬੀ ਵਰਗੀਆਂ ਘਟਨਾਵਾਂ 'ਤੇ ਕੜੀ ਨਜ਼ਰ ਰੱਖੀ ਜਾਵੇਗੀ ਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ।

# ਰਾਜਪਾਲ ਗੁਰਮੀਤ ਸਿੰਘ ਨੇ ਗੁਰਬਖਸ਼ ਸਿੰਘ ਨਾਲ ਮੁਲਾਕਾਤ ਕੀਤੀ



ਚੌਕ ਮਹਿਤਾ, 25 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਉਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਵੱਲੋਂ ਬੀਤੇ ਦਿਨੀਂ ਆਪਣੇ ਜੱਦੀ ਪਿੰਡ ਜਲਾਲਉਸਮਾਂ ਦੇ ਦੌਰੇ ਦੌਰਾਨ ਟਕਸਾਲੀ ਕਾਂਗਰਸੀ ਆਗੂ ਗੁਰਬਖਸ਼ ਸਿੰਘ ਰੰਧਾਵਾ ਸਰਪੰਚ ਦੇ ਗ੍ਰਹਿ ਵਿਖੇ ਪੁੱਜ ਕੇ ਸਮੂਹ ਰੰਧਾਵਾ ਪਰਿਵਾਰ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ ਤੇ ਲੰਬੇ ਸਮੇਂ ਤੋਂ ਬਿਮਾਰ ਚੱਲ ਰਹੇ ਸਾਬਕਾ ਸਰਪੰਚ ਗੁਰਬਖਸ਼ ਸਿੰਘ ਦਾ ਹਾਲ-ਚਾਲ ਪਤਾ ਕਰਦੇ ਹੋਏ ਜਲਦੀ ਸਿਹਤਯਾਬੀ ਦੀ ਅਰਦਾਸ ਕੀਤੀ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਉਨ੍ਹਾਂ ਦਾ ਇਸ ਪਰਿਵਾਰ ਨਾਲ ਬਹੁਤ ਮਰਹੂਮ ਕਾਂਗਰਸੀ ਆਗੂ ਪਸਤੌਲ ਸਿੰਘ ਦੇ ਸਮੇਂ ਤੋਂ ਪੁਰਾਣਾ ਪਿਆਰ ਹੈ, ਜਿਸ ਲਈ ਉਹ ਇਸ ਪਰਿਵਾਰ ਨੂੰ ਮਿਲਣ ਲਈ ਇੱਥੇ ਪੁੱਜੇ ਹਨ। ਉਨ੍ਹਾਂ ਨੇ ਮਾ.ਗੁਰਪ੍ਰੀਤ ਸਿੰਘ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਜੋ ਉਹ ਇੱਥੇ ਆਪਣਾ ਜੱਦੀ ਪਿੰਡ ਆ ਕੇ ਆਪਣੇ ਪਰਿਵਾਰ ਤੇ ਆਪਣੇ ਪੁਰਾਣੇ ਸਾਥੀਆਂ ਨੂੰ ਮਿਲ ਰਹੇ ਹਨ ਜਾਂ ਆਪਣੇ ਜੱਦੀ ਘਰ ਨੂੰ ਦੇਖ ਰਹੇ ਹਨ ਤਾਂ ਉਸਦਾ ਸਾਰਾ ਸਿਹਰਾ ਇਸ ਨੌਜਵਾਨ ਨੂੰ ਜਾਂਦਾ ਹੈ, ਜਿਸਨੇ ਉਤਰਾਖੰਡ ਵਿਖੇ ਰਾਜਪਾਲ ਭਵਨ 'ਚ ਮੁਲਾਕਾਤ ਦੌਰਾਨ ਪਿੰਡ ਆਉਣ ਦਾ ਸੱਦਾ ਦਿੱਤਾ ਸੀ ਤੇ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਪਿੰਡ ਆਉਣ ਦੀ ਮੇਰੀ ਇੱਛਾ ਨੂੰ ਹੋਰ ਵਧਾ ਦਿੱਤਾ ਸੀ। ਇਸ ਦੌਰਾਨ ਉਨ੍ਹਾਂ ਨੇ ਆਲ ਇੰਡੀਆ 'ਚ 130 ਰੈਂਕ ਨਾਲ ਐਨ.ਡੀ.ਏ.ਪਾਸ ਕਰਕੇ ਲੈਫਟੀਨੈਂਟ ਬਣੇ ਰੰਧਾਵਾ ਪਰਿਵਾਰ ਦੇ ਹੋਣਹਾਰ ਸਪੁੱਤਰ ਏਕਨੂਰ ਸਿੰਘ ਨਾਲ ਵੀ ਗੱਲਬਾਤ ਕੀਤੀ ਤੇ ਮਾਨਮੱਤੀ ਪ੍ਰਾਪਤੀ ਲਈ ਦਿਲੀ ਵਧਾਈ ਦਿੱਤੀ। ਉਨ੍ਹਾਂ ਨੇ ਏਕਨੂਰ ਦੀ ਉਦਾਹਰਣ ਦਿੰਦੇ ਹੋਏ ਕਿਹਾ ਕਿ ਜੇਕਰ ਮਨ 'ਚ ਜਜ਼ਬਾ ਹੋਵੇ ਤੇ ਸਖਤ ਮਿਹਨਤ ਦੀ ਲਗਨ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ। ਉਨ੍ਹਾਂ ਨੇ ਨੌਜਵਾਨ ਲੜਕੇ ਤੇ ਲੜਕੀਆਂ ਨੂੰ ਦਿਲ ਲਗਾ ਕੇ ਪੜ੍ਹਨ ਤੇ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜ ਕੇ ਇੱਕ ਵਧੀਆ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਤਾਂ ਜੋ ਸਮਾਜ ਨੂੰ ਸਹੀ ਸੇਧ ਦਿੱਤੀ ਜਾ ਸਕੇ।ਇਸ ਮੌਕੇ ਚੇਅਰਮੈਨ ਸੁਖਦੇਵ ਸਿੰਘ, ਸੁਖਜੀਤ ਸਿੰਘ ਮਾਨ, ਡਾ.ਅਜੈਪਾਲ ਸਿੰਘ ਰੰਧਾਵਾ, ਰਸ਼ਪਾਲ ਸਿੰਘ ਪਟਵਾਰੀ, ਸ਼ਿਵਰਾਜ ਤਰਸਿੱਕਾ, ਬਲਵਿੰਦਰ ਮਰੜ੍ਹੀ, ਗੁਰਮਿੰਦਰ ਸਿੰਘ ਡਿੰਪਾ ਜਲਾਲ, ਕੰਵਲਜੀਤ ਸਿੰਘ ਪ੍ਰਧਾਨ, ਸੁਰਜੀਤ ਮਾਨ, ਡਾ.ਅਮਰਜੀਤ ਸਿੰਘ, ਦਿਲਬਾਗ ਸਿੰਘ, ਪਰਮਬੀਰ ਸਿੰਘ, ਜਸਬੀਰ ਸਿੰਘ ਸ਼ਾਹ, ਕੁਲਵੰਤ ਸਿੰਘ, ਕੁਲਜੀਤ ਸਿੰਘ ਚਰਨ ਸਿੰਘ, ਬਚਿੱਤਰ ਸਿੰਘ, ਮੋਹਨ ਸਿੰਘ, ਗੁ.ਕਮੇਟੀ ਪਰਧਾਨ ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਨੇਤਰਪਾਲ ਸਿੰਘ, ਇਕਬਾਲ ਸਿੰਘ, ਗੁਰਸਾਹਿਬ ਸਿੰਘ, ਪ੍ਰਿੰਸ ਤੇ ਗੁਰਮੀਤ ਸਿੰਘ, ਹਰਪ੍ਰੀਤ ਸਿੰਘ, ਨਵਪ੍ਰੀਤ ਸਿੰਘ, ਜਰਮਨਜੀਤ ਸਿੰਘ ਆਦਿ ਮੌਜੂਦ ਸਨ।

# ਸੀਨੀਅਰ ਸੈਕੰਡਰੀ ਸਕੂਲ ਜਨੌੜੀ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ




ਗੜ੍ਹਦੀਵਾਲਾ, 25 ਅਪ੍ਰੈਲ (ਗੌਰਵ): ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਡਾ. ਜਗਦੀਪ ਸਿੰਘ ਜ਼ਿਲ੍ਹਾ ਐਪੀਡੀਮੋਲੋਜਿਸਟ ਤੇ ਐਸ.ਐਮ.ਓ. ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਪੀ.ਐਚ.ਸੀ. ਭੂੰਗਾ ਦੀ ਅਗਵਾਈ ਹੇਠ ਸੀਨੀਅਰ ਸੈਕੰਡਰੀ ਸਕੂਲ ਜਨੌੜੀ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਸਮੇਂ ਹੈਲਥ ਇੰਸਪੈਕਟਰ ਅਮਿਤ ਸ਼ਰਮਾ ਨੇ ਲੋਕਾਂ ਨੂੰ ਦੱਸਿਆ ਗਿਆ ਕਿ ਵਿਸ਼ਵ ਮਲੇਰੀਆ ਦਿਵਸ ਹਰ ਸਾਲ 25 ਅਪ੍ਰੈਲ ਨੂੰ ਦੁਨੀਆਂ ਭਰ ਵਿੱਚ ਮਲੇਰੀਏ ਦੇ ਖ਼ਾਤਮੇ ਤੇ ਬਚਾਅ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਹੈ। ਇਸ ਸਮੇਂ ਲੋਕਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਮਲੇਰੀਆ ਪੈਰਾਸਾਈਟ ਮਾਦਾ ਐਨਾਫਲੀਜ਼ ਮੱਛਰਾਂ ਰਾਹੀਂ ਫ਼ੈਲਦਾ ਹੈ ਤੇ ਇਹ ਮੱਛਰ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ ਤੇ ਸਵੇਰੇ-ਸ਼ਾਮ ਲੋਕਾਂ ਨੂੰ ਕੱਟਦਾ ਹੈ। ਇਸ ਲਈ ਸਾਨੂੰ ਸਵੇਰੇ-ਸ਼ਾਮ ਅਜਿਹੇ ਕੱਪੜੇ ਪਾਉਣੇ ਚਾਹੀਦੇ ਹਨ ਜਿਸ ਨਾਲ ਸਰੀਰ ਢੱਕਿਆ ਰਹੇ। ਇਸ ਮੌਕੇ ਸਿਹਤ ਕਰਮਚਾਰੀ ਜਤਿੰਦਰ ਕੁਮਾਰ ਨੇ ਲੋਕਾਂ ਨੂੰ ਦੱਸਿਆ ਕਿ ਸਾਨੂੰ ਆਪਣੇ ਘਰਾਂ ਜਾਂ ਆਲੇ ਦੁਆਲੇ ਪਏ ਟਾਇਰਾਂ ਜਾਂ ਭਾਂਡਿਆਂ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ ਤੇ ਛੱਤ 'ਤੇ ਲੱਗੀਆਂ ਪਾਣੀ ਦੀਆਂ ਟੈਂਕੀਆਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖਣਾ ਚਾਹੀਦਾ ਹੈ। ਆਲੇ-ਦੁਆਲੇ ਛੋਟੇ-ਛੋਟੇ ਟੋਇਆਂ ਨੂੰ ਮਿੱਟੀ ਨਾਲ ਭਰ ਦੇਣਾ ਚਾਹੀਦਾ ਤਾਂ ਕਿ ਇਨ੍ਹਾਂ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋ ਸਕੇ ਤੇ ਖ਼ੜ੍ਹੇ ਪਾਣੀ ਉੱਪਰ ਕਾਲੇ ਤੇਲ ਦਾ ਛਿੜਕਾਅ ਕਰ ਦੇਣਾ ਚਾਹੀਦਾ ਹੈ। ਇਸ ਸਮੇਂ ਹੈਲਥ ਇੰਸਪੈਕਟਰ ਅਮਿਤ ਸ਼ਰਮਾ, ਸਿਹਤ ਕਰਮਚਾਰੀ ਜਤਿੰਦਰ ਕੁਮਾਰ, ਬਲਵੀਰ ਕੌਰ ਏ.ਐਨ.ਐਮ., ਬੰਦਨਾ ਮਿਨਹਾਸ ਏ.ਐਨ.ਐਮ., ਪ੍ਰਿੰਸੀਪਲ ਰਣਜੀਤ ਸਿੰਘ, ਲੈਕ. ਹਰਵਿੰਦਰ ਸਿੰਘ, ਸੰਦੀਪ ਕੁਮਾਰ, ਲਲਿਤ ਕੁਮਾਰ, ਅੰਜਨਾ, ਅਜਵਿੰਦਰ ਕੌਰ ਤੇ ਵਿਦਿਆਰਥੀ ਹਾਜ਼ਰ ਸਨ।

# ਗੰਨੇ ਦੀ ਫ਼ਸਲ 'ਚ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਦੀ ਜ਼ਰੂਰਤ: ਕੇਨ ਕਮਿਸ਼ਨਰ



ਬਟਾਲਾ/ਗੁਰਦਾਸਪੁਰ, 25 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਫ਼ਸਲਾਂ ਵਿੱਚ ਸੰਤੁਲਿਤ ਖਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਚਲਾਈ ਮੁਹਿੰਮ ਤਹਿਤ ਦਫਤਰ ਗੰਨਾ ਕਮਿਸ਼ਨਰ ਪੰਜਾਬ ਤੇ ਸਮੂਹ ਖੰਡ ਮਿੱਲਾਂ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਪੰਜਾਬ ਭਰ ਦੀਆਂ ਨਿੱਜੀ ਤੇ ਸਹਿਕਾਰੀ ਖੰਡ ਮਿੱਲਾਂ ਦੇ ਸਹਿਯੋਗ ਨਾਲ ਇੱਕੋ ਦਿਨ 441 ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਕਰਕੇ 4363 ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਫ਼ਸਲ ਵਿੱਚ ਸੰਤੁਲਿਤ ਖਾਦਾਂ ਦੀ ਵਰਤੋਂ ਖਾਸ ਕਰਕੇ ਯੂਰੀਆ ਖਾਦ ਦੀ ਵਰਤੋਂ ਸਿਫਾਰਸ਼ਾਂ ਅਨੁਸਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਲੜੀ ਤਹਿਤ ਪਿੰਡ ਸਹਾਰੀ ਵਿੱਚ ਕੀਤੀ ਮੀਟਿੰਗ ਵਿੱਚ ਇਕੱਤਰ ਗੰਨਾ ਕਾਸ਼ਤਕਾਰਾਂ ਨਾਲ ਗੱਲਬਾਤ ਕਰਦਿਆਂ ਡਾ.ਅਮਰੀਕ ਸਿੰਘ ਨੇ ਕਿਹਾ ਕਿ ਯੂਰੀਆ ਦੀ ਵੱਧ ਰਹੀ ਖਪਤ ਦੇ ਮੱਦੇਨਜ਼ਰ ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਸਰਕਾਰ ਵੱਲੋਂ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਫ਼ਸਲ ਵਿੱਚ ਸੰਤੁਲਿਤ ਖਾਦਾਂ ਦੀ ਵਰਤੋਂ ਲਈ ਚਲਾਈ ਮੁਹਿੰਮ ਤਹਿਤ ਪਿੰਡ ਪੱਧਰ, ਬਲਾਕ ਤੇ ਜ਼ਿਲ੍ਹਾ ਪੱਧਰ 'ਤੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੰਨੇ ਦੀ ਫ਼ਸਲ ਲੰਬੇ ਸਮੇਂ ਦੀ ਫ਼ਸਲ ਹੋਣ ਕਾਰਨ ਆਮ ਫ਼ਸਲਾਂ ਜਿਵੇਂ ਕਣਕ ਝੋਨੇ, ਮੱਕੀ ਆਦਿ ਨਾਲੋਂ ਗੰਨੇ ਦੀ ਫ਼ਸਲ ਨੂੰ ਜ਼ਿਆਦਾ ਮਾਤਰਾ ਵਿੱਚ ਖੁਰਾਕੀ ਤੱਤਾਂ ਦੀ ਜ਼ਰੂਰਤ ਪੈਂਦੀ ਹੈ ਤੇ ਪੀਏਯੂ ਲੁਧਿਆਣਾ ਵੱਲੋਂ ਬੀਜੜ੍ਹ ਗੰਨੇ ਦੀ ਫ਼ਸਲ ਲਈ 135 ਕਿਲੋ ਯੂਰੀਆ ਤੇ ਮੂਢੀ ਫ਼ਸਲ ਲਈ 195 ਕਿਲੋ ਯੂਰੀਆ ਪ੍ਰਤੀ ਏਕੜ ਸਿਫਾਰਸ਼ ਕੀਤੀ ਗਈ ਹੈ ਪ੍ਰੰਤੂ ਗੰਨਾ ਕਾਸ਼ਤਕਾਰਾਂ ਵੱਲੋਂ ਸਿਫਾਰਸ਼ਾਂ ਤੋਂ ਜ਼ਿਆਦਾ ਵਰਤੋਂ ਕਰਨ ਨਾਲ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ।ਡਾ. ਪਵਿਤਰ ਸਿੰਘ ਮੁੱਖ ਗੰਨਾ ਵਿਕਾਸ ਅਫਸਰ ਨੇ ਕਿਹਾ ਕਿ ਬਹਾਰ ਦੇ ਗੰਨੇ ਦੀ ਬਜਾਈ ਤਕਰੀਬਨ ਖਤਮ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਯੂਰੀਆ ਤੋਂ ਇਲਾਵਾ ਫਾਸਫੇਟਕ ਤੇ ਪਟਾਸ਼ ਖਾਦ ਦੀ ਵਰਤੋਂ ਮਿੱਟੀ ਪਰਖ ਦੇ ਆਧਾਰ 'ਤੇ ਕਰਨ ਦੀ ਸਿਫਾਰਸ਼ ਕੀਤੀ ਜਾਂਦੀ ਹੈ, ਜੇਕਰ ਮਿੱਟੀ ਪਰਖ ਦੀ ਰਿਪੋਰਟ ਮੁਤਾਬਿਕ ਫਾਸਫੋਰਸ ਤੱਤ ਦੀ ਘਾਟ ਹੈ ਤਾਂ 75 ਕਿਲੋ ਸਿੰਗਲ ਸੁਪਰ ਫਾਸਫੇਟ ਖਾਦ ਪ੍ਰਤੀ ਏਕੜ ਪਾਉਣੀ ਚਾਹੀਦੀ ਹੈ।ਇਸ ਮੌਕੇ ਡਾ. ਗਗਨਦੀਪ ਕੌਰ ਖੇਤੀਬਾੜੀ ਵਿਕਾਸ ਅਫਸਰ (ਗੰਨਾ) ਵਿਕਰਮਜੀਤ ਸਿੰਘ ਖੇਤੀ ਓਪ ਨਿਰੀਖਕ, ਪਲਵਿੰਦਰ ਸਿੰਘ ਸੁਖਪਿੰਦਰ ਸਿੰਘ ਜੋਗਾ ਸਿੰਘ ਸਮੇਤ ਕਿਸਾਨ ਹਾਜ਼ਰ ਸਨ।

# ਲਾਰੈਂਸ ਇੰਟਰਨੈਸ਼ਨਲ ਸਕੂਲ ਵਿਖੇ ਸਟੂਡੈਂਟ ਕੌਂਸਲ ਦਾ ਗਠਨ




ਕਲਾਨੌਰ, 25 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ ਵਿਖੇ ਸਟੂਡੈਂਟ ਕੌਂਸਲ ਦਾ ਗਠਨ ਬਹੁਤ ਹੀ ਪ੍ਰਭਾਵਸ਼ਾਲੀ ਤੇ ਨਿਰਪੱਖ ਤਰੀਕੇ ਨਾਲ ਕੀਤਾ ਗਿਆ। ਵਿਦਿਆਰਥੀ ਜੀਵਨ ਵਿੱਚ ਇਸ ਦੀ ਬਹੁਤ ਮਹੱਤਤਾ ਹੁੰਦੀ ਹੈ। ਸਟੂਡੈਂਟ ਕੌਂਸਲ ਦੇ ਗਠਨ ਦਾ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਿਕਸਿਤ ਕਰਨਾ ਤੇ ਆਪਣੀ ਅੰਦਰੂਨੀ ਸ਼ਕਤੀ ਨੂੰ ਜਾਣਨਾ ਤੇ ਵਿਕਸਿਤ ਕਰਨਾ ਹੁੰਦਾ ਹੈ। ਇਸ ਉਦੇਸ਼ ਨੂੰ ਲੈ ਕੇ ਪ੍ਰਿੰਸੀਪਲ ਉਪਮਾ ਮਹਾਜਨ ਵੱਲੋਂ ਸਟੂਡੈਂਟ ਕੌਂਸਲ ਦੀ ਚੋਣ ਬਿਲਕੁਲ ਹੀ ਨਿਰਪੱਖ ਤਰੀਕੇ ਦੇ ਨਾਲ ਕਰਵਾਈ ਗਈ। ਕੌਂਸਲ ਚੋਣ ਦੀ ਪ੍ਰਕਿਰਿਆ ਤਿੰਨ ਪੜਾਵਾਂ ਵਿੱਚੋਂ ਲੰਘ ਕੇ ਸੰਪੂਰਨ ਕੀਤੀ ਗਈ। ਚੁਣੇ ਹੋਏ ਵਿਦਿਆਰਥੀਆਂ ਵਿੱਚੋਂ ਇਹ ਮਨਰਾਜ ਸਿੰਘ (ਹੈਡ ਬੋਆਏ), ਰੁਦੇਵ ਸ਼ਰਮਾ (ਵਾਈਸ ਹੈਡ ਬੋਆਏ), ਗੁਰਸੀਰਤ ਕੌਰ (ਹੈਡ ਗਰਲ), ਮਨਸੀਰਤ ਕੌਰ (ਵਾਈਸ ਹੈਡ ਗਰਲ) ਦੇ ਤੌਰ 'ਤੇ ਚੁਣੇ ਗਏ। ਹਾਊਸ ਕੈਪਟਨ ਦੇ ਤੌਰ 'ਤੇ ਆਰਮਸਟਰੌਂਗ ਹਾਊਸ ਦੇ ਕੈਪਟਨ ਅਦਾਪ੍ਰੀਤ ਕੌਰ, ਵਾਈਸ ਹਾਊਸ ਕੈਪਟਨ ਹਰਪ੍ਰੀਤ ਕੌਰ, ਜੂਨੀਅਰ ਹਾਊਸ ਕੈਪਟਨ ਜਸਮੀਤ ਕੌਰ, ਹਾਊਸ ਪ੍ਰੀਫੈਕਟ ਮਨਮੀਤ ਕੌਰ, ਈਅਰ ਹਾਰਟ ਹਾਊਸ ਦੇ ਕੈਪਟਨ ਮੰਨਤ ਸ਼ਰਮਾ, ਵਾਈਸ ਹਾਊਸ ਕੈਪਟਨ ਦਿਵਨੂਰ ਕੌਰ, ਜੂਨੀਅਰ ਹਾਊਸ ਕੈਪਟਨ ਅਵਲੀਨ ਕੌਰ, ਹਾਊਸ ਪ੍ਰੀਫੈਕਟ ਮਨਸੀਰਤ ਕੌਰ, ਕਿੰਗਸਲੈਅ ਹਾਊਸ ਦੇ ਕੈਪਟਨ ਸਹਿਜਦੀਪ ਕੌਰ, ਵਾਈਸ ਹਾਊਸ ਕੈਪਟਨ ਨਵਪ੍ਰੀਤ ਕੌਰ, ਜੂਨੀਅਰ ਹਾਊਸ ਕੈਪਟਨ ਅਵਰੀਤ ਕੌਰ, ਹਾਊਸ ਪ੍ਰੀਫੈਕਟ ਦੀਆ ਅਗਰਵਾਲ, ਮੈਗਲੈਨ ਹਾਊਸ ਦੇ ਕੈਪਟਨ ਅਨਮੋਲਦੀਪ ਸਿੰਘ, ਵਾਈਸ ਹਾਊਸ ਕੈਪਟਨ ਅਰਾਧਿਆ ਸ਼ਰਮਾ, ਜੂਨੀਅਰ ਹਾਊਸ ਕੈਪਟਨ ਰਣਬੀਰ ਸਿੰਘ, ਹਾਊਸ ਪ੍ਰੀਫੈਕਟ ਕਰਨਜੋਤ ਸਿੰਘ ਨੂੰ ਚੁਣਿਆ ਗਿਆ। ਸਪੋਰਟਸ ਕੈਪਟਨ ਗੁਰਲੀਨ ਕੌਰ ਤੇ ਵਾਈਸ ਸਪੋਰਟਸ ਕੈਪਟਨ ਗੁਰਨੂਰ ਕੌਰ ਨੂੰ ਚੁਣਿਆ ਗਿਆ ਤੇ ਕਲਚਰਲ ਹੈਡ ਪੀ.ਆਰ.ਓ. ਮਨਮੀਤ ਕੌਰ ਤੇ ਡਿਸਿਪਲਨ ਇੰਚਾਰਜ ਪੀ.ਆਰ.ਓ. ਹਰਸਿਮਰਤ ਕੌਰ ਨੂੰ ਚੁਣਿਆ ਗਿਆ।ਕੌਂਸਲ ਮੈਂਬਰਾਂ ਲਈ ਮਨੋਜ ਸ਼ਰਮਾ ਦੁਆਰਾ ਕੋਡ ਆਫ ਕੰਡਕਟ ਨੂੰ ਪੜ੍ਹਿਆ ਗਿਆ। ਪ੍ਰਿੰਸੀਪਲ ਉਪਮਾ ਮਹਾਜਨ ਵੱਲੋਂ ਚੁਣੇ ਹੋਏ ਕੌਂਸਲ ਮੈਂਬਰਾਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ।

# ਬੇਸਿਕ ਬੀ.ਐਸ.ਸੀ. ਨਰਸਿੰਗ ਕੋਰਸ 'ਚ ਦਾਖਲੇ ਲਈ ਪ੍ਰਵੇਸ਼ ਪ੍ਰੀਖਿਆ 31 ਮਈ ਨੂੰ

ਬਟਾਲਾ, 25 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪੰਜਾਬ ਅੰਦਰ ਬੇਸਿਕ ਬੀ.ਐਸ.ਸੀ. ਨਰਸਿੰਗ ਕੋਰਸ ਵਿੱਚ ਦਾਖਲੇ ਵਾਸਤੇ ਪੰਜਾਬ ਪੈਰਾ ਮੈਡੀਕਲ ਐਂਟ੍ਰਨੈਸ ਟੈਸਟ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ ਵੱਲੋਂ 31 ਮਈ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ ਨੇ ਦੱਸਿਆ ਕਿ ਪੰਜਾਬ ਅੰਦਰ ਬੇਸਿਕ ਬੀਐਸਸੀ ਕੋਰਸ ਵਿੱਚ ਦਾਖਲੇ ਵਾਸਤੇ ਇਸ ਟੈਸਟ ਨੂੰ ਪਾਸ ਕਰਨਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਸ ਟੈਸਟ ਦੀ ਤਿਆਰੀ ਵਾਸਤੇ ਕਾਲਜ ਵਿੱਚ ਕੋਚਿੰਗ ਕਲਾਸਾਂ ਸ਼ੁਰੂ ਕੀਤੀਆਂ ਗਈਆਂ ਹਨ, ਜਿਸਦਾ ਵਿਦਿਆਰਥੀ ਵੱਧ ਤੋਂ ਵੱਧ ਫਾਇਦਾ ਉਠਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਰਕਾਰੀ ਤੇ ਪ੍ਰਾਈਵੇਟ ਨਰਸਿੰਗ ਕਾਲਜਾਂ ਵਿੱਚ ਦਾਖ਼ਲਿਆਂ ਲਈ ਇਸ ਟੈਸਟ ਵਾਸਤੇ ਆਨਲਾਈਨ ਅਰਜ਼ੀਆਂ 27 ਅਪ੍ਰੈਲ ਤੋਂ ਭਰਨੀਆਂ ਸ਼ੁਰੂ ਹੋਣਗੀਆਂ ਤੇ 12 ਮਈ 2026 ਪ੍ਰੀਖਿਆ ਭਰਨ ਵਾਸਤੇ ਆਖਰੀ ਤਾਰੀਕ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਆਨਲਾਈਨ ਅਰਜ਼ੀ ਫਾਰਮ ਯੂਨੀਵਰਸਿਟੀ ਦੀ ਅਧਿਕਾਰਤ ਵੈਬਸਾਈਟ 'ਤੇ ਉਪਲਬਧ ਹੋਣਗੇ ਤੇ ਯੋਗ ਉਮੀਦਵਾਰਾਂ ਨੂੰ ਸਮੇਂ ਸਿਰ ਅਪਲਾਈ ਕਰਨ ਲਈ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਇਸ ਹੈਲਪ ਡੈਸਕ ਤੋਂ ਵਿਦਿਆਰਥੀ ਟੈਸਟ ਨਾਲ ਸਬੰਧਤ ਹਰੇਕ ਜਾਣਕਾਰੀ ਆਸਾਨੀ ਨਾਲ ਹਾਸਲ ਕਰ ਸਕਦੇ ਹਨ।

# 'ਦੋ ਰਾਤਾਂ ਪ੍ਰਭੂ ਨਾਲ ਬਾਤਾਂ' ਪ੍ਰੋਗਰਾਮ 11 ਤੇ 12 ਮਈ ਨੂੰ ਕਰਵਾਇਆ ਜਾਵੇਗਾ

ਗੜ੍ਹਸ਼ੰਕਰ, 25 ਅਪ੍ਰੈਲ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਵਿਖੇ ਪਿਛਲੇ ਚਾਰ ਸਾਲਾਂ ਤੋਂ ਸ੍ਰੀ ਹਨੂੰਮਾਨ ਚਾਲੀਸਾ ਪਾਠ ਸਨਾਤਨ ਧਰਮ ਦੇ ਸੇਵਕ ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਵੱਲੋਂ ਕਰਵਾਇਆ ਜਾ ਰਿਹਾ ਹੈ, ਜਿੱਥੇ ਗੜ੍ਹਸ਼ੰਕਰ ਨਿਵਾਸੀ ਹਰ ਸਪਤਾਹਿਕ ਹਨੂੰਮਾਨ ਚਾਲੀਸਾ ਪਾਠ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ, ਉਥੇ ਹੀ ਇਸ ਵਾਰ ਹਨੂੰਮਾਨ ਚਾਲੀਸਾ ਪਾਠ ਨੂੰ 200 ਹਫਤਾ ਹੋਣ ਜਾ ਰਿਹਾ ਹੈ, ਜਿਸ ਦੇ ਸਬੰਧ ਵਿੱਚ 11 ਤੇ 12 ਮਈ ਨੂੰ ਦੋ ਰਾਤਾਂ ਪ੍ਰਭੂ ਨਾਲ ਬਾਤਾਂ ਪ੍ਰੋਗਰਾਮ ਬੜੇ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਇਸ ਧਾਰਮਿਕ ਪ੍ਰੋਗਰਾਮ ਵਿੱਚ 11 ਮਈ ਨੂੰ ਸ੍ਰੀ ਸਾਗਰ ਕੋਹਲੀ ਸ਼ਾਹਬਾਦ ਮਾਰਕੰਡਾ ਵਾਲੇ ਪ੍ਰਭੂ ਨਾਲ ਭਗਤਾਂ ਨੂੰ ਜੋੜਨਗੇ ਤੇ ਦੂਸਰੀ ਰਾਤ 12 ਮਈ ਦਿਨ ਮੰਗਲਵਾਰ ਨੂੰ ਬਾਬਾ ਸ੍ਰੀ ਹਰੀ ਦਾਸੀ ਬਰਸਾਨਾ ਵਾਲੇ ਪ੍ਰਭੂ ਦਾ ਗੁਣਗਾਨ ਕਰਨਗੇ, ਇਹ ਸਾਰਾ ਪ੍ਰੋਗਰਾਮ ਬਾਬਾ ਵਿਸ਼ਵਕਰਮਾ ਮੰਦਰ ਸ੍ਰੀ ਅਨੰਦਪੁਰ ਸਾਹਿਬ ਰੋਡ ਗੜ੍ਹਸ਼ੰਕਰ ਵਿਖੇ ਕਰਵਾਇਆ ਜਾਵੇਗਾ। ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਵੱਲੋਂ ਇਲਾਕੇ ਦੇ ਪ੍ਰਭੂ ਭਗਤਾਂ ਨੂੰ ਬੇਨਤੀ ਹੈ ਕਿ ਇਸ ਪ੍ਰਭੂ ਭਗਤੀ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਕਿਉਂਕਿ ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਹਮੇਸ਼ਾ ਹੀ ਪ੍ਰਭੂ ਭਗਤਾਂ ਨੂੰ ਭਗਵਾਨ ਦੇ ਨਾਲ ਜੋੜਦੀ ਹੈ ਤੇ ਜੋੜਦੀ ਰਹੇਗੀ।

# ਵਰਲਡ ਮਲੇਰੀਆ ਡੇਅ 'ਤੇ ਵਿਦਿਆਰਥੀਆਂ ਨੂੰ ਮਲੇਰੀਆ ਤੇ ਰੈਬੀਜ਼ ਬਾਰੇ ਜਾਗਰੂਕ ਕੀਤਾ



ਗੁਰਦਾਸਪੁਰ, 25 ਅਪ੍ਰੈਲ (ਜਗੀਰ ਸਿੰਘ ਮੰਡ/ਸੰਧੂ/ਬਸਰਾ): ਮਾਨਯੋਗ ਸਿਵਲ ਸਰਜਨ ਡਾ.ਮਹੇਸ਼ ਕੁਮਾਰ ਪ੍ਰਭਾਕਰ ਤੇ ਸਹਾਇਕ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦਾਸਪੁਰ ਵਿੱਚ ਵਰਲਡ ਮਲੇਰੀਆ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਵੰਦਨਾ (ਜ਼ਿਲ੍ਹਾ ਐਪੀਡਮੋਲੋਜਿਸਟ, ਆਈ.ਡੀ.ਐਸ.ਪੀ.) ਤੇ ਡਾ. ਗੁਰਪ੍ਰੀਤ ਕੌਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਰਜ ਵਿਖੇ ਪੋਸਟਰ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ ਤੇ ਸਾਰੇ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਵੰਡੇ ਗਏ। ਡਾ. ਗੁਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਲੇਰੀਆ ਬੁਖ਼ਾਰ ਮਾਦਾ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਜੋ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਤੇਜ਼ ਬੁਖ਼ਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਅੱਖਾਂ ਦੇ ਪਿੱਛੇ ਦਰਦ ਤੇ ਨੱਕ ਜਾਂ ਮਸੂੜਿਆਂ ਵਿੱਚ ਖ਼ੂਨ ਵਗਣਾ ਮਲੇਰੀਆ ਦੇ ਲੱਛਣ ਹੋ ਸਕਦੇ ਹਨ। ਅਜਿਹੇ ਲੱਛਣ ਆਉਣ 'ਤੇ ਤੁਰੰਤ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਖ਼ੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ।ਉਨ੍ਹਾਂ ਲੋਕਾਂ ਨੂੰ ਸਲਾਹ ਦਿੱਤੀ ਕਿ ਕੂਲਰਾਂ ਤੇ ਗਮਲਿਆਂ ਦੀ ਟਰੇ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕੀਤਾ ਜਾਵੇ, ਮੱਛਰ ਭਜਾਉਣ ਵਾਲੀਆਂ ਕਰੀਮਾਂ ਵਰਤੀਆਂ ਜਾਣ। ਇਸ ਮੌਕੇ ਡਾ. ਵੰਦਨਾ ਵੱਲੋਂ ਰੈਬੀਜ਼ ਬਿਮਾਰੀ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਰੈਬੀਜ਼ ਇੱਕ ਖ਼ਤਰਨਾਕ ਵਾਇਰਲ ਬਿਮਾਰੀ ਹੈ ਜੋ ਕੁੱਤਿਆਂ, ਬਿੱਲੀਆਂ ਜਾਂ ਹੋਰ ਜਾਨਵਰਾਂ ਦੇ ਕੱਟਣ ਨਾਲ ਫੈਲਦੀ ਹੈ। ਜੇ ਕਿਸੇ ਵਿਅਕਤੀ ਨੂੰ ਜਾਨਵਰ ਕੱਟ ਲਵੇ ਤਾਂ ਤੁਰੰਤ ਜ਼ਖ਼ਮ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 15 ਮਿੰਟ ਤੱਕ ਧੋਣਾ ਚਾਹੀਦਾ ਹੈ ਤੇ ਬਿਨਾਂ ਦੇਰੀ ਕੀਤੇ ਡਾਕਟਰ ਕੋਲ ਜਾਣਾ ਲਾਜ਼ਮੀ ਹੈ। ਇਸ ਮੌਕੇ ਹੈਲਥ ਇੰਸਪੈਕਟਰ ਹਰਪ੍ਰੀਤ ਸਿੰਘ ਸਮੇਤ ਹੋਰ ਸਿਹਤ ਕਰਮਚਾਰੀ ਮੌਜੂਦ ਸਨ।

# ਬੀ.ਵੀ.ਐਨ. ਕਾਲਜ 'ਚ ਵਿਦਾਇਗੀ ਸਮਾਰੋਹ ਦੌਰਾਨ ਵਿਦਿਆਰਥੀ ਸਨਮਾਨਿਤ



ਫਤਹਿਗੜ੍ਹ ਚੂੜੀਆਂ, 25 ਅਪ੍ਰੈਲ (ਰਾਜਨ ਸ਼ਰਮਾ): ਬੀ.ਵੀ.ਐਨ. ਕਾਲਜ ਵਿੱਚ ਵਿਦਾਇਗੀ ਸਮਾਰੋਹ ਦੌਰਾਨ ਵਿਦਿਆਰਥੀਆਂ ਦੀਆਂ ਉਪਲਬਧੀਆਂ ਦਾ ਸਨਮਾਨ ਬੀ.ਵੀ.ਐਨ. ਕਾਲਜ ਫਤਹਿਗੜ੍ਹ ਚੂੜੀਆਂ ਵਿੱਚ ਬੀ.ਏ., ਬੀ.ਸੀ.ਏ. ਤੇ ਐਮ.ਐਸ.ਸੀ. ਆਈ.ਟੀ. ਦੀਆਂ ਫਾਈਨਲ ਕਲਾਸਾਂ ਲਈ ਵਿਦਾਇਗੀ ਸਮਾਰੋਹ ਕਰਵਾਇਆ ਗਿਆ, ਜੋ ਖ਼ੁਸ਼ੀਆਂ ਤੇ ਭਾਵੁਕ ਪਲਾਂ ਨਾਲ ਭਰਪੂਰ ਰਿਹਾ। ਸਮਾਗਮ ਦੌਰਾਨ ਜੂਨੀਅਰ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਤੇ ਸਮੂਹ ਹਾਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਨੂੰ ਵੱਖ-ਵੱਖ ਖਿਤਾਬਾਂ ਨਾਲ ਸਨਮਾਨਤ ਕੀਤਾ ਗਿਆ, ਜਿਸ ਵਿੱਚ ਜੋਬਨਪ੍ਰੀਤ (M.Sc IT) ਨੂੰ ਕੁਈਨ ਆਫ ਬੀ.ਵੀ.ਐਨ.:, ਕੋਮਲਪ੍ਰੀਤ (BCA 3rd Year) ਨੂੰ ਆਊਟਸਟੈਂਡਿੰਗ ਸਟੂਡੈਂਟ ਆਫ ਬੀ.ਵੀ.ਐਨ ਤੇ Piyal (BA 3rd Year) ਨੂੰ ਰਿਮਾਰਕਬਲ ਸਟੂਡੈਂਟ ਆਫ ਬੀ.ਵੀ.ਐਨ. ਦੇ ਖਿਤਾਬ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ BCA 3rd Year ਦੀ ਵਿਦਿਆਰਥਣ ਪਰਨੀਤ ਨੂੰ ਖ਼ਾਸ ਉਤਸ਼ਾਹ ਵਰਧਕ ਇਨਾਮ ਦਿੱਤਾ ਗਿਆ। ਸਮਾਗਮ ਦੌਰਾਨ ਜੋਬਨਪ੍ਰੀਤ ਵੱਲੋਂ ਦਿੱਤੀ ਗਈ ਵਿਦਾਇਗੀ ਭਾਸ਼ਣ ਨੇ ਸਭ ਨੂੰ ਭਾਵੁਕ ਕਰ ਦਿੱਤਾ। ਉਸ ਦੀਆਂ ਅੱਖਾਂ ਵਿੱਚ ਹੰਝੂ ਸਨ ਤੇ ਉਸ ਨੇ ਅਧਿਆਪਕਾਂ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਉਹ ਜਿਸ ਮੁਕਾਮ 'ਤੇ ਪਹੁੰਚੀ ਹੈ, ਉਸ ਵਿੱਚ ਅਧਿਆਪਕਾਂ ਦਾ ਵੱਡਾ ਯੋਗਦਾਨ ਹੈ। ਉਸ ਦੀਆਂ ਗੱਲਾਂ ਨੇ ਹਾਲ ਵਿੱਚ ਮੌਜੂਦ ਹਰ ਇੱਕ ਦੇ ਦਿਲ ਨੂੰ ਛੂਹ ਲਿਆ।ਅੰਤ ਵਿੱਚ ਪ੍ਰਿੰਸੀਪਲ ਰਾਗਿਨੀ ਮਹਾਜਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਨ੍ਹਾਂ ਨੂੰ ਆਪਣੇ ਸਟਾਫ ਤੇ ਵਿਦਿਆਰਥੀਆਂ 'ਤੇ ਮਾਣ ਹੈ, ਜਿਨ੍ਹਾਂ ਦੀ ਮਿਹਨਤ ਨਾਲ ਕਾਲਜ ਦਾ ਨਾਮ ਉਚਾਈਆਂ 'ਤੇ ਪਹੁੰਚ ਰਿਹਾ ਹੈ। ਉਨ੍ਹਾਂ ਨੇ ਕਾਲਜ ਦੇ 100 ਫੀਸਦੀ ਨਤੀਜੇ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਮੈਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ

# ਲਹਿੰਦੇ ਪੰਜਾਬ ਦੇ ਸਪੀਕਰ ਨੇ ਮੰਤਰੀ ਰਮੇਸ਼ ਸਿੰਘ ਅਰੋੜਾ ਦੀ ਕਾਰਗੁਜ਼ਾਰੀ ਨੂੰ 'ਜ਼ੀਰੋ' ਕਰਾਰ ਦਿੱਤਾ

### ☛ਮੰਤਰੀ ਦਾ ਦਾਅਵਾ, ਗੁਰਦੁਆਰਿਆਂ ਦੀ ਉਸਾਰੀ 'ਤੇ ਖ਼ਰਚ ਕੀਤੇ 2 ਅਰਬ ਰੁਪਏ

ਅੰਮ੍ਰਿਤਸਰ, 25 ਅਪ੍ਰੈਲ (ਚ.ਨ.ਸ): ਲਹਿੰਦੇ ਪੰਜਾਬ ਦੀ ਵਿਧਾਨ ਸਭਾ ਦੇ ਸਪੀਕਰ ਮਲਿਕ ਮੁਹੰਮਦ ਅਹਿਮਦ ਖ਼ਾਨ ਨੇ ਘੱਟ-ਗਿਣਤੀ ਮਾਮਲਿਆਂ ਬਾਰੇ ਸੂਬਾਈ ਮੰਤਰੀ ਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਤੇ ਉਨ੍ਹਾਂ ਦੇ ਮੰਤਰਾਲੇ ਦੀ ਖਿਚਾਈ ਕਰਦਿਆਂ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਜ਼ੀਰੋ ਕਰਾਰ ਦਿੱਤਾ। ਪੰਜਾਬ ਵਿਧਾਨ ਸਭਾ ਦੀ ਘੱਟ ਗਿਣਤੀ ਮਾਮਲਿਆਂ ਬਾਰੇ ਸੰਸਦੀ ਸਕੱਤਰ ਸੋਨੀਆ ਆਸ਼ਰ ਨੇ ਵੀ ਮੰਨਿਆ ਮੰਤਰਾਲੇ ਵੱਲੋਂ ਭਾਈਚਾਰੇ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਰਮੇਸ਼ ਸਿੰਘ ਅਰੋੜਾ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੇ ਮੰਤਰਾਲੇ ਨੇ ਮੁੱਖ ਮੰਤਰੀ ਮਰੀਅਮ ਨਵਾਜ਼ ਦੇ ਨਿਰਦੇਸ਼ਾਂ 'ਤੇ ਲਗਭਗ 17 ਗੁਰਦੁਆਰਿਆਂ ਤੇ ਹੋਰ ਸਿੱਖ ਯਾਦਗਾਰਾਂ ਦੀ ਸ਼ੁਰੂ ਕੀਤੀ ਨਵਉਸਾਰੀ



'ਤੇ 2 ਅਰਬ ਪਾਕਿਸਤਾਨੀ ਰੁਪਏ ਖ਼ਰਚ ਕੀਤੇ ਹਨ। ਇਜਲਾਸ ਦੌਰਾਨ ਸਪੀਕਰ ਨੇ ਸਖ਼ਤ ਲਹਿਜ਼ੇ 'ਚ ਕਿਹਾ ਕਿ ਜਿੱਥੇ ਘੱਟ-ਗਿਣਤੀ ਭਾਈਚਾਰੇ ਦੇ ਲੋਕਾਂ ਕੋਲ ਪੀਣ ਵਾਲੇ ਪਾਣੀ ਤੇ ਹੋਰ ਸਹੂਲਤਾਂ ਦੀ ਪਹੁੰਚ ਨਹੀਂ ਹੈ, ਉਹ ਗੰਦਗੀ ਤੇ ਦੂਸ਼ਿਤ ਪਾਣੀ ਨਾਲ ਪੈਦਾ ਹੋਣ ਵਾਲੀਆਂ ਬਿਮਾਰੀਆਂ ਨਾਲ ਜੂਝ ਰਹੇ ਹਨ, ਫਿਰ ਉੱਥੇ ਧਾਰਮਿਕ ਅਸਥਾਨਾਂ 'ਤੇ ਪੈਸਾ ਖ਼ਰਚ ਕਰਨ ਦਾ ਕੀ ਮਤਲਬ ਹੈ। ਸਪੀਕਰ ਨੇ ਕਿਹਾ ਕਿ ਸਭ ਤੋਂ ਪਹਿਲਾਂ ਘੱਟ-ਗਿਣਤੀ ਭਾਈਚਾਰੇ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਇਆ ਜਾਣਾ ਚਾਹੀਦਾ ਹੈ। ਈਸਾਈ ਬਸਤੀਆਂ 'ਚ ਐਨੀ ਮਾੜੀ ਸਥਿਤੀ ਬਣੀ ਹੋਈ ਹੈ ਕਿ ਉਥੇ ਲੋਕਾਂ ਦਾ ਜਿਊਣਾ ਅਸੰਭਵ ਬਣਿਆ ਹੋਇਆ ਹੈ।

# ਚੋਣਾਂ ਤੋਂ ਪਹਿਲਾਂ ਪੰਜਾਬ ਦੀ ਸਿਆਸਤ 'ਚ ਵੱਡੀ ਹਲਚਲ ! ਹਿੰਦੂ ਚਿਹਰਿਆਂ ਨੂੰ ਖਿੱਚਣ ਲੱਗੀ 'ਭਾਜਪਾ'

ਜਲੰਧਰ, 25 ਅਪ੍ਰੈਲ (ਚ.ਨ.ਸ): ਪੰਜਾਬ ਦੀ ਸਿਆਸਤ 'ਚ ਵਾਪਰੇ ਵੱਡੇ ਘਟਨਾਚੱਕਰ ਤੋਂ ਬਾਅਦ ਇਹ ਚਰਚਾ ਤੇਜ਼ ਹੋ ਗਈ ਹੈ ਕਿ ਭਾਰਤੀ ਜਨਤਾ ਪਾਰਟੀ 2027 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ 'ਹਿੰਦੂ ਕਾਰਡ' ਖੇਡਣ ਦੀ ਰਣਨੀਤੀ ਅਪਣਾ ਸਕਦੀ ਹੈ। ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਸੂਬੇ 'ਚ ਹਿੰਦੂ ਤੇ ਦਲਿਤ ਵੋਟਰਾਂ ਦੀ ਸਾਂਝੀ ਗਿਣਤੀ ਕਾਫ਼ੀ ਜ਼ਿਆਦਾ ਹੈ, ਜੋ ਕਿਸੇ ਵੀ ਚੋਣ ਸਮੀਕਰਨ ਨੂੰ ਪ੍ਰਭਾਵਿਤ ਕਰ ਸਕਦੀ ਹੈ। ਭਾਜਪਾ 'ਚ ਸ਼ਾਮਲ ਹੋਏ ਆਮ ਆਦਮੀ ਪਾਰਟੀ ਦੇ 7 ਸੰਸਦ ਮੈਂਬਰਾਂ 'ਚੋਂ 5 ਹਿੰਦੂ ਭਾਈਚਾਰੇ ਦੇ ਹਨ। ਇਨ੍ਹਾਂ 'ਚ ਰਾਘਵ ਚੱਢਾ, ਅਸ਼ੋਕ ਮਿੱਤਲ, ਸਵਾਤੀ ਮਾਲੀਵਾਲ, ਸੰਦੀਪ ਪਾਠਕ ਤੇ ਰਾਜਿੰਦਰ ਗੁਪਤਾ ਸ਼ਾਮਲ ਹਨ। ਹਰਭਜਨ ਸਿੰਘ ਤੇ ਵਿਕਰਮਜੀਤ ਸਾਹਨੀ ਸਿੱਖ ਭਾਈਚਾਰੇ ਨਾਲ ਸਬੰਧਤ ਹਨ।ਇਸ ਘਟਨਾਚੱਕਰ ਨੂੰ ਭਾਜਪਾ ਦੀ ਇੱਕ ਚੋਣ ਰਣਨੀਤੀ ਵਜੋਂ ਵੇਖਿਆ ਜਾ ਰਿਹਾ ਹੈ। ਸੀਨੀਅਰ ਭਾਜਪਾ ਨੇਤਾਵਾਂ ਦਾ ਮੰਨਣਾ ਹੈ ਕਿ ਪਾਰਟੀ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇੱਕ ਵੱਡਾ ਸਿਆਸੀ ਕਦਮ ਚੁੱਕਿਆ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਦਾ ਸਿਹਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕੁਝ ਦਿਨ ਪਹਿਲਾਂ ਪੰਜਾਬ 'ਚ ਇੱਕ ਰੈਲੀ ਦੌਰਾਨ ਸੰਕੇਤ ਦਿੱਤਾ ਸੀ ਕਿ ਭਾਜਪਾ ਹੁਣ ਸੂਬੇ 'ਚ 'ਵੱਡੇ ਭਰਾ' ਦੀ ਭੂਮਿਕਾ ਨਿਭਾਅ ਰਹੀ ਹੈ। ਉਹ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਸਰਕਾਰ ਬਣਾਉਣ ਲਈ ਆਪਣੀ ਪੂਰੀ ਤਾਕਤ ਲਾ ਦੇਵੇਗੀ। ਸੂਤਰਾਂ ਅਨੁਸਾਰ ਭਾਜਪਾ ਪਿਛਲੇ ਕੁਝ ਮਹੀਨਿਆਂ ਤੋਂ ਪੰਜਾਬ 'ਚ ਹਿੰਦੂ ਤੇ ਦਲਿਤ ਵੋਟ ਬੈਂਕਾਂ ਨੂੰ ਮਜ਼ਬੂਤ ਕਰਨ ਵੱਲ ਖ਼ਾਸ ਤੌਰ 'ਤੇ ਧਿਆਨ ਕੇਂਦ੍ਰਿਤ ਕਰ ਰਹੀ ਹੈ।ਪਾਰਟੀ ਨੇ ਲੋਕ ਸਭਾ ਦੀਆਂ ਚੋਣਾਂ 'ਚ ਲਗਭਗ 19 ਫ਼ੀਸਦੀ ਵੋਟਾਂ ਹਾਸਲ ਕੀਤੀਆਂ ਸਨ,



ਜਿਸ ਕਾਰਨ ਉਹ ਇਹ ਭਰੋਸਾ ਕਰਨ ਲੱਗ ਪਈ ਹੈ ਕਿ ਇਨ੍ਹਾਂ ਦੋਵਾਂ ਭਾਈਚਾਰਿਆਂ ਨਾਲ ਗਠਜੋੜ ਕਰਕੇ ਉਹ ਆਪਣੇ ਦਮ 'ਤੇ ਸੱਤਾ ਹਾਸਲ ਕਰ ਸਕਦੀ ਹੈ। ਇਸ ਰਣਨੀਤੀ ਦੇ ਹਿੱਸੇ ਵਜੋਂ ਕੇਂਦਰ ਸਰਕਾਰ ਦਾ ਧਿਆਨ ਹੁਣ ਪੰਜਾਬ ਦੀ ਸਿਆਸਤ 'ਤੇ ਵੱਧਦਾ ਜਾਪਦਾ ਹੈ। ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਭਾਜਪਾ ਦੀ ਰਣਨੀਤੀ ਸਮਾਜਿਕ ਸਮੀਕਰਨਾਂ ਤੱਕ ਸੀਮਿਤ ਨਹੀਂ ਹੈ। ਉਹ ਸ਼ਹਿਰੀ ਖੇਤਰਾਂ 'ਚ ਆਪਣੀ ਪਕੜ ਮਜ਼ਬੂਤ ਕਰਨ ਦੀ ਵੀ ਕੋਸ਼ਿਸ਼ ਕਰ ਰਹੀ ਹੈ।ਪੰਜਾਬ ਦੇ ਕਈ ਸ਼ਹਿਰਾਂ 'ਚ ਹਿੰਦੂ ਵੋਟਰ ਫ਼ੈਸਲਾਕੁੰਨ ਭੂਮਿਕਾ ਨਿਭਾਉਂਦੇ ਹਨ। ਭਾਜਪਾ ਲੰਬੇ ਸਮੇਂ ਤੋਂ ਇਨ੍ਹਾਂ ਖੇਤਰਾਂ 'ਚ ਆਪਣਾ ਆਧਾਰ ਵਧਾਉਣ ਲਈ ਯਤਨਸ਼ੀਲ ਹੈ। ਪਾਰਟੀ ਦਲਿਤ ਭਾਈਚਾਰੇ ਨੂੰ ਲੁਭਾਉਣ ਲਈ ਵੱਖ-ਵੱਖ ਸਮਾਜਿਕ ਤੇ ਵਿਕਾਸ ਯੋਜਨਾਵਾਂ ਨੂੰ ਵੀ ਪ੍ਰਮੁੱਖਤਾ ਨਾਲ ਅੱਗੇ ਵਧਾ ਰਹੀ ਹੈ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਤੇ ਵਾਰਸ ਪੰਜਾਬ ਦਾ ਸਮਝੌਤਾ ਸਵਾਗਤਯੋਗ: ਪੰਜੋਲੀ

ਅਮਲੋਹ, 25 ਅਪ੍ਰੈਲ (ਜਸਵੰਤ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਪੰਜਾਬ ਵਿੱਚ ਪੰਥ ਤੇ ਪੰਜਾਬੀਆਂ ਦੀ ਸਰਕਾਰ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਤੇ ਵਾਰਸ ਪੰਜਾਬ ਦੀ ਏਕਤਾ ਸ਼ੁੱਭ ਸੰਕੇਤ ਹਨ, ਇਸ ਦਾ ਘੇਰਾ ਹੋਰ ਵੱਡਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਮਿਸ਼ਨ ਸਤਿਲੁਜ ਤੇ ਕੌਮੀ ਇਨਸਾਫ਼ ਮੋਰਚੇ ਸਮੇਤ ਪੰਥ ਤੇ ਪੰਜਾਬ ਦੀ ਹਰ ਧਿਰ ਨੂੰ ਸ਼ਾਮਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੀਆਂ ਧਿਰਾਂ ਨੂੰ ਪੰਥ ਤੇ ਪੰਜਾਬ ਦੇ ਭਲੇ ਦਾ ਏਜੰਡਾ ਤਹਿ ਕਰਨਾ ਚਾਹੀਦਾ ਹੈ ਕਿਉਂਕਿ ਕੇਂਦਰ ਨੇ ਸੂਬਿਆਂ ਨੂੰ ਮਿਊਂਸੀਪਲ ਕਮੇਟੀਆਂ ਬਣਾ ਕੇ ਰੱਖ ਦਿੱਤਾ ਹੈ, ਇਸ ਲਈ ਫੈਡਰਲ ਢਾਂਚੇ



ਦੀ ਮੰਗ ਮੁੱਖ ਰੂਪ ਵਿੱਚ ਉਭਾਰੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਥ ਵਿਰੋਧੀ ਸ਼ਕਤੀਆਂ ਨੂੰ ਭਾਜ ਦੇਣ ਲਈ ਜ਼ਰੂਰੀ ਹੈ ਕਿ ਤਿਆਗ ਤੇ ਕੁਰਬਾਨੀ ਕੀਤੀ ਜਾਵੇ, ਇਸ ਲਈ ਜ਼ਰੂਰੀ ਹੈ ਕਿ ਹਰ ਧਿਰ ਜਿੱਤਣ ਵਾਲਾ ਉਮੀਦਵਾਰ ਹੀ ਦੇਣ ਦਾ ਯਤਨ ਕਰੇ। ਪੰਜਾਬੀਆਂ ਨੂੰ ਇਹ ਸਮਝਾਉਣਾ ਜ਼ਰੂਰੀ ਹੈ ਕਿ ਪੰਜਾਬ ਦੀ ਤਰੱਕੀ ਪੰਜਾਬ ਦੀ ਖ਼ੁਦ ਮੁੱਖਤਿਆਰੀ ਵਿੱਚ ਹੀ ਹੈ ਤਾਂ ਕਿ ਪੰਜਾਬੀ ਆਪਣੀ ਹੋਣੀ ਦਾ ਫ਼ੈਸਲਾ ਖ਼ੁਦ ਕਰ ਸਕਣ।

# ਰਿਮਟ-ਸਕੂਲ ਆਫ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਮੰਡੀ ਗੋਬਿੰਦਗੜ੍ਹ, 25 ਅਪ੍ਰੈਲ (ਸੂਦ): ਰਿਮਟ ਯੂਨੀਵਰਸਿਟੀ ਦੇ ਸਕੂਲ ਆਫ ਐਜੂਕੇਸ਼ਨ ਵਿਭਾਗ ਦੇ 24 ਵਿਦਿਆਰਥੀਆਂ ਨੇ ਪੰਜਾਬ ਸਟੇਟ ਟੀਚਰ ਐਲੀਜਿਬਿਲਿਟੀ ਟੈਸਟ ਪ੍ਰੀਖਿਆ ਸਫਲਤਾ ਪੂਰਵਕ ਪਾਸ ਕੀਤੀ ਤੇ ਕੁਝ ਵਿਦਿਆਰਥੀਆਂ ਨੇ ਸੀ-ਟੈਟ ਤੇ ਪੀਐਸ-ਟੈਟ ਦੋਵੇਂ ਪ੍ਰੀਖਿਆਵਾਂ ਪਾਸ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਕਾਲਜ ਪ੍ਰਿੰਸੀਪਲ ਨੇ ਦੱਸਿਆ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਪੀਐਸ-ਟੈਸਟ ਨਾਲ ਸਬੰਧਤ ਵਿਸ਼ੇਸ਼ ਕਲਾਸਾਂ ਦਾ ਪ੍ਰਬੰਧ ਕੀਤਾ ਗਿਆ। ਇਸ ਦੇ ਨਾਲ ਹੀ ਮੁੱਲ-ਵਧੂ ਤੇ ਹੁਨਰ ਵਿਕਾਸ ਕੋਰਸਾਂ ਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਸਮਰਪਿਤ ਪ੍ਰਯੋਗਾਤਮਕ ਅਭਿਆਸ ਨੇ ਵਿਦਿਆਰਥੀਆਂ ਨੂੰ ਬਿਹਤਰ ਪ੍ਰਦਰਸ਼ਨ ਲਈ ਯੋਗ ਬਣਾਇਆ। ਉਨ੍ਹਾਂ ਦੱਸਿਆ ਕਿ ਇਸ ਉਪਲਬਧੀ ਵਿੱਚ ਵਿਭਾਗ ਦੇ ਸਮਰਪਿਤ ਤੇ ਅਨੁਭਵੀ ਅਧਿਆਪਕਾਂ ਦੇ ਅਣਥੱਕ ਯਤਨਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਰਿਮਟ ਯੂਨੀਵਰਸਿਟੀ ਦੇ ਪ੍ਰੋ.ਚਾਂਸਲਰ (ਅਕਾਦਮਿਕ), ਪ੍ਰੋ.ਵਾਈਸ ਚਾਂਸਲਰ ਤੇ ਡੀਨ (ਅਕਾਦਮਿਕ) ਆਦਿ ਨੇ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਬੰਗਲਾਦੇਸ਼ ਗਏ ਸਿੱਖ ਸ਼ਰਧਾਲੂਆਂ ਦੇ ਜਥੇ ਨੇ ਗੁਰਦੁਆਰਾ ਨਾਨਕਸ਼ਾਹੀ ਢਾਕਾ ਵਿਖੇ ਵਿਸਾਖੀ ਪੁਰਬ ਮਨਾਇਆ

ਅੰਮ੍ਰਿਤਸਰ, 25 ਅਪ੍ਰੈਲ (ਚ.ਨ.ਸ): ਕਾਰ ਸੇਵਾ ਸੰਪਰਦਾਇ ਸਰਹਾਲੀ ਵੱਲੋਂ ਬੀਤੇ ਦਿਨੀਂ ਬੰਗਲਾਦੇਸ਼ ਵਿਖੇ ਭੇਜੇ ਗਏ 40 ਦੇ ਕਰੀਬ ਸਿੱਖ ਸ਼ਰਧਾਲੂਆਂ ਦੇ ਜਥੇ ਵੱਲੋਂ ਅੱਜ ਗੁਰਦੁਆਰਾ ਨਾਨਕਸ਼ਾਹੀ ਢਾਕਾ ਵਿਖੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਪੁਰਬ ਉਤਸ਼ਾਹ ਸਹਿਤ ਮਨਾਇਆ ਗਿਆ। ਜਥੇ ਦੇ ਮੁਖੀ ਤੇ ਕਾਰ ਸੇਵਾ ਸੰਪਰਦਾਇ ਦੇ ਸਕੱਤਰ ਹਰਭਜਨ ਸਿੰਘ ਸੰਧੂ ਨੇ ਢਾਕਾ ਤੋਂ ਫੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਗੁ. ਨਾਨਕਸ਼ਾਹੀ ਢਾਕਾ ਵਿਖੇ ਸਵੇਰੇ ਸਹਿਜ ਪਾਠ ਦੇ ਭੋਗ ਪਾਏ ਜਾਣ ਉਪਰੰਤ ਦੀਵਾਨ ਹਾਲ ਵਿੱਚ ਬਾਅਦ ਦੁਪਹਿਰ 2 ਵਜੇ ਤੱਕ ਸਜੇ ਗੁਰਮਤਿ ਸਮਾਗਮ ਦੌਰਾਨ ਐਮ.ਕੇ. ਰਾਏ, ਸੁਭਾਸ਼ੀ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸ਼ਬਦ ਕੀਰਤਨ ਗਾਇਨ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਕਮੇਟੀ ਢਾਕਾ ਦੇ ਪ੍ਰਧਾਨ ਅਮਰ ਚੰਦ ਤੇ ਜਨਰਲ ਸਕੱਤਰ ਤਪਸ਼ ਚੌਧਰੀ ਨੇ ਸੰਗਤਾਂ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਅਜੈਬ ਸਿੰਘ ਬੋਪਾਰਾਏ ਪ੍ਰਧਾਨ ਬੰਗਲਾਦੇਸ਼ ਮੈਨੇਜਮੈਂਟ ਬੋਰਡ ਕੋਲਕਾਤਾ ਤੇ ਹਰਭਜਨ ਸਿੰਘ ਸੰਧੂ ਵੱਲੋਂ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੁਰਿੰਦਰ ਸਿੰਘ ਸੋਹਲ ਸਮੇਤ ਭਾਰਤ ਤੋਂ ਗਏ ਜਥੇ ਦੇ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।



# ਦੇਸ਼ ਭਗਤ ਯੂਨੀਵਰਸਿਟੀ 'ਚ ਕਰਵਾਇਆ ਵਿਸ਼ਾਲ ਪਾਥ ਫਾਈਂਡਰ 3.0, ਟੈਕ ਫੈਸਟ, 10 ਲੱਖ ਫੰਡਿੰਗ ਤੇ 70 ਹਜ਼ਾਰ ਨਕਦ ਇਨਾਮਾਂ ਦਾ ਐਲਾਨ

ਮੰਡੀ ਗੋਬਿੰਦਗੜ੍ਹ, 25 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਦੋ-ਦਿਨਾਂ ਟੈਕ ਫੈਸਟ "ਪਾਥ ਫਾਈਂਡਰ 3.0 - ਨਵਾਚਾਰ, ਰਚਨਾਤਮਕਤਾ ਤੇ ਮੁਕਾਬਲੇ ਦੀ ਖੋਜ" ਦਾ ਸਫਲ ਆਯੋਜਨ ਕੀਤਾ ਗਿਆ। ਇਹ ਸਮਾਗਮ ਫੈਕਲਟੀ ਆਫ ਇੰਜੀਨੀਅਰਿੰਗ ਟੈਕਨਾਲੋਜੀ ਐਂਡ ਕੰਪਿਊਟਿੰਗ ਤੇ ਫੈਕਲਟੀ ਆਫ ਐਗਰੀਕਲਚਰ ਐਂਡ ਲਾਈਫ ਸਾਇੰਸਜ਼ ਵੱਲੋਂ ਸਾਂਝੇ ਤੌਰ 'ਤੇ ਕਰਵਾਇਆ ਗਿਆ, ਜਿਸ ਵਿੱਚ ਪੰਜਾਬ, ਦਿੱਲੀ ਤੇ ਨੇੜਲੇ ਇਲਾਕਿਆਂ ਦੀਆਂ ਯੂਨੀਵਰਸਿਟੀਆਂ ਤੇ ਕਾਲਜਾਂ ਦੀਆਂ 30 ਤੋਂ ਵੱਧ ਟੀਮਾਂ ਨੇ ਭਾਗ ਲਿਆ। ਇਸ ਫੈਸਟ ਨੇ ਨਵਾਚਾਰ, ਤਕਨੀਕੀ ਉਤਕ੍ਰਿਸ਼ਟਤਾ, ਉਦਯਮਿਤਾ ਤੇ ਸਮੂਹਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਰਗਰਮ ਮੰਚ ਮੁਹੱਈਆ ਕਰਵਾਇਆ। ਇਸ ਵਿੱਚ ਹੈਕਾਥਨ, ਆਈਡਿਆਥਾਨ, ਤਕਨੀਕੀ ਕੁਇੱਜ਼, ਪੋਸਟਰ ਮੇਕਿੰਗ ਮੁਕਾਬਲੇ, ਸਟਾਰਟਅਪ ਪਿਚ, ਗੇਮਿੰਗ ਇਵੈਂਟਸ ਤੇ ਡੀਜੇ ਨਾਈਟ ਵਰਗੀਆਂ ਗਤੀਵਿਧੀਆਂ ਸ਼ਾਮਲ ਸਨ।ਉਦਘਾਟਨੀ ਸੈਸ਼ਨ ਦੀ ਸ਼ੁਰੂਆਤ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਦੇ ਪ੍ਰੇਰਨਾਦਾਇਕ ਸੰਬੋਧਨ ਨਾਲ ਹੋਈ, ਜਿਨ੍ਹਾਂ ਨੇ ਨਵਚਾਰ, ਖੋਜ ਤੇ ਅਕਾਦਮਿਕ ਗਿਆਨ ਨੂੰ ਅਸਲ ਜੀਵਨ ਨਾਲ ਜੋੜਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਡਿਪਟੀ ਡਾਇਰੈਕਟਰ ਡਾ. ਖੁਸ਼ਬੂ ਬਾਂਸਲ ਨੇ ਸਮਾਗਮ ਦੀ ਦ੍ਰਿਸ਼ਟੀ ਸਾਂਝੀ ਕਰਦੇ ਹੋਏ ਬਹੁ-ਵਿਭਾਗੀ ਸਿੱਖਿਆ ਤੇ ਉਦਯੋਗ-ਅਕਾਦਮਿਕ ਸਹਿਯੋਗ ਦੀ ਮਹੱਤਤਾ 'ਤੇ ਚਰਚਾ ਕੀਤੀ। ਇਸੇ ਤਰ੍ਹਾਂ ਮੁੱਖ ਮਹਿਮਾਨ ਤੇ ਟੀਆਈਈ ਚੰਡੀਗੜ੍ਹ ਦੇ ਮੁਖੀ ਪੁਨੀਤ ਵਰਮਾ ਨੇ ਉਦਯਮਿਤਾ ਬਾਰੇ ਮਹੱਤਵਪੂਰਨ ਵਿਚਾਰ ਸਾਂਝੇ ਕੀਤੇ ਤੇ ਵਿਦਿਆਰਥੀਆਂ ਨੂੰ ਸਟਾਰਟਅਪ ਮੌਕਿਆਂ ਦੀ ਖੋਜ ਲਈ ਪ੍ਰੇਰਿਤ ਕੀਤਾ।




ਇਸ ਸਮਾਗਮ ਦਾ ਇੱਕ ਖਾਸ ਆਕਰਸ਼ਣ ਬੌਧਿਕ ਸੰਪਦਾ ਅਧਿਕਾਰਾਂ 'ਤੇ ਵਿਸ਼ੇਸ਼ ਸੈਸ਼ਨ ਸੀ, ਜਿਸ ਨੂੰ ਪ੍ਰੋ. (ਡਾ.) ਦੀਪਿੰਦਰ ਕੌਰ ਬਖ਼ਸ਼ੀ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਪੇਟੈਂਟ ਤੇ ਨਵਚਾਰੀ ਵਿਚਾਰਾਂ ਦੀ ਸੁਰੱਖਿਆ ਦੇ ਮਹੱਤਵ ਨੂੰ ਵਿਸਥਾਰ ਨਾਲ ਸਮਝਾਇਆ। ਪ੍ਰੋ. (ਡਾ.) ਸ਼ਾਲਿਨੀ ਗੁਪਤਾ ਨੇ ਤਕਨੀਕੀ ਕੁਸ਼ਲਤਾ ਦੇ ਨਾਲ-ਨਾਲ ਨੈਤਿਕਤਾ ਤੇ ਸਮੂਹਿਕ ਭਲਾਈ ਦੇ ਸੰਤੁਲਨ 'ਤੇ ਜ਼ੋਰ ਦਿੱਤਾ। ਇਸ ਮੌਕੇ 'ਤੇ ਨਿਵੇਸ਼ਕਾਂ ਤੇ ਮਾਰਗਦਰਸ਼ਕਾਂ ਦਾ ਇੱਕ ਵਿਸ਼ੇਸ਼ ਪੈਨਲ ਵੀ ਮੌਜੂਦ ਸੀ, ਜਿਸ ਵਿੱਚ ਦੀਪਕ ਗਰਗ, ਸ਼ਿਬਾਨੰਦ ਦਾਸ, ਨਿਤੀਸ਼ ਕੁਮਾਰ ਚਾਵਲਾ, ਤਥਾਗਤ ਕੁਮਾਰ, ਗਿਰੀਸ਼ ਮਿੱਤਲ, ਪੁਲਕਿਤ ਖੁਰਾਨਾ ਤੇ ਨਿਖਿਲ ਗੁਪਤਾ ਸ਼ਾਮਲ ਸਨ।ਉਨ੍ਹਾਂ ਨੇ ਭਾਗੀਦਾਰਾਂ ਨੂੰ ਮਾਰਗਦਰਸ਼ਨ ਦਿੱਤਾ ਤੇ ਕੀਮਤੀ ਸੁਝਾਅ ਸਾਂਝੇ ਕੀਤੇ। ਇੱਕ ਮਹੱਤਵਪੂਰਨ ਘੋਸ਼ਣਾ ਵਿੱਚ ਯੂਨੀਵਰਸਿਟੀ ਨੇ ਸਰਵੋਤਮ ਨਵਚਾਰੀ ਟੀਮਾਂ ਲਈ 10 ਲੱਖ ਤੋਂ ਵੱਧ ਫੰਡਿੰਗ ਤੇ 70,000 ਦੇ ਨਕਦ ਇਨਾਮਾਂ ਦਾ ਐਲਾਨ ਕੀਤਾ, ਜਿਸ ਨਾਲ ਭਾਗੀਦਾਰਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ। ਸਮਾਗਮ ਦੀ ਸਮਾਪਤੀ ਚਾਂਸਲਰ ਡਾ.ਜ਼ੋਰਾ ਸਿੰਘ ਵੱਲੋਂ ਆਯੋਜਕਾਂ, ਅਧਿਆਪਕਾਂ ਤੇ ਭਾਗੀਦਾਰਾਂ ਦੀ ਪ੍ਰਸ਼ੰਸਾ ਨਾਲ ਕੀਤਾ ਗਿਆ। ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਨੇ ਵੀ ਇਸ ਮੌਕੇ 'ਤੇ ਹਾਜ਼ਰੀ ਭਰੀ ਤੇ ਇਸ ਪਹਿਲ ਦੀ ਸਰਾਹਨਾ ਕੀਤੀ। ਪਾਥ ਫਾਈਂਡਰ 3.0 ਇੱਕ ਮੀਲ ਪੱਥਰ ਸਾਬਤ ਹੋਇਆ, ਜਿਸ ਨੇ ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ ਨੂੰ ਸਫਲ ਉਦਯਮਾਂ ਵਿੱਚ ਬਦਲਣ ਲਈ ਲੋੜੀਂਦੇ ਹੁਨਰ, ਸੰਪਰਕ ਤੇ ਮੌਕੇ ਪ੍ਰਦਾਨ ਕੀਤੇ।

# ਅਕਾਲੀ ਦਲ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਲੋਕ ਕਰ ਰਹੇ ਨੇ ਯਾਦ: ਅਕਾਲੀ ਆਗੂ

ਫਾਜ਼ਿਲਕਾ, 25 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸ਼੍ਰੋਮਣੀ ਅਕਾਲੀ ਦਲ ਨੇ 2007 ਤੋਂ 2017 ਤੱਕ ਦੇ ਸ਼ਾਸਨ ਨੂੰ ਰਾਜ ਨਹੀਂ ਸੇਵਾ ਦਾ ਮੌਕਾ ਸਮਝ ਕੇ ਪੰਜਾਬ ਵਿੱਚ ਕੰਮ ਕੀਤਾ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਪੂਰਨ ਸਿੰਘ ਘੋਗਾ, ਸੀਨੀਅਰ ਆਗੂ ਸਤਿੰਦਰ ਸਿੰਘ ਸਵੀ ਕਾਠਪਾਲ ਤੇ ਤੇਜਵੰਤ ਸਿੰਘ ਕਾਠਪਾਲ (ਟੀਟਾ) ਨੇ ਸਾਂਝੇ ਤੌਰ 'ਤੇ ਕੀਤਾ।ਹਲਕਾ ਇੰਚਾਰਜ ਸੰਪੂਰਨ ਸਿੰਘ ਘੋਗਾ ਨੇ ਕਿਹਾ ਕਿ ਇਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਸੂਬੇ ਨੂੰ ਹਰ ਖੇਤਰ ਵਿੱਚ ਅੱਗੇ ਵਧਾਇਆ ਤੇ ਜਨਤਾ ਦੀ ਭਲਾਈ ਲਈ ਅਨੇਕਾਂ ਸਕੀਮਾਂ ਸ਼ੁਰੂ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਨਾਰਾਜ਼ ਹੋ ਚੁੱਕੇ ਹਨ ਤੇ ਹੁਣ ਉਹ ਇੱਕ ਅਜਿਹੀ ਸਰਕਾਰ ਦੀ ਉਮੀਦ ਕਰ ਰਹੇ ਹਨ ਜੋ ਲੋਕਾਂ ਦੇ ਹਿੱਤਾਂ ਦੀ ਸੱਚੀ ਰੱਖਿਆ ਕਰੇ। ਉਨ੍ਹਾਂ ਦੱਸਿਆ ਕਿ ਅਕਾਲੀ ਦਲ ਦੀ ਸਰਕਾਰ ਨੇ



ਕਿਸਾਨਾਂ ਲਈ ਵੱਡੇ ਪੱਧਰ 'ਤੇ ਸੁਵਿਧਾਵਾਂ ਦਿੱਤੀਆਂ। ਸੂਬੇ ਨੂੰ ਬਿਜਲੀ ਪੱਖੋਂ ਸਰਪਲਸ ਬਣਾਉਂਦੇ ਹੋਏ ਕਿਸਾਨਾਂ ਨੂੰ ਮੁਫ਼ਤ ਬਿਜਲੀ ਦਿੱਤੀ ਗਈ। ਇਸ ਤੋਂ ਇਲਾਵਾ ਖੇਤੀ ਲਈ ਵਿਆਜ ਰਹਿਤ ਕਰਜ਼ੇ, ਖੇਤੀ ਉਪਕਰਨਾਂ 'ਤੇ ਸਬਸਿਡੀ, ਫਸਲ ਬੀਮਾ ਯੋਜਨਾਵਾਂ ਤੇ ਕੀਟਨਾਸ਼ਕ ਦਵਾਈਆਂ 'ਤੇ ਛੂਟ ਦਿੱਤੀ ਗਈ ਤਾਂ ਜੋ ਖੇਤੀਬਾੜੀ ਨੂੰ ਲਾਭਕਾਰੀ ਧੰਦਾ ਬਣਾਇਆ ਜਾ ਸਕੇ। ਸੀਨੀਅਰ ਆਗੂ ਸਤਿੰਦਰ ਸਿੰਘ ਸਵੀ ਕਾਠਪਾਲ ਨੇ ਕਿਹਾ ਕਿ ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨ ਲਈ ਸੜਕਾਂ ਦਾ ਵਿਆਪਕ ਜਾਲ ਵਿਛਾਇਆ ਗਿਆ। ਗਰੀਬ ਪਰਿਵਾਰਾਂ ਦੀ ਮਦਦ ਲਈ ਆਟਾ-ਦਾਲ ਸਕੀਮ ਚਲਾਈ ਗਈ, ਜਦਕਿ ਲੜਕੀਆਂ ਦੇ ਵਿਆਹ ਲਈ ਸ਼ਗਨ ਸਕੀਮ ਤੇ ਬਜ਼ੁਰਗਾਂ, ਵਿਧਵਾਵਾਂ ਤੇ ਅੰਗਹੀਣਾਂ ਲਈ ਪੈਨਸ਼ਨ ਯੋਜਨਾਵਾਂ ਲਾਗੂ ਕੀਤੀਆਂ ਗਈਆਂ।ਤੇਜਵੰਤ ਸਿੰਘ ਕਾਠਪਾਲ (ਟੀਟਾ) ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਇਹ ਮਹਿਸੂਸ ਕਰ ਰਹੇ ਹਨ ਕਿ ਸੂਬੇ ਦੇ ਹਿੱਤਾਂ ਤੇ ਹੱਕਾਂ ਦੀ ਰਾਖੀ ਕੇਵਲ ਖੇਤਰੀ ਪਾਰਟੀ ਹੀ ਕਰ ਸਕਦੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬੀਆਂ ਦੀ ਅਸਲ ਪਾਰਟੀ ਹੈ ਤੇ ਇਸ ਕਰਕੇ ਲੋਕ ਵੱਡੇ ਪੱਧਰ 'ਤੇ ਪਾਰਟੀ ਨੂੰ ਸਮਰਥਨ ਦੇ ਰਹੇ ਹਨ।

# ਖੇਡਾਂ ਨਸ਼ਿਆਂ ਤੋਂ ਦੂਰ ਰਹਿਣ ਦਾ ਸਭ ਤੋਂ ਵਧੀਆ ਸਾਧਨ: ਵਿਧਾਇਕ ਰਾਏ



ਸ੍ਰੀ ਫਤਹਿਗੜ੍ਹ ਸਾਹਿਬ, 25 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਤੇ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲਗਾਤਾਰ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਸਥਾਨਕ ਬੱਚਤ ਭਵਨ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਕਰਵਾਏ ਇੱਕ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਹਰ ਵਰਗ ਵੱਲੋਂ ਸਰਾਹਨਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਖੇਡਾਂ ਨਸ਼ਿਆਂ ਤੋਂ ਦੂਰ ਰਹਿਣ ਦਾ ਸਭ ਤੋਂ ਵਧੀਆ ਸਾਧਨ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਮੈਦਾਨ ਤੇ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤਾਂ ਜੋ ਸ਼ਹਿਰਾਂ ਤੇ ਪਿੰਡਾਂ ਦੇ ਬੱਚੇ ਤੇ ਨੌਜਵਾਨ ਆਪਣੇ ਹੁਨਰ ਨੂੰ ਨਿਖਾਰ ਸਕਣ। ਉਨ੍ਹਾਂ ਕਿਹਾ ਨੌਜਵਾਨ ਸਾਡੇ ਦੇਸ਼ ਤੇ ਸੂਬੇ ਦਾ ਰੋਸ਼ਨ ਭਵਿੱਖ ਹਨ ਤੇ ਸਾਡੀ ਨਵੀਂ ਪੀੜ੍ਹੀ ਨੂੰ ਨਸ਼ਿਆਂ ਖ਼ਿਲਾਫ਼ ਡੱਟ ਕੇ ਪਹਿਰਾ ਦੇਣ ਦੀ ਲੋੜ ਹੈ ਤਾਂ ਜੋ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਖੇਡਾਂ ਨਾ ਸਿਰਫ਼ ਬੱਚਿਆਂ ਦੀ ਸਰੀਰਕ ਤੰਦਰੁਸਤੀ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਵਰਕ ਤੇ ਆਤਮ-ਵਿਸ਼ਵਾਸ ਵੀ ਵਿਕਸਿਤ ਕਰਦੀਆਂ ਹਨ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਤੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਖੇਡਾਂ ਦਾ ਸਮਾਨ ਵੰਡਿਆ ਤੇ ਸਕੂਲੀ ਬੱਚਿਆਂ ਤੇ ਅਧਿਆਪਕਾਂ ਵੱਲੋਂ 'ਸੇ ਨੋ ਟੂ ਡਰੱਗ' ਦੀ ਸਹੁੰ ਚੁੱਕਵਾਈ ਗਈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਜਸਵੀਰ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਦੀਦਾਰ ਸਿੰਘ ਮਾਂਗਟ, ਜ਼ਿਲ੍ਹਾ ਨੋਡਲ ਅਫਸਰ ਦੀਪਕ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

# ਸਰਕਾਰੀ ਜਵਾਹਰ ਲਾਲ ਕਾਲਜ ਤੂਰਾਂ 'ਚ ਵਾਤਾਵਰਨ ਪ੍ਰਤੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ



ਮੰਡੀ ਗੋਬਿੰਦਗੜ੍ਹ, 25 ਅਪ੍ਰੈਲ (ਸੂਦ): ਜਵਾਹਰ ਲਾਲ ਨਹਿਰੂ ਸਰਕਾਰੀ ਕਾਲਜ ਤੂਰਾਂ ਵਿਖੇ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਈਕੋ ਕਲੱਬ ਨੇ 'ਧਰਤੀ ਬਚਾਓ, ਪਾਣੀ ਬਚਾਓ ਤੇ ਬਿਜਲੀ ਬਚਾਓ' ਵਿਸ਼ੇ ਉਪਰ ਵਿਦਿਆਰਥੀਆਂ ਵਿੱਚਕਾਰ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦਾ ਆਯੋਜਨ ਈਕੋ ਕਲੱਬ ਦੇ ਕੋਆਰਡੀਨੇਟਰ ਰਿਤੂ ਰਾਣੀ ਵੱਲੋਂ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕਾਲਜ ਦੀ ਵਾਈਸ ਪ੍ਰਿੰਸੀਪਲ ਜਸਪ੍ਰੀਤ ਗਰੇਵਾਲ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਾਣੀ ਬਚਾਓ, ਧਰਤ ਬਚਾਓ ਤੇ ਬਿਜਲੀ ਬਚਾਓ ਵਰਗਾ ਮਹੱਤਵਪੂਰਨ ਵਿਸ਼ਾ ਚੁਣ ਕੇ ਕਾਲਜ ਨੇ ਸਮਾਜ ਲਈ ਇੱਕ ਪ੍ਰੇਰਨਾਦਾਇਕ ਸੁਨੇਹਾ ਦਿੱਤਾ ਹੈ। ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਨੌਜਵਾਨ ਪੀੜ੍ਹੀ ਨੂੰ ਵਾਤਾਵਰਨ ਸੰਭਾਲ ਵੱਲ ਪ੍ਰੇਰਨਾ ਮਿਲਦੀ ਹੈ। ਇਸ ਦੌਰਾਨ ਕਾਲਜ ਦੇ ਸਮੂਹ ਸਟਾਫ਼ ਮੈਂਬਰਜ਼ ਤੇ ਵਿਦਿਆਰਥੀ ਹਾਜ਼ਰ ਸਨ।

# ਵਿਅਕਤੀ ਪਾਰਟੀਆਂ ਨਹੀਂ ਹੁੰਦੀਆਂ, ਸਗੋਂ ਪਾਰਟੀਆਂ ਤੇ ਸੰਗਠਨ ਹਮੇਸ਼ਾ ਵਿਅਕਤੀਆਂ ਤੋਂ ਵੱਡੇ ਹੁੰਦੇ ਨੇ: ਪ੍ਰੋ.ਮੁਲਤਾਨੀ

ਮੁਕੇਰੀਆਂ, 25 ਅਪ੍ਰੈਲ (ਧਰਮ ਚੰਦ): ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਟਿੱਪਣੀ ਕਰਦਿਆਂ ਹਲਕਾ ਇੰਚਾਰਜ ਪ੍ਰੋ. ਜੀ.ਐਸ. ਮੁਲਤਾਨੀ ਨੇ ਕਿਹਾ ਕਿ ਵਿਅਕਤੀ ਪਾਰਟੀਆਂ ਨਹੀਂ ਹੁੰਦੀਆਂ, ਸਗੋਂ ਪਾਰਟੀਆਂ ਤੇ ਸੰਗਠਨ ਹਮੇਸ਼ਾ ਵਿਅਕਤੀਆਂ ਤੋਂ ਵੱਡੇ ਹੁੰਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਲੋਕ ਭਲਾਈ ਕੰਮਾਂ ਤੋਂ ਡਰ ਕੇ ਇਹ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਭਾਜਪਾ ਨੂੰ ਮਾਨ ਸਰਕਾਰ ਦੇ ਫੈਸਲਿਆਂ 'ਤੇ ਕੋਈ ਠੋਸ ਹੁੰਗਾਰਾ ਨਹੀਂ ਮਿਲਿਆ ਤਾਂ ਇਸ ਨੇ ਮਿਸ਼ਨ ਲੋਟਸ ਤਹਿਤ ਰਾਜ ਸਭਾ ਮੈਂਬਰਾਂ ਨੂੰ ਵੰਡ ਕੇ ਆਪ ਨੂੰ ਕਮਜ਼ੋਰ ਕਰਨ ਦੀ ਸਾਜਿਸ਼ ਰਚੀ। ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ ਲੋਕਤੰਤਰ ਨੂੰ ਕਮਜ਼ੋਰ ਕਰਕੇ ਵਿਰੋਧੀ ਪਾਰਟੀਆਂ ਨੂੰ ਖ਼ਤਮ ਕਰਨਾ ਤੇ ਰਾਜਾਂ ਵਿੱਚ ਸੱਤਾ 'ਤੇ ਕਾਬਜ਼ ਹੋਣਾ ਚਾਹੁੰਦੀ ਹੈ। ਪ੍ਰੋ. ਮੁਲਤਾਨੀ ਨੇ ਕਿਹਾ ਕਿ ਜੇਕਰ ਭਾਜਪਾ ਸੋਚਦੀ ਹੈ ਕਿ ਉਹ ਸੱਤਾ ਲਈ ਲੋਕਾਂ ਨੂੰ ਖਰੀਦ ਕੇ ਜਾਂ ਡਰਾ ਕੇ ਪੰਜਾਬ 'ਤੇ ਕਬਜ਼ਾ ਕਰ ਸਕਦੀ ਹੈ ਤਾਂ ਇਹ ਇੱਕ ਵੱਡਾ ਭਰਮ ਹੈ।



ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਹੇਰਾਫੇਰੀ ਵਾਲੀ ਰਾਜਨੀਤੀ ਨਾਲ ਨਹੀਂ ਜਿੱਤਿਆ ਜਾ ਸਕਦਾ। ਪ੍ਰੋ.ਮੁਲਤਾਨੀ ਨੇ ਪਾਰਟੀ ਛੱਡਣ ਵਾਲਿਆਂ ਨੂੰ ਟਹਿਣੀਆਂ ਤੋਂ ਡਿੱਗੇ ਪੱਤੇ ਦੱਸਿਆ ਤੇ ਕਿਹਾ ਕਿ ਸਮਾਂ ਆਉਣ 'ਤੇ ਪੰਜਾਬ ਦੇ ਲੋਕ ਉਨ੍ਹਾਂ ਨੂੰ ਜ਼ਰੂਰ ਢੁੱਕਵਾਂ ਜਵਾਬ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਉਨ੍ਹਾਂ ਤਾਕਤਾਂ ਵਿਰੁੱਧ ਡੱਟ ਕੇ ਖੜ੍ਹੇ ਰਹਿਣ ਦਾ ਯਤਨ ਕੀਤਾ ਹੈ, ਜਿਨ੍ਹਾਂ ਨੇ ਸੂਬੇ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ।

# ਡਿਜੀਟਲ ਕ੍ਰਾਂਤੀ ਤਹਿਤ ਵਿਧਾਇਕ ਭੁੱਲਰ ਵੱਲੋਂ ਵੱਖ-ਵੱਖ ਸਕੂਲਾਂ 'ਚ ਕੰਪਿਊਟਰ ਤੇ ਇਨਟਰੈਕਟਿਵ ਪੈਨਲਾਂ ਦਾ ਉਦਘਾਟਨ

ਫ਼ਿਰੋਜ਼ਪੁਰ, 25 ਅਪ੍ਰੈਲ (ਤਿਵਾੜੀ): ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ 'ਡਿਜੀਟਲ ਕ੍ਰਾਂਤੀ ਤਹਿਤ ਸ਼ਹਿਰੀ ਹਲਕੇ ਦੇ ਵੱਖ-ਵੱਖ ਸਕੂਲਾਂ 'ਚ ਕੰਪਿਊਟਰ ਤੇ ਇਨਟਰੈਕਟਿਵ ਪੈਨਲਾਂ ਦਾ ਉਦਘਾਟਨ ਕੀਤਾ, ਜਿਸ ਵਿੱਚ ਕੰਟੋਨਮੈਂਟ ਬੋਰਡ ਸੀਨੀਅਰ ਸੈਕੰਡਰੀ ਸਕੂਲ ਸੇਠੀ ਰੋਡ, ਫ਼ਿਰੋਜ਼ਪੁਰ ਕੈਂਟ, ਕੰਟੋਨਮੈਂਟ ਬੋਰਡ ਐਲੀਮੈਂਟਰੀ ਸਕੂਲ, ਬਾਜ਼ਾਰ ਨੰਬਰ 1, ਕੰਟੋਨਮੈਂਟ ਬੋਰਡ ਐਲੀਮੈਂਟਰੀ ਸਕੂਲ ਗਵਾਰ ਮੰਡੀ, ਕੰਟੋਨਮੈਂਟ ਬੋਰਡ ਹਾਈ ਸਕੂਲ ਬੀ.ਆਈ.ਬੀ., ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਫ਼ਿਰੋਜ਼ਪੁਰ ਤੇ ਸਕੂਲ ਆਫ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰ ਵਿਖੇ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਸ਼ਾਮਲ ਸੀ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ,




ਜੋਨਸ ਵਿਕਾਸ, ਸੀਈਓ ਕਨਟੋਨਮੈਂਟ ਬੋਰਡ ਹਾਜ਼ਰ ਸਨ।ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਆ ਮਨੁੱਖੀ ਜੀਵਨ ਦਾ ਅਨਿੱਖੜਵਾਂ ਅੰਗ ਹੈ ਵਿੱਦਿਆ ਤੋਂ ਬਿਨਾਂ ਮਨੁੱਖ ਅਧੂਰਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੜ੍ਹਾਈ, ਖੇਡਾਂ ਤੇ ਆਪਣੀ ਦਿਲਚਸਪੀ ਅਨੁਸਾਰ ਹੋਰ ਚੰਗੇ ਖੇਤਰਾਂ ਵਿੱਚ ਆਪੋ-ਆਪਣੇ ਮਿੱਥੇ ਟੀਚਿਆਂ ਨੂੰ ਸਖਤ ਮਿਹਨਤ ਕਰਕੇ ਸਰ ਕਰਨ। ਇਸ ਮੌਕੇ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਰਾਜੇਸ਼ ਮਹਿਤਾ, ਰਾਜ ਬਹਾਦਰ ਗਿੱਲ, ਪ੍ਰਦੀਪ ਚੋਪੜਾ, ਅਮਰਿੰਦਰ ਬਰਾੜ, ਵਿਕਾਸ, ਹਿਮਾਂਸ਼ੂ ਠੱਕਰ, ਡਾ. ਰਾਮੇਸ਼ਵਰ ਸਿੰਘ ਕਟਾਰਾ, ਮਨਜੀਤ ਸਿੰਘ ਸੁਪਰਡੰਟ, ਪ੍ਰਿੰਸੀਪਲ ਜਗਦੀਸ਼ ਸਿੰਘ, ਪ੍ਰਿੰਸੀਪਲ ਆਸ਼ੂ ਸ਼ਰਮਾ, ਸੁਨੀਤਾ ਜੁਨੇਜਾ, ਸੁਨੀਤਾ ਬਜਾਜ, ਸਤੀਸ਼ ਕੁਮਾਰ ਅਰੋੜਾ ਐਸਡੀਓ, ਅਭਿਸ਼ੇਕ ਪਾਂਡੇ ਸੈਨੀਟਰੀ ਇੰਸਪੈਕਟਰ, ਸਰਬਜੀਤ ਸਿੰਘ ਭਾਵੜਾ, ਬਲਰਾਜ ਸਿੰਘ ਆਦਿ ਹਾਜ਼ਰ ਸਨ।

# ਕੇਂਦਰੀ ਮੰਤਰੀ ਰਾਮੂਵਾਲਾ ਸਮੇਤ ਵੱਡੀ ਗਿਣਤੀ 'ਚ ਵੱਖ-ਵੱਖ ਸ਼ਖਸੀਅਤਾਂ ਵੱਲੋਂ ਪੱਤਰਕਾਰ ਰੌਲੀ ਨਾਲ ਚਾਚੀ ਦੇ ਦੇਹਾਂਤ 'ਤੇ ਦੁੱਖ ਸਾਂਝਾ

ਮੋਗਾ, 25 ਅਪ੍ਰੈਲ (ਸਰਬਜੀਤ ਰੌਲੀ): ਮੋਗਾ ਤੋਂ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਰੌਲੀ ਨੂੰ ਉਸ ਵਕਤ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਚਾਚੀ ਤੇ ਹਰਜੀਤ ਸਿੰਘ ਰਾਜੂ ਤੇ ਗੁਰਮੇਲ ਸਿੰਘ ਨਿੱਕਾ ਮਨੀਲਾ ਦੀ ਮਾਤਾ ਮਨਜੀਤ ਕੌਰ ਸੰਖੇਪ ਬਿਮਾਰੀ ਕਾਰਨ ਅਚਾਨਕ ਸਦੀਵੀ ਵਿਛੋੜਾ ਦੇ ਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ ਸਨ। ਇਸ ਦੁਖਦਾਈ ਸਮੇਂ ਵਿੱਚ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਧਾਰਮਿਕ, ਰਾਜਨੀਤਿਕ ਤੋਂ ਇਲਾਵਾ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ। ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਬਰਜਿੰਦਰ ਸਿੰਘ ਮੱਖਣ ਬਰਾੜ, ਨਿਹਾਲ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ, ਖਣਮੁੱਖ ਭਾਰਤੀ ਪੱਤੋਂ ਜ਼ਿਲ੍ਹਾ ਸ਼ਹਿਰੀ ਪ੍ਰਧਾਨ, ਜਥੇ. ਤੀਰਥ ਸਿੰਘ ਮਾਹਲਾ ਮੈਂਬਰ ਕੋਰ ਕਮੇਟੀ, ਡਾ. ਅਮਨਦੀਪ ਕੌਰ ਅਰੋੜਾ ਹਲਕਾ ਵਿਧਾਇਕ ਮੋਗਾ, ਬਲਵੰਤ ਸਿੰਘ ਰਾਮੂਵਾਲਾ ਕੇਂਦਰੀ ਮੰਤਰੀ ਪੰਜਾਬ, ਰਾਜਿੰਦਰ ਸਿੰਘ ਡੱਲਾ ਸੀਨੀਅਰ ਅਕਾਲੀ ਆਗੂ, ਸੰਜੀਤ ਸਿੰਘ ਸਨੀ ਗਿੱਲ ਹਲਕਾ ਇੰਚਾਰਜ ਮੋਗਾ, ਹਰਪ੍ਰੀਤ ਹੀਰੋ ਸੀਨੀਅਰ ਅਕਾਲੀ ਆਗੂ ਮੱਖੂ, ਮਲਵਿਕਾ ਸੂਦ ਸੱਚਰ ਹਲਕਾ ਇੰਚਾਰਜ ਮੋਗਾ, ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਸੁਖਬੀਰ ਸਿੰਘ ਸੈਕਟਰੀ ਡਾਲਾ, ਰਾਜਵਿੰਦਰ ਸਿੰਘ ਧਰਮਕੋਟ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਬਲਦੇਵ ਸਿੰਘ ਮਾਣੂੰਕੇ ਸੀਨੀਅਰ ਆਗੂ, ਸਾਬਕਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮਰਜੀਤ ਸਿੰਘ ਲੰਡੇ ਕੇ, ਸਰਪੰਚ ਹਰਮੇਲ ਕੌਰ ਰਾਮੂਵਾਲਾ ਹਰਚੋਕਾ, ਰਾਜਵਿੰਦਰ ਕੌਰ ਭਾਗੀ ਕੇ ਸਾਬਕਾ ਵਿਧਾਇਕ, ਮਨਜੀਤ ਸਿੰਘ ਬਿਲਾਸਪੁਰ ਵਿਧਾਇਕ, ਚਨਪ੍ਰੀਤ ਸਿੰਘ ਅਟੂੰ ਡਾਲਾ, ਰਣਧੀਰ ਸਿੰਘ ਸਾਬਕਾ ਚੇਅਰਮੈਨ, ਕਮਲਜੀਤ ਸਿੰਘ ਮੋਗਾ ਕੈਨੇਡਾ, ਚਰਨਜੀਤ ਸਿੰਘ ਝੰਡੇਆਣਾ ਸੀਨੀਅਰ ਅਕਾਲੀ ਆਗੂ, ਰਿੱਕੀ ਅਰੋੜਾ, ਡਾ. ਬਰਜਿੰਦਰ ਸਿੰਘ, ਡਾ. ਖੁਸ਼ਦੀਪ ਸਿੰਘ, ਦਵਿੰਦਰਜੀਤ ਸਿੰਘ ਲਾਡੀ ਢੋਸ ਵਿਧਾਇਕ ਧਰਮਕੋਟ, ਸਰਪੰਚ ਗੁਰਮੀਤ ਸਿੰਘ ਗਗੜਾ, ਲਖਵੰਤ ਸਿੰਘ ਮੈਹਣਾ, ਸਜਵੰਤ ਸਿੰਘ ਬੁੱਘੀਪੁਰਾ, ਨਿਰਮਲ ਸਿੰਘ ਸਾਬਕਾ ਸਰਪੰਚ ਬੁੱਘੀਪੁਰਾ, ਭੂਪਿੰਦਰ ਸਿੰਘ ਦੌਲਤਪੁਰਾ ਕਿਸਾਨ ਆਗੂ ਬੀਕੇਯੂ ਲੱਖੋਵਾਲ, ਚਮਕੌਰ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ ਦੁਸਾਂਝ, ਸਾਬਕਾ ਸਰਪੰਚ ਗੁਰਚਰਨ ਸਿੰਘ ਗੋਗੀ ਦੁਸਾਂਝ, ਗੁਰਬਿੰਦ ਸਿੰਘ ਸਿੰਘਾਵਾਲਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬੂਟਾ ਸਿੰਘ ਦੌਲਤਪੁਰਾ ਸਾਬਕਾਂ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਸਾਬਕਾ ਸਰਪੰਚ ਗੁਰਮੀਤ ਸਾਫ਼ੂਵਾਲਾ, ਬਲਵਿੰਦਰ ਸਿੰਘ ਬਿੰਦਾ ਸੀਨੀਅਰ ਪੱਤਰਕਾਰ ਜਗਬਾਣੀ ਪੰਜਾਬ ਕੇਸਰੀ ਗਰੁੱਪ ਆਦਿ ਹਾਜ਼ਰ ਸਨ।

# ਪ੍ਰੀ-ਐਸ.ਆਈ.ਆਰ. ਜ਼ਿਲ੍ਹਾ ਫ਼ਿਰੋਜ਼ਪੁਰ 'ਚ 2003 ਦੇ ਵੋਟਰਾਂ 'ਚੋਂ 85.35 ਫੀਸਦੀ ਦੀ ਮੈਪਿੰਗ ਮੁਕੰਮਲ: ਜ਼ਿਲ੍ਹਾ ਚੋਣ ਅਧਿਕਾਰੀ

ਫ਼ਿਰੋਜ਼ਪੁਰ, 25 ਅਪ੍ਰੈਲ (ਤਿਵਾੜੀ): ਪ੍ਰੀ-ਵਿਸ਼ੇਸ਼ ਵਿਆਪਕ ਸੁਧਾਈ (ਐਸ.ਆਈ.ਆਰ.) ਮੁਹਿੰਮ ਤਹਿਤ 2025 ਦੇ ਵੋਟਰਾਂ ਦਾ ਮਿਲਾਨ 2003 ਦੀ ਵੋਟਰ ਸੂਚੀ ਦੇ ਨਾਲ ਕੀਤਾ ਜਾ ਰਿਹਾ ਹੈ। ਫ਼ਿਰੋਜ਼ਪੁਰ ਜ਼ਿਲ੍ਹੇ ਵਿਖੇ 85.35 ਫੀਸਦੀ ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਆਈ.ਏ.ਐਸ. ਨੇ ਪ੍ਰੀ-ਐਸ.ਆਈ.ਆਰ. ਦੇ ਕੰਮ ਦੀ ਸਮੀਖਿਆ ਕਰਨ ਉਪਰੰਤ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵੱਲੋਂ ਸੂਚਿਤ ਕੀਤਾ ਗਿਆ ਕਿ ਭਾਰਤ ਚੋਣ ਕਮਿਸ਼ਨ ਦੇ ਹੁਕਮਾਂ ਅਨੁਸਾਰ 2003 ਦੀ ਵੋਟਰ ਸੂਚੀ ਦੇ ਵੋਟਰਾਂ ਦਾ ਡਾਟਾ ਬੀ.ਐਲ.ਓਜ਼ ਰਾਹੀਂ ਤਸਦੀਕ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨਾਲ ਸਹਿਯੋਗ ਕਰਨ, ਜੋ ਆਪਣੇ-ਆਪਣੇ ਖੇਤਰਾਂ ਵਿੱਚ ਜਾ ਕੇ ਵੋਟਰਾਂ ਨਾਲ ਸੰਪਰਕ ਕਰਕੇ ਪ੍ਰੀ-ਐਸ.ਆਈ.ਆਰ. ਦੌਰਾਨ ਵੋਟਰ ਮੈਪਿੰਗ ਕਰ ਰਹੇ ਹਨ। ਉਨ੍ਹਾਂ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਨੂੰ ਹੁਕਮ ਦਿੱਤੇ ਕਿ ਜ਼ੀਰਾ, ਫ਼ਿਰੋਜ਼ਪੁਰ ਸ਼ਹਿਰੀ, ਫ਼ਿਰੋਜ਼ਪੁਰ ਦਿਹਾਤੀ ਤੇ ਗੁਰੂ ਹਰਸਹਾਏ ਹਲਕਿਆਂ ਵਿੱਚ ਪੇਂਡੂ ਬੂਥਾਂ ਦੀ 100 ਫੀਸਦੀ ਵੋਟਰਾਂ ਦੀ ਮੈਪਿੰਗ ਯਕੀਨੀ ਬਣਾਈ ਜਾਵੇ। ਜ਼ਿਲ੍ਹਾ ਚੋਣ ਅਧਿਕਾਰੀ ਨੇ ਹੋਰ ਦੱਸਿਆ ਕਿ ਹੁਣ ਤੱਕ ਜ਼ੀਰਾ ਵਿੱਚ 84.70 ਫੀਸਦੀ, ਫ਼ਿਰੋਜ਼ਪੁਰ ਸ਼ਹਿਰੀ ਵਿੱਚ 73.88 ਫੀਸਦੀ, ਫ਼ਿਰੋਜ਼ਪੁਰ ਦਿਹਾਤੀ ਵਿੱਚ 92.24 ਫੀਸਦੀ ਤੇ ਗੁਰੂ ਹਰਸਹਾਏ ਵਿੱਚ 89.92 ਫੀਸਦੀ ਵੋਟਰਾਂ ਦੀ ਮੈਪਿੰਗ ਹੋ ਚੁੱਕੀ ਹੈ। ਉਨ੍ਹਾਂ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਹੁਕਮਾਂ ਅਨੁਸਾਰ ਆਪਣੀ ਵੋਟ



ਬੀ.ਐਲ.ਓ. ਰਾਹੀਂ ਤਸਦੀਕ ਕਰਵਾਉਣ। ਮੈਪਿੰਗ ਲਈ ਵੋਟਰ ਆਪਣੇ ਸਬੰਧਤ ਬੀ.ਐਲ.ਓਜ਼ ਨਾਲ ਸੰਪਰਕ ਕਰ ਸਕਦੇ ਹਨ। ਸਬੰਧਤ ਬੀ.ਐਲ.ਓਜ਼ ਬਾਰੇ ਜਾਣਕਾਰੀ https://www.ceopunjab.gov.in ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੂਹ ਚੋਣ ਹਲਕਿਆਂ ਵਿੱਚ ਬੀ.ਐਲ.ਓਜ਼ ਵੱਲੋਂ 25 ਅਪ੍ਰੈਲ (ਸ਼ਨੀਵਾਰ) ਤੇ 26 ਅਪ੍ਰੈਲ (ਐਤਵਾਰ) ਨੂੰ ਸਵੇਰੇ 10.00 ਵਜੇ ਤੋਂ ਸ਼ਾਮ 5.00 ਵਜੇ ਤੱਕ ਸਪੈਸ਼ਲ ਕੈਂਪ ਦੇ ਤਹਿਤ ਆਪਣੇ-ਆਪਣੇ ਪੋਲਿੰਗ ਬੂਥ ਦਾ ਦੌਰਾ ਕੀਤਾ ਜਾਵੇਗਾ ਤੇ ਉਨ੍ਹਾਂ ਵੱਲੋਂ ਮੈਪਿੰਗ ਦਾ ਕੰਮ ਡੋਰ-ਟੂ-ਡੋਰ ਕੀਤਾ ਜਾਵੇਗਾ। ਇਸ ਸਬੰਧ ਵਿੱਚ ਆਮ ਜਨਤਾ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਨੂੰ ਵੱਧ ਵੱਧ ਤੋਂ ਸਹਿਯੋਗ ਦਿੱਤਾ ਜਾਵੇ ਤਾਂ ਜੋ 100 ਫ਼ੀਸਦੀ ਮੈਪਿੰਗ ਦਾ ਟੀਚਾ ਪੂਰਾ ਹੋ ਸਕੇ।

# ਟੀਚਰ ਫਰੰਟ ਨੇ ਡੀ.ਸੀ. ਜਲੰਧਰ ਨੂੰ ਮੰਗ ਪੱਤਰ ਸੌਂਪਿਆ

## ਮੁਲਾਜ਼ਮਾਂ ਦੀ ਜਗ੍ਹਾ ਬੇਰੁਜ਼ਗਾਰ ਨੌਜਵਾਨਾਂ ਤੋਂ ਜਨਗਣਨਾ ਤੇ ਵੋਟਾਂ ਦੇ ਕੰਮ ਕਰਾਵੇ ਸਰਕਾਰ



ਭੋਗਪੁਰ, 25 ਅਪ੍ਰੈਲ (ਜੰਡੀਰ ਸੈਣੀ): ਅੱਜ ਟੀਚਰਜ਼ ਫਰੰਟ ਵੱਲੋਂ ਡੀਸੀ ਜਲੰਧਰ ਨੂੰ ਮੰਗ ਪੱਤਰ ਦਿੱਤਾ ਗਿਆ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਨੇ ਜਨਗਣਨਾ ਦੀਆਂ ਡਿਊਟੀਆਂ ਬਾਹਰਲੇ ਬਲਾਕਾਂ ਦੀ ਜਗ੍ਹਾ ਮੁਲਾਜ਼ਮਾਂ ਤੇ ਅਧਿਆਪਕਾਂ ਦੀਆਂ ਡਿਊਟੀਆਂ ਉਨ੍ਹਾਂ ਦੇ ਆਪਣੇ ਬਲਾਕ ਵਿੱਚ ਲਗਾਉਣ ਤੇ ਅਜਿਹੇ ਸਾਰੇ ਕੰਮ ਪਿੰਡਾਂ ਦੇ ਪੜ੍ਹੇ-ਲਿਖੇ ਬੇਰੁਜ਼ਗਾਰਾਂ ਤੋਂ ਕਰਵਾਉਣ ਲਈ ਡੀਸੀ ਜਲੰਧਰ ਨੂੰ ਮੰਗ ਪੱਤਰ ਦਿੱਤਾ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਜੋਸ਼ਨ, ਮੀਤ ਪ੍ਰਧਾਨ ਗੁਰਦੀਪ ਸਿੰਘ ਬਹਿਣੀਵਾਲ ਤੇ ਬਲਵੰਤ ਸਿੰਘ ਗਿਆਨਾ ਨੇ ਕਿਹਾ ਕਿ ਜਨਗਣਨਾ ਤੇ ਵੋਟਾਂ ਦੇ ਕੰਮਾਂ ਨੇ ਪੰਜਾਬ ਦੇ ਅਧਿਆਪਕਾਂ ਨੂੰ ਉਲਝਾ ਲਿਆ ਹੈ।ਜਿਸ ਕਰਕੇ ਅਨੇਕਾਂ ਅਧਿਆਪਕ ਸਕੂਲਾਂ ਤੋਂ ਬਾਹਰ ਰਹਿ ਕੇ ਇਹ ਕੰਮ ਕਰਨ ਲਈ ਮਜਬੂਰ ਹੋ ਗਏ ਹਨ। ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਬਹੁਤ ਜ਼ਿਆਦਾ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸਿੱਖਿਆ ਕ੍ਰਾਂਤੀ ਦਾ ਦਿਵਾਲਾ ਨਿਕਲ ਚੁੱਕਾ ਹੈ, ਉਨ੍ਹਾਂ ਨੇ ਪੰਜਾਬ ਸਰਕਾਰ 'ਤੇ ਵੀ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੀ ਸਕੂਲਾਂ ਨੂੰ ਪ੍ਰਾਈਵੇਟ ਕਰਨ ਦੇ ਰਾਹ ਹੀ ਤੁਰ ਪਈ ਹੈ। ਉਨ੍ਹਾਂ ਪੰਜਾਬ ਸਰਕਾਰ ਕੋਲੋਂ ਮੰਗ ਕਰਦੇ ਹੋਏ ਕਿਹਾ ਕਿ ਜੇਕਰ ਸਚਮੁੱਚ ਹੀ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਕਰਨੀ ਹੈ ਤਾਂ ਅਧਿਆਪਕਾਂ ਨੂੰ ਸਕੂਲਾਂ ਵਿੱਚ ਰਹਿ ਕੇ ਪੜ੍ਹਾਉਣ ਦਾ ਕੰਮ ਹੀ ਕਰਵਾਉਣਾ ਚਾਹੀਦਾ ਹੈ ਤੇ ਇਸ ਮੁਤਾਬਿਕ ਪੰਜਾਬ ਸਰਕਾਰ ਪਹਿਲਾਂ ਵੀ ਵਾਅਦਾ ਕਰਕੇ ਆਈ ਸੀ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੇ ਕੰਮ ਪਿੰਡਾਂ ਦੇ ਬੇਰੁਜ਼ਗਾਰ ਪੜ੍ਹੇ-ਲਿਖੇ ਨੌਜਵਾਨਾਂ ਤੋਂ ਹੀ ਕਰਵਾਉਣੇ ਚਾਹੀਦੇ ਹਨ, ਇਸ ਨਾਲ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਵੀ ਮਿਲ ਜਾਵੇਗਾ ਤੇ ਨੌਜਵਾਨ ਸਰਕਾਰੀ ਕੰਮ-ਕਾਰ ਤੋਂ ਵੀ ਜਾਣੂੰ ਹੋ ਸਕਣਗੇ।

# ਬਾਬਾ ਜ਼ੋਰਾਵਰ ਸਿੰਘ ਫਤਹਿ ਸਿੰਘ ਸੀਨੀ.ਸੈਕੰ. ਪਬਲਿਕ ਸਕੂਲ ਦੀ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



ਸ੍ਰੀ ਫਤਹਿਗੜ੍ਹ ਸਾਹਿਬ, 25 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਬਾਬਾ ਜ਼ੋਰਾਵਰ ਸਿੰਘ ਫਤਹਿ ਸਿੰਘ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਫਤਹਿਗੜ੍ਹ ਸਾਹਿਬ ਦੀ ਅੱਠਵੀਂ ਦੀ ਬੋਰਡ ਪ੍ਰੀਖਿਆ ਦਾ ਨਤੀਜਾ ਸ਼ਾਨਦਾਰ ਰਿਹਾ। ਬਵਨੀਤ ਬਾਜਵਾ ਨੇ 94.5% (ਪਹਿਲਾ ਸਥਾਨ) ਹਰਸਿਮਰਤ ਕੌਰ ਨੇ 93% (ਦੂਜਾ ਸਥਾਨ) ਗੁਰਸ਼ਰਨ ਕੌਰ ਤੇ ਏਕਮਜੋਤ ਨੇ 93.16% (ਤੀਜਾ ਸਥਾਨ) ਅੰਕ ਲੈ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਟਰੱਸਟ ਦੇ ਪ੍ਰਧਾਨ ਅਮਰਇੰਦਰ ਸਿੰਘ ਲਿਬੜਾ ਨੇ ਪੁਜੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਤੇ ਸ਼ਾਨਦਾਰ ਨਤੀਜਿਆਂ ਲਈ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਸਕੂਲ ਪ੍ਰਿੰਸੀਪਲ ਅਰਸ਼ਦੀਪ ਕੌਰ ਨੇ ਹੋਣਹਾਰ ਵਿਦਿਆਰਥਣਾਂ ਨੂੰ ਸ਼ਾਬਾਸ਼ ਤੇ ਇੱਥੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

## ਐਨ.ਆਰ.ਆਈ. ਪੰਜਾਬ ਸਭਾ ਦੀਆਂ ਚੋਣਾਂ ਕਰਵਾਉਣ ਸਬੰਧੀ ਅਦਾਲਤ ਦਾ ਫ਼ੈਸਲਾ ਸ਼ਲਾਘਾਯੋਗ : ਸੰਧੂ, ਬਾਵਾ



ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਕੈਨੇਡਾ ਦੇ ਦੋ ਵਾਰ ਵਿਧਾਇਕ ਰਹਿ ਚੁੱਕੇ ਪੀਟਰ ਸੰਧੂ ਅਤੇ ਆਸਟਰੇਲੀਆ ਦੇ ਉੱਘੇ ਸਮਾਜ ਸੇਵਕ ਅਸ਼ਵਨੀ ਬਾਵਾ ਨੇ ਅਦਾਲਤ ਦੇ ਉਸ ਫੈਸਲੇ ਦਾ ਸਵਾਗਤ ਕੀਤਾ ਹੈ, ਜਿਸ ਵਿੱਚ ਕਿ ਅਦਾਲਤ ਨੇ ਪੰਜਾਬ ਸਰਕਾਰ ਨੂੰ ਪੰਜਾਬ ਵਿੱਚ ਐਨ ਆਰ ਆਈ ਸਭਾ ਪੰਜਾਬ ਦੀਆਂ ਚੋਣਾਂ ਇਸੇ ਸਾਲ 31 ਦਸੰਬਰ ਤੋਂ ਪਹਿਲਾਂ ਪਹਿਲਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਸ੍ਰੀ ਸੰਧੂ ਨੇ ਆਖਿਆ ਕਿ 2022 ਵਿੱਚ ਜਿਨ੍ਹਾਂ ਪ੍ਰਵਾਸੀ ਪੰਜਾਬੀਆਂ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਲਿਆਉਣ ਲਈ ਪੂਰਾ ਜ਼ੋਰ ਲਗਾ ਦਿੱਤਾ ਸੀ ਅਤੇ ਤਨ ਮਨ ਧੰਨ ਨਾਲ ਸਹਿਯੋਗ ਦਿੱਤਾ ਸੀ ਉਹਨਾਂ ਨੂੰ ਆਪਣੀ ਐਨਆਰਆਈ ਸਭਾ ਦੀ ਚੋਣ ਕਰਵਾਉਣ ਲਈ ਤਿੰਨ ਵਾਰ ਅਦਾਲਤ ਜਾਣਾ ਪਿਆ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਹੁਣ ਸੂਬਾ ਸਰਕਾਰ ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦੀ ਹੋਈ ਜਲਦੀ ਤੋਂ ਜਲਦੀ ਐਨਆਰਆਈ ਸਭਾ ਦੀਆਂ ਚੋਣਾਂ ਕਰਵਾਏਗੀ। ਸ੍ਰੀ ਬਾਵਾ ਨੇ ਆਖਿਆ ਕਿ ਵਿਦੇਸ਼ਾਂ ਵਿੱਚ ਬੈਠੇ ਪੰਜਾਬੀ ਇਸ ਗੱਲ ਲਈ ਕਾਫੀ ਉਤਸੁਕ ਹਨ, ਕਿ ਜਲਦੀ ਤੋਂ ਜਲਦੀ ਐਨਆਰਆਈ ਸਭਾ ਦੀਆਂ ਚੋਣਾਂ ਕਰਵਾਈਆਂ ਜਾਣ, ਤਾਂ ਕਿ ਐਨਆਰਆਈ ਭਰਾ ਆਪਣੀਆਂ ਆਪਣੀਆਂ ਸਮੱਸਿਆਵਾਂ ਹੱਲ ਕਰਵਾਉਣ ਲਈ ਅੱਗੇ ਆ ਸਕਣ। ਸੰਧੂ ਅਤੇ ਬਾਵਾ ਨੇ ਆਖਿਆ ਕਿ ਵਿਦੇਸ਼ਾਂ ਵਿੱਚ ਰਹਿੰਦੇ ਅਨੇਕਾਂ ਪੰਜਾਬੀਆਂ ਦੀਆਂ ਜ਼ਮੀਨਾਂ 'ਤੇ ਇੱਥੋਂ ਦੇ ਕਈ ਨੇਤਾਵਾਂ ਦੇ ਚਹੇਤਿਆਂ ਜਾਂ ਵਿਦੇਸ਼ ਵਸਦੇ ਪੰਜਾਬੀਆਂ ਦੇ ਰਿਸ਼ਤੇਦਾਰਾਂ ਜਾਂ ਜਾਣਕਾਰਾਂ ਆਦਿ ਵੱਲੋਂ ਬਣਾਏ ਭੂਅ ਮਾਫੀਏ ਨੇ ਨਜਾਇਜ਼ ਕਬਜ਼ੇ ਕੀਤੇ ਹੋਏ ਹਨ। ਉਹਨਾਂ ਕਿਹਾ ਕਿ ਦੁੱਖ ਦੀ ਗੱਲ ਇਹ ਹੈ ਕਿ ਜ਼ਮੀਨਾਂ ਤੋਂ ਕਬਜ਼ੇ ਛਡਵਾਉਣ ਲਈ ਕਾਨੂੰਨੀ ਪ੍ਰਕਿਰਿਆ ਇੰਨੀ ਲੰਬੀ ਹੈ ਕਿ ਅੰਤਿਮ ਫੈਸਲਾ ਆਉਣ ਨੂੰ 10-10,20-20 ਸਾਲ ਤੋਂ ਵੱਧ ਦਾ ਸਮਾਂ ਲੱਗ ਜਾਂਦਾ ਹੈ ਅਤੇ ਕਈ ਵਾਰ ਤਾਂ ਸ਼ਿਕਾਇਤ ਕਰਤਾ ਇਸ ਦੁਨੀਆਂ ਤੋਂ ਹੀ ਮੁਕੱਦਮੇਂ ਦੇ ਦੌਰਾਨ ਚਲਾ ਜਾਂਦਾ ਹੈ ਅਤੇ ਫਿਰ ਉਸ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਜ਼ਮੀਨਾਂ ਤੋਂ ਕਬਜ਼ੇ ਛਡਵਾਉਣਾ ਹੋਰ ਵੀ ਔਖਾ ਹੋ ਜਾਂਦਾ ਹੈ, ਕਿਉਂਕਿ ਜਦੋਂ ਵੀ ਕੋਈ ਪ੍ਰਵਾਸੀ ਪੰਜਾਬੀ ਅਜਿਹੇ ਕੰਮਾਂ ਲਈ ਪੰਜਾਬ ਪਰਤਦੇ ਹਨ ਤਾਂ ਉਹਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੁੰਦਾ ਹੈ। ਇੱਕ ਪਾਸੇ ਤਾਂ ਉਹਨਾਂ ਦਾ ਕਾਰੋਬਾਰ ਠੱਪ ਹੋ ਜਾਂਦਾ ਹੈ ਅਤੇ ਦੂਸਰੇ ਪਾਸੇ ਮੁਕੱਦਮਿਆਂ ਉੱਤੇ ਲੱਗਦੀਆਂ ਵਕੀਲਾਂ ਦੀਆਂ ਫੀਸਾਂ ਅਤੇ ਹੋਰ ਖਰਚੇ ਲੱਕ ਤੋੜ ਦਿੰਦੇ ਹਨ। ਸੰਧੂ ਅਤੇ ਬਾਵਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਐਨਆਰਆਈ ਸਭਾ ਦੀਆਂ ਚੋਣਾਂ ਬਿਨਾਂ ਕਿਸੇ ਦੇਰੀ ਤੋਂ ਤੁਰੰਤ ਕਰਵਾਈਆਂ ਜਾਣ।

## ਸਕਰੈਪ ਦੀ ਫ਼ੈਕਟਰੀ 'ਚ ਲੱਗੀ ਭਿਆਨਕ ਅੱਗ



ਲੁਧਿਆਣਾ, 25 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਪੁਲਿਸ ਜ਼ਿਲਾ ਖੰਨਾ ਦੇ ਅਧੀਨ ਪਾਇਲ ਤਹਿਸੀਲ ਦੇ ਪਿੰਡ ਬਿਸ਼ਨਪੁਰਾ ਵਿਖੇ ਇੱਕ ਮਿਲੀ ਜਾਣਕਾਰੀ ਅਨੁਸਾਰ ਇਕ ਸਕਰੈਪ ਦੀ ਫੈਕਟਰੀ 'ਚ ਭਿਆਨਕ ਅੱਗ ਲੱਗ ਗਈ, ਜਿਸ ਕਾਰਨ 3 ਤੋਂ 4 ਵਿਅਕਤੀ ਗੰਭੀਰ ਰੂਪ ਵਿੱਚ ਫੱਟੜ ਹੋ ਗਏ।ਜਿਨ੍ਹਾਂ ਨੂੰ ਵੱਖ-ਵੱਖ ਹਸਪਤਾਲਾਂ ਦੇ ਵਿੱਚ ਭਰਤੀ ਕਰਾਇਆ ਗਿਆ ਅਤੇ ਅੱਗ ਲੱਗਣ ਦਾ ਕਾਰਨ ਕੁਝ ਸਪਸ਼ਟ ਨਹੀਂ ਹੋ ਸਕਿਆ ਅਤੇ ਉੱਥੇ ਹੀ ਘਟਨਾ ਦੀ ਜਾਣਕਾਰੀ ਮਿਲਦੇ ਸਾਰ ਹੀ ਦੋਰਾਹਾ ਪੁਲਿਸ ਦੇ ਐਸ.ਐਚ.ਓ, ਡੀ.ਐਸ.ਪੀ ਪਾਇਲ ਤਹਿਸੀਲਦਾਰ ਪਾਇਲ ਅਤੇ ਹਲਕਾ ਵਿਧਾਇਕ ਮਲਵਿੰਦਰ ਸਿੰਘ ਗਿਆਸਪੁਰਾ ਮੌਕੇ 'ਤੇ ਪਹੁੰਚ ਗਏ ਅਤੇ ਉਹਨਾਂ ਨੇ ਜਾਇਜ਼ਾ ਲਿਆ ਅਤੇ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਜੇਕਰ ਕੋਈ ਵੀ ਕੁਤਾਹੀ ਫੈਕਟਰੀ ਵੱਲੋਂ ਵਰਤੀ ਗਈ ਹੋਈ, ਤਾਂ ਸਾਹਮਣੇ ਆਉਣ 'ਤੇ ਜਾਂਚ ਤੋਂ ਬਾਅਦ ਉਹਨਾਂ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਹਨਾਂ ਨੇ ਕਿਹਾ ਕਿ ਜਾਣਕਾਰੀ ਅਨੁਸਾਰ ਇਹ ਹਾਦਸਾ ਬੋਆਇਲਰ ਫਟਣ ਕਾਰਨ ਹੋਇਆ ਹੈ। ਬਾਕੀ ਇਸ ਦਾ ਜਾਇਜ਼ਾ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪੁਲਿਸ ਵੱਲੋਂ ਲਿਆ ਜਾ ਰਿਹਾ ਹੈ।

## 'ਆਪ ਯੂਥ ਵਿੰਗ' ਵੱਲੋਂ ਤਿੱਖਾ ਪ੍ਰਦਰਸ਼ਨ, ਰਜਿੰਦਰ ਗੁਪਤਾ ਦੇ ਘਰ ਅੱਗੇ ਫੂਕਿਆ ਪੁਤਲਾ





ਲੁਧਿਆਣਾ, 25 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਦੇ ਹਿੱਤਾਂ ਨਾਲ ਕਥਿਤ ਧੋਖੇ ਦੇ ਵਿਰੋਧ ਵਿੱਚ ਅੱਜ ਆਮ ਆਦਮੀ ਪਾਰਟੀ ਦੇ ਰਾਜ ਸਭਾ ਸੰਸਦ ਮੈਂਬਰ ਰਜਿੰਦਰ ਗੁਪਤਾ ਦੇ ਕਿਚਲੂ ਨਗਰ ਸਥਿਤ ਨਿਵਾਸ ਦੇ ਬਾਹਰ 'ਆਪ ਯੂਥ ਵਿੰਗ' ਵੱਲੋਂ ਤਿੱਖਾ ਧਰਨਾ ਪ੍ਰਦਰਸ਼ਨ ਕੀਤਾ ਅਤੇ ਪੁਤਲਾ ਫੂਕਿਆ। ਇਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਯੂਥ ਵਿੰਗ ਦੇ ਕਾਰਕੁਨਾਂ ਨੇ ਸ਼ਮੂਲੀਅਤ ਕਰਦੇ ਹੋਏ ਆਪਣਾ ਰੋਸ ਜਤਾਇਆ। ਇਹ ਧਰਨਾ ਯੂਥ ਵਿੰਗ ਦੇ ਸੂਬਾ ਵਰਕਿੰਗ ਪ੍ਰਧਾਨ ਪਰਮਿੰਦਰ ਗੋਲਡੀ ਅਤੇ ਸੂਬਾ ਮੀਤ ਪ੍ਰਧਾਨ ਪਰਮਿੰਦਰ ਸੰਧੂ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਕਾਰਕੁਨਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ ਇਸ ਰਜਿੰਦਰ ਗੁਪਤਾ ਵੱਲੋਂ ਭਾਜਪਾ ਵਿੱਚ ਸ਼ਾਮਿਲ ਹੋਣ ਦੀ ਦੀ ਕੜੀ ਨਿੰਦਾ ਕੀਤੀ। ਇਸ ਮੌਕੇ ਪਰਮਿੰਦਰ ਸੰਧੂ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੇ ਮਾਨ-ਸਨਮਾਨ ਨੂੰ ਠੁਕਰਾਉਂਦੇ ਹੋਏ ਰਜਿੰਦਰ ਗੁਪਤਾ ਵੱਲੋਂ ਭਾਰਤੀ ਜਨਤਾ ਪਾਰਟੀ ਦਾ ਸਾਥ ਦੇਣਾ ਪੰਜਾਬ ਦੇ ਲੋਕਾਂ ਨਾਲ ਵੱਡਾ ਧੋਖਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਰਾਜਨੀਤੀ ਲੋਕਤੰਤਰਕ ਮੂਲਾਂ ਦੇ ਖ਼ਿਲਾਫ਼ ਹੈ ਅਤੇ ਲੋਕ ਇਸਦਾ ਜਵਾਬ ਜ਼ਰੂਰ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਹਿੱਤਾਂ ਦੀ ਰੱਖਿਆ ਲਈ ਨੌਜਵਾਨਾਂ ਨੂੰ ਇਕੱਠੇ ਹੋ ਕੇ ਅੱਗੇ ਆਉਣਾ ਚਾਹੀਦਾ ਹੈ ਅਤੇ ਅਜਿਹੇ ਫ਼ੈਸਲਿਆਂ ਦਾ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰ ਹਾਜ਼ਰ ਆਗੂਆਂ ਵਿੱਚ ਸੂਬਾ ਜਨਰਲ ਸਕੱਤਰ ਕਵਲਦੀਪ ਸਿੰਘ ਹਰਦੀਪ, ਹਰਮੀਤ, ਰਵਿੰਦਰ ਗਿੱਲ, ਸ਼ਿਵਰਾਜ, ਤੇਜਿੰਦਰ ਖਹਿਰਾ, ਐਮਪੀ ਜਵੱਦੀ, ਵਿਸ਼ਾਲ ਸ਼ਰਮਾ, ਸੁਖਮਿੰਦਰ ਸੋਨੀ, ਸਨੀ ਬੇਦੀ, ਕਾਲੀ ਘਲੀ, ਤਨੁਦੀਪ ਸਿੰਘ, ਵਿਕੀ ਚਾਹਲ ਅਤੇ ਸ਼ਾਮਲ ਸਨ।

## ਲਾਈਟ ਗੁੱਲ, ਸਰਕਾਰ ਚੁੱਪ : ਪੰਜਾਬ ਦੇ ਲੋਕਾਂ ਦਾ ਸਬਰ ਟੁੱਟਿਆ ਬਿਜਲੀ ਕੱਟਾਂ ਨੇ ਖੋਲ੍ਹੀ ਮਾਨ ਸਰਕਾਰ ਦੀ ਕਾਰਗੁਜ਼ਾਰੀ ਦੀ ਪੋਲ



ਸਾਹਨੇਵਾਲ ਕੁਹਾੜਾ, 25 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਪੰਜਾਬ ਵਿੱਚ ਬਿਜਲੀ ਸੰਕਟ ਦਿਨੋਂ-ਦਿਨ ਗੰਭੀਰ ਹੁੰਦਾ ਜਾ ਰਿਹਾ ਹੈ। ਚੋਣਾਂ ਤੋਂ ਪਹਿਲਾਂ ਭਗਵੰਤ ਮਾਨ ਵੱਲੋਂ ਕੀਤਾ ਗਿਆ ਇਹ ਦਾਅਵਾ ਕਿ ਲਾਈਟ ਕਦੇ ਝਮੱਕਾ ਵੀ ਨਹੀਂ ਮਾਰੇਗੀ,' ਹੁਣ ਜ਼ਮੀਨੀ ਹਕੀਕਤ ਦੇ ਅੱਗੇ ਨਾਕਾਮ ਦਿਖਾਈ ਦੇ ਰਿਹਾ ਹੈ।

ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਘੰਟਿਆਂ ਤੱਕ ਬਿਜਲੀ ਗੁੱਲ ਰਹਿਣ ਦੀਆਂ ਸ਼ਿਕਾਇਤਾਂ ਆਮ ਹੋ ਚੁੱਕੀਆਂ ਹਨ। ਤਪਦੀ ਗਰਮੀ ਵਿੱਚ ਲੰਮੇ ਕੱਟਾਂ ਕਾਰਨ ਲੋਕਾਂ ਨੂੰ ਦਿਨ-ਰਾਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰੇਲੂ ਕੰਮਕਾਜ ਤੋਂ ਲੈ ਕੇ ਵਪਾਰ ਅਤੇ ਕਿਸਾਨੀ ਤੱਕ ਹਰ ਖੇਤਰ ਪ੍ਰਭਾਵਿਤ ਹੋ ਰਿਹਾ ਹੈ।

ਲੋਕਾਂ ਦਾ ਕਹਿਣਾ ਹੈ ਕਿ ਸਰਕਾਰ ਦੇ ਵਾਅਦੇ ਅਤੇ ਮੌਜੂਦਾ ਹਾਲਾਤਾਂ ਵਿੱਚ ਵੱਡਾ ਫਰਕ ਸਪੱਸ਼ਟ ਨਜ਼ਰ ਆ ਰਿਹਾ ਹੈ। ਇੱਕ ਪਾਸੇ 24 ਘੰਟੇ ਬਿਜਲੀ ਦੇ ਵਾਅਦੇ ਕੀਤੇ ਗਏ ਸਨ, ਦੂਜੇ ਪਾਸੇ ਹਕੀਕਤ ਵਿੱਚ ਲਗਾਤਾਰ ਲੱਗ ਰਹੇ ਕੱਟ ਲੋਕਾਂ ਲਈ ਸਿਰਦਰਦ ਬਣ ਗਏ ਹਨ।

ਇਸ ਮਾਮਲੇ ਨੇ ਹੁਣ ਸਿਆਸੀ ਰੰਗ ਵੀ ਧਾਰ ਲਿਆ ਹੈ। ਵਿਰੋਧੀ ਧਿਰ ਵੱਲੋਂ ਮਾਨ ਸਰਕਾਰ ਨੂੰ ਘੇਰਿਆ ਜਾ ਰਿਹਾ ਹੈ, ਜਦਕਿ ਆਮ ਲੋਕ ਸਰਕਾਰ ਤੋਂ ਤੁਰੰਤ ਹੱਲ ਦੀ ਮੰਗ ਕਰ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਬਿਜਲੀ ਸਪਲਾਈ ਵਿੱਚ ਜਲਦੀ ਸੁਧਾਰ ਨਾ ਕੀਤਾ ਗਿਆ ਤਾਂ ਉਨ੍ਹਾਂ ਦਾ ਸਬਰ ਟੁੱਟ ਸਕਦਾ ਹੈ ਅਤੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਹੋ ਸਕਦੇ ਹਨ।

## ਪੀ.ਏ.ਯੂ. ਲੁਧਿਆਣਾ ਵਿੱਚ ਸਿਵਲ ਡਿਫੈਂਸ ਮੌਕ ਡ੍ਰਿਲ ਸਫ਼ਲਤਾਪੂਰਵਕ ਸੰਪੰਨ

ਲੁਧਿਆਣਾ, 25 ਅਪ੍ਰੈਲ (ਵਿਸ਼ਾਲ ਸ਼ਰਮਾ) : ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਲੁਧਿਆਣਾ ਵਿਖੇ ਸ਼ਾਮ 8:00 ਵਜੇ ਤੋਂ 8:15 ਵਜੇ ਤੱਕ ਸਿਵਲ ਡਿਫੈਂਸ ਏਅਰ ਰੇਡ ਅਤੇ ਬਲੈਕਆਊਟ ਮੌਕ ਐਕਸਰਸਾਈਜ਼ ਸਫਲਤਾਪੂਰਵਕ ਕੀਤੀ ਗਈ।

ਇਸ ਮੌਕ ਡ੍ਰਿਲ ਦਾ ਉਦੇਸ਼ ਐਮਰਜੈਂਸੀ ਤਿਆਰੀ, ਪ੍ਰਤੀਕਿਰਿਆ ਤਾਲਮੇਲ ਅਤੇ ਨਕਲੀ ਹਵਾਈ ਹਮਲੇ ਦੀ ਘਟਨਾ ਦੀ ਸਥਿਤੀ ਵਿੱਚ ਜਨਤਕ ਸੁਰੱਖਿਆ ਉਪਾਵਾਂ ਦਾ ਮੁਲਾਂਕਣ ਕਰਨਾ ਸੀ।

ਮੌਕ ਡ੍ਰਿਲ ਦੌਰਾਨ ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਟੀਮਾਂ, ਐਨ.ਡੀ.ਆਰ.ਐਫ ਅਤੇ ਸਬੰਧਿਤ ਐਮਰਜੈਂਸੀ ਰਿਸਪਾਂਡਰਾਂ ਦੁਆਰਾ ਕੁੱਲ 30 ਵਿਅਕਤੀਆਂ ਨੂੰ ਸੁਰੱਖਿਅਤ ਢੰਗ ਨਾਲ ਬਚਾਇਆ ਗਿਆ। ਇਸ ਓਪਰੇਸ਼ਨ ਨੇ ਬਚਾਅ ਟੀਮਾਂ, ਮੈਡੀਕਲ ਸਟਾਫ ਅਤੇ ਸੁਰੱਖਿਆ ਕਰਮਚਾਰੀਆਂ ਸਮੇਤ ਵੱਖ-ਵੱਖ ਪ੍ਰਤੀਕਿਰਿਆ ਇਕਾਈਆਂ ਵਿੱਚ ਤੇਜ਼ ਕਾਰਵਾਈ, ਪ੍ਰਭਾਵਸ਼ਾਲੀ ਸੰਚਾਰ ਅਤੇ ਤਾਲਮੇਲ ਵਾਲੇ ਯਤਨਾਂ ਦਾ ਪ੍ਰਦਰਸ਼ਨ ਕੀਤਾ। ਮੌਕ ਐਕਸਰਸਾਈਜ਼ ਇੱਕ ਹਵਾਈ ਹਮਲੇ ਦੀ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਈ, ਜੋ ਸਾਇਰਨ ਰਾਹੀਂ ਫੈਲੀ। ਬਲੈਕਆਊਟ ਸਿਮੂਲੇਸ਼ਨ ਨੂੰ ਨਿਰਧਾਰਤ ਖੇਤਰ ਵਿੱਚ ਲਾਗੂ ਕੀਤਾ ਗਿਆ ਸੀ, ਯਥਾਰਥਵਾਦ ਅਤੇ ਤਿਆਰੀ ਨੂੰ ਯਕੀਨੀ ਬਣਾਉਣ ਲਈ ਪ੍ਰੋਟੋਕੋਲ ਦੀ ਸਖ਼ਤੀ ਨਾਲ ਪਾਲਣਾ ਕੀਤੀ ਗਈ ਸੀ। ਸਿਵਲ ਡਿਫੈਂਸ ਵਲੰਟੀਅਰਾਂ, ਐਨ.ਡੀ.ਆਰ.ਐਫ, ਫਾਇਰ ਬ੍ਰਿਗੇਡ, ਸਿਹਤ, ਹੋਮ ਗਾਰਡ, ਐਨ.ਸੀ.ਸੀ ਅਤੇ ਹੋਰਾਂ ਨੇ ਸਟੈਂਡਰਡ ਓਪਰੇਟਿੰਗ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹੋਏ ਇਸ ਅਭਿਆਸ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇੰਸੀਡੈਂਟ ਕਮਾਂਡਰ ਅਤੇ ਨਾਇਬ ਤਹਿਸੀਲਦਾਰ ਰਣਜੀਤ ਸਿੰਘ ਨੇ ਮੌਕ ਡ੍ਰਿਲ ਦੇ ਨਤੀਜੇ 'ਤੇ ਸੰਤੁਸ਼ਟੀ ਪ੍ਰਗਟ ਕੀਤੀ, ਅਸਲ ਐਮਰਜੈਂਸੀ ਦੌਰਾਨ ਤਿਆਰੀ ਵਧਾਉਣ ਅਤੇ ਜੋਖਮਾਂ ਨੂੰ ਘੱਟ ਕਰਨ ਵਿੱਚ ਅਜਿਹੇ ਅਭਿਆਸਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਇਸ ਮੌਕੇ ਮੌਜੂਦ ਪ੍ਰਮੁੱਖ ਵਿਅਕਤੀਆਂ ਵਿੱਚ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਜ਼ਿਲ੍ਹਾ ਕਮਾਂਡਰ ਦਿਲਬਾਗ ਸਿੰਘ, ਸਟੋਰ ਸੁਪਰਡੈਂਟ ਗੁਰਪ੍ਰੀਤ ਸਿੰਘ, ਕੰਪਨੀ ਕਮਾਂਡਰ ਸੁਖਵਿੰਦਰ ਸਿੰਘ, ਜਸਪ੍ਰੀਤ ਸਿੰਘ, ਹੇਮੰਤ ਕੁਮਾਰ, ਹਰਨੇਕ ਸਿੰਘ ਤੋਂ ਇਲਾਵਾ ਹੋਰ ਕਈ ਸ਼ਾਮਲ ਸਨ।



## 'ਆਪ' ਦੇ ਸਾਂਸਦਾਂ ਦਾ ਭਾਜਪਾ ਵਿੱਚ ਜਾਣਾ ਪੰਜਾਬੀਆਂ ਨਾਲ ਕੋਈ ਧੋਖਾ ਨਹੀਂ : ਕ੍ਰਿਸਟਲ



ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸੀਨੀਅਰ ਕਾਂਗਰਸੀ ਆਗੂ ਭੁਪਿੰਦਰ ਸਿੰਘ ਕ੍ਰਿਸਟਲ ਨੇ ਆਖਿਆ ਹੈ ਕਿ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਆਪ ਨੂੰ ਛੱਡ ਕੇ ਭਾਜਪਾ ਵਿੱਚ ਜਾਣਾ ਆਮ ਵਰਤਾਰਾ ਹੈ, ਬਹੁਤ ਸਾਰੇ ਨੇਤਾ ਅਕਸਰ ਦਲ ਬਦਲੀਆਂ ਕਰਦੇ ਰਹਿੰਦੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਕਹਿਣਾ ਕਿ ਇਹਨਾਂ ਸਾਂਸਦਾਂ ਨੇ ਅਜਿਹਾ ਕਰਕੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ ਸਰਾਸਰ ਗਲਤ ਹੈ। ਉਹਨਾਂ ਆਖਿਆ ਕਿ ਇਹਨਾਂ ਨੂੰ ਰਾਜ ਸਭਾ ਮੈਂਬਰ ਆਪ ਦੇ ਵਿਧਾਇਕਾਂ ਨੇ ਚੁਣਿਆ ਸੀ ਨਾ ਕਿ ਆਮ ਪੰਜਾਬੀਆਂ ਨੇ। ਉਹਨਾਂ ਆਖਿਆ ਕਿ ਆਮ ਪੰਜਾਬੀਆਂ ਨਾਲ ਤਾਂ ਵਿਧਾਇਕਾਂ ਨੇ ਉਸ ਵੇਲੇ ਧੋਖਾ ਕੀਤਾ ਸੀ, ਜਦੋਂ ਅਜਿਹੇ ਵਿਅਕਤੀਆਂ ਨੂੰ ਰਾਜਸਭਾ ਦੇ ਮੈਂਬਰ ਚੁਣਿਆ ਸੀ ਜਿਨ੍ਹਾਂ ਦਾ ਪੰਜਾਬ 'ਤੇ ਜਾਂ ਸਮੱਸਿਆਵਾਂ ਨਾਲ ਕੋਈ ਲੈਣਾ ਦੇਣਾ ਨਹੀਂ ਅਤੇ ਨਾ ਹੀ ਪੰਜਾਬ ਲਈ ਇਹਨਾਂ 'ਚੋਂ ਕਿਸੇ ਦਾ ਕੋਈ ਯੋਗਦਾਨ ਹੈ। ਉਹਨਾਂ ਆਖਿਆ ਕਿ ਆਪ ਦੇ ਵਿਧਾਇਕਾਂ ਨੇ ਇਹਨਾਂ ਨੂੰ ਚੁਣ ਕੇ ਪੰਜਾਬੀਆਂ ਨਾਲ ਧੋਖਾ ਕੀਤਾ ਸੀ ਅਤੇ ਹੁਣ ਇਹਨਾਂ ਸੰਸਥਾ ਨੇ ਉਹਨਾਂ ਵਿਧਾਇਕਾਂ ਨਾਲ ਧੋਖਾ ਕੀਤਾ ਹੈ, ਜਿਨ੍ਹਾਂ ਨੇ ਇਹਨਾਂ ਨੂੰ ਚੁਣਿਆ ਸੀ ਭਾਵ ਚੋਰਾਂ ਨੂੰ ਮੋਰ ਪੈਣ ਵਾਲੀ ਗੱਲ ਹੈ। ਉਹਨਾਂ ਆਖਿਆ ਕਿ ਬੀਤੇ ਸਮੇਂ ਵਿੱਚ ਜਿਵੇਂ ਸੂਬਾ ਸਰਕਾਰ ਨੇ ਵਿਜੀਲੈਂਸ ਦਾ ਡਰਾਵਾ ਦੇ ਕੇ ਬਾਕੀ ਪਾਰਟੀਆਂ ਦੇ ਕਈ ਨੇਤਾਵਾਂ ਨੂੰ ਆਪਣੇ ਵਿੱਚ ਸ਼ਾਮਿਲ ਕੀਤਾ ਸੀ, ਉਸੇ ਤਰ੍ਹਾਂ ਭਾਜਪਾ ਨੇ ਉਹੀ ਢੰਗ ਅਪਣਾ ਕੇ ਇਹਨਾਂ ਨੂੰ ਆਪਣੇ ਵਿੱਚ ਸ਼ਾਮਿਲ ਕਰ ਲਿਆ ਹੈ। ਉਹਨਾਂ ਆਖਿਆ ਕਿ ਕੁੱਲ ਮਿਲਾ ਕੇ ਇਹ ਵਰਤਾਰਾ ਲੋਕ ਰਾਜ ਲਈ ਚੰਗਾ ਨਹੀਂ ਹੈ ਇਸ ਦੇ ਖਿਲਾਫ ਤਕੜਾ ਕਾਨੂੰਨ ਬਣਨਾ ਚਾਹੀਦਾ ਹੈ ਤਾਂ ਕਿ ਕੋਈ ਵੀ ਵਿਧਾਇਕ ਆਪਣੀ ਪਾਰਟੀ ਨੂੰ ਧੋਖਾ ਦੇ ਕੇ ਕਿਸੇ ਲਾਲਚ ਜਾਂ ਡਰਦੇ ਅਧੀਨ ਦੂਸਰੀ ਪਾਰਟੀ ਦੀ ਬੇੜੀ ਵਿੱਚ ਸਵਾਰ ਨਾ ਹੋਵੇ।

## 'ਡਰ ਅਤੇ ਭਰਮ ਛੱਡੋ ਖ਼ੂਨਦਾਨ ਕਰੋ' ਸਮਾਜ ਵਿੱਚ ਜਾਗਰੂਕਤਾ ਲਿਆਉਣਾ ਸਭ ਜ਼ਿੰਮੇਵਾਰੀ : ਐਸ.ਐਸ.ਪੀ



ਲੁਧਿਆਣਾ, 25 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਸਮਾਜ ਵਿੱਚ ਮਨੁੱਖਤਾ ਅਤੇ ਸੇਵਾ ਭਾਵਨਾ ਨੂੰ ਮਜ਼ਬੂਤ ਕਰਨ ਲਈ ਖ਼ੂਨਦਾਨ ਵਰਗਾ ਪੁੰਨ ਦਾ ਕੰਮ ਬੇਹੱਦ ਜ਼ਰੂਰੀ ਹੈ। ਇਸ ਗੱਲ ਦਾ ਪ੍ਰਗਟਾਵਾ ਖੰਨਾ ਦੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਡਾ. ਦਰਪਣ ਆਹਲੂਵਾਲੀਆ ਨੇ ਬਗਲਾਮੁਖੀ ਧਾਮ ਵਿਖੇ ਲਗਾਏ ਗਏ ਖ਼ੂਨਦਾਨ ਕੈਂਪ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਨੇ ਨਾ ਸਿਰਫ਼ ਕੈਂਪ ਵਿੱਚ ਸ਼ਿਰਕਤ ਕੀਤੀ, ਸਗੋਂ ਖੁਦ ਖ਼ੂਨਦਾਨ ਕਰਕੇ ਇੱਕ ਮਿਸਾਲ ਵੀ ਕਾਇਮ ਕੀਤੀ। ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡੀ ਮਨੁੱਖੀ ਸੇਵਾ ਹੈ, ਕਿਉਂਕਿ ਇਸ ਨਾਲ ਕਿਸੇ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿੱਚ ਹਰ ਰੋਜ਼ ਕਈ ਮਰੀਜ਼ਾਂ ਨੂੰ ਖ਼ੂਨ ਦੀ ਲੋੜ ਪੈਂਦੀ ਹੈ - ਚਾਹੇ ਉਹ ਹਾਦਸਿਆਂ ਦੇ ਪੀੜਤ ਹੋਣ, ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ ਹੋਣ ਜਾਂ ਓਪਰੇਸ਼ਨ ਵਾਲੇ ਮਰੀਜ਼ ਹੋਣ। ਅਜਿਹੇ ਸਮੇਂ ਵਿੱਚ ਇੱਕ ਯੂਨਿਟ ਖ਼ੂਨ ਵੀ ਬੇਹੱਦ ਕੀਮਤੀ ਸਾਬਤ ਹੁੰਦਾ ਹੈ।

ਖ਼ੂਨਦਾਨ ਜੀਵਨ ਬਚਾਉਣ ਵਾਲਾ ਸਭ ਤੋਂ ਆਸਾਨ ਸਾਧਨ

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨਦਾਨ ਕਰਨਾ ਚਾਹੀਦਾ ਹੈ। ਇਹ ਨਾ ਸਿਰਫ਼ ਦੂਜਿਆਂ ਲਈ ਲਾਭਦਾਇਕ ਹੈ, ਸਗੋਂ ਖ਼ੂਨਦਾਨ ਕਰਨ ਵਾਲੇ ਵਿਅਕਤੀ ਦੀ ਸਿਹਤ ਲਈ ਵੀ ਫ਼ਾਇਦੇਮੰਦ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਨਿਯਮਤ ਖ਼ੂਨਦਾਨ ਕਰਨ ਨਾਲ ਸਰੀਰ ਵਿੱਚ ਨਵਾਂ ਖ਼ੂਨ ਬਣਦਾ ਹੈ ਅਤੇ ਕਈ ਬਿਮਾਰੀਆਂ ਦਾ ਖ਼ਤਰਾ ਘਟਦਾ ਹੈ। ਐਸ.ਐਸ.ਪੀ ਨੇ ਇਹ ਵੀ ਜ਼ੋਰ ਦਿੱਤਾ ਕਿ ਖ਼ੂਨਦਾਨ ਨੂੰ ਲੈ ਕੇ ਲੋਕਾਂ ਵਿੱਚ ਮੌਜੂਦ ਗਲਤਫ਼ਹਿਮੀਆਂ ਨੂੰ ਦੂਰ ਕਰਨ ਦੀ ਲੋੜ ਹੈ। ਕਈ ਲੋਕ ਡਰ ਜਾਂ ਅਣਜਾਣਪਣ ਕਰਕੇ ਖ਼ੂਨਦਾਨ ਤੋਂ ਕਤਰਾ ਰਹੇ ਹਨ, ਜਦਕਿ ਡਾਕਟਰੀ ਮਾਪਦੰਡਾਂ ਦੇ ਅਧੀਨ ਕੀਤਾ ਗਿਆ ਖ਼ੂਨਦਾਨ ਪੂਰੀ ਤਰ੍ਹਾਂ ਸੁਰੱਖਿਅਤ ਹੁੰਦਾ ਹੈ।

ਨੌਜਵਾਨਾਂ ਨੂੰ ਅੱਗੇ ਆਉਣ ਦੀ ਅਪੀਲ

ਉਨ੍ਹਾਂ ਨੇ ਖਾਸ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦਿਆਂ ਖ਼ੂਨਦਾਨ ਮੁਹਿੰਮਾਂ ਨਾਲ ਜੁੜਨ। ਉਨ੍ਹਾਂ ਕਿਹਾ ਕਿ ਜੇ ਹਰ ਯੁਵਕ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਖ਼ੂਨਦਾਨ ਕਰੇ, ਤਾਂ ਦੇਸ਼ ਵਿੱਚ ਖ਼ੂਨ ਦੀ ਕਮੀ ਕਦੇ ਵੀ ਮਹਿਸੂਸ ਨਹੀਂ ਹੋਵੇਗੀ। ਇਸ ਮੌਕੇ ਕੈਂਪ ਦੇ ਪ੍ਰਬੰਧਕਾਂ ਵੱਲੋਂ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੂੰ ਸਨਮਾਨਤ ਵੀ ਕੀਤਾ ਗਿਆ। ਐਸ.ਐਸ.ਪੀ ਨੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਸੇਵਾ ਅਤੇ ਸਹਿਯੋਗ ਦੀ ਭਾਵਨਾ ਨੂੰ ਵਧਾਉਂਦੇ ਹਨ।

## ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ 12 ਮਈ ਨੂੰ ਹੋਵੇਗਾ ਵਿਸ਼ਾਲ ਫ਼ਤਹਿ ਮਾਰਚ : ਬਾਵਾ

ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਸਤਲੁਜ ਕਲੱਬ ਲੁਧਿਆਣਾ ਵਿਖੇ ਵਿਸ਼ੇਸ਼ ਪ੍ਰੈਸ ਮਿਲਣੀ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਕੁਲਦੀਪ ਸਿੰਘ , ਅਸ਼ਵਨੀ ਮਹੰਤ, ਸੁਰਿੰਦਰਪਾਲ ਸਿੰਘ ਬਿੰਦਰਾ, ਵਿਵੇਕ ਸ਼ਰਮਾ, ਪ੍ਰਿੰਸ ਗੁਪਤਾ, ਕਰਨੈਲ ਸਿੰਘ ਗਿੱਲ, ਹੇਮਰਾਜ ਗੋਇਲ, ਗੌਰਵ ਜੈਨ, ਜਸਵੰਤ ਸਿੰਘ ਛਾਪਾ, ਇਕਬਾਲ ਸਿੰਘ ਗਿੱਲ ਰਿਟਾ. ਆਈ.ਪੀ.ਐਸ, ਵਿਪਨ ਡਾਬਰ, ਸੋਨੀਆ ਅਰੋੜਾ , ਕਮਲਦੀਪ ਕੌਰ ਨੇ ਕੀਤੀ। ਇਸ ਸਮੇਂ ਸ਼੍ਰੀ ਬਾਵਾ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ 12 ਮਈ 1710 ਨੂੰ ਚੱਪੜਚਿੜੀ ਦੇ ਮੈਦਾਨ ਵਿੱਚ ਵਜ਼ੀਰ ਖਾਂ ਦਾ ਖਾਤਮਾ ਕਰਕੇ ਜੋ ਸਰਹਿੰਦ ਫਤਿਹ ਕਰਕੇ ਇਤਿਹਾਸ ਸਿਰਜਿਆ ਹੈ ਉਸ ਦਾ 316ਵਾਂ ਦਿਹਾੜਾ ਵਿਸ਼ਾਲ ਫਤਿਹ ਮਾਰਚ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਤੋਂ 12 ਮਈ ਨੂੰ ਸਵੇਰੇ 9 ਵਜੇ ਆਰੰਭ ਕਰਕੇ ਵੱਖ-ਵੱਖ ਸਥਾਨਾਂ 'ਤੇ ਪੜਾਅ ਕਰਦਾ ਹੋਇਆ।10 ਵਜੇ ਲੁਧਿਆਣਾ ਘੁਮਾਰ ਮੰਡੀ ਪਹੁੰਚੇਗਾ, ਜਿਸ ਦਾ ਪਰਮਜੀਤ ਸਿੰਘ ਆਹਲੂਵਾਲੀਆ ਸਵਾਗਤ ਕਰਨਗੇ। ਫਿਰ ਗੁਰਦੁਆਰਾ ਸਾਹਿਬ ਦੁੱਖ ਨਿਵਾਰਨ ਅਤੇ ਗੁਰਦੁਆਰਾ ਸ਼ਹੀਦਾਂ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਰਾਜਪੂਤ ਸਭਾ ਵੱਲੋਂ ਵੀ ਕੁਲਵੰਤ ਸਿੰਘ ਦੀ ਸਰਪ੍ਰਸਤੀ ਹੇਠ ਫਤਿਹ ਮਾਰਚ ਦੀ ਰੂਪਰੇਖਾ ਤਿਆਰ ਕੀਤੀ ਜਾ ਰਹੀ ਹੈ। ਉਪਰੰਤ ਇਹ ਫਤਿਹ ਮਾਰਚ ਗੁਰਦੁਆਰਾ ਸਾਹਿਬ ਸਾਹਨੇਵਾਲ ਤੋਂ ਕੋਹਾੜਾ ਹੁੰਦਾ ਵੱਖ ਵੱਖ ਸਥਾਨਾਂ 'ਤੇ ਰੁਕਦਾ ਹੋਇਆ ਚੱਪੜਚਿੜੀ ਦੇ ਇਤਿਹਾਸਿਕ ਮੈਦਾਨ ਵਿੱਚ ਪਹੁੰਚੇਗਾ।

ਇਸ ਸਮੇਂ ਇਕਬਾਲ ਸਿੰਘ ਗਿੱਲ ਨੇ ਮੰਗ ਕੀਤੀ ਕਿ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਰੱਖਿਆ ਜਾਵੇ। ਮਾਰਚ ਦੇ ਕਨਵੀਨਰ ਜਸਵੰਤ ਸਿੰਘ ਛਾਪਾ ਨੇ ਦੱਸਿਆ ਕਿ 12 ਮਈ ਨੂੰ ਚੱਪੜਚਿੜੀ ਵਿਖੇ ਹੀ ਸਮਾਗਮ ਦੀ ਸਮਾਪਤੀ ਹੋਵੇਗੀ, ਜਦ ਕਿ 14 ਮਈ ਨੂੰ ਸਰਹਿੰਦ (ਫਤਿਹਗੜ੍ਹ ਸਾਹਿਬ) ਵਿਖੇ ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ ਵਿਚ ਪ੍ਰਿੰਸੀਪਲ ਲਖਵੀਰ ਸਿੰਘ ਦੀ ਸਰਪ੍ਰਸਤੀ ਹੇਠ 'ਸਰਹਿੰਦ ਫਤਿਹ' 'ਤੇ ਸੈਮੀਨਾਰ ਹੋਵੇਗਾ।ਨਿਹੰਗ ਸਿੰਘ ਫੌਜਾਂ ਦੀ ਸਰਪ੍ਰਸਤੀ ਹੇਠ ਫਤਿਹ ਦਾ ਝੰਡਾ ਲਹਿਰਾਇਆ ਜਾਵੇਗਾ।

## ਕੈਂਪ ਵਿੱਚ ਪਾਲਤੂ ਜਾਨਵਰਾਂ ਦਾ ਹਲਕਾਅ ਰੋਕੂ ਟੀਕਾਕਰਨ

ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਵਿਸ਼ਵ ਪੱਧਰੀ ਵੈਟਰਨਰੀ ਦਿਵਸ 'ਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਲੁਧਿਆਣਾ ਡਾ. ਅਮਰੀਕ ਸਿੰਘ ਦੇ ਨਿਰਦੇਸ਼ਾਂ 'ਤੇ ਪੌਲੀਕਲੀਨਿਕ ਗਿੱਲ ਵਿਖੇ ਹਲਕਾਅ ਰੋਕੂ ਟੀਕਾਕਰਨ ਦਾ ਮੁਫਤ ਕੈਂਪ ਲਗਾਇਆ ਗਿਆ । ਇਸ ਕੈਂਪ ਵਿੱਚ 48 ਪਾਲਤੂ ਜਾਨਵਰਾਂ ਦਾ ਮੁਫਤ ਹਲਕਾਅ ਰੋਕੂ ਟੀਕਾਕਰਨ ਕੀਤਾ ਗਿਆ ਅਤੇ ਕਿਰਮ ਰਹਿਤ ਕਰਨ ਅਤੇ ਹੋਰ ਲੋੜੀਂਦੀਆਂ ਦਵਾਈਆਂ ਮੁਫਤ ਦਿੱਤੀਆਂ ਗਈਆਂ। ਕੈਂਪ ਇੰਚਾਰਜ ਡਾ ਸੁਨੀਲ ਦੱਤ ਨੇ ਦੱਸਿਆ ਕਿ ਹਲਕਾਅ ਵਰਗੀ ਮਾਰੂ ਬਿਮਾਰੀ ਦੀ ਰੋਕਥਾਮ ਦੇ ਵਿੱਚ ਟੀਕਾਕਰਨ ਹੀ ਇੱਕ ਮਾਤਰ ਸਫਲ ਉਪਾਅ ਹੈ,ਸੋ ਹਰ ਇੱਕ ਪਸ਼ੂ ਪਾਲਕ ਨੂੰ ਆਪਣੇ ਪਾਲਤੂ ਜਾਨਵਰ ਦਾ ਸਾਲਾਨਾ ਟੀਕਾਕਰਨ ਜਰੂਰ ਕਰਵਾਉਣਾ ਚਾਹੀਦਾ ਹੈ। ਨਾਲ ਹੀ ਕਿਰਮ ਰਹਿਤ ਰੱਖਣ ਨਾਲ ਪਸ਼ੂ ਦੀ ਸਿਹਤ ਵੀ ਚੰਗੀ ਰਹਿੰਦੀ ਹੈ।ਇਸ ਕੈਂਪ ਵਿੱਚ ਡਾ. ਰਾਜੇਸ਼ ਮਲਿਕ ਸੀਨੀਅਰ ਵੈਟਰਨਰੀ ਅਫਸਰ ਲੁਧਿਆਣਾ ਪੂਰਬੀ ਅਤੇ ਡਾਕਟਰ ਦੀਪਕ ਜਾਂਗੜਾ ਅਸਿਸਟੈਂਟ ਡਾਇਰੈਕਟਰ ਭੇਡ ਤੇ ਉੱਨ ਮੰਡੀਕਰਨ ਦੁਆਰਾ ਭਾਗ ਲੈ ਕੇ ਪਸ਼ੂ ਪਾਲਕਾਂ ਨੂੰ ਪਸ਼ੂਆਂ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਕੈਂਪ ਇਹਨਾਂ ਨੇ ਜਾਨਕਾਰੀ ਦਿੱਤੀ ਕਿ ਹਰ ਸਾਲ ਸਾਡੇ ਦੇਸ਼ ਵਿੱਚ 20 ਤੋਂ 30 ਹਜ਼ਾਰ ਮਨੁੱਖੀ ਜਾਨਾਂ ਹਲਕਾਅ ਦੀ ਭੇਂਟ ਚੜ੍ਹ ਜਾਂਦੀਆਂ ਹਨ, ਜਿਸ ਦੀ ਰੋਕਥਾਮ ਦਾ ਇਕ ਮਾਤਰ ਉਪਾਅ ਟੀਕਾਕਰਨ ਹੈ,ਸੋ ਹਰ ਇੱਕ ਪਸ਼ੂ ਪਾਲਕ ਨੂੰ ਆਪਣੇ ਜਾਨਵਰ ਦਾ ਟੀਕਾਕਰਨ ਜਰੂਰ ਕਰਾਵੇ। ਨਾਲ ਹੀ ਉਹਨਾਂ ਨੇ ਦਵਾਈਆਂ ਦੀਆਂ ਕੰਪਨੀਆਂ ਕੋਰਾਇਜ, ਇੰਡੀਅਨ ਇਮਨਲੋਜੀਕਲ, ਵਿਰਬੈਕ, ਇੰਟਾਸ ਆਦਿ ਦਾ ਧੰਨਵਾਦ ਕੀਤਾ ਜਿਨਾਂ ਨੇ ਇਸ ਕੈਂਪ ਲਈ ਮੁਫਤ ਟੀਕਿਆਂ ਅਤੇ ਦਵਾਈਆਂ ਦਾ ਪ੍ਰਬੰਧ ਕਰਨ ਵਿੱਚ ਮੱਦਦ ਕੀਤੀ।ਪੈਥਾਲੋਜਿਸਟ ਡਾ.ਰਜਨੀ ਗਰਗ ਨੇ ਪਸ਼ੂਆਂ ਦੇ ਲੋੜੀਂਦੇ ਟੈਸਟ ਕੀਤੇ ਕੈਂਪ ਦੇ ਅੰਤ ਵਿੱਚ ਡਾਕਟਰ ਗੁਰਦੀਪ ਸਿੰਘ ਨੇ ਆਏ ਹੋਏ ਅਫਸਰਾਂ ਦਾ ਅਤੇ ਪਸ਼ੂ ਪਾਲਕਾਂ ਦਾ ਧੰਨਵਾਦ ਕੀਤਾ।

## ਡੀ.ਏ.ਵੀ.ਸਕੂਲ ਵਿੱਚ 'ਰੈੱਡ ਡੇਅ' ਮਨਾਇਆ



ਜਗਰਾਓਂ, 25 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ)-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ, ਜਗਰਾਓਂ ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਵਿਦਿਆਰਥੀਆਂ ਲਈ( ਰੈੱਡ ਡੇਅ )ਲਾਲ ਰੰਗ ਦਿਵਸ ਬਹੁਤ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸਦਾ ਉਦੇਸ਼ ਬੱਚਿਆਂ ਨੂੰ ਲਾਲ ਰੰਗ ਦੀ ਪਹਿਚਾਣ ਕਰਵਾਉਣਾ ਅਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਰੰਗਾਂ ਦੀ ਮਹੱਤਤਾ ਨੂੰ ਸਮਝਾਉਣਾ ਸੀ।ਇਹ ਦਿਨ ਬਹੁਤ ਹੀ ਰੌਣਕ ਭਰਿਆ ਰਿਹਾ। ਬੱਚੇ ਸੁਹਣੇ ਲਾਲ ਕੱਪੜੇ ਪਾ ਕੇ ਆਏ। ਜਮਾਤਾਂ ਨੂੰ ਲਾਲ ਥੀਮ ਵਾਲੀਆਂ ਸਜਾਵਟਾਂ ਨਾਲ ਸੁੰਦਰ ਤਰੀਕੇ ਨਾਲ ਸਜਾਇਆ ਗਿਆ, ਜਿਸ ਨਾਲ ਮਾਹੌਲ ਖੁਸ਼ਗਵਾਰ ਅਤੇ ਰੰਗੀਨ ਬਣ ਗਿਆ।ਹਰ ਕਲਾਸ ਲਈ ਵੱਖ-ਵੱਖ ਗਤੀਵਿਧੀਆਂ ਦੀ ਯੋਜਨਾ ਬਣਾਈ ਗਈ: ਨਰਸਰੀ ਦੇ ਬੱਚਿਆਂ ਨੇ ਫਿੰਗਰ ਪੇਂਟਿੰਗ ਕਰਕੇ ਲਾਲ ਰੰਗ ਨਾਲ ਆਪਣੀ ਰਚਨਾਤਮਕਤਾ ਦਿਖਾਈ। ਐਲ.ਕੇ.ਜੀ. ਦੇ ਬੱਚਿਆਂ ਨੇ ਰੰਗ ਭਰਨ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਦੀ ਨਰਮ ਮੋਟਰ ਕੌਸ਼ਲਤਾ ਵਿੱਚ ਸੁਧਾਰ ਆਇਆ। ਯੂ.ਕੇ.ਜੀ. ਦੇ ਬੱਚਿਆਂ ਨੇ ਡਾਂਸਿੰਗ ਬੈਲੂਨ ਬਣਾਏ, ਜਿਸ ਨਾਲ ਮਜ਼ੇ ਅਤੇ ਰਚਨਾਤਮਕਤਾ ਦਾ ਸੁੰਦਰ ਮਿਲਾਪ ਹੋਇਆ।ਸਮਾਰੋਹ ਨੂੰ ਹੋਰ ਵੀ ਰੋਮਾਂਚਕ ਬਣਾਉਣ ਲਈ ਸਾਰੇ ਬੱਚਿਆਂ ਨੂੰ ਤਾਜ਼ਗੀ ਭਰਿਆ ਰੂਹ ਅਫ਼ਜ਼ਾ ਪਿਲਾਇਆ ਗਿਆ। ਯਾਦਗਾਰ ਤੋਹਫ਼ੇ ਵਜੋਂ ਹਰ ਬੱਚੇ ਨੂੰ ਲਾਲ ਤਾਜ ਦਿੱਤਾ ਗਿਆ, ਜਿਸ ਨਾਲ ਵਿਦਿਆਰਥੀਆਂ ਲਈ ਇਹ ਦਿਨ ਹੋਰ ਵੀ ਯਾਦਗਾਰ ਬਣ ਗਿਆ।ਇਹ ਸਮਾਰੋਹ ਬਹੁਤ ਹੀ ਸਫ਼ਲ ਰਿਹਾ, ਜੋ ਸਿੱਖਣ, ਰਚਨਾਤਮਕਤਾ ਅਤੇ ਖੁਸ਼ੀ ਨਾਲ ਭਰਪੂਰ ਸੀ। ਇਸ ਨਾਲ ਬੱਚਿਆਂ ਨੂੰ ਰੰਗਾਂ ਦੀ ਪਹਿਚਾਨ ਕਰਨ ਵਿੱਚ ਮਦਦ ਮਿਲੀ ਅਤੇ ਉਹਨਾਂ ਨੇ ਖੁਸ਼ਗਵਾਰ ਅਤੇ ਰੋਮਾਂਚਕ ਮਾਹੌਲ ਵਿੱਚ ਸਮਾਂ ਬਿਤਾਇਆ।

## ਦੀਵਾਨ ਵੱਲੋਂ ਅਧਿਆਪਕਾਂ ਨੂੰ ਜਨਗਣਨਾ ਦੀਆਂ ਡਿਊਟੀਆਂ ਉੱਤੇ ਲਗਾਉਣ 'ਤੇ ਸਰਕਾਰ ਦੀ ਨਿੰਦਾ



ਲੁਧਿਆਣਾ, 25 ਅਪ੍ਰੈਲ: ( ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਪੰਜਾਬ ਸਰਕਾਰ ਵੱਲੋਂ ਹਜ਼ਾਰਾਂ ਸਰਕਾਰੀ ਸਕੂਲ ਅਧਿਆਪਕਾਂ ਨੂੰ ਜਨਗਣਨਾ ਦੀ ਡਿਊਟੀ ਲਈ ਤਾਇਨਾਤ ਕਰਨ ਦੇ ਫੈਸਲੇ ਦੀ ਸਖ਼ਤ ਆਲੋਚਨਾ ਕੀਤੀ ਹੈ। ਦੀਵਾਨ ਨੇ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਅਧਿਆਪਕਾਂ ਨੂੰ ਜਮਾਤਾਂ ਤੋਂ ਕੱਢ ਕੇ ਪ੍ਰਸ਼ਾਸਨਿਕ ਕੰਮਾਂ ਵਿੱਚ ਲਗਾਉਣਾ ਅਕਾਦਮਿਕ ਤਰਜੀਹਾਂ ਪ੍ਰਤੀ ਨਿਰਦਈ ਬੇਪਰਵਾਹੀ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਫੈਸਲਾ ਪੰਜਾਬ ਦੇ ਉਹਨਾਂ ਸਕੂਲਾਂ ਦੀ ਸਮੱਸਿਆ ਨੂੰ ਹੋਰ ਗੰਭੀਰ ਕਰਦਾ ਹੈ, ਜਿਹੜੇ ਪਹਿਲਾਂ ਹੀ ਸਟਾਫ ਦੀ ਘਾਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਾਡੇ ਬੱਚਿਆਂ ਨੂੰ ਜਮਾਤਾਂ ਵਿੱਚ ਅਧਿਆਪਕਾਂ ਦੀ ਲੋੜ ਹੈ, ਜਨਗਣਨਾ ਡੈਸਕਾਂ 'ਤੇ ਨਹੀਂ।

ਦੀਵਾਨ ਨੇ ਖੁਲਾਸਾ ਕੀਤਾ ਕਿ ਅਧਿਆਪਕ ਪਹਿਲਾਂ ਹੀ ਸਿਲੇਬਸ ਪੂਰਾ ਕਰਨ, ਰਿਮੀਡੀਅਲ ਕਲਾਸਾਂ ਅਤੇ ਇਮਤਿਹਾਨੀ ਤਿਆਰੀ ਕਾਰਨ ਬੋਝ ਹੇਠ ਹਨ। ਅਜਿਹੇ ਵਿੱਚ, ਉਨ੍ਹਾਂ ਨੂੰ ਅਕਸਰ ਦੇਰ ਸ਼ਾਮ ਤੱਕ ਚੱਲਣ ਵਾਲੀਆਂ ਜਨਗਣਨਾ ਡਿਊਟੀਆਂ ਦੇਣ ਨਾਲ ਅਗਲੀ ਪੜ੍ਹਾਈ ਵਾਸਤੇ ਯੋਜਨਾ ਬਣਾਉਣ ਲਈ ਜਾਂ ਫਿਰ ਵਿਦਿਆਰਥੀਆਂ ਦੀ ਮਦਦ ਲਈ ਸਮਾਂ ਨਹੀਂ ਬਚਦਾ ਹੈ।

ਦੀਵਾਨ ਨੇ ਪੰਜਾਬ ਭਰ ਦੇ ਅਧਿਆਪਕ ਯੂਨੀਅਨਾਂ ਅਤੇ ਮਾਪਿਆਂ ਦੀਆਂ ਚਿੰਤਾਵਾਂ ਨਾਲ ਵੀ ਸਹਿਮਤੀ ਜਤਾਈ ਹੈ, ਜਿਨ੍ਹਾਂ ਨੇ ਮੰਗ ਕੀਤੀ ਸੀ ਕਿ ਇਸ ਕੰਮ ਲਈ ਰਿਟਾਇਰਡ ਕਰਮਚਾਰੀਆਂ ਜਾਂ ਠੇਕਾ ਅਧਾਰਿਤ ਕਰਮਚਾਰੀਆਂ ਨੂੰ ਲਗਾਇਆ ਜਾਵੇ। ਉਨ੍ਹਾਂ ਨੇ ਪੁੱਛਿਆ ਕਿ ਸਾਡੀ ਸਿੱਖਿਆ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਰੈਗੂਲਰ ਅਧਿਆਪਕਾਂ ਨੂੰ ਚਾਕ ਅਤੇ ਜਨਗਣਨਾ ਫਾਰਮ ਦੋਵੇਂ ਕਿਉਂ ਸੰਭਾਲਣੇ ਪੈ ਰਹੇ ਹਨ। ਓਹਨਾਂ ਕਿਹਾ ਕਿ ਸਿੱਖਿਆ ਕੋਈ ਸਾਈਡ ਡਿਊਟੀ ਨਹੀਂ ਹੈ। ਸਗੋਂ ਇਹ ਪੰਜਾਬ ਦੇ ਭਵਿੱਖ ਦੀ ਨੀਂਹ ਹੈ। ਅਧਿਆਪਕਾਂ ਨੂੰ ਪਾਸੇ ਕਰਕੇ ਆਪ ਸਰਕਾਰ ਸਾਡੇ ਬੱਚਿਆਂ ਦੇ ਭਵਿੱਖ ਨੂੰ ਪਾਸੇ ਕਰ ਰਹੀ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਅਧਿਆਪਕਾਂ ਨੂੰ ਜਨ ਗਣਨਾ ਦੇ ਕੰਮਾਂ ਤੋਂ ਵਾਪਸ ਬੁਲਾਵੇ ਨਹੀਂ ਤਾਂ ਪੰਜਾਬ ਦੇ ਲੋਕ ਇਸ ਧੋਖੇ ਨੂੰ ਕਦੇ ਮੁਆਫ ਨਹੀਂ ਕਰਨਗੇ।

## ਹੁਣ ਨਹੀਂ ਆਵੇਗੀ ਕੂੜੇ ਦੀ ਕੋਈ ਪ੍ਰੇਸ਼ਾਨੀ ਡੰਪ ਚਾਲੂ : ਸਿੱਧੂ, ਗੋਗਾ, ਸੋਮਾ



ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਲੰਬੇ ਸਮੇ ਤੋਂ ਵਾਰਡ ਨੰ 44. 45 ਦੇ ਵਸਨੀਕਾਂ ਨੂੰ ਕੂੜਾ ਚੁੱਕਣ ਦੀ ਭਾਰੀ ਸਮੱਸਿਆ ਆ ਰਹੀ ਸੀ ਹਫਤੇ ਵਿੱਚ ਇਕ ਵਾਰ ਹੀ ਕੂੜਾ ਚੁੱਕ ਰਹੇ ਸਨ, ਸਫ਼ਾਈ ਕਰਮਚਾਰੀ ਓਪਨ ਡੰਪ ਬੰਦ ਹੋਣ ਕਰਕੇ ਸਫ਼ਾਈ ਕਰਮਚਾਰੀ ਵੀ ਪਰੇਸ਼ਾਨ ਸਨ। ਅੱਜ ਰਸਮੀ ਤੌਰ 'ਤੇ ਮੱਛੀ ਮਾਰਕੀਟ ਵਿੱਚ ਇਸ ਡੰਪ ਦਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਆਨ ਲਾਈਨ ਹਾਜ਼ਰੀ ਲਗਵਾਕੇ ਸ਼ੁਰੂ ਕੀਤਾ। ਅੱਗੇ ਬੋਲਦਿਆਂ ਕੌਂਸਲਰ ਸੋਹਣ ਸਿੰਘ ਗੋਗਾ ਅਤੇ ਕੌਂਸਲਰ ਪਰਮਿੰਦਰ ਸਿੰਘ ਸੋਮਾ ਨੇ ਕਿਹਾ ਕਿ ਆਪਣੇ ਵਿਧਾਇਕ ਸਿੱਧੂ ਅਤੇ ਜ਼ੋਨਲ ਕਮਿਸ਼ਨਰ ਗੁਰਪਾਲ ਸਿੰਘ ਦੇ ਵਿਸ਼ੇਸ਼ ਯਤਨਾਂ ਸਦਕਾ ਹੀ ਇਹ ਸਮੱਸਿਆ ਹੱਲ ਹੋਈ ਹੈ। ਇਸ ਵੇਲੇ ਚੀਫ ਸੈਨਟਰੀ ਇੰਸਪੈਕਟਰ, ਨੰਬਰਦਾਰਾਂ ਸਮੇਤ ਸੁਖਵਿੰਦਰ ਸਿੰਘ ਦਹੇਲਾ, ਹਰਦੀਪ ਸਿੰਘ ਗੁਰੂ, ਪਰਮਿੰਦਰ ਮਠਾੜੂ, ਰਾਜੂ ਸ਼ਰਮਾ, ਅਕਾਸ ਵਰਮਾ, ਹਰਮੀਤ ਸਿੰਘ ਭਾਟੀਆ, ਕਮਲਜੀਤ ਸਿੰਘ, ਕਸਮੀਰ ਸਿੰਘ ਸਰਾਭਾ, ਸਤਵੰਤ ਸਿੰਘ, ਭੁਪਿੰਦਰ ਸਿੰਘ, ਏਕਮ ਸਿੰਘ ਅਤੇ ਇੰਦਰਜੀਤ ਸਿੰਘ ਆਦਿ ਸਮੇਤ ਸੈਂਕੜੇ ਸਾਥੀ ਹਾਜ਼ਰ ਸਨ।

## 'ਆਪ' ਦੀ ਡੁੱਬਦੀ ਬੇੜੀ ਦੇਖ ਆਗੂ ਮਾਰਨ ਲੱਗੇ ਛਾਲਾਂ : ਕਲੇਰ



ਲੁਧਿਆਣਾ, 25 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਆਮ ਆਦਮੀ ਪਾਰਟੀ ਦੇ ਸੱਤ ਸੰਸਦ ਮੈਂਬਰਾਂ ਵੱਲੋਂ ਪਾਰਟੀ ਛੱਡ ਕੇ ਬੀਜੇਪੀ ਵਿੱਚ ਜਾਣ 'ਤੇ ਤਿੱਖਾ ਵਿਅੰਗ ਕਰਦਿਆਂ ਸਾਬਕਾ ਕੌਂਸਲਰ ਹਰਵਿੰਦਰ ਸਿੰਘ ਕਲੇਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਡੁੱਬ ਰਹੀ ਬੇੜੀ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਦੇ ਆਗੂ ਆਪ ਵਿੱਚ ਆਪਣਾ ਭਵਿੱਖ ਧੁੰਦਲਾ ਹੁੰਦਾ ਵੇਖ ਕੇ ਕੇਜਰੀਵਾਲ ਐਂਡ ਕੰਪਨੀ ਨੂੰ ਛੱਡ ਕੇ ਦੂਸਰੀਆਂ ਪਾਰਟੀਆਂ ਵਿੱਚ ਆਪਣਾ ਭਵਿੱਖ ਟਟੋਲਣ ਨੂੰ ਮਜਬੂਰ ਹਨ। ਸ. ਕਲੇਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਿਟਲਰ ਸ਼ਾਹੀ ਨੀਤੀਆਂ ਦੇ ਸਤਾਏ ਆਗੂ ਆਪਣੀ ਜਮੀਰ ਦੀ ਆਵਾਜ਼ ਸੁਣਦੇ ਹੋਏ ਪਾਰਟੀ ਨੂੰ ਛੱਡ ਰਹੇ ਹਨ, ਕਿਉਂਕਿ ਉਕਤ ਆਗੂਆਂ ਨੇ ਭਾਂਤ ਲਿਆ ਸੀ ਕਿ ਆਗਾਮੀ ਕੁਝ ਮਹੀਨਿਆਂ ਦੌਰਾਨ ਹੀ ਆਮ ਆਦਮੀ ਪਾਰਟੀ ਦਾ ਪੂਰੇ ਦੇਸ਼ ਵਿੱਚੋਂ ਸਫਾਇਆ ਹੋਣਾ ਨਿਸ਼ਚਿਤ ਹੈ ਅਤੇ ਜੇਕਰ ਰਾਜਨੀਤੀ ਵਿੱਚ ਟਿਕੇ ਰਹਿਣਾ ਹੈ ਤਾਂ ਪਾਰਟੀ ਨੂੰ ਅਲਵਿਦਾ ਆਖਣਾ ਹੀ ਲਾਹੇਵੰਦ ਰਹੇਗਾ। ਸ. ਕਲੇਰ ਨੇ ਕਿਹਾ ਕਿ ਨਾਮੀ ਸਮਾਜ ਸੇਵੀ ਅੰਨਾ ਹਜ਼ਾਰੇ ਵੱਲੋਂ ਦਿੱਲੀ ਵਿਖੇ ਕੀਤੇ ਜਾ ਰਹੇ ਸੰਘਰਸ਼ ਵਿੱਚੋਂ ਉਪਜੀ ਆਮ ਆਦਮੀ ਪਾਰਟੀ ਨੇ ਭਰਿਸ਼ਟਾਚਾਰ ਮੁਕਤ ਸ਼ਾਸਨ ਦਾ ਨਾਅਰਾ ਦੇ ਕੇ ਦੇਸ਼ ਦੀ ਰਾਜਧਾਨੀ ਦਿੱਲੀ ਅਤੇ ਸੂਬਾ ਪੰਜਾਬ ਅੰਦਰ ਸੱਤਾ ਤਾਂ ਹਥਿਆ ਲਈ ਪ੍ਰੰਤੂ ਸੱਤਾ 'ਤੇ ਕਾਬਜ਼ ਹੁੰਦਿਆਂ ਹੀ ਦਿੱਲੀ ਅਤੇ ਸੂਬਾ ਪੰਜਾਬ ਅੰਦਰ ਭਰਿਸ਼ਟਾਚਾਰ ਦੀਆਂ ਹੱਦਾਂ ਬੰਨੇ ਟੱਪਦੇ ਆਪ ਦੇ ਪ੍ਰਚਾਰ ਅਤੇ ਪਸਾਰ ਹਿੱਤ ਪੈਸਾ ਖਰਚ ਕਰਕੇ ਜਨਤਾ ਨਾਲ ਵੱਡਾ ਧਰੋਹ ਕਮਾਇਆ ਹੈ। ਜਿਸ ਦਾ ਖਮਿਆਜਾ ਆਪ ਨੂੰ ਭੁਗਤਣਾ ਪੈ ਰਿਹਾ ਹੈ। ਸ ਕਲੇਰ ਨੇ ਕਿਹਾ ਕਿ ਆਉਣ ਵਾਲੇ ਸਮੇ ਵਿੱਚ ਆਪ ਪਾਰਟੀ ਦੇ ਵੱਡੇ ਥੰਮ੍ਹ ਵੀ ਪਾਰਟੀ ਛੱਡ ਕੇ ਜਾ ਸਕਦੇ ਹਨ ।

## ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਬੈਗ ਲੈੱਸ ਡੇਅ'ਤੇ ਗਤੀਵਿਧੀਆਂ ਕਰਵਾਈਆਂ




ਜਗਰਾਓਂ, 25 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ):ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸੀ.ਬੀ.ਐਸ.ਈ ਦੀਆਂ ਹਦਾਇਤਾਂ ਨੂੰ ਮੁੱਖ ਰੱਖਦੇ ਹੋਏ ਅੱਜ ਬੈਗ ਲੈੱਸ ਡੇਅ ਮਨਾਉਂਦੇ ਹੋਏ ਕਈ ਗਤੀਵਿਧੀਆਂ ਜਿਵੇਂ ਕਿ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਵੱਲੋਂ 'ਮਲੇਰੀਆ ਡੇਅ', ਪਹਿਲੀ ਜਮਾਤ ਦੇ ਬੱਚਿਆਂ ਵਿਚਕਾਰ 'ਫੈਂਸੀ ਡਰੈੱਸ ਮੁਕਾਬਲਾ',ਦੂਸਰੀ ਜਮਾਤ ਦੇ ਵਿਦਿਆਰਥੀ 'ਫਾਇਰ ਲੈੱਸ ਕੁਕਿੰਗ ਮੁਕਾਬਲੇ ਦਾ ਹਿੱਸਾ ਬਣੇ ਅਤੇ ਇਸਦੇ ਨਾਲ ਹੀ ਯੂ.ਕੇ.ਜੀ ਦੇ ਬੱਚਿਆਂ ਵੱਲੋਂ ਮੂਵੀ ਟਾਈਮ ਗਤੀਵਿਧੀ ਕੀਤੀ ਗਈ। ਹਰ ਇੱਕ ਵਿਦਿਆਰਥੀ ਵੱਲੋਂ ਆਪਣੇ ਅੰਦਰ ਦੀ ਪ੍ਰਤਿਭਾ ਨੂੰ ਮਿਹਨਤ ਸਦਕਾ ਸੋਹਣਾ ਰੂਪ ਦਿੱਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ.ਨਵਨੀਤ ਕੌਰ ਨੇ ਇਹਨਾਂ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁਭ ਇਸ਼ਾਵਾਂ ਦਿੰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਸਦਕਾ ਵਿਦਿਆਰਥੀ ਵਰਗ ਦੇ ਅੰਦਰ ਦੀ ਕਲਾ ਵਿੱਚ ਨਿਖਾਰ ਆਉਂਦਾ ਹੈ 'ਤੇ ਉਹ ਇਸਨੂੰ ਆਪਣੀ ਪੜਾਈ ਨਾਲ ਜੋੜ ਕੇ ਉਸਨੂੰ ਸੌਖੇ-ਸਿੱਧੇ ਚੰਗੀ ਮੁਹਾਰਤ ਹਾਸਲ ਕਰਨ ਦੇ ਯੋਗ ਹੋ ਜਾਂਦੇ ਹਨ। ਬੈਗ-ਲੈੱਸ ਵਰਗੇ ਦਿਹਾੜੇ ਮਨਾਉਣ ਨਾਲ ਬੱਚੇ ਆਪਣੇ ਆਪ ਨੂੰ ਇੱਕ ਦਿਨ ਲਈ ਫਰੈਸ਼ ਮਹਿਸੂਸ ਕਰਦੇ ਹਨ ਤੇ ਅਗਲੇ ਦਿਨ ਦੀ ਸ਼ੁਰੂਆਤ ਤੋਂ ਅਖੀਰ ਤੱਕ ਮਿਹਨਤਕਸ਼ ਬਣ ਕੇ ਆਪਣੀ ਪੜ੍ਹਾਈ ਕਰਦੇ ਹੋਏ ਤਨਾਅ-ਮੁਕਤ ਮਹਿਸੂਸ ਕਰਦੇ ਹਨ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ.ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਕਰਵਾਉਣ ਨਾਲ ਚੰਗੇ ਨਤੀਜੇ ਹਾਸਲ ਹੁੰਦੇ ਹਨ।



# ਮਾਝਾ-ਦੁਆਬਾ

ਆਸ ਪਾਸ



## ਸੰਪ੍ਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਲੋਂ ਗੁ. ਨਾਨਕਸ਼ਾਹੀ ਢਾਕਾ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ



ਚੋਹਲਾ ਸਾਹਿਬ , 25 ਅਪ੍ਰੈਲ( ਭਗਤ ਸਿੰਘ ਸੰਧੂ ) ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਰਹਿਨੁਮਾਈ ਹੇਠ 70 ਸਿੱਖ ਸ਼ਰਧਾਲੂਆਂ ਦਾ ਜੱਥਾ 23 ਅਪ੍ਰੈਲ ਨੂੰ ਗੁਰਦੁਆਰਾ ਨਾਨਕਸ਼ਾਹੀ ਢਾਕਾ ਪਹੁੰਚਿਆ, ਅਤੇ ਬੰਗਲਾਦੇਸ਼ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਦੁਆਰਾ ਜਥੇ ਦਾ ਸਵਾਗਤ ਕੀਤਾ ਗਿਆ। ਖਾਲਸਾ ਸਾਜਨਾ ਦਿਵਸ ਵੈਸਾਖੀ ਨੂੰ ਸਮਰਪਿਤ ਸ਼ੁੱਕਰਵਾਰ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਦੀਵਾਨ ਵਿਚ ਬੰਗਲਾਦੇਸ਼ੀ ਸੰਗਤ ਨੇ ਮਨੋਹਰ ਕੀਰਤਨ ਕੀਤਾ, ਜਿਨ੍ਹਾਂ ਵਿਚ ਸ੍ਰੀ ਸੁਭਾਸ਼ਿਸ਼ ਦਾਸ, ਸ਼ਿਬੂ ਦਾਸ, ਜੀਤੂ ਦਾਸ, ਡਾ. ਐਮ. ਕੇ ਰਾਏ, ਦੇਬਾਸ਼ਿਸ਼ ਦਾਸ ਨੇ ਇਲਾਹੀ ਬਾਣੀ ਦੇ ਸ਼ਬਦ ਗਾਇਨ ਕੀਤੇ। ਸ੍ਰੀ ਅਮਰ ਚੰਦ (ਪ੍ਰਧਾਨ, ਬੰਗਲਾਦੇਸ਼ ਗੁਰਦੁਆਰਾ ਪ੍ਰਬੰਧਕ ਕਮੇਟੀ ਢਾਕਾ) ਜੀ ਨੇ ਸੰਗਤ ਨੂੰ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿਤੀਆਂ ਅਤੇ ਇਸ ਬੰਗਲਾਦੇਸ਼ੀ ਸਿੱਖ ਇਤਿਹਾਸਕ ਯਾਤਰਾ ਨੂੰ ਉਤਸ਼ਾਹਤ ਕਰਨ ਲਈ ਪ੍ਰੇਰਨਾ ਦਿੱਤੀ। ਬੰਗਲਾਦੇਸ਼ ਗੁਰਦੁਆਰਾ ਮੈਨੇਜਮੈਂਟ ਬੋਰਡ ਕਲਕੱਤਾ ਦੇ ਪ੍ਰਧਾਨ ਸ. ਅਜੈਬ ਸਿੰਘ ਬੋਪਾਰਾਏ ਤੇ ਸੰਪਰਦਾਇ ਸਕੱਤਰ ਹਰਭਜਨ ਸਿੰਘ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ ਅਤੇ ਇਸ ਇਤਿਹਾਸਕ ਯਾਤਰਾਦਾਮਨੋਰਥਸੰਗਤ ਨਾਲ ਸਾਂਝਾਕੀਤਾ। ਸਾਰਾ ਦਿਨ ਅਟੁਟ ਗੁਰੂ ਕਾ ਲੰਗਰ ਚਲਦਾ ਰਿਹਾ। ਇਸ ਮੌਕੇ ਸ੍ਰੀ ਅਮਰ ਚੰਦ (ਪ੍ਰਧਾਨ, ਬੰਗਲਾਦੇਸ਼ ਗੁਰਦੁਆਰਾ ਪ੍ਰਬੰਧਕ ਕਮੇਟੀ) ਸਮੇਤ ਤਪਸ ਲਾਲ ਚੌਧਰੀ (ਜਨਰਲ ਸੈਕਟਰੀ, ਬੰਗਲਾਦੇਸ਼ , ਜਸਪਾਲ ਸਿੰਘ (ਮੈਂਬਰ), ਸੁਮੀਤ ਲਾਲ ਅਤੇ ਸਿੱਖ ਸ਼ਰਧਾਲੂਆਂ ਦੇ ਜੱਥੇ ਵਿੱਚ ਸ. ਸੁਰਿੰਦਰ ਸਿੰਘ ਸੋਹਲ, ਅਵਤਾਰ ਸਿੰਘ, ਸੰਤੋਖ ਸਿੰਘ, ਭੁਪਿੰਦਰਪਾਲ ਸਿੰਘ ਲੁਧਿਆਣਾ, ਲਖਵਿੰਦਰ ਸਿੰਘ, ਤੇਜ ਸਿੰਘ, ਸੁੱਚਾ ਸਿੰਘ ਤੇ ਹੋਰ ਕਈ ਪਤਵੰਤੇ ਸੰਗਤ ਵਿਚ ਹਾਜ਼ਰ ਸਨ।

## 'ਆਪ' ਦੇ 7 ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਤੋਂ ਬਾਅਦ, ਕੇਜਰੀਵਾਲ ਆਪਣੀ ਸਿਆਸਤ ਬਾਰੇ ਪੁਨਰ ਵਿਚਾਰ ਕਰੇ : ਪ੍ਰੋ. ਖਿਆਲਾ

ਅੰਮ੍ਰਿਤਸਰ, 25 ਅਪ੍ਰੈਲ(ਗੁਰਦਿਆਲ ਸਿੰਘ) :ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪੰਜਾਬ ਦੇ ਲੋਕਾਂ ਦੀ ਅਵਾਜ਼ ਅਤੇ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਲੋਕਤੰਤਰਿਕ ਪ੍ਰਕਿਰਿਆ ਅਧੀਨ ਭਾਜਪਾ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਅਰਵਿੰਦ ਕੇਜਰੀਵਾਲ ਦੀ ਝੂਠ ਦੀ ਸਿਆਸਤ ਦੀ ਦੁਕਾਨ ਹੁਣ ਬੰਦ ਹੋਣ ਕਿਨਾਰੇ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੂੰ ਹੁਣ ਸਿਆਸਤ ਛੱਡ ਕੇ ਘਰ ਬੈਠ ਜਾਣਾ ਚਾਹੀਦਾ ਹੈ, ਨਹੀਂ ਤਾਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਲੋਕ ਆਪ ਨੂੰ ਅਜਿਹਾ ਸਬਕ ਸਿਖਾਉਣਗੇ ਜੋ ਉਹ ਕਦੇ ਨਹੀਂ ਭੁੱਲਣਗੇ।ਪ੍ਰੋ. ਖਿਆਲਾ ਨੇ ਕਿਹਾ ਕਿ ਬਦਲਾਅ ਦੀ ਰਾਜਨੀਤੀ ਦੇ ਨਾਅਰੇ ਨਾਲ ਅੱਗੇ ਆਈ 'ਆਪ' ਅੱਜ ਸਿਰਫ਼ ਸੱਤਾ ਦੀ ਭੁੱਖ ਅਤੇ ਤਾਨਾਸ਼ਾਹੀ ਦਾ ਪ੍ਰਤੀਕ ਬਣ ਚੁੱਕੀ ਹੈ, ਜਿਸ ਪਾਰਟੀ ਨੇ ਵੀ ਆਈ ਪੀ ਕਲਚਰ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਉਹ ਅੱਜ ਖ਼ੁਦ ਇਸ ਕਲਚਰ ਨੂੰ ਸਭ ਤੋਂ ਵੱਧ ਵਧਾਵਾ ਦੇ ਰਹੀ ਹੈ। ਲੋਕਾਂ ਦੇ ਪੈਸੇ ਦੀ ਸਵਾਰਥੀ ਹਿਤਾਂ ਲਈ ਬੇਹਿਸਾਬ ਇਸ਼ਤਿਹਾਰਬਾਜ਼ੀ ਕਰਕੇ ਲੁੱਟ ਕੀਤੀ ਜਾ ਰਹੀ ਹੈ।ਉਨ੍ਹਾਂ ਤਿੱਖੇ ਲਹਿਜ਼ੇ ਵਿੱਚ ਵਿਅੰਗ ਕਸਦਿਆਂ ਕਿਹਾ ਘੁਟਾਲਾ ਸ਼ਰਾਬ ਦਾ ਕਰਦੇ ਹਨ ਤੇ ਨਾਅਰੇਬਾਜ਼ੀ ਇਨਕਲਾਬ ਦੀ ਲਗਾਉਂਦੇ ਹਨ। ਅੱਜ ਪੰਜਾਬ ਰੰਗਲਾ ਪੰਜਾਬ ਨਹੀਂ, ਸਗੋਂ ਰੁਲਦਾ ਪੰਜਾਬ ਬਣ ਚੁੱਕਾ ਹੈ। ਵਿਕਾਸ ਦੀ ਥਾਂ ਇਸ਼ਤਿਹਾਰ, ਕ੍ਰਾਂਤੀ ਦੀ ਥਾਂ ਰੰਗ-ਰੋਗਨ ਅਤੇ ਇਮਾਨਦਾਰੀ ਦੀ ਥਾਂ ਸਮਝੌਤੇ—ਕੀ ਇਹੀ ਨਵਾਂ ਪੰਜਾਬ ਹੈ ? ਪ੍ਰੋ. ਖਿਆਲਾ ਨੇ ਕਿਹਾ ਕਿ ਆਪ ਦੇ ਫਾਊਂਡਰ ਮੈਂਬਰ ਅਤੇ ਅਹਿਮ ਆਗੂ ਇਕ-ਇਕ ਕਰਕੇ ਪਾਰਟੀ ਛੱਡ ਰਹੇ ਹਨ। ਹੁਣ ਰਾਘਵ ਚੱਢਾ, ਸੰਦੀਪ ਪਾਠਕ, ਅਸ਼ੋਕ ਮਿੱਤਲ, ਹਰਭਜਨ ਸਿੰਘ, ਰਾਜਿੰਦਰ ਗੁਪਤਾ, ਸਵਾਤੀ ਮਾਲੀਵਾਲ ਅਤੇ ਵਿਕਰਮ ਸਾਹਨੀ ਵਰਗੇ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਆਉਣ 'ਤੇ ਉਨ੍ਹਾਂ ਨੂੰ ਗੱਦਾਰ ਕਹਿਣਾ 'ਆਪ' ਦੀ ਘਬਰਾਹਟ ਦਾ ਸਬੂਤ ਹੈ। ਉਨ੍ਹਾਂ ਪੁੱਛਿਆ ਕਿ ਜੇ ਪਾਰਟੀ ਛੱਡਣ ਵਾਲੇ ਗੱਦਾਰ ਹਨ ਤਾਂ ਫਿਰ ਹੋਰ ਪਾਰਟੀਆਂ ਤੋਂ ਆਏ 'ਆਪ' ਆਗੂਆਂ ਨੂੰ ਕਿਹੜਾ ਸਰਟੀਫਿਕੇਟ ਦਿੱਤਾ ਜਾਵੇ ? ਉਨ੍ਹਾਂ ਕਿਹਾ ਕਿ ਜੇ ਇਹਨਾਂ ਲੋਕਾਂ ਦੀ ਮੁਹੱਲਿਆਂ ਵਾਲੀ ਔਕਾਤ ਵੀ ਨਹੀਂ ਸੀ ਤਾਂ ਫਿਰ ਇਹਨਾਂ ਨੂੰ ਰਾਜ ਸਭਾ ਕਿਉਂ ਥੋਪਿਆ ਗਿਆ ? ਕੀ ਇਹ ਤੁਹਾਡੇ ਵੱਲੋਂ ਪੰਜਾਬੀਆਂ ਨਾਲ ਕੀਤੀ ਗਈ ਗ਼ੱਦਾਰੀ ਨਹੀਂ ? ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ 'ਤੇ ਧੱਕਾ ਕਰ ਨ ਦੇ ਦੋਸ਼ ਲਾਉਣ ਵਾਲੇ ਪਹਿਲਾਂ ਇਹ ਦੱਸਣ ਕਿ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨੂੰ ਘਰ ਬੁਲਾ ਕੇ ਕੇਜਰੀਵਾਲ ਨੇ ਆਪਣੇ ਪੀ ਏ ਤੋਂ ਚਪੇੜਾਂ ਮਰਵਾ ਕੇ ਨਾਰੀ ਸ਼ਕਤੀ ਦਾ ਅਪਮਾਨ ਕਿਉਂ ਕੀਤਾ ? ਉਨ੍ਹਾਂ ਕਿਹਾ ਕਿ ਹਰਭਜਨ ਸਿੰਘ ਵਰਗੇ ਮਹਾਨ ਕ੍ਰਿਕਟਰ ਨੂੰ ਵਿਕਾਊ ਕਹਿਣਾ ਸਿਰਫ਼ ਉਸ ਦਾ ਨਹੀਂ, ਸਗੋਂ ਪੂਰੇ ਖੇਡ ਜਗਤ ਦਾ ਅਪਮਾਨ ਹੈ।ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਲੁੱਟਾਂ-ਖੋਹਾਂ, ਫਿਰੌਤੀਆਂ, ਗੈਂਗਸਟਰਵਾਦ, ਕਤਲਾਂ ਦੀ ਭਰਮਾਰ ਹੈ। ਉਦਯੋਗਪਤੀ ਅਤੇ ਵਪਾਰੀ ਵਰਗ ਬੇਜ਼ਾਰ ਹੈ। ਕਾਨੂੰਨ-ਵਿਵਸਥਾ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਕਲਚਰ, ਲੁੱਟਾਂ-ਖੋਹਾਂ, ਧਮਕੀਆਂ, ਕਤਲ ਅਤੇ ਪੁਲਿਸ ਥਾਣਿਆਂ 'ਤੇ ਗ੍ਰੇਨੇਡ ਹਮਲੇ ਆਮ ਹੋ ਗਏ ਹਨ। ਲਾਰੰਸ ਬਿਸ਼ਨੋਈ ਦਾ 391 ਖਰੜ ਵਿੱਚ ਇੰਟਰਵਿਊ ਇਸ ਦਾ ਸਿੱਧਾ ਸਬੂਤ ਹੈ।

## ਸੰਪ੍ਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਸਰਾਂ ਦੀ ਇਮਾਰਤ ਉਸਾਰੀ ਆਰੰਭ



ਚੋਹਲਾ ਸਾਹਿਬ, 25 ਅਪ੍ਰੈਲ (ਭਗਤ ਸਿੰਘ ਸੰਧੂ ): ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਨੇੜੇ ਗੁਰਦੁਆਰਾ ਮਾਤਾ ਜੀਤ ਕੌਰ ਜੀ ਮੁਗਟ ਵਿਖੇ ਲੰਮੇ ਸਮੇਂ ਤੋਂ ਕਾਰ ਸੇਵਾ ਚੱਲ ਰਹੀ। ਇਹ ਗੁਰਦੁਆਰਾ ਸਾਹਿਬ ਗੁਰਦੁਆਰਾ ਸ਼ਿਕਾਰਘਾਟ ਤੋਂ ਲਗਭਗ ਦੋ ਕਿਲੋਮੀਟਰ ਦੀ ਵਿੱਥ ਤੇ ਸਥਿਤ ਹੈ। ਇਸ ਅਸਥਾਨ ਤੇ ਗੁਰਦੁਆਰਾ ਸਾਹਿਬ ਦੇ ਪੰਜ ਮੰਜ਼ਿਲ ਉਚਾਈ ਵਾਲੇ ਦਰਬਾਰ ਹਾਲ ਦੀ ਸੇਵਾ ਚੱਲ ਰਹੀ ਸੀ ਜੋ ਲਗਭਗ ਮੁਕੰਮਲ ਹੋਣ ਵਾਲੀ ਹੈ। ਇਸ ਅਸਥਾਨ ਤੇ ਸੰਪਰਦਾਇ ਵੱਲੋਂ ਪਹਿਲਾਂ ਵੀ ਸੰਗਤ ਦੀ ਰਿਹਾਇਸ਼ ਲਈ ਇਕ ਤਿੰਨ ਮੰਜ਼ਿਲਾਂ ਸਰਾਂ ਬਣੀ ਹੋਈ ਹੈ। ਸੰਪਰਦਾਏ ਵੱਲੋਂ ਇੱਥੇ ਸਿਕਲੀਗਰ ਅਤੇ ਵਣਜਾਰਾ ਸਿੱਖ ਭਾਈਚਾਰੇ ਦੀ ਬੇਹਤਰੀ ਲਈ ਬਾਬਾ ਮੱਖਣ ਸ਼ਾਹ ਲੁਬਾਣਾ ਬਾਬਾ ਲੱਖੀ ਸ਼ਾਹ ਵਣਜਾਰਾ ਗੁਰਮਤਿ ਅਕੈਡਮੀ ਸਥਾਪਿਤ ਕੀਤੀ ਗਈ ਹੈ ਜਿਸ ਵਿੱਚ ਵਿਦਿਆਰਥੀ ਕੀਰਤਨ, ਤਬਲਾ, ਗੁਰਬਾਣੀ ਸੰਥਿਆ ਅਤੇ ਸਿੱਖ ਇਤਿਹਾਸ ਦੀ ਵਿਦਿਆ ਗ੍ਰਹਿਣ ਕਰਦੇ ਹਨ। ਵਿਦਿਆਰਥੀਆਂ ਦੀ ਸਿਖਲਾਈ, ਰਿਹਾਇਸ਼, ਲੰਗਰ ਦਾ ਖਰਚਾ ਸੰਪਰਦਾਇ ਵੱਲੋਂ ਕੀਤਾ ਜਾਂਦਾ ਹੈ। ਬਾਬਾ ਜੀ ਵਲੋਂ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਹੋਇਆ ਇਸ ਅਸਥਾਨ ਤੇ 24 ਕਮਰਿਆਂ ਵਾਲੀ ਨਵੀਂ ਤਿੰਨ ਮੰਜ਼ਿਲਾਂ ਰਿਹਾਇਸ਼ੀ ਸਰਾਂ ਉਸਾਰਨ ਦੀ ਯੋਜਨਾ ਬਣਾਈ ਗਈ ਸੀ, ਜਿਸਨੂੰ ਅਮਲੀਜਾਮਾ ਪਹਿਨਾਉਂਦਿਆਂ ਅੱਜ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਉਪਰੰਤ ਅਰਦਾਸ ਕਰਕੇ ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਆਪਣੇ ਕਰ ਕਮਲਾਂ ਨਾਲ ਇਸ ਸਰਾਂ ਦਾ ਨੀਹ ਪੱਥਰ ਰੱਖਿਆ ਗਿਆ। ਇਸ ਸੇਵਾ ਕਾਰਜ ਉੱਤੇ ਲਗਭਗ ਦੋ ਕਰੋੜ ਰੁਪਏ ਦਾ ਖਰਚ ਆਉਣ ਦੀ ਸੰਭਾਵਨਾ ਹੈ। ਇਸ ਮੌਕੇ ਸੰਗਤ ਵਿੱਚ ਸੇਠ ਵਿਕਰਮਜੀਤ ਸਿੰਘ ਯੇਵਲਾ, ਦਿਲਬਾਗ ਸਿੰਘ ਨੰਦੇੜ, ਮਨਜਿੰਦਰ ਸਿੰਘ ਬੱਬੂ ਮੁੰਬਈ, ਸੇਠ ਹਰਜੀਤ ਸਿੰਘ ਬੁੱਟਰ, ਬਾਬਾ ਤੇਜਾ ਸਿੰਘ (ਗੁ. ਮਾਤਾ ਸਾਹਿਬ ਕੌਰ ), ਕਵੀਸ਼ਰ ਕਰਤਾਰ ਸਿੰਘ ਕਿਰਤੀ, ਪਰਮੇਸ਼ਰ ਸਿੰਘ ਨੰਦੇੜ, ਕਰਤਾਰ ਸਿੰਘ ਸਰਾਂ ਰਾਣਾ, ਜਥੇਦਾਰ ਲਾਭ ਸਿੰਘ, ਸਤਨਾਮ ਸਿੰਘ ਗਿੱਲ, ਸੁੱਖਾ ਸਿੰਘ ਹੁੰਦਲ ਨੰਦੇੜ , ਹੈਰੀ ਚੀਮਾ, ਹਰਦੇਵ ਸਿੰਘ ਬੁੱਟਰ, ਹਰਪਾਲ ਸਿੰਘ ਟਿਕਟਾਂ ਵਾਲੇ, ਬਲਵੀਰ ਸਿੰਘ ਬੁੱਟਰ, ਹਰਪਾਲ ਸਿੰਘ ਬੁੱਟਰ ਅਤੇ ਹੋਰ ਕਈ ਗੁਰਸਿੱਖ ਮੌਜੂਦ ਸਨ।

## ਯੂਪੀਐਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਸਿੱਖ ਵਿਦਿਆਰਥੀਆਂ ਨੂੰ ਜਲਦ ਕੀਤਾ ਜਾਵੇਗਾ ਸਨਮਾਨਿਤ: ਐਡਵੋਕੇਟ ਧਾਮੀ

### ਅੰਤ੍ਰਿੰਗ ਕਮੇਟੀ ਨੇ ਇੱਕ-ਇੱਕ ਲੱਖ ਰੁਪਏ ਦੀ ਸਨਮਾਨ ਰਾਸ਼ੀ ਨੂੰ ਦਿੱਤੀ ਪ੍ਰਵਾਨਗੀ



ਅੰਮ੍ਰਿਤਸਰ, 25 ਅਪ੍ਰੈਲ(ਗੁਰਦਿਆਲ ਸਿੰਘ) : ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਚੁਣੇ ਗਏ ਸਿੱਖ ਵਿਦਿਆਰਥੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਦੀ ਰਾਸ਼ੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤੇ ਜਾਣ ਨੂੰ ਬੀਤੇ ਦਿਨੀਂ ਅੰਤ੍ਰਿੰਗ ਕਮੇਟੀ ਨੇ ਸਿਧਾਂਤਕ ਤੌਰ 'ਤੇ ਪ੍ਰਵਾਨਗੀ ਦਿੱਤੀ ਹੈ। ਜ਼ਿਕਰਯੋਗ ਹੈ ਕਿ ਪ੍ਰੀਖਿਆ ਪਾਸ ਕਰਨ ਵਾਲੇ ਸਿੱਖ ਵਿਦਿਆਰਥੀਆਂ ਨੂੰ ਸਨਮਾਨਿਤ ਕੀਤੇ ਜਾਣ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਐਲਾਨ ਕੀਤਾ ਗਿਆ ਸੀ। ਸ਼੍ਰੋਮਣੀ ਕਮੇਟੀ ਵੱਲੋਂ ਜਲਦ ਇਨ੍ਹਾਂ ਸਿੱਖ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸਿੱਖ ਨੌਜੁਆਨ ਮੁਕਾਬਲਾ ਪ੍ਰੀਖਿਆਵਾਂ ਰਾਹੀਂ ਪ੍ਰਸ਼ਾਸਨਿਕ ਸੇਵਾਵਾਂ ਲਈ ਅੱਗੇ ਆਉਣ, ਇਸ ਲਈ ਸ਼੍ਰੋਮਣੀ ਕਮੇਟੀ ਵੱਡੇ ਉਪਰਾਲੇ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ, ਅੰਮ੍ਰਿਤਧਾਰੀ ਲੜਕੀਆਂ ਨੂੰ ਮੁਫ਼ਤ ਵਿੱਦਿਆ ਤੇ ਗ਼ਰੀਬ ਵਿਦਿਆਰਥੀਆਂ ਲਈ ਹਰ ਸਾਲ ਸਹਾਇਤਾ ਕੀਤੀ ਜਾਂਦੀ ਹੈ, ਉਥੇ ਹੀ ਨਿਸ਼ਚੈ ਅਕੈਡਮੀ ਰਾਹੀਂ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜਵਾਨਾਂ ਦੀ ਤਿਆਰੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਪ੍ਰਸ਼ਾਸਨਿਕ ਪ੍ਰੀਖਿਆ ਦਾ ਮੁੱਢਲਾ ਟੈਸਟ ਪਾਸ ਕਰਨ ਵਾਲੇ ਗੁਰਸਿੱਖ ਵਿਦਿਆਰਥੀਆਂ ਲਈ ਮੇਨ ਦੀ ਤਿਆਰੀ ਵਾਸਤੇ ਵੀ ਬਜਟ ਵਿਚ 5 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਯੂਪੀਐਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਇਨ੍ਹਾਂ ਸਿੱਖ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤੇ ਜਾਣ ਦਾ ਫੈਸਲਾ ਜਿਥੇ ਇਨ੍ਹਾਂ ਦੀ ਹੌਂਸਲਾ ਅਫ਼ਜਾਈ ਲਈ ਹੈ, ਉਥੇ ਹੀ ਹੋਰ ਸਿੱਖ ਨੌਜੁਆਨਾਂ ਨੂੰ ਪ੍ਰਸ਼ਾਸਕੀ ਸੇਵਾਵਾਂ ਪ੍ਰਤੀ ਉਤਸ਼ਾਹਤ ਕਰਨਾ ਹੈ। ਭਵਿੱਖ ਵਿਚ ਯੂਪੀਐਸਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕਾਰਜਸ਼ੀਲ ਨਿਸ਼ਚੈ ਅਕੈਡਮੀ ਵਿਚ ਮੁਕਾਬਲਾ ਪ੍ਰੀਖਿਆ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਦੇ ਰੂਬਰੂ ਕਰਨ ਲਈ ਵੀ ਪ੍ਰੋਗਰਾਮ ਉਲੀਕਿਆ ਜਾਵੇਗਾ, ਤਾਂ ਜੋ ਤਿਆਰੀ ਕਰ ਰਹੇ ਵਿਦਿਆਰਥੀ ਪ੍ਰੇਰਣਾ ਲੈ ਸਕਣ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਲਈ ਉਤਸ਼ਾਹਤ ਕਰਨ, ਤਾਂ ਜੋ ਸਿੱਖ ਨੌਜੁਆਨ ਉੱਚ ਅਹੁਦਿਆਂ 'ਤੇ ਬੈਠ ਕੇ ਗੁਰੂ ਸਾਹਿਬ ਦੇ ਦਰਸਾਏ ਮਾਰਗ ਅਨੁਸਾਰ ਮਨੁੱਖਤਾ ਦੀ ਭਲਾਈ ਲਈ ਕਾਰਜ ਕਰਨ।

## ਸ਼ਿਵ ਸ਼ਕਤੀ ਕਲੱਬ ਵੱਲੋਂ 2 ਮਈ ਨੂੰ ਕਰਵਾਇਆ ਜਾਵੇਗਾ ਵਿਸ਼ਾਲ ਜਾਗਰਣ : ਪ੍ਰਵੀਨ ਚੌਧਰੀ

ਦੀਨਾਨਗਰ, 25 ਅਪ੍ਰੈਲ (ਡਾ.ਰਮੇਸ਼ ਸਰੰਗਲ): ਵਰੁਣ ਸਰੰਗਲ ) ਸ਼ਿਵ ਸ਼ਕਤੀ ਕਲੱਬ ਤਾਰਾਗੜ੍ਹੀ ਮੋੜ ਚੁੰਗੀ ਮਾਰਕਿਟ ਦੀਨਾਨਗਰ ਵੱਲੋਂ 16ਵੇਂ ਸਲਾਨਾ ਜਾਗਰਣ ਦੇ ਸਬੰਧ ਵਿੱਚ ਕਲੱਬ ਦੇ ਚੇਅਰਮੈਨ ਸਾਬਕਾ ਕੌਂਸਲਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਠਾਕੁਰ ਪ੍ਰਵੀਨ ਚੌਧਰੀ ਦੀ ਪ੍ਰਧਾਨਗੀ ਹੇਠ ਝੰਡਾ ਪੂਜਨ ਕੀਤਾ ਗਿਆ । ਕਲੱਬ ਦੇ ਚੇਅਰਮੈਨ ਠਾਕੁਰ ਪ੍ਰਵੀਨ ਚੌਧਰੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 2 ਮਈ ਦਿਨ ਸ਼ਨੀਵਾਰ ਨੂੰ ਦੁਪਹਿਰ ਇੱਕ ਵਜੇ ਲੰਗਰ ਹੋਵੇਗਾ ਅਤੇ ਰਾਤ ਨੂੰ ਮਹਾਮਾਂਈ ਦਾ ਜਾਗਰਣ ਕਰਨ ਵਾਲੀ ਪਹਿਲੀ ਪਾਰਟੀ ਚਾਹਿਲ ਕੁਮਾਰ ਅਤੇ ਦੂਸਰੀ ਪਾਰਟੀ ਜੰਮੂ ਤੋਂ (ਜੰਮੂ ਦੀ ਕੁੜੀ ) ਵਰਸ਼ਾ ਜਮਵਾਲ ਜੋ ਸੰਗਤਾਂ ਨੂੰ ਮਹਾਮਾਂਈ ਦੀਆਂ ਭੇਟਾਂ ਰਾਂਹੀ ਨਿਹਾਲ ਕਰਨਗੇ। ਪ੍ਰਵੀਨ ਚੌਧਰੀ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਦਿਨ ਆ ਕੇ ਸਾਡੀ ਕਲੱਬ ਨੂੰ ਅਸ਼ੀਰਵਾਦ ਦੇਣ ਅਤੇ ਮਹਾਂਮਾਈ ਦੀਆਂ ਭੇਟਾਂ ਦਾ ਆਨੰਦ ਮਾਨਣ। ਇਸ ਮੌਕੇ ਤੇ ਗੌਰਵ ਮਹਾਜਨ, ਵਿਕਰਮ ਮਹਾਜਨ, ਸ਼ੈਲੀ ਠਾਕੁਰ, ਜੌਨੀ ਠਾਕੁਰ, ਦੀਪਾ ਠਾਕੁਰ, ਮੇਜਰ ਸਿੰਘ, ਜੋਗਿੰਦਰ ਜਿੰਦਾ, ਵਿਸ਼ਾਲ ਕੁਮਾਰ, ਸੋਨੂ ਮਹਾਜਨ, ਕੇਸ਼ਵ ਹੈਪੀ, ਸਿੰਦਾ, ਬੌਬੀ, ਤਰਸੇਮ, ਰਕੇਸ਼ ਕੁਮਾਰ, ਸੁਭਾਸ਼ ਆਦਿ ਹਾਜ਼ਰ ਸਨ।

## ਸਕੂਲ ਦੀਆਂ ਲੜਕੀਆਂ ਨੇ ਐਵਾਰਡ ਦੇ ਨਾਲ-ਨਾਲ ਨਗਦ ਇਨਾਮ ਦੇ 7500 ਰੁਪਏ ਵੀ ਜਿੱਤੇ



ਜੰਡਿਆਲਾ ਗੁਰੂ, 25 ਅਪ੍ਰੈਲ (ਰਾਮ ਸ਼ਰਨਜੀਤ ਸਿੰਘ) : ਪੰਜਾਬ ਸਰਕਾਰ ਦੁਆਰਾ ਕਰਵਾਏ ਗਏ ਵੇਸਟ ਟੂ ਬੈਸਟ ਇਨੋਵੇਸ਼ਨ ਚੈਲੇਂਜ ਜਿਸ ਅਧੀਨ ਧਰਤੀ,ਪਾਣੀ ਅਤੇ ਹਵਾ ਸਮੇਤ ਵਾਤਾਵਰਨ ਦੀ ਸਾਂਭ ਸੰਭਾਲ ਸਬੰਧੀ ਕਵਿਤਾ ਮੁਕਾਬਲੇ ਅਤੇ ਵੇਸਟ ਟੂ ਬੈਸਟ ,ਵਿਅਰਥ ਚੀਜ਼ਾਂ ਨੂੰ ਰੀਸਾਈਕਲ ਕਰਕੇ ਮਾਡਲ ਬਣਾਉਣ ਦਾ ਪ੍ਰੋਜੈਕਟ ਦਿੱਤਾ ਗਿਆ । ਜ਼ਿਲ੍ਹਾ ਸਿੱਖਿਆ ਅਫਸਰ ਰਾਜੇਸ਼ ਸ਼ਰਮਾ ਦੀ ਯੋਗ ਅਗਵਾਈ ਵਿੱਚ ਇਸ ਪ੍ਰੋਗਰਾਮ ਵਿੱਚ ਲਗਭਗ 45 ਸਕੂਲਾਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਸਿਰਲੇਖ ਹਵਾ ਪਾਣੀ ਜਮੀਨ ਪੰਜਾਬ ਰੱਖੋ ਹਸੀਨ ਸੀ। ਇਸ ਮੁਕਾਬਲੇ ਵਿੱਚ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਵਿਦਿਆਰਥਣਾਂ ਨੇ ਕਵਿਤਾ ਮੁਕਾਬਲੇ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵੇਸ ਟੂ ਬੈਸਟ ਮੁਕਾਬਲੇ ਵਿੱਚ ਸਕੂਲ ਦੀਆਂ ਵਿਦਿਆਰਥਣਾ ਇਬਾਦਤ ਕੌਰ, ਪਵਨਦੀਪ ਕੌਰ ਅਤੇ ਰਵਰੋਜ ਕੌਰ ਨੇ ਪਲਾਸਟਿਕ ਦੀਆਂ ਟਾਈਲਾਂ, ਜੋ ਕਿ ਘਰ ਵਿੱਚ ਇਸਤੇਮਾਲ ਹੋ ਜਾਂਦੀਆਂ ਹਨ ਅਤੇ ਰਬੜ ਤੋਂ ਰਬੜ ਸੜਕ ਬਣਾਈ ਜੋ ਕਿ ਖੇਡ ਮੈਦਾਨਾਂ ਚ ਇਸਤੇਮਾਲ ਕੀਤੀ ਜਾ ਸਕਦੀ ਹੈ ਅਤੇ ਗੰਨੇ ਦੇ ਛਿਲਕੇ ਤੋਂ ਡਿਸਪੋਜੀਬਲ ਪਲੇਟਸ ਤੇ ਕੱਪ ਬਣਾਏ ਗਏ। ਫੁੱਲਾਂ ਤੋਂ ਪਰਫਿਊਮ, ਕਲਰ ਪ੍ਰਿੰਟਿੰਗ ਅਤੇ ਖੂਬਸੂਰਤੀ ਵਧਾਉਣ ਵਾਸਤੇ ਫੇਸ ਮਾਸਕ ਵੀ ਬਣਾਏ ਗਏ। ਬੱਚਿਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਇਸ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਿਲ ਕੀਤਾ। ਇਨ ਸਪੋਕਸਮੈਨ ਟੀਮ ਵੱਲੋਂ ਮੌਕੇ ਤੇ ਹੀ ਟਰੋਫੀ ਅਤੇ ਨਾਲ 7500 ਰੁਪਏ ਦਾ ਚੈੱਕ ਦਿੱਤਾ ਗਿਆ। ਜਿਸ ਵਾਸਤੇ ਸਕੂਲ ਮੈਨੇਜਮੈਂਟ ਕਮੇਟੀ ਨੇ ਰਾਜੇਸ਼ ਸ਼ਰਮਾ (ਡੀ.ਈ.ਓ ਅੰਮ੍ਰਿਤਸਰ )ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਜਿਨਾਂ ਦੇ ਯਤਨਾ ਸਦਕਾ ਬੱਚਿਆਂ ਨੂੰ ਪ੍ਰੋਜੈਕਟ ਬਣਾ ਕੇ ਆਪਣੀ ਕਲਾ ਨੂੰ ਵਿਖਾਉਣ ਦਾ ਮੌਕਾ ਮਿਲਿਆ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ, ਸਮੂਹ ਸਟਾਫ ਅਤੇ ਬੱਚਿਆਂ ਨੇ ਜੇਤੂ ਬੱਚਿਆਂ ਦਾ ਸ਼ਾਨਦਾਰ ਸਵਾਗਤ ਕੀਤਾ। ਸਕੂਲ ਮੈਨੇਜਮੈਂਟ ਵੱਲੋਂ ਜੇਤੂ ਬੱਚਿਆਂ ਨੂੰ ਸ਼ਾਬਾਸ਼ੀ ਅਤੇ ਵਧਾਈ ਦਿੱਤੀ ਗਈ ਅਤੇ ਸਬੰਧਤ ਅਧਿਆਪਕਾਂ ਦੀ ਮਿਹਨਤ ਨੂੰ ਵੀ ਸਰਾਹਿਆ ਗਿਆ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੰਦੀਪ ਸ਼ਰਮਾ, ਸ਼ਿਲਪਾ ਸ਼ਰਮਾ ਕੁਆਰਡੀਨੇਟਰ, ਨੀਲਾਕਸ਼ੀ ਗੁਪਤਾ ਕੁਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ 'ਤੇ ਕੀਤੇ ਜਾ ਰਹੇ ਜ਼ਬਰ ਦੇ ਖ਼ਿਲਾਫ਼ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਰੋਸ ਮਾਰਚ

### ਅੰਮ੍ਰਿਤਸਰ ਵਿੱਚ ਵਿਸ਼ਾਲ ਮੋਟਰਸਾਈਕਲ ਮਾਰਚ, ਵੱਡੀ ਗਿਣਤੀ 'ਚ ਆਗੂ ਤੇ ਵਰਕਰ ਹੋਏ ਸ਼ਾਮਿਲ



ਅੰਮ੍ਰਿਤਸਰ, 25 ਅਪ੍ਰੈਲ (ਬਬਲੂ ਮਹਾਜਨ) : ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਉੱਤੇ ਕੀਤੇ ਜਾ ਰਹੇ ਜ਼ਬਰ ਦੇ ਵਿਰੋਧ ਵਿੱਚ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਵੱਲੋਂ ਇੱਕ ਵਿਸ਼ਾਲ ਮੋਟਰਸਾਈਕਲ ਰੋਸ ਮਾਰਚ ਕੱਢਿਆ ਗਿਆ। ਇਹ ਮਾਰਚ ਅੰਮ੍ਰਿਤਸਰ ਦੇ ਗੋਲਡਨ ਗੇਟ ਤੋਂ ਸ਼ੁਰੂ ਹੋਕੇ ਵਾਇਆ ਬਾਈਪਾਸ ਅਟਾਰੀ ਰੋਡ ਇੰਡੀਆ ਗੇਟ ਤੱਕ ਪਹੁੰਚ ਕੇ ਸਮਾਪਤ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਮੋਟਰਸਾਈਕਲ ਮਾਰਚ ਦੀ ਅਗਵਾਈ ਜਿਲਾ ਅੰਮ੍ਰਿਤਸਰ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਕੀਤੀ ਗਈ। ਮਾਰਚ ਦੀ ਸ਼ੁਰੂਆਤ ਸਮੇਂ ਸੀਨੀਅਰ ਲੀਡਰਸ਼ਿਪ ਵਿੱਚੋਂ ਵਿਸ਼ੇਸ਼ ਤੌਰ 'ਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਚਾਚਾ ਸੁਖਚੈਨ ਸਿੰਘ, ਚਾਚਾ ਪ੍ਰਗਟ ਸਿੰਘ, ਚਾਚਾ ਕੁਲਵੰਤ ਸਿੰਘ, ਭਾਈ ਹਰਭਜਨ ਸਿੰਘ ਤੁੜ, ਭਾਈ ਪ੍ਰਗਟ ਸਿੰਘ ਮੀਆਂਵਿੰਡ (ਮੁੱਖ ਦਫ਼ਤਰ ਸਕੱਤਰ), ਭਾਈ ਜਤਿੰਦਰ ਸਿੰਘ ਮਹਿਤਾ (ਦਫ਼ਤਰ ਸਕੱਤਰ) ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ( ਮੀਡੀਆ ਇੰਚਾਰਜ ) ਮੌਜੂਦ ਰਹੇ। ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਭਾਈ ਜਸਕਰਨ ਸਿੰਘ ਰਿਆੜ, ਜਿਲਾ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਭਾਈ ਅਮਨਦੀਪ ਸਿੰਘ ਡੱਬੂਆਣਾਂ ਨੇ ਇਸ ਰੋਸ ਮਾਰਚ ਦੀ ਅਗਵਾਈ ਕੀਤੀ ਅਤੇ ਹੋਰ ਪਹੁੰਚੇ ਮੁੱਖ ਆਗੂਆਂ ਵਿੱਚ ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਚਮਕੌਰ ਸਿੰਘ ਧੁੰਨ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਜੁਗਰਾਜ ਸਿੰਘ ਲਾਲਾ ਨੰਗਲ, ਭਾਈ ਸੁਖਦੇਵ ਸਿੰਘ ਕਾਦੀਆ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਗੁਰਮਿੰਦਰ ਸਿੰਘ ਚਾਵਲਾ, ਭਾਈ ਨਾਥਵਿੰਦਰ ਸਿੰਘ, ਭਾਈ ਸਰਬਜੀਤ ਸਿੰਘ ਬੈਂਕਾ, ਭਾਈ ਮਨਜਿੰਦਰ ਸਿੰਘ ਕਲੇਰ, ਰਾਣਾ ਜੱਲੂਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਪ੍ਰਿਥੀਪਾਲ ਸਿੰਘ, ਭਾਈ ਮਨਜਿੰਦਰ ਸਿੰਘ ਪ੍ਰਿੰਸ, ਭਾਈ ਗੁਰਲਾਲ ਸਿੰਘ ਸਖੀਰਾ, ਭਾਈ ਜਗਨੰਦਨ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਬਲਜੀਤ ਸਿੰਘ ਚਾਟੀਵਿੰਡ, ਭਾਈ ਕੁਲਦਮਨਰੂਪ ਸਿੰਘ, ਭਾਈ ਜੁਗਰਾਜ ਸਿੰਘ ਭੰਗਵਾ, ਭਾਈ ਦਯਾ ਸਿੰਘ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਬਾਬਾ ਜਰਮਨਜੀਤ ਸਿੰਘ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਡਾਕਟਰ ਅਤੁੱਲ ਕੁਮਾਰ, ਭਾਈ ਅਮਰੀਕ ਸਿੰਘ ਬਿੱਟਾ, ਡਾਕਟਰ ਬਰਿੰਦਰਜੀਤ ਸਿੰਘ, ਭਾਈ ਹਰਪ੍ਰੀਤ ਸਿੰਘ, ਬਾਬਾ ਲਖਵਿੰਦਰ ਸਿੰਘ, ਬਾਬਾ ਹਰਪ੍ਰੀਤ ਸਿੰਘ, ਜਗਜੀਤ ਸਿੰਘ ਰਾਮੂਵਾਲ, ਪ੍ਰਿੰਸੀਪਲ ਮੇਜਰ ਸਿੰਘ ਜੀ ਅਤੇ ਹੋਰ ਬਹੁਤ ਸਾਰੇ ਆਗੂ ਅਤੇ ਵਰਕਰ ਹਾਜ਼ਰ ਰਹੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨਾਲ ਹੋ ਰਹੀ ਧੱਕੇਸ਼ਾਹੀ ਬਿਲਕੁਲ ਸਵੀਕਾਰਯੋਗ ਨਹੀਂ ਹੈ ਅਤੇ ਪੰਜਾਬ ਦੀ ਜਨਤਾ ਇਸਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।

## ਸਕੂਲ ਦੇ ਸਮਾਰਟ ਕਲਾਸ ਰੂਮ ਦਾ ਉਦਘਾਟਨ ਸੋਨੀਆ ਮਾਨ ਵੱਲੋਂ ਕੀਤਾ ਗਿਆ

ਚੋਗਾਵਾਂ, 25 ਅਪ੍ਰੈਲ (ਸੁਬੇਗ ਸਿੰਘ ਸੋਨਾ) : ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸ ਰੂਮ ਸਥਾਪਿਤ ਕੀਤੇ ਜਾ ਰਹੇ ਹਨ। ਜਿਸ ਤਹਿਤ ਅੱਜ ਪਿੰਡ ਮੰਡਿਆਵਾਲਾ ਦੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿਖੇ 6 ਲੱਖ 50 ਹਜ਼ਾਰ ਦੀ ਲਾਗਤ ਨਾਲ ਬਣੇ ਸਮਾਰਟ ਕਲਾਸ ਰੂਮ ਦਾ ਉਦਘਾਟਨ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਨੇ ਕੀਤਾ। ਉਨ੍ਹਾਂ ਦਾ ਇੱਥੇ ਆਉਣ ਤੇ ਸਕੂਲ ਦੇ ਮੁੱਖ ਅਧਿਆਪਕ ਹਰਜਿੰਦਰ ਸਿੰਘ ਸਮੂਹ ਸਟਾਫ ਨੇ ਗੁਲਦਸਤੇ ਦੇ ਕੇ ਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਮੈਡਮ ਸੋਨੀਆ ਮਾਨ ਜੀ ਨੇ ਕਿਹਾ ਕਿ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਾਰੇ ਸਰਕਾਰੀ ਸਕੂਲਾਂ ਨੂੰ ਵਧੀਆ ਸੁੰਦਰਗਰਾਮ ਬਣਾਇਆ ਜਾਵੇਗਾ। ਅਤੇ ਬੱਚਿਆਂ ਨੂੰ ਓਚ ਪੱਧਰੀ ਸਿੱਖਿਆ ਹਾਸਿਲ ਕਰਾਉਣ ਲਈ ਵਧੀਆ ਅਧਿਆਪਕ ਪ੍ਰੋਵਾਈਡ ਕੀਤੇ ਜਾਣਗੇ। ਇਸ ਮੌਕੇ ਰੇਸ਼ਮ ਵੜੈਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਨਿਹਾਲ ਸਿੰਘ, ਮੁੱਖ ਅਧਿਆਪਕ ਹਰਜਿੰਦਰ ਸਿੰਘ, ਮਾਸਟਰ ਮਨਦੀਪ ਸਿੰਘ, ਬਲਜੀਤ ਕੌਰ, ਸਰਪੰਚ ਜਰਨੈਲ ਸਿੰਘ, ਸਕੂਲ ਕਮੇਟੀ ਚੇਅਰਮੈਨ ਬੀਰ ਕੌਰ, ਸਰਪੰਚ ਜਵਾਲਾ ਕੁੱਤੀਵਾਲ, ਸਰਪੰਚ ਗੁਰਲਾਲ ਸਿੰਘ ਮੁੱਧ ਖੋਖਰ, ਸੁਖਦੀਪ ਸਿੰਘ ਛੀਨਾ ਆਦਿ ਹਾਜ਼ਰ ਸਨ।

## ਸੈਂਟਰਲ ਜੇਲ੍ਹ ਅੰਮ੍ਰਿਤਸਰ ਦੇ ਸੁਪਰਿਟੈਂਡੈਂਟ ਰਾਜੀਵ ਅਰੋੜਾ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਟੇਕਿਆ ਮੱਥਾ



ਅੰਮ੍ਰਿਤਸਰ, 25 ਅਪ੍ਰੈਲ ( ਬਬਲੂ ਮਹਾਜਨ ) : ਸੈਂਟਰਲ ਜੇਲ੍ਹ ਅੰਮ੍ਰਿਤਸਰ ਦੇ ਸੁਪਰਿੰਟੈਂਡੈਂਟ ਸ੍ਰੀ ਰਾਜੀਵ ਅਰੋੜਾ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਘਰ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ। ਇਸ ਪਵਿੱਤਰ ਮੌਕੇ ਉਨ੍ਹਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ ਅਤੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ।ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਦੌਰਾਨ ਉਹਨਾਂ ਨੇ ਆਤਮਿਕ ਸ਼ਾਂਤੀ ਦਾ ਅਨੁਭਵ ਕੀਤਾ। ਇਸ ਮੌਕੇ ਸੂਚਨਾ ਕੇਂਦਰ ਵਿਖੇ ਸੂਚਨਾ ਅਧਿਕਾਰੀ ਅੰਮ੍ਰਿਤ ਪਾਲ ਸਿੰਘ, ਸਰਬਜੀਤ ਸਿੰਘ ਅਤੇ ਜਰਮਨਜੀਤ ਸਿੰਘ ਵੱਲੋਂ ਸ੍ਰੀ ਰਾਜੀਵ ਅਰੋੜਾ ਨੂੰ ਸਨਮਾਨਿਤ ਵੀ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੁਪਰਿੰਟੈਂਡੈਂਟ ਸ੍ਰੀ ਰਾਜੀਵ ਅਰੋੜਾ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਦੀ ਧਰਤੀ 'ਤੇ ਆ ਕੇ ਮਨ ਨੂੰ ਅਦਭੁੱਤ ਸ਼ਾਂਤੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਸਥਾਨ ਨਾ ਸਿਰਫ ਸਿੱਖ ਧਰਮ ਦਾ ਕੇਂਦਰ ਹੈ, ਸਗੋਂ ਹਰ ਧਰਮ ਦੇ ਲੋਕਾਂ ਲਈ ਰੂਹਾਨੀ ਸਾਂਝ ਦਾ ਪ੍ਰਤੀਕ ਹੈ।ਉਨ੍ਹਾਂ ਹੋਰ ਕਿਹਾ ਕਿ ਇਸ ਤਰ੍ਹਾਂ ਦੇ ਪਵਿੱਤਰ ਸਥਾਨਾਂ 'ਤੇ ਆ ਕੇ ਮਨੁੱਖ ਆਪਣੇ ਅੰਦਰ ਦੀ ਨਕਾਰਾਤਮਕਤਾ ਤੋਂ ਦੂਰ ਹੋ ਕੇ ਸੱਚਾਈ ਅਤੇ ਸੇਵਾ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਹੁੰਦਾ ਹੈ।

## ਸ਼ਰਧਾਲੂਆਂ ਦੇ ਜੱਥੇ ਦੀ 7 ਵੀਂ ਬੱਸ ਤੀਰਥ ਯਾਤਰਾ ਲਈ ਰਵਾਨਾ

ਚੋਗਾਵਾਂ, 25 ਅਪ੍ਰੈਲ (ਸੁਬੇਗ ਸਿੰਘ ਸੋਨਾ) : ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਤੀਰਥ ਯਾਤਰਾ ਯੋਜਨਾ ਦੇ ਉਪਰਾਲੇ ਤਹਿਤ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਤਹਿਤ ਅੱਜ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਧੁੱਪਸੜੀ ਅਤੇ ਪਿੰਡ ਤੂਰ ਤੋਂ ਸ਼ਰਧਾਲੂਆਂ ਦੀ 7 ਵੀ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਉਹਨਾਂ ਦੀ ਮਾਤਾ ਪਰਮਜੀਤ ਕੌਰ ਵੱਲੋਂ ਹਰੀ ਝੰਡੀ ਦੇ ਕੇ ਬੱਸ ਰਵਾਨਾ ਕੀਤੀ ਗਈ , ਇਸ ਮੌਕੇ ਉਹਨਾਂ ਦੇ ਨਾਲ਼ ਬੀਡੀਓ ਸ਼ਮਸ਼ੇਰ ਸਿੰਘ, ਵੀਡੀਓ ਭਪਿੰਦਰ ਸਿੰਘ, ਸੈਕਟਰੀ ਹਰਵਿੰਦਰ ਸਿੰਘ, ਰਾਜਬੀਰ ਸਿੰਘ, ਪੰਚਾਇਤ ਅਫਸਰ ਸਾਹਿਬ ਸਿੰਘ, ਸਰਪੰਚ ਹਰਵੇਲ ਸਿੰਘ ਹੈਰੀ ਧੁੱਪਸੜੀ , ਸਰਪੰਚ ਸਰਪੰਚ ਬੂਟਾ ਸਿੰਘ ਤੂਰ , ਵਿਰਾਸਤ ਸੇਵਾ ਸੰਗਠਨ ਦਾ ਇੰਚਾਰਜ ਅੰਮ੍ਰਿਤਪਾਲ ਸਿੰਘ ਸ਼ਹੂਰਾ, ਨਿਹਾਲ ਸਿੰਘ, ਵੱਲੋਂ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਮੈਡਮ ਸੋਨੀਆ ਮਾਨ ਦੀ ਮਾਤਾ ਪਰਮਜੀਤ ਕੌਰ ਜੀ ਨੇ ਦੱਸਿਆ ਕਿ ਮਾਨ ਨੇ ਕਿਹਾ ਕਿ ਇਹ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ, ਨੈਣਾਂ ਦੇਵੀ ਦੇ ਦਰਸ਼ਨ ਦੀਦਾਰ ਕਰਨ ਲਈ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਯੋਜਨਾ ਨਾਲ ਲੋਕ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ। ਲੋਕਾਂ ਵਿੱਚ ਇਸ ਯਾਤਰਾ ਪ੍ਰਤੀ ਕਾਫ਼ੀ ਉਤਸ਼ਾਹ ਹੈ ਅਤੇ ਸਰਕਾਰ ਵੱਲੋਂ ਵੀ ਸ਼ਰਧਾਲੂਆਂ ਦੀ ਮੰਗ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਬੱਸਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਰਸਤੇ ਵਿੱਚ ਖਾਣ-ਪੀਣ ਤੇ ਹੋਰ ਲੋੜੀਂਦਾ ਸਾਮਾਨ ਅਤੇ ਉੱਥੇ ਰਹਿਣ ਦਾ ਵੀ ਪ੍ਰਬੰਧ ਕੀਤਾ ਜਾਂਦਾ ਹੈ। ਇਸ ਮੌਕੇ ਤੇ ਪਿੰਡ ਤੂਰ ਦੀ ਸਰਪੰਚ ਰਾਜਵਿੰਦਰ ਕੌਰ ਧਰਮ ਪਤਨੀ ਬੂਟਾ ਸਿੰਘ, ਮੈਂਬਰ ਜਸਵੰਤ ਸਿੰਘ, ਮੈਂਬਰ ਭਜਨ ਕੌਰ, ਮੈਂਬਰ ਰਾਜ ਕੌਰ, ਮੈਂਬਰ ਨਰਿੰਦਰ ਕੌਰ, ਆਦਿ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਸੇਵਾ ਮੁਕਤ ਕਰਮਚਾਰੀ ਐਸੋਸੀਏਸ਼ਨ ਦੀ ਹੋਈ ਚੋਣ, ਭੁਪਿੰਦਰਪਾਲ ਸਿੰਘ ਬਣੇ ਸਰਬ ਸੰਮਤੀ ਨਾਲ ਪ੍ਰਧਾਨ



ਅੰਮ੍ਰਿਤਸਰ , 25 ਅਪ੍ਰੈਲ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੁਲਾਜ਼ਮਾਂ ਵੱਲੋਂ ਬਣਾਈ ਗਈ ਸੇਵਾ ਮੁਕਤ ਕਰਮਚਾਰੀ ਐਸੋਸੀਏਸ਼ਨ ਦੀ ਦੋ ਸਾਲਾਂ ਬਾਅਦ ਅਹੁਦੇਦਾਰਾਂ ਦੀ ਚੋਣ ਲਈ ਜਨਰਲ ਇਜਲਾਸ ਹੋਇਆ। ਇਸ ਚੋਣ ਵਿੱਚ ਭੁਪਿੰਦਰਪਾਲ ਸਿੰਘ ਨੂੰ ਪ੍ਰਧਾਨ ਰਣਜੀਤ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਹਰਬੰਸ ਸਿੰਘ ਮੱਲੀ ਨੂੰ ਮੀਤ ਪ੍ਰਧਾਨ, ਪ੍ਰੋ. ਸੁਖਦੇਵ ਸਿੰਘ ਨੂੰ ਜਨਰਲ ਸਕੱਤਰ ਤੇ ਪਰਮਿੰਦਰ ਸਿੰਘ ਡੰਡੀ ਨੂੰ ਦਫਤਰੀ ਸਕੱਤਰ ਸਰਬ ਸੰਮਤੀ ਨਾਲ ਚੁਣਿਆ ਗਿਆ। ਉਪਰੰਤ ਚੁਣੇ ਗਏ ਪ੍ਰਧਾਨ ਭੁਪਿੰਦਰਪਾਲ ਸਿੰਘ ਨੇ ਅੰਤਰਿੰਗ ਕਮੇਟੀ ਮੈਂਬਰਾਂ ਦਾ ਐਲਾਨ ਕੀਤਾ , ਜਿਸ ਵਿੱਚ ਗੁਰਦਿੱਤ ਸਿੰਘ, ਮੁਖਤਿਆਰ ਸਿੰਘ, ਹਰਿੰਦਰਪਾਲ ਸਿੰਘ, ਪ੍ਰੀਤਮ ਸਿੰਘ ਪੂਰੀ, ਸੁੱਚਾ ਸਿੰਘ, ਸੁਰਿੰਦਰ ਸਿੰਘ ਹਰਿਆਣਾ, ਗੁਰਦੀਪ ਸਿੰਘ, ਲਖਵਿੰਦਰ ਸਿੰਘ ਜੋਧਪੁਰੀ, ਮਿਲਖਾ ਸਿੰਘ, ਸੁਰਿੰਦਰ ਪਾਲ ਸਿੰਘ, ਪਰਮਜੀਤ ਸਿੰਘ, ਗੁਰਦਰਸ਼ਨ ਸਿੰਘ ਪਟਿਆਲਾ, ਜਸਪਾਲ ਸਿੰਘ, ਬਿਅੰਤ ਸਿੰਘ ਅਨੰਦਪੁਰ, ਸ਼ੇਰ ਸਿੰਘ ਤੇ ਇੰਦਰਜੀਤ ਸਿੰਘ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਸੰਸਥਾ ਦੇ ਅਕਾਊਂਟ ਦੇਖਣ ਲਈ ਇੰਦਰਪਾਲ ਸਿੰਘ ਤੇ ਗੋਪਾਲ ਸਿੰਘ ਨੂੰ ਚੁਣਿਆ ਗਿਆ। ਪ੍ਰੈਸ ਸਕੱਤਰ ਰੇਸ਼ਮ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ। ਇਸ ਦੇ ਨਾਲ ਹੀ ਸੰਸਥਾ ਵਿੱਚ ਸਲਾਹਕਾਰ ਵਜੋਂ ਸਾਬਕਾ ਸਕੱਤਰ ਦਲਮੇਘ ਸਿੰਘ, ਰਘਬੀਰ ਸਿੰਘ, ਸਤਬੀਰ ਸਿੰਘ ਧਾਮੀ, ਜੋਗਿੰਦਰ ਸਿੰਘ ਅਦਲੀਵਾਲ ਤੇ ਜਸਵੰਤ ਸਿੰਘ ਦੇ ਨਾਲ ਨਾਲ ਮੌਜੂਦਾ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਮੌਜੂਦਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੌਜੂਦਾ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਤੌਰ ਸਲਾਹਕਾਰ ਵਜੋਂ ਸੰਸਥਾ ਵਿੱਚ ਸੇਵਾਵਾਂ ਨਿਭਾਉਣਗੇ । ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਸਕੱਤਰ ਬਲਵਿੰਦਰ ਸਿੰਘ ਕਾਲਵਾ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓਐਸਡੀ ਸਤਬੀਰ ਸਿੰਘ ਧਾਮੀ ਵੀ ਮੌਜੂਦ ਰਹੇ ਅਤੇ ਇਹਨਾਂ ਨੇ ਸਾਬਕਾ ਮੁਲਾਜ਼ਮਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬਣਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਨ੍ਹਾਂ ਆਸ ਕੀਤੀ ਕਿ ਜਿਵੇਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਲਈ ਹਮੇਸ਼ਾ ਢਾਲ ਬਣ ਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੁਲਾਜ਼ਮ ਖੜਦੇ ਹਨ ਉਸੇ ਤਰ੍ਹਾਂ ਅਗਾਂਹ ਵੀ ਸ਼੍ਰੋਮਣੀ ਕਮੇਟੀ ਦੇ ਨਾਲ ਹਮੇਸ਼ਾ ਚਲਦੇ ਰਹਿਣਗੇ । ਇਸ ਮੌਕੇ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਰੂਪ ਵਿੱਚ ਸ਼ੋਕ ਮਤੇ ਪੇਸ਼ ਕਰਦਿਆਂ ਮੂਲ ਮੰਤਰ ਦੇ ਪਾਠ ਕਰਕੇ ਯਾਦ ਕੀਤਾ ਗਿਆ। ਵਿਸ਼ੇਸ਼ ਤੌਰ ਤੇ ਸ਼੍ਰੋਮਣੀ ਰਾਗੀ ਭਾਈ ਜਸਵੰਤ ਸਿੰਘ, ਮਹਿਤਾਬ ਸਿੰਘ, ਹਰਭਜਨ ਸਿੰਘ ਰਾੜਾ, ਪਸ਼ਵਿੰਦਰ ਸਿੰਘ ਤੇ ਅਜੀਤ ਸਿੰਘ ਪੱਲਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੁਲਵੰਤ ਸਿੰਘ, ਡਾਕਟਰ ਜਸਵਿੰਦਰ ਸਿੰਘ, ਰਘਵੀਰ ਸਿੰਘ ਮੰਡ, ਪਰਮਜੀਤ ਸਿੰਘ ਬਾਜਵਾ ਆਦਿ ਵੀ ਵਿਸ਼ੇਸ਼ ਤੌਰ 'ਤੇ ਇਜਲਾਸ ਵਿੱਚ ਸ਼ਾਮਿਲ ਹੋਏ ।

## ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸ਼ਾਹਬਾਜ਼ਪੁਰ ਵਿੱਚ ਕਰਵਾਇਆ ਓਰੀਐਂਟੇਸ਼ਨ ਪ੍ਰੋਗਰਾਮ

ਟਾਂਡਾ ਉੜਮੁੜ, 25 ਅਪ੍ਰੈਲ (ਅਰਜੁਨ ਜੈਨ) :ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਬਾਜ਼ਪੁਰ ਵਿਖੇ ਨਰਸਰੀ ਕਲਾਸ ਦੇ ਮਾਪਿਆਂ ਨੂੰ ਬੱਚਿਆਂ ਪ੍ਰਤੀ ਜਾਗਰੂਕ ਕਰਨ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਸ ਓਰੀਐਂਟੇਸ਼ਨ ਪ੍ਰੋਗਰਾਮ ਦੇ ਵਿੱਚ ਮਾਪਿਆਂ ਨੇ ਵੱਧ ਚੜ ਕੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਮੁਨੀਸ਼ਾ ਸੰਗਰ ਵੱਲੋਂ ਗਿਆਨ ਜੋਤੀ ਜਾਗਰਿਤ ਕਰਨ ਦੇ ਨਾਲ ਹੋਈ ਇਸ ਤੋਂ ਉਪਰੰਤ ਅਕਾਲ ਪੁਰਖ ਨੂੰ ਯਾਦ ਕਰਦੇ ਹੋਏ ਸਕੂਲ ਦੇ ਸੰਗੀਤ ਵਿਭਾਗ ਦੇ ਬੱਚਿਆਂ ਵੱਲੋਂ ਧਾਰਮਿਕ ਗੀਤ ਦੀ ਪੇਸ਼ਕਾਰੀ ਕੀਤੀ ਗਈ। ਇਸ ਤੋਂ ਬਾਅਦ ਬੱਚਿਆਂ ਵੱਲੋਂ ਸ਼ਾਨਦਾਰ ਡਾਂਸ ਦੀ ਆਈਟਮ ਪੇਸ਼ ਕੀਤੀ ਗਈ। ਇਸ ਓਰੀਅਨਟੇਸ਼ਨ ਪ੍ਰੋਗਰਾਮ ਦੇ ਦੌਰਾਨ ਨਰਸਰੀ ਕਲਾਸ ਦੇ ਬੱਚਿਆਂ ਨੇ ਆਪਣੇ ਮਾਪਿਆਂ ਦੇ ਨਾਲ ਅਲੱਗ ਅਲੱਗ ਗਤੀਵਿਧੀਆਂ ਵਿੱਚ ਭਾਗ ਲਿਆ, ਜਿਸ ਦੌਰਾਨ ਪ੍ਰਿੰਸੀਪਲ ਸੰਗਰ ਅਤੇ ਅਧਿਆਪਕਾਂ ਨੇ ਮਾਪਿਆਂ ਨੂੰ ਬੱਚਿਆਂ ਦੇ ਲਈ ਅਲੱਗ ਅਲੱਗ ਤਰੀਕੇ ਦੀਆਂ ਕਸਰਤਾਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਜਿਨਾਂ ਦੇ ਨਾਲ ਬੱਚਿਆਂ ਦਾ ਦਿਮਾਗੀ ਵਿਕਾਸ ਸਹੀ ਤਰੀਕੇ ਨਾਲ ਹੋਵੇ, ਹੱਥਾਂ ਦੇ ਮਸਲ ਮਜਬੂਤ ਕੀਤੇ ਜਾ ਸਕਣ, ਉਨਾਂ ਦੀਆਂ ਖਾਣ ਪੀਣ ਦੀਆਂ ਆਦਤਾਂ ਸੁਧਾਰੀਆਂ ਜਾ ਸਕਣ, ਉਹਨਾਂ ਨੂੰ ਮੋਬਾਈਲ ਤੋਂ ਦੂਰ ਰੱਖਿਆ ਜਾ ਸਕੇ, ਅਤੇ ਉਨਾਂ ਨੂੰ ਸਰੀਰਕ ਗਤੀਵਿਧੀ ਰੋਜ਼ ਸਰੀਰਕ ਖੇਡਾਂ ਦੁਆਰਾ ਕਰਵਾਈ ਜਾ ਸਕੇ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਮਾਪੇ ਆਪਣੀ ਰੋਜ਼ਮਰਾ ਦੀ ਜ਼ਿੰਦਗੀ ਦੇ ਵਿੱਚ ਇੰਨੇ ਵਿਅਸਤ ਹੋ ਜਾਂਦੇ ਹਨ ਕਿ ਅਸੀਂ ਬੱਚਿਆਂ ਦਾ ਖਿਆਲ ਰੱਖਣਾ ਭੁੱਲ ਜਾਂਦੇ ਹਾਂ ਅਤੇ ਪੂਰੀ ਜਿੰਮੇਵਾਰੀ ਸਿਰਫ ਉਸ ਦੇ ਅਧਿਆਪਕਾਂ ਉੱਤੇ ਹੀ ਛੱਡ ਦਿੰਨੇ ਹਾਂ ਹਾਲਾਂਕਿ ਅਧਿਆਪਕਾਂ ਦੀ ਜਿੰਮੇਵਾਰੀ ਦੇ ਨਾਲ ਨਾਲ ਸਾਡੀ ਮਾਪਿਆਂ ਦੀ ਜਿੰਮੇਵਾਰੀ ਵੀ ਬੱਚਿਆਂ ਪ੍ਰਤੀ ਬਣਦੀ ਹੈ ਕਿ ਅਸੀਂ ਬੱਚਿਆਂ ਨੂੰ ਸਮਾਂ ਦਈਏ ਤਾਂ ਕਿ ਉਹਨਾਂ ਦਾ ਵਿਕਾਸ ਸਹੀ ਤਰੀਕੇ ਨਾਲ ਹੋ ਸਕੇ ਅਤੇ ਅੱਗੇ ਜਾ ਕੇ ਉਹ ਇਸ ਦੇਸ਼ ਦੇ ਵਧੀਆ ਅਤੇ ਸਿਹਤਮੰਦ ਨਾਗਰਿਕ ਬਣ ਸਕਣ।ਅਧਿਆਪਕਾਂ ਵੱਲੋਂ ਬੱਚਿਆਂ ਦੀਆਂ ਅਲੱਗ-ਅਲੱਗ ਗਤੀਵਿਧੀਆਂ ਦੇ ਨਾਲ ਨਾਲ ਮਾਪਿਆਂ ਨੂੰ ਵੀ ਬਹੁਤ ਰੋਚਕ ਖੇਡਾਂ ਕਰਵਾਈਆਂ ਗਈਆਂ ਜਿਨਾਂ ਦਾ ਮਾਪਿਆਂ ਨੇ ਖੂਬ ਆਨੰਦ ਮਾਣਿਆ।ਮਾਪਿਆਂ ਵੱਲੋਂ ਸਕੂਲ ਮੈਨੇਜਮੈਂਟ ਦਾ ਦਿਲੋਂ ਧੰਨਵਾਦ ਕੀਤਾ ਗਿਆ ਕਿ ਇਹੋ ਜਿਹੇ ਉਪਰਾਲੇ ਕਰਨ ਦੇ ਨਾਲ ਮਾਪਿਆਂ ਦਾ ਅਧਿਆਪਕਾਂ ਦੇ ਨਾਲ ਤਾਲਮੇਲ ਸਹੀ ਬੈਠਦਾ ਹੈ ਜਿਸ ਨਾਲ ਬੱਚੇ ਦਾ ਸਹੀ ਵਿਕਾਸ ਹੁੰਦਾ ਹੈ।ਅਧਿਆਪਕਾਂ ਵੱਲੋਂ ਬੱਚਿਆਂ ਦੀਆਂ ਅਲੱਗ-ਅਲੱਗ ਗਤੀਵਿਧੀਆਂ ਦੇ ਨਾਲ ਨਾਲ ਮਾਪਿਆਂ ਨੂੰ ਵੀ ਬਹੁਤ ਰੋਚਕ ਖੇਡਾਂ ਕਰਵਾਈਆਂ ਗਈਆਂ ਜਿਨਾਂ ਦਾ ਮਾਪਿਆਂ ਨੇ ਖੂਬ ਆਨੰਦ ਮਾਣਿਆ।ਮਾਪਿਆਂ ਵੱਲੋਂ ਸਕੂਲ ਮੈਨੇਜਮੈਂਟ ਦਾ ਦਿਲੋਂ ਧੰਨਵਾਦ ਕੀਤਾ ਗਿਆ ਕਿ ਇਹੋ ਜਿਹੇ ਉਪਰਾਲੇ ਕਰਨ ਦੇ ਨਾਲ ਮਾਪਿਆਂ ਦਾ ਅਧਿਆਪਕਾਂ ਦੇ ਨਾਲ ਤਾਲਮੇਲ ਸਹੀ ਬੈਠਦਾ ਹੈ ਜਿਸ ਨਾਲ ਬੱਚੇ ਦਾ ਸਹੀ ਵਿਕਾਸ ਹੁੰਦਾ ਹੈ। f ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਤੋਂ ਇਲਾਵਾ ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਨੀਨਾ, ਮਨੀਸ਼ਾ, ਰੁਪਿੰਦਰ, ਅਨੁਰਾਧਾ, ਸੁਮਿਤ ,ਪਰਮਜੀਤ, ਬਲਜੀਤ, ਵਿਸ਼ਾਲੀ , ਰਵਿੰਦਰ, ਇਕਬਾਲ, ਹਰਪ੍ਰੀਤ, ਮਮਤਾ, ਅਰਚਨਾ, ਕੁਲਦੀਪ, ਆਰਤੀ, ਅੰਕਿਤਾ, ਆਸ਼ਾ, ਰਜਿੰਦਰ, ਸੁਰੇਸ਼, ਸੁਸ਼ੀਲ, ਬਲਦੇਵ, ਪੰਕਜ ਅਤੇ ਬਾਕੀ ਸਟਾਫ ਮੌਜੂਦ ਸੀ।

## ਤਿੰਨ ਦਿਨਾਂ ਸਕਾਊਟ ਐਂਡ ਗਾਈਡਜ਼ ਕੈਂਪ ਅੱਜ ਸਮਾਪਤ



ਜੰਡਿਆਲਾ ਗੁਰੂ, 25 ਅਪ੍ਰੈਲ (ਰਾਮ ਸ਼ਰਨਜੀਤ ਸਿੰਘ) : ਮਿਸਲ ਸ਼ਹੀਦਾਂ ਤਰਨਾ ਦਲ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਮਲ੍ਹੀਆਂ ਵਿਖੇ ਤਿੰਨ ਦਿਨਾਂ ਸਕਾਊਟ ਐਂਡ ਗਾਈਡਜ਼ ਕੈਂਪ ਦਾ ਸਮਾਪਤੀ ਸਮਾਰੋਹ ਬੜੇ ਹੀ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਗੀਤ-ਸੰਗੀਤ, ਨਾਟਕ, ਯੋਗਾ ਅਤੇ ਕੈਂਪਿੰਗ ਕਲਾ ਰਾਹੀਂ ਆਪਣੀਆਂ ਕਾਬਲੀਅਤਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਰਾਜਸਥਾਨ, ਗੁਜਰਾਤ, ਕੇਰਲਾ ਅਤੇ ਮਹਾਰਾਸ਼ਟਰ ਆਦਿ ਰਾਜਾਂ ਦੀ ਸੰਸਕ੍ਰਿਤੀ ਨੂੰ ਦਰਸਾਉਂਦੀਆਂ ਆਕਰਸ਼ਕ ਝਾਕੀਆਂ ਪੇਸ਼ ਕੀਤੀਆਂ ਗਈਆਂ। ਇਨ੍ਹਾਂ ਝਾਕੀਆਂ ਵਿੱਚ ਖਾਣ-ਪੀਣ ਦੀਆਂ ਵਸਤਾਂ, ਰਵਾਇਤੀ ਪਹਿਰਾਵੇ ਅਤੇ ਲੋਕ ਨਾਚ ਵਿਸ਼ੇਸ਼ ਤੌਰ 'ਤੇ ਦਰਸ਼ਕਾਂ ਦਾ ਕੇਂਦਰ ਬਣੇ ਰਹੇ।ਸਮਾਰੋਹ ਵਿੱਚ ਸਕੂਲ ਦੇ ਪ੍ਰਿੰਸੀਪਲ, ਸਟਾਫ ਮੈਂਬਰਾਂ ਅਤੇ ਮੁੱਖ ਮਹਿਮਾਨ ਵਜੋਂ ਪਹੁੰਚੇ ਸ੍ਰ. ਪ੍ਰਭਦਿਆਲ ਸਿੰਘ ਦੇ ਨਾਲ-ਨਾਲ ਪੱਤਰਕਾਰ ਭਾਈਚਾਰੇ ਨੇ ਵੀ ਵਿਸ਼ੇਸ਼ ਹਾਜ਼ਰੀ ਭਰੀ। ਉਨ੍ਹਾਂ ਵੱਲੋਂ ਵਿਦਿਆਰਥੀਆਂ ਦੇ ਤਿਆਰ ਕੀਤੇ ਖਾਣੇ ਦਾ ਸਵਾਦ ਚੱਖਿਆ ਗਿਆ ਅਤੇ ਪਹਿਰਾਵਿਆਂ, ਕਲਾ ਅਤੇ ਨਾਚ ਦੇ ਆਧਾਰ 'ਤੇ ਵੱਖ-ਵੱਖ ਰਾਜਾਂ ਨੂੰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਦਾਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਪਲਵਿੰਦਰ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਟੀਮ ਵਰਕ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਬੱਚਿਆਂ ਨੂੰ ਘਿਓ ਖੁਆਉਣਾ ਕਿਉਂ ਜ਼ਰੂਰੀ

ਭਾਰਤੀ ਰਸੋਈਆਂ ਵਿੱਚ ਤੁਹਾਨੂੰ ਮਿਲਣ ਵਾਲੀ ਇੱਕ ਆਮ ਸਮੱਗਰੀ ਘਿਓ ਹੈ। ਘਿਓ ਦਾ ਸੇਵਨ ਸਿਹਤ ਲਈ ਫਾਇਦੇਮੰਦ ਮੰਨਿਆ ਜਾਂਦਾ ਹੈ। ਇਸਨੂੰ ਅਕਸਰ ਰੋਟੀਆਂ 'ਤੇ ਲਾ ਕੇ ਤੇ ਦਾਲ ਵਿਚ ਪਾ ਕੇ ਖਾਧਾ ਜਾਂਦਾ ਹੈ। ਅਜਿਹੇ ਵਿਚ ਛੋਟੇ ਬੱਚਿਆਂ ਨੂੰ ਵੀ ਘਿਓ ਖੁਆਉਣਾ ਬਹੁਤ ਜਰੂਰੀ ਹੈ। ਇਹ ਨਾ ਸਿਰਫ ਖਾਣ ਦਾ ਸੁਆਦ ਵਧਾਉਂਦਾ ਹੈ ਸਗੋਂ ਸਿਹਤ ਨੂੰ ਵੀ ਫਾਇਦੇ ਪਹੁੰਚਾਉਂਦਾ ਹੈ। ਘਿਓ ਵਿਚ ਵਿਟਾਮਿਨ ਏ, ਡੀ, ਈ, ਕੇ ਤੇ ਓਮੇਗਾ-3 ਫੈਟੀ ਐਸਿਡ ਹੁੰਦਾ ਹੈ।



*-ਘਿਓ ਬੱਚਿਆਂ ਦਾ ਭਾਰ ਵਧਾਉਣ ਵਿੱਚ ਮਦਦ ਕਰਦਾ ਹੈ।
*-ਇਸ ਨੂੰ ਗੁਡ ਫੈਟ ਦਾ ਇੱਕ ਵਧੀਆ ਸੋਰਸ ਮੰਨਿਆ ਜਾਂਦਾ ਹੈ।
*-ਇਹ ਦਿਮਾਗ ਦੇ ਵਿਕਾਸ ਵਿੱਚ ਮਦਦ ਕਰਦਾ ਹੈ। ਬੱਚਿਆਂ ਨੂੰ ਘਿਓ ਖੁਆਉਣ ਨਾਲ ਉਨ੍ਹਾਂ ਦਾ ਦਿਮਾਗ ਨੂੰ ਤੇਜ਼ ਹੁੰਦਾ ਹੈ।
*-ਘਿਓ ਵਿਟਾਮਿਨ ਏ, ਡੀ, ਕੇ ਅਤੇ ਈ ਦਾ ਇੱਕ ਵਧੀਆ ਸਰੋਤ ਹੈ।
*-ਇਹ ਭੋਜਨ ਦੇ ਸੁਆਦ ਨੂੰ ਵਧਾਉਂਦਾ ਹੈ, ਜਿਸ ਨਾਲ ਬੱਚੇ ਆਸਾਨੀ ਨਾਲ ਖਾ ਲੈਂਦੇ ਹਨ।
*-ਇਸ ਨਾਲ ਬੱਚਿਆਂ ਨੂੰ ਕਬਜ ਵਰਗੀ ਸਮੱਸਿਆ ਵਿਚ ਵੀ ਆਰਾਮ ਮਿਲਦਾ ਹੈ।

ਘਿਓ ਕਦੋਂ ਅਤੇ ਕਿੰਨਾ ਦੇਣਾ ਚਾਹੀਦਾ ਹੈ ?

#- 6 ਮਹੀਨਿਆਂ ਤੋਂ ਬਾਅਦ ਬੱਚਿਆਂ ਨੂੰ ਘਿਓ ਦਿਓ। 6 ਤੋਂ 12 ਮਹੀਨਿਆਂ ਦੇ ਬੱਚਿਆਂ ਨੂੰ ਰੋਜ਼ਾਨਾ 1 ਚਮਚ ਘਿਓ ਦਿਓ। 1 ਤੋਂ 3 ਸਾਲ ਦੇ ਬੱਚਿਆਂ ਨੂੰ ਰੋਜ਼ਾਨਾ 5-10 ML ਘਿਓ ਦਿੱਤਾ ਜਾ ਸਕਦਾ ਹੈ।
# - ਬੱਚਿਆਂ ਨੂੰ ਸਿੱਧਾ ਘਿਓ ਨਾ ਦਿਓ। ਇਸ ਨੂੰ ਦਾਲ, ਖਿਚੜੀ ਜਾਂ ਦਲੀਏ ਵਿਚ ਪਾ ਕੇ ਦਿਓ। ਹਮੇਸ਼ਾ ਸਹੀ ਮਾਤਰਾ ਵਿੱਚ ਘਿਓ ਦਿਓ, ਇਸਨੂੰ ਜ਼ਿਆਦਾ ਦੇਣਾ ਨੁਕਸਾਨਦੇਹ ਹੋ ਸਕਦਾ ਹੈ।









**ਅਦਾਰਾ ਚੜ੍ਹਦੀਕਲਾ ਵਿਖੇ ਪੁੱਜਣ ਤੇ ਸੁੱਖੀ ਬਾਠ (ਸੰਸਥਾਪਕ, ਪੰਜਾਬ ਭਵਨ ਸਰੀ, ਕੈਨੇਡਾ),** ਉਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ ਨਵੀਆਂ ਕਲਮਾਂ ਨਵੀਂ ਉਡਾਨ, ਮੈਡਮ ਸ਼ਸ਼ੀ ਬਾਲਾ ਸਲਾਹਕਾਰ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਨ, ਲੇਖਿਕਾ ਬਲਜੀਤ ਸ਼ਰਮਾ ਖਜ਼ਾਨਚੀ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਨ ਦਾ ਸ੍ਰ. ਹਰਪ੍ਰੀਤ ਸਿੰਘ ਦਰਦੀ (ਡਾਇਰੈਕਟਰ ਚੜ੍ਹਦੀਕਲਾ ਗਰੁੱਪ) ਵੱਲੋਂ ਸਨਮਾਨ ਚਿੰਨ੍ਹ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਤਸਵੀਰ ਵਿੱਚ ਨਾਲ ਨਜ਼ਰ ਆ ਰਹੇ ਹਨ ਚੜ੍ਹਦੀਕਲਾ ਟਾਈਮ ਟੀਵੀ ਦੇ ਬਿਊਰੋ ਚੀਫ ਅਮਰਜੀਤ ਸਿੰਘ ਸਰਤਾਜ, ਰੋਜ਼ਾਨਾ ਚੜ੍ਹਦੀਕਲਾ ਦੇ ਬਿਊਰੋ ਚੀਫ ਗੁਰਮੁਖ ਸਿੰਘ ਰੁਪਾਣਾ, ਸੀਨੀਅਰ ਮੈਨੇਜਰ ਤੇ ਕਾਲਮਨਵੀਸ ਸ੍ਰ. ਵਿੰਕਲਜੀਤ ਸਿੰਘ ਸਰਾ।

# ਭਾਜਪਾ ਵਿਧਾਇਕਾਂ ਵੱਲੋਂ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ



ਨਵੀਂ ਦਿੱਲੀ, 25 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਦੇ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਅੱਜ ਉਸ ਵੇਲੇ ਸਰਗਰਮੀ ਦੇਖਣ ਨੂੰ ਮਿਲੀ ਜਦੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਵਿਧਾਇਕਾਂ ਨੇ ਦਿੱਲੀ ਦੇ ਮਾਨਯੋਗ ਉਪ-ਰਾਜਪਾਲ ਸ. ਤਰਨਜੀਤ ਸਿੰਘ ਸੰਧੂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਬੈਠਕ ਵਿੱਚ ਵਿਧਾਇਕ ਅਸ਼ੋਕ ਗੋਇਲ ਅਤੇ ਵਿਧਾਇਕ ਸ਼ਿਵ ਪ੍ਰਕਾਸ਼ ਮੁੱਖ ਰੂਪ ਵਿੱਚ ਸ਼ਾਮਲ ਹੋਏ।

ਇਹ ਮੁਲਾਕਾਤ ਦਿੱਲੀ ਦੇ ਉਪ-ਰਾਜਪਾਲ ਦੇ ਸਰਕਾਰੀ ਨਿਵਾਸ ਲੋਕ ਨਿਵਾਸ ਵਿਖੇ ਹੋਈ। ਇਸ ਰਸਮੀ ਮੁਲਾਕਾਤ ਦੌਰਾਨ ਵਿਧਾਇਕਾਂ ਨੇ ਉਪ-ਰਾਜਪਾਲ ਨੂੰ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਜਨਤਕ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ। ਸੂਤਰਾਂ ਅਨੁਸਾਰ, ਬੈਠਕ ਵਿੱਚ ਦਿੱਲੀ ਦੀ ਕਾਨੂੰਨ ਵਿਵਸਥਾ, ਬੁਨਿਆਦੀ ਢਾਂਚੇ ਵਿੱਚ ਸੁਧਾਰ ਅਤੇ ਨਾਗਰਿਕਾਂ ਨੂੰ ਮਿਲਣ ਵਾਲੀਆਂ ਬੁਨਿਆਦੀ ਸਹੂਲਤਾਂ ਬਾਰੇ ਗੰਭੀਰ ਚਰਚਾ ਕੀਤੀ ਗਈ। ਵਿਧਾਇਕਾਂ ਨੇ ਆਪਣੇ ਖੇਤਰਾਂ ਦੀਆਂ ਵਿਸ਼ੇਸ਼ ਮੰਗਾਂ ਬਾਰੇ ਇੱਕ ਮੰਗ ਪੱਤਰ ਵੀ ਸੌਂਪਿਆ ਅਤੇ ਉਮੀਦ ਜਤਾਈ ਕਿ ਰਾਜਪਾਲ ਪ੍ਰਸ਼ਾਸਨ ਇਹਨਾਂ ਮਸਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰੇਗਾ। ਮੁਲਾਕਾਤ ਦੇ ਅੰਤ ਵਿੱਚ, ਵਿਧਾਇਕਾਂ ਵੱਲੋਂ ਉਪ-ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਇੱਕ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਸਰਦਾਰ ਸੰਧੂ ਨੇ ਵਿਧਾਇਕਾਂ ਦੇ ਸੁਝਾਵਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਦਿੱਲੀ ਦੇ ਲੋਕਾਂ ਦੀ ਭਲਾਈ ਅਤੇ ਸ਼ਹਿਰ ਦੇ ਸੁਚਾਰੂ ਪ੍ਰਸ਼ਾਸਨ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ। ਇਹ ਬੈਠਕ ਦਿੱਲੀ ਦੇ ਪ੍ਰਸ਼ਾਸਨਿਕ ਤਾਲਮੇਲ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਮੰਨੀ ਜਾ ਰਹੀ ਹੈ।



**ਸੁੱਖੀ ਬਾਠ (ਸੰਸਥਾਪਕ, ਪੰਜਾਬ ਭਵਨ ਸਰੀ, ਕੈਨੇਡਾ) ਵਿਸ਼ੇਸ਼ ਤੌਰ 'ਤੇ ਪਟਿਆਲਾ ਵਿਖੇ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ 'ਪਦਮਸ੍ਰੀ' ਡਾ. ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਨ ਲਈ ਪਹੁੰਚੇ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਇੱਕ ਸਮਾਗਮ ਦੌਰਾਨ ਸ੍ਰ. ਦਰਦੀ ਨੂੰ ਸੱਟ ਲੱਗ ਗਈ ਸੀ ਜਿਸ ਕਾਰਨ ਡਾਕਟਰਾਂ ਨੇ ਉਨ੍ਹਾਂ ਨੂੰ ਮੁਕੰਮਲ ਸਿਹਤਯਾਬ ਹੋਣ ਤੱਕ ਆਰਾਮ ਕਰਨ ਦੀ ਸਲਾਹ ਦਿੱਤੀ ਹੈ।**

# ਫੋਰਟਿਸ ਹੈਲਥਕੇਅਰ ਦੇ ਸੀ.ਈ.ਓ. ਵੱਲੋਂ ਉਪ-ਰਾਜਪਾਲ ਨਾਲ ਸਿਹਤ ਸੇਵਾਵਾਂ 'ਤੇ ਚਰਚਾ

ਨਵੀਂ ਦਿੱਲੀ, 25 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਵਿੱਚ ਸਿਹਤ ਸੇਵਾਵਾਂ ਦੇ ਮਿਆਰ ਨੂੰ ਉੱਚਾ ਚੁੱਕਣ ਅਤੇ ਆਮ ਜਨਤਾ ਤੱਕ ਸਸਤੀਆਂ ਸਹੂਲਤਾਂ ਪਹੁੰਚਾਉਣ ਦੇ ਉਦੇਸ਼ ਨਾਲ ਅੱਜ ਇੱਕ ਅਹਿਮ ਬੈਠਕ ਹੋਈ। ਫੋਰਟਿਸ ਹੈਲਥਕੇਅਰ ਦੇ ਮੈਨੇਜਿੰਗ ਡਾਇਰੈਕਟਰ ਅਤੇ ਸੀ.ਈ.ਓ. ਡਾ. ਆਸ਼ੂਤੋਸ਼ ਰਘੂਵੰਸ਼ੀ ਨੇ ਲੋਕ ਨਿਵਾਸ ਵਿਖੇ ਦਿੱਲੀ ਦੇ ਉਪ-ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ।

ਇਸ ਉੱਚ-ਪੱਧਰੀ ਬੈਠਕ ਦਾ ਮੁੱਖ ਕੇਂਦਰ ਦਿੱਲੀ ਦੇ ਸਿਹਤ ਢਾਂਚੇ ਨੂੰ ਮਜ਼ਬੂਤ ਕਰਨਾ ਸੀ। ਡਾ. ਰਘੂਵੰਸ਼ੀ ਅਤੇ ਸਰਦਾਰ ਸੰਧੂ ਵਿਚਕਾਰ ਹੋਈ ਇਸ ਚਰਚਾ ਵਿੱਚ ਮੁੱਖ ਤੌਰ 'ਤੇ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਕਿਵੇਂ ਨਿੱਜੀ ਅਤੇ ਸਰਕਾਰੀ ਖੇਤਰ ਮਿਲ ਕੇ ਦਿੱਲੀ ਦੇ ਨਾਗਰਿਕਾਂ ਨੂੰ ਕਿਫਾਇਤੀ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਸਕਦੇ ਹਨ। ਉਪ-ਰਾਜਪਾਲ ਨੇ ਸਿਹਤ ਸੇਵਾਵਾਂ ਦੀ ਪਹੁੰਚ (Accessibility) ਅਤੇ ਗੁਣਵੱਤਾ (Quality) ਵਿੱਚ ਸੁਧਾਰ ਕਰਨ ਦੀ ਲੋੜ 'ਤੇ ਵਿਸ਼ੇਸ਼ ਚਰਚਾ ਕੀਤੀ।

ਬੈਠਕ ਦੌਰਾਨ ਅਤਿ-ਆਧੁਨਿਕ ਮੈਡੀਕਲ ਤਕਨਾਲੋਜੀ ਦੀ ਵਰਤੋਂ ਅਤੇ ਹਸਪਤਾਲਾਂ ਵਿੱਚ ਮਰੀਜ਼ਾਂ ਦੀ ਸਹੂਲਤ ਲਈ ਬੁਨਿਆਦੀ ਢਾਂਚੇ ਦੇ ਵਿਸਥਾਰ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਡਾ. ਰਘੂਵੰਸ਼ੀ ਨੇ ਫੋਰਟਿਸ ਵੱਲੋਂ ਸਮਾਜਿਕ ਜ਼ਿੰਮੇਵਾਰੀ ਤਹਿਤ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸਿਹਤ ਸੇਵਾਵਾਂ ਹਰ ਨਾਗਰਿਕ ਦਾ ਬੁਨਿਆਦੀ ਹੱਕ ਹਨ ਅਤੇ ਦਿੱਲੀ ਪ੍ਰਸ਼ਾਸਨ ਸਿਹਤ ਖੇਤਰ ਵਿੱਚ ਵੱਡੇ ਸੁਧਾਰ ਲਿਆਉਣ ਲਈ ਵਚਨਬੱਧ ਹੈ। ਇਸ ਮੌਕੇ ਸਿਹਤ ਖੇਤਰ ਦੇ ਹੋਰ ਮਾਹਿਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਦਿੱਲੀ ਨੂੰ ਇੱਕ ਹੈਲਥ ਹੱਬ ਵਜੋਂ ਵਿਕਸਤ ਕਰਨ ਲਈ ਆਪਣੇ ਸੁਝਾਅ ਪੇਸ਼ ਕੀਤੇ।



# ਮਸਤੂਆਣਾ ਸਾਹਿਬ ਵਿਖੇ ਸਾਹਿਤਕ ਸਮਾਗਮ
# ਸੁੱਖੀ ਬਾਠ ਵੱਲੋਂ ਬਲਜੀਤ ਸ਼ਰਮਾ ਦੀ ਪੁਸਤਕ 'ਸ਼ਬਦਾਂ ਦੀ ਤ੍ਰਿਵੈਣੀ' ਲੋਕ-ਅਰਪਣ



ਸੰਗਰੂਰ 25 ਅਪ੍ਰੈਲ,(ਹਰਕੰਵਲ ਸਿੰਘ ਹੈਪੀ) ਅਕਾਲ ਕਾਲਜ ਆਫ਼ ਐਜੂਕੇਸ਼ਨ, ਮਸਤੂਆਣਾ ਸਾਹਿਬ ਵਿਖੇ ਸਾਹਿਤ ਸਦਨ ਸੰਗਰੂਰ ਅਤੇ ਧੀ ਪੰਜਾਬਣ ਮੰਚ ਦੇ ਸਹਿਯੋਗ ਨਾਲ ਇੱਕ ਪ੍ਰਭਾਵਸ਼ਾਲੀ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਲੇਖਿਕਾ ਬਲਜੀਤ ਸ਼ਰਮਾ ਦੀ ਪਲੇਠੀ ਪੁਸਤਕ ਸ਼ਬਦਾਂ ਦੀ ਤ੍ਰਿਵੈਣੀ (ਦੋਹੇ, ਰੁਬਾਈਆਂ ਅਤੇ ਗ਼ਜ਼ਲਾਂ ਦਾ ਸੰਗ੍ਰਹਿ) ਨੂੰ ਲੋਕ-ਅਰਪਣ ਕੀਤਾ ਗਿਆ। ਅੱਜ ਦੇ ਇਸ ਸਮਾਗਮ ਦੇ ਮੁੱਖ ਮਹਿਮਾਨ ਸ੍ਰੀ ਸੁੱਖੀ ਬਾਠ (ਸੰਸਥਾਪਕ, ਪੰਜਾਬ ਭਵਨ ਸਰੀ, ਕੈਨੇਡਾ) ਨੇ ਪੁਸਤਕ ਰਿਲੀਜ਼ ਕਰਦਿਆਂ ਕਿਹਾ ਕਿ ਬਲਜੀਤ ਸ਼ਰਮਾ ਨੇ ਆਪਣੀਆਂ ਰਚਨਾਵਾਂ ਰਾਹੀਂ ਪੰਜਾਬੀ ਮਾਂ-ਬੋਲੀ ਅਤੇ ਸੱਭਿਆਚਾਰ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਬੈਠੇ ਪੰਜਾਬੀ ਵੀ ਅਜਿਹੀਆਂ ਮਿਆਰੀ ਲਿਖਤਾਂ ਦੀ ਉਡੀਕ ਕਰਦੇ ਹਨ। ਸਮਾਗਮ ਦਾ ਉਦਘਾਟਨ ਕਰਦਿਆਂ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ. ਜਸਵੰਤ ਸਿੰਘ ਖਹਿਰਾ ਨੇ ਲੇਖਿਕਾ ਦੀ ਕਿਤਾਬ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਅਕ ਅਦਾਰਿਆਂ ਵਿੱਚ ਅਜਿਹੇ ਸਾਹਿਤਕ ਸਮਾਗਮ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ ਅਤੇ ਸਾਹਿਤ ਨਾਲ ਜੋੜਨ ਵਿੱਚ ਸਹਾਈ ਹੁੰਦੇ ਹਨ।

ਸਮਾਗਮ ਦੌਰਾਨ ਪੁਸਤਕ 'ਤੇ ਮੁੱਖ ਪਰਚਾ ਸ. ਜੋਗਾ ਸਿੰਘ ਵੱਲੋਂ ਪੜ੍ਹਿਆ ਗਿਆ, ਜਿਸ ਵਿੱਚ ਉਨ੍ਹਾਂ ਨੇ ਪੁਸਤਕ ਦੇ ਤਿੰਨਾਂ ਪ੍ਰਵਾਹਾਂ (ਦੋਹੇ, ਰੁਬਾਈਆਂ ਅਤੇ ਗ਼ਜ਼ਲਾਂ) ਦੀ ਡੂੰਘਾਈ ਅਤੇ ਸ਼ਬਦ-ਸ਼ਕਤੀ ਬਾਰੇ ਵਿਸਤ੍ਰਿਤ ਚਰਚਾ ਕੀਤੀ। ਇੰਜ. ਸ਼ਿਵ ਆਰਿਆ (ਚੇਅਰਮੈਨ, ਨਰਸਿੰਗ ਕਾਲਜ ਸੰਗਰੂਰ) ਨੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਲੇਖਿਕਾ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।

ਇਸ ਮੌਕੇ ਬਲਜੀਤ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਨੂੰ ਪੁਸਤਕ ਭੇਂਟ ਕੀਤੀ। ਉਨ੍ਹਾਂ ਭਾਵੁਕ ਹੁੰਦਿਆਂ ਦੱਸਿਆ ਕਿ ਇਹ ਪੁਸਤਕ ਉਨ੍ਹਾਂ ਨੇ ਆਪਣੀ ਸਤਿਕਾਰਯੋਗ ਮਾਤਾ ਨਸੀਬ ਕੌਰ ਜੀ ਦੇ ਪਵਿੱਤਰ ਪਿਆਰ ਨੂੰ ਸਮਰਪਿਤ ਕੀਤੀ ਹੈ। ਉਨ੍ਹਾਂ ਕਿਹਾ ਕਿ ਮਾਂ ਦੀਆਂ ਦਿੱਤੀਆਂ ਸਿੱਖਿਆਵਾਂ ਸਦਕਾ ਹੀ ਉਹ ਅੱਜ ਆਪਣੇ ਅਹਿਸਾਸਾਂ ਨੂੰ ਸ਼ਬਦਾਂ ਵਿੱਚ ਪਰੋਣ ਦੇ ਕਾਬਿਲ ਹੋਏ ਹਨ।

ਸਮਾਗਮ ਦੀ ਪ੍ਰਧਾਨਗੀ ਬੀਬਾ ਰਮਨਪ੍ਰੀਤ ਕੌਰ (ਡਿਪਟੀ ਕਮਿਸ਼ਨਰ) ਨੇ ਕੀਤੀ। ਹੋਰਨਾਂ ਤੋਂ ਇਲਾਵਾ ਐਡਵੋਕੇਟ ਅਸ਼ੋਕ ਬਾਂਸਲ, ਸ. ਬਲਦੇਵ ਸਿੰਘ ਗੋਸਲ, ਸ. ਹਰਜੀਤ ਸਿੰਘ ਅਰੋੜਾ ਅਤੇ ਸ. ਜਸਵਿੰਦਰ ਸਿੰਘ ਪ੍ਰਿੰਸ, ਉਂਕਾਰ ਤੇਜੇ ਪ੍ਰੋਜੈਕਟ ਇੰਚਾਰਜ ਨਵੀਆਂ ਕਲਮਾਂ ਨਵੀਂ ਉਡਾਨ, ਬਲਜੀਤ ਸਿੰਘ ਸੇਖਾ, ਬਲਜਿੰਦਰ ਕੌਰ ਕਲਸੀ, ਭੀਮ ਸਿੰਘ, ਅਵਤਾਰ , ਸਰਦਾਰ ਹਰਜੀਤ ਸਿੰਘ ਢੀਂਗਰਾ ਡਾਇਰੈਕਟਰ ਧੀ ਪੰਜਾਬ ਪੜ ਮੰਚ ਕੁਲਵਿੰਦਰ ਕੌਰ ਢੀਂਗਰਾ,ਮੈਡਮ ਚੰਚਲ,ਨੂਰਦੀਪ ਕੋਮਲ, ਮੂਲ ਚੰਦ ਸ਼ਰਮਾ, ਧਰਮੀ ਤੂੰਗਾ, ਨੂਰਦੀਪ ਕੋਮਲ, ਦਲਬਾਰ ਚੱਠਾ, ਬਲਰਾਜ ਓਬਰਾਏ ਬਾਜ਼ੀ, ਕੁਲਵੰਤ ਕਸਕ, ਰਾਜਿੰਦਰ ਰਾਜਨ ਨੇ ਸਮਾਗਮ ਵਿੱਚ ਸ਼ਿਰਕਤ ਕਰਕੇ ਲੇਖਿਕਾ ਦੀ ਹੌਂਸਲਾ ਅਫ਼ਜ਼ਾਈ ਕੀਤੀ। ਮੈਡਮ ਸ਼ਸ਼ੀ ਬਾਲਾ ਨੇ ਬਹੁਤ ਖ਼ੂਬਸੂਰਤੀ ਨਾਲ਼ ਮੰਚ ਸੰਚਾਲਨ ਕੀਤਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਅਰਥ ਡੇ ਮਨਾਇਆ

ਪਟਿਆਲਾ, 25 ਅਪ੍ਰੈਲ (ਚ.ਨ.ਸ.) : ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪਟਿਆਲਾ ਵਿਖੇ 22 ਅਪ੍ਰੈਲ 2026 ਦਿਨ ਬੁੱਧਵਾਰ ਨੂੰ ਅਰਥ ਡੇ ਮਨਾਇਆ ਗਿਆ । ਜਿਸ ਵਿੱਚ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਵੱਲੋਂ ਅਰਥ ਡੇ ਨਾਲ ਸੰਬੰਧਿਤ ਕਵਿਤਾਵਾਂ,ਲੈਕਚਰ ਅਤੇ ਆਪਣੇ ਵਿਚਾਰ ਪ੍ਰਗਟ ਕੀਤੇ ਗਏ। ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਰੁੱਖਾਂ ਦੀ ਕਟਾਈ ਰੋਕਣ ਸਬੰਧੀ ਅਤੇ ਵਾਤਾਵਰਣ ਦੀ ਸਾਂਭ ਸੰਭਾਲ ਬਾਰੇ ਇੱਕ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਧਰਤੀ ਦੀ ਰੱਖਿਆ ਕਰਨ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਬਾਰੇ ਇੱਕ ਰੋਲ ਪਲੇਅ ਬਹੁਤ ਹੀ ਵਧੀਆ ਤਰੀਕੇ ਨਾਲ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਅਰਥ ਡੇ 'ਤੇ ਬਹੁਤ ਹੀ ਸੁੰਦਰ ਡਰਾਇੰਗ, ਪੋਸਟਰ ਬਣਾਏ ਗਏ ਅਤੇ ਪੌਦੇ ਵੀ ਲਗਾਏ ਗਏ ਅਤੇ ਨਾਲ ਹੀ ਧਰਤੀ ਮਾਤਾ ਅਤੇ ਵਾਤਾਵਰਣ ਦੀ ਸਾਂਭ ਸੰਭਾਲ ਬਾਰੇ ਪ੍ਰਤਿੱਗਿਆ ਵੀ ਲਈ ਗਈ ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਜਸਵਿੰਦਰ ਕੌਰ ਦਰਦੀ ਅਤੇ ਪ੍ਰਿੰਸੀਪਲ ਡਾ. ਕੰਵਲਜੀਤ ਕੌਰ ਵੱਲੋਂ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਪ੍ਰੋਗਰਾਮ ਅਤੇ ਉਨ੍ਹਾਂ ਦੁਆਰਾ ਕੀਤੇ ਆਰਟ ਕਰਾਫਟ ਦੇ ਕੰਮ ਨੂੰ ਬਹੁਤ ਸਲਾਹਿਆ ਗਿਆ।ਮੈਡਮ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਕਿਹਾ ਗਿਆ।





ਗੁਰਦੁਆਰਾ ਖਾਲਸਾ ਜੰਗੀ ਜੱਥਾ
ਵੱਲੋਂ
ਵਿਸ਼ਾਲ ਦਸਤਾਰ ਮੁਕਾਬਲਾ 2026



ਸਥਾਨ: ਗੁਰਦੁਆਰਾ ਖਾਲਸਾ ਜੰਗੀ ਜੱਥਾ, ਪਟਿਆਲਾ
ਤਾਰੀਖ: 26 ਅਪ੍ਰੈਲ 2026
ਸਮਾਂ: ਦੁਪਿਹਰ 2:00 ਵਜੇ
✨ ਆਓ ਸਿੱਖੀ ਦੀ ਸ਼ਾਨ – ਦਸਤਾਰ ਨੂੰ ਸਨਮਾਨ ਦੇਈਏ ✨

ਮੁਕਾਬਲੇ ਦੀਆਂ ਸ਼੍ਰੇਣੀਆਂ: ਉਮਰ ਅਨੁਸਾਰ ਵਰਗ (Age Groups):
* ਪੱਗ ਮਕਾਬਲਾ ——— * 7 ਤੋਂ 12 ਸਾਲ
* ਪੱਗ ਮੁਕਾਬਲਾ ——— * 13 ਤੋਂ 20 ਸਾਲ
* ਦੁਮਾਲਾ ਮੁਕਾਬਲਾ ——— * ਦੁਮਾਲਾ ਮੁਕਾਬਲਾ ਓਪਨ

ਹਰ ਵਰਗ ਅਤੇ ਹਰ ਸ਼੍ਰੇਣੀ ਵਿੱਚ ਪਹਿਲਾ, ਦੂਜਾ ਅਤੇ ਤੀਜਾ ਇਨਾਮ ਦਿੱਤਾ ਜਾਵੇਗਾ।
ਹਰ ਬੱਚੇ ਨੂੰ ਮੈਡਲ ਦਿੱਤਾ ਜਾਵੇਗਾ।
ਕੋਈ ਵੀ ਐਂਟਰੀ ਫੀਸ ਨਹੀਂ ਹੋਵੇਗੀ।

ਖਾਸ ਨੋਟਿਸ:
● ਇਸ ਮੁਕਾਬਲੇ ਵਿੱਚ ਵੀਰ ਅਤੇ ਭੈਣਾਂ ਦੋਵੇਂ ਭਾਗ ਲੈ ਸਕਦੇ ਹਨ।
● ਸ਼ੀਸ਼ਾ, ਬਾਜ, ਪਿਨਾਂ ਅਤੇ ਦਸਤਾਰ ਆਦਿ ਸਮਾਨ ਬੱਚੇ ਆਪਣਾ-ਆਪਣਾ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨ ਜੀ।
● ਦਸਤਾਰ ਸਜਾਉਣ ਤੋਂ ਬਾਅਦ ਸਿੱਖ ਇਤਿਹਾਸ ਦੇ ਪ੍ਰਸ਼ਨ-ਉੱਤਰ ਪੁੱਛੇ ਜਾਣਗੇ ਜੀ।

ਹਿੱਸਾ ਲੈਣ ਲਈ ਨਾਮ ਦਰਜ ਕਰਵਾਓ
ਸੰਪਰਕ: 96466 38733, 99880 01021, 85569 21313
98147 01686, 98143 77418, 98157 57223
ਸਭ ਸੰਗਤ ਨੂੰ ਨਿਮਰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀ ਭਰਕੇ ਪ੍ਰੋਗਰਾਮ ਦੀ ਰੌਣਕ ਵਧਾਓ ਜੀ
CHEAP TEXTILES
Ragho Majra, Pilli Sarak, Patiala- 98147 01686

# ਸੁਨਾਮ ਹਲਕੇ ਦੇ ਪਿੰਡਾਂ 'ਚ ਵਿਕਾਸ ਦੀ ਗਤੀ ਹੋਈ ਹੋਰ ਤੇਜ਼ 20.42 ਕਰੋੜ ਦੀ ਲਾਗਤ ਨਾਲ 23 ਕਾਰਜਾਂ ਦਾ ਲੋਕਅਰਪਣ

ਸੁਨਾਮ, 25 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਪੰਜਾਬ ਦੇ ਕੈਬਨਿਟ



ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਅੱਜ ਆਪਣੇ ਵਿਧਾਨ ਸਭਾ ਹਲਕੇ ਸੁਨਾਮ ਦੇ ਵੱਖ-ਵੱਖ ਪਿੰਡਾਂ 'ਚ ਵਿਕਾਸ ਨੂੰ ਗਤੀ: 20.42 ਕਰੋੜ ਰੁਪਏ ਦੀ ਲਾਗਤ ਨਾਲ 23 ਕਾਰਜਾਂ ਦਾ ਲੋਕਅਰਪਣ ਕੀਤਾ ਹੈ।ਇਸ ਦੌਰਾਨ ਉਨਾਂ ਨੇ ਪਿੰਡਾਂ ਨੂੰ ਜੋੜਦੀਆਂ 28.5 ਕਿਲੋਮੀਟਰ 12 ਸੜਕਾਂ ਦੇ 15.65 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਤੇ ਵਿਸਥਾਰ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਹ ਸੜਕੀ ਪ੍ਰਾਜੈਕਟ ਪੂਰੇ ਹੋਣ ਨਾਲ 6 ਪਿੰਡਾਂ ਤੇ ਨਾਲ ਲੱਗਦੇ ਇਲਾਕੇ ਵਿਖੇ ਆਵਾਜਾਈ ਸਹੂਲਤ ਵਿੱਚ ਵੱਡਾ ਸੁਧਾਰ ਆਵੇਗਾ।ਇਸ ਮੌਕੇ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਭਾਵੇਂ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਵਿਤਕਰਾ ਕਰਦੇ ਹੋਏ ਦਿਹਾਤੀ ਵਿਕਾਸ ਫੰਡ ਰੋਕੇ ਗਏ ਹਨ, ਪਰ ਭਗਵੰਤ ਮਾਨ ਸਰਕਾਰ ਨੇ ਆਪਣੇ ਸਰੋਤਾਂ ਨਾਲ ਪਿੰਡਾਂ ਦੀਆਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਦਾ ਵੱਡਾ ਕੰਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਸੜਕਾਂ ਦੇ ਨਿਰਮਾਣ ਨਾਲ ਨਾਲ ਠੇਕੇਦਾਰਾਂ ਨੂੰ ਅਗਲੇ ਪੰਜ ਸਾਲਾਂ ਲਈ ਇਨ੍ਹਾਂ ਦੀ ਸੰਭਾਲ ਤੇ ਮੁਰੰਮਤ ਦੀ ਜਿੰਮੇਵਾਰੀ ਵੀ ਦਿੱਤੀ ਗਈ ਹੈ, ਜਿਸ ਨਾਲ ਸੜਕਾਂ ਦੀ ਗੁਣਵੱਤਾ ਲੰਬੇ ਸਮੇਂ ਤੱਕ ਬਰਕਰਾਰ ਰਹੇਗੀ।

ਸੁਨਾਮ ਹਲਕੇ ਦੇ ਪਿੰਡਾਂ 'ਚ ਵਿਕਾਸ ਨੂੰ ਗਤੀ ਦਿੰਦਿਆਂ ਕੈਬਨਿਟ ਮੰਤਰੀ ਨੇ ਪਿੰਡ ਸ਼ੇਰੋਂ ਵਿਖੇ 1.13 ਕਰੋੜ ਰੁਪਏ ਦੀ ਲਾਗਤ ਨਾਲ ਸ਼ੇਰੋਂ-ਕੋਟਰਾ ਅਮਰੂ ਰੋਡ ਤੋਂ ਸਮਾਧ ਬਾਬਾ ਜਮਨਾ ਦਾਸ ਤੱਕ ਨਵੀਂ ਸੜਕ ਦਾ ਨੀਂਹ ਪੱਥਰ ਰੱਖਿਆ। ਇਸੇ ਤਰ੍ਹਾਂ ਪਿੰਡ ਲੋਹਾਖੇੜਾ ਵਿਖੇ 59.03 ਲੱਖ ਰੁਪਏ ਦੀ ਲਾਗਤ ਨਾਲ ਲੋਹਾਖੇੜਾ ਤੋਂ ਸ਼ੇਖੂਪੁਰਾ ਦੇ ਘਰਾਂ ਤੱਕ ਸੜਕ, 2.17 ਕਰੋੜ ਰੁਪਏ ਨਾਲ ਲੋਹਾਖੇੜਾ ਤੋਂ ਕੁਬੇ ਲੌਂਗੋਵਾਲ ਰੋਡ ਨੂੰ 18 ਫੁੱਟ ਚੌੜਾ ਕਰਨ, 2.60 ਕਰੋੜ ਰੁਪਏ ਨਾਲ ਲੋਹਾਖੇੜਾ ਤੋਂ ਭੂਰੇ ਤੱਕ ਸੜਕ ਵਿਸਥਾਰ ਅਤੇ 79.47 ਲੱਖ ਰੁਪਏ ਨਾਲ ਲੋਹਾਖੇੜਾ ਤੋਂ ਐਨ.ਐਚ-7 ਤੱਕ ਨਵੀਂ ਸੜਕ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ।

ਅਮਨ ਅਰੋੜਾ ਨੇ ਕਿਹਾ ਕਿ 8.75 ਕਰੋੜ ਰੁਪਏ ਦੀ ਲਾਗਤ ਨਾਲ 19.35 ਕਿਲੋਮੀਟਰ 9 ਸੜਕਾਂ ਤੇ 18 ਫੁੱਟ ਚੌੜਾ ਕਰਨ ਵਾਲੀਆਂ 9.15 ਕਿੱਲੋਮੀਟਰ 3 ਸੜਕਾਂ ਦੇ ਇਹ ਪ੍ਰਾਜੈਕਟ ਪੂਰੇ ਹੋਣ ਨਾਲ ਪਿੰਡਾਂ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ, ਖੇਤੀਬਾੜੀ ਜਿਣਸਾਂ ਦੀ ਢੁਆਈ ਆਸਾਨ ਹੋਵੇਗੀ ਅਤੇ ਇਲਾਕੇ ਦੇ ਆਰਥਿਕ ਵਿਕਾਸ ਨੂੰ ਵੀ ਮਜ਼ਬੂਤੀ ਮਿਲੇਗੀ। ਉਨ੍ਹਾਂ ਦੁਹਰਾਇਆ ਕਿ ਰਾਜ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤੇ ਹਰ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮਹਿੰਦਰ ਸਿੰਘ ਸਿੱਧੂ ਪਿੰਡਾਂ ਦੇ ਪੰਚ, ਸਰਪੰਚ ਤੇ ਹੋਰ ਪਤਵੰਤਿਆਂ ਸਮੇਤ ਇਲਾਕਾ ਨਿਵਾਸੀ ਤੇ ਵਿਭਾਗੀ ਅਧਿਕਾਰੀ ਹਾਜ਼ਰ ਸਨ।

# ਅਮਨ ਅਰੋੜਾ ਵੱਲੋਂ ਸੁਨਾਮ ਦੇ 7 ਪਿੰਡਾਂ 'ਚ 3.18 ਕਰੋੜ ਦੀ ਲਾਗਤ ਨਾਲ ਨਹਿਰੀ ਪਾਣੀ ਦੇ ਸਿੰਚਾਈ ਪ੍ਰਾਜੈਕਟਾਂ ਦੀ ਸ਼ੁਰੂਆਤ

ਲੌਂਗੋਵਾਲ, 25 ਅਪ੍ਰੈਲ (ਭਗਵੰਤ ਸ਼ਰਮਾ): ਪੰਜਾਬ ਦੇ ਕੈਬਨਿਟ ਮੰਤਰੀ ਤੇ



ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਸੁਨਾਮ ਹਲਕੇ ਦੇ 7 ਪਿੰਡਾਂ ਵਿੱਚ ਖੇਤਾਂ ਦੀ ਸਿੰਚਾਈ ਲਈ 3.18 ਕਰੋੜ ਰੁਪਏ ਦੀ ਲਾਗਤ ਨਾਲ ਨਹਿਰੀ ਪਾਣੀ ਦੇ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਕਿਹਾ ਕਿ ਇਸ ਨਾਲ 186 ਕਿਸਾਨ ਪਰਿਵਾਰਾਂ ਦੇ 2900 ਏਕੜ ਰਕਬੇ ਨੂੰ ਸਿੰਚਾਈ ਲਈ ਨਹਿਰੀ ਪਾਣੀ ਮਿਲੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਅੱਜ ਉਨ੍ਹਾਂ ਨੇ ਆਪਣੇ ਹਲਕੇ ਵਿੱਚ 20.42 ਕਰੋੜ ਰੁਪਏ ਦੀ ਲਾਗਤ ਨਾਲ 23 ਕਾਰਜਾਂ ਦਾ ਲੋਕਅਰਪਣ ਕੀਤਾ ਹੈ। ਇਸ ਮੌਕੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਇਤਿਹਾਸਕ ਕਦਮ ਚੁੱਕੇ ਗਏ ਹਨ। ਉਨ੍ਹਾਂ ਦੱਸਿਆ ਕਿ ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚਾਉਣ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਭੂਮੀ ਹੇਠਲਾ ਜਲ ਦੇ ਵਾਧੂ ਇਸਤੇਮਾਲ 'ਤੇ ਕਾਬੂ ਪਾਉਣ ਵਿੱਚ ਮਦਦ ਮਿਲੀ ਹੈ।ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ 6700 ਕਰੋੜ ਰੁਪਏ ਖ਼ਰਚਕੇ ਨਹਿਰੀ ਸਿਸਟਮ ਨੂੰ ਅਪਗ੍ਰੇਡ ਕੀਤਾ ਹੈ, ਜਿਸ ਨਾਲ ਦੂਜੇ ਰਾਜਾਂ ਨੂੰ ਵੇਅਰਥ ਜਾਂਦਾ ਨਹਿਰੀ ਪਾਣੀ ਸਿੰਚਾਈ ਲਈ ਵਰਤਿਆ ਅਤੇ ਧਰਤੀ ਹੇਠਲਾ ਪਾਣੀ ਬਚਾਇਆ ਹੈ। ਜਦੋਂਕਿ ਲੌਂਗੋਵਾਲ ਵਿਖੇ 40.16 ਲੱਖ ਰੁਪਏ ਦੀ ਲਾਗਤ ਨਾਲ ਪਿੰਡੀ ਗੋਬਿੰਦ ਨਗਰ ਵਿਖੇ ਸ਼ੇਰੋਂ ਤੋਂ ਕਿਲਾਂ ਰੋਡ ਮੋਘਾ ਨੰਬਰ 106641 ਆਰ, ਪਿੰਡੀ ਅਮਰ ਸਿੰਘ ਵਿਖੇ ਬੋਧੀ ਸਕੂਲ ਨੇੜੇ ਸੂਏ ਦੇ ਪੁਲ ਮੋਘਾ ਨੰਬਰ 22477 ਆਰ ਦਾ 23.07 ਲੱਖ ਰੁਪਏ ਦੀ ਲਾਗਤ ਨਾਲ, ਪਿੰਡੀ ਦੇਸੂਪੁਰ ਵਿਖੇ ਮੋਘਾ ਨੰਬਰ 33702 ਟੀ ਆਰ ਦਾ 63.50 ਲੱਖ ਰੁਪਏ ਦੀ ਲਾਗਤ ਨਾਲ ਨੀਂਹ ਪੱਥਰ ਰੱਖਿਆ। ਕੈਬਨਿਟ ਮੰਤਰੀ ਨੇ ਇਸ ਤੋਂ ਬਿਨ੍ਹਾਂ ਲੋਹਾਖੇੜਾ ਵਿਖੇ ਲੌਂਗੋਵਾਲ ਰੋਡ 'ਤੇ ਮੋਘਾ 23000 ਐਲ ਦਾ 94.65 ਲੱਖ ਰੁਪਏ ਦੀ ਲਾਗਤ ਨਾਲ ਸਾਹੋਕੇ ਵਿਖੇ 31.65 ਲੱਖ ਰੁਪਏ ਦੀ ਲਾਗਤ ਨਾਲ ਮੋਘਾ ਨੰਬਰ 4666 ਆਰ ਦਾ ਨੀਂਹ ਮੰਡੇਰ ਖੁਰਦ ਵਿਖੇ 25.67 ਲੱਖ ਰੁਪਏ ਦੀ ਲਾਗਤ ਨਾਲ ਸਿੰਚਾਈ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ।ਉਨ੍ਹਾਂ ਨੇ ਪਿੰਡੀ ਦੇਸੂਪੁਰਾ ਵਿਖੇ ਰਾਮਲੀਲਾ ਲਈ 51 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਖੇਤੀਬਾੜੀ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਪਾਣੀ ਦੇ ਸੰਭਾਲ ਵੱਲ ਇਕ ਮਹੱਤਵਪੂਰਨ ਕਦਮ ਸਾਬਤ ਹੋਣਗੇ।ਇਸ ਮੌਕੇ ਇਲਾਕੇ ਦੇ ਪੰਚ-ਸਰਪੰਚ ਤੇ ਹੋਰ ਪਤਵੰਤੇ ਮੌਜੂਦ ਸਨ।

# ਪੰਜਾਬ ਆਬਕਾਰੀ ਵਿਭਾਗ ਵੱਲੋਂ ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਨਾਜਾਇਜ਼ ਸ਼ਰਾਬ ਸਬੰਧੀ ਚੈਕਿੰਗ



ਸੁਨਾਮ ਊਧਮ ਸਿੰਘ ਵਾਲਾ, 25 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਪੰਜਾਬ ਆਬਕਾਰੀ ਵਿਭਾਗ ਵੱਲੋਂ ਨਜਾਇਜ਼, ਕੱਚੀ ਘਰ ਦੀ ਕੱਢੀ ਅਤੇ ਬਾਹਰਲੇ ਰਾਜਾਂ ਵਿੱਚ ਸਮਗਲ ਹੋ ਕੇ ਆਈ ਸ਼ਰਾਬ ਵਿਰੁੱਧ ਜੰਗੀ ਪੱਧਰ ਤੇ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਦੇ ਚਲਦੇ ਅੱਜ ਵਿਭਾਗ ਵੱਲੋਂ ਪੁਲਿਸ ਪਾਰਟੀ ਦੇ ਨਾਲ ਸੁਨਾਮ ਦੇ ਵੱਖ-ਵੱਖ ਥਾਵਾਂ ਇੰਦਰਾ ਬਸਤੀ, ਰਵਿਦਾਸਪੁਰਾ ਟਿੱਬੀ ਤੇ ਗੁੰਝਾ ਪੀਰ ਵਿਖੇ ਚੈਕਿੰਗ ਕੀਤੀ ਗਈ। ਆਬਕਾਰੀ ਕਮਿਸ਼ਨਰ ਪੰਜਾਬ ਜਤਿੰਦਰ ਜੋਰਵਾਲ ਆਈਏਐਸ, ਉਪ ਕਮਿਸ਼ਨਰ ਆਬਕਾਰੀ ਪਵਨਜੀਤ ਸਿੰਘ ਦੀਆਂ ਹਦਾਇਤਾਂ ਅਨੁਸਾਰ ਤੇ ਗੁਲਸ਼ਨ ਹੁਰੀਆ ਸਹਾਇਕ ਕਮਿਸ਼ਨਰ ਆਬਕਾਰੀ ਸੰਗਰੂਰ ਦੇ ਦਿਸ਼ਾ ਨਿਰਦੇਸ਼ ਦਿਲਪ੍ਰੀਤ ਸਿੰਘ ਚਾਹਲ ਆਬਕਾਰੀ ਅਫਸਰ ਸੰਗਰੂਰ 1, ਗੌਰਵ ਜਿੰਦਲ ਆਬਕਾਰੀ ਇੰਸਪੈਕਟਰ ਸੁਨਾਮ ਤੇ ਬਿਕਰਮ ਢੀਂਡਸਾ ਆਬਕਾਰੀ ਇੰਸਪੈਕਟਰ ਲੌਂਗੋਵਾਲ ਵੱਲੋਂ ਨਜ਼ਰ ਨਜਾਇਜ਼, ਕੱਚੀ ਘਰ ਦੀ ਕੱਢੀ ਤੇ ਬਾਹਰਲਾ ਰਾਜਾ ਵਿੱਚੋਂ ਸਮਗਲ ਹੋ ਕੇ ਆਈ ਸ਼ਰਾਬ ਵਿਰੁੱਧ ਜੰਗੀ ਪੱਧਰ ਤੇ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਵਿੱਚ ਉਹਨਾਂ ਵੱਲੋਂ ਵੱਖ-ਵੱਖ ਥਾਵਾਂ ਤੇ ਚੈਕਿੰਗ ਕੀਤੀ ਗਈ ਅਤੇ ਖਾਸ ਤੌਰ ਤੇ ਉਨਾਂ ਦੇ ਘਰਾਂ ਦੇ ਵਿੱਚ ਚੈਕਿੰਗ ਕੀਤੀ ਗਈ ਜਿਨਾਂ ਦੇ ਪਹਿਲਾਂ ਐਕਸਾਈਜ਼ ਐਕਟ ਦੇ ਤਹਿਤ ਮਾਮਲੇ ਦਰਜ ਹਨ। ਇਸ ਮੌਕੇ ਅਫਸਰਾਂ ਨੇ ਦੱਸਿਆ ਕਿ ਉਹਨਾਂ ਵੱਲੋਂ ਲੋਕਾਂ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਇਸ ਨਾਲ ਕਾਫੀ ਖਤਰਨਾਕ ਬਿਮਾਰੀਆਂ ਲੱਗ ਸਕਦੀ ਹੈ ਅਤੇ ਜਾਨੀ ਨੁਕਸਾਨ ਵੀ ਹੋ ਸਕਦਾ ਹੈ। ਇਸ ਮੌਕੇ ਉਹਨਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਵੀ ਨਾਜਾਇਜ ਸ਼ਰਾਬ ਦਾ ਕਾਰੋਬਾਰ ਬਾਰੇ ਕੋਈ ਵੀ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਉਹਨਾਂ ਦਾ ਨਾਮ ਗੁਪਤ ਰੱਖਿਆ ਜਾਵੇਗਾ।

# ਸੁਖਬੀਰ ਬਾਦਲ ਵਿਰੁੱਧ ਇੱਕ ਵਫ਼ਦ ਭਲਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਮਿਲੇਗਾ : ਬਹਿਣੀਵਾਲ

ਲਹਿਰਾਗਾਗਾ, 25 ਅਪ੍ਰੈਲ (ਗੁਰਦੀਪ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਆਪਣੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ ਦਾ ਇੱਕ 11 ਮੈਂਬਰੀ ਵਫਦ ਲੈ ਕੇ 27 ਅਪ੍ਰੈਲ ਨੂੰ ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਗੜਗੱਜ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਮਿਲੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕੀਤਾ ,ਉਹਨਾਂ ਕਿਹਾ ਕਿ ਇਹ ਵਫਦ ਸਰਦਾਰ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਖਿਲਾਫ ਮਿਲ ਕੇ ਸ਼ਿਕਾਇਤ ਦਰਜ ਕਰਵਾਏਗਾ,



ਕਿਉਂਕਿ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਸੀ ਕਿ ਦੋ ਦਸੰਬਰ 2024 ਦਾ ਸ੍ਰੀ ਅਕਾਲ ਤਖਤ ਸਾਹਿਬ ਤੋਂ ਜੋ ਹੁਕਮਨਾਮਾ ਮੇਰੇ ਖਿਲਾਫ ਜਾਰੀ ਹੋਇਆ ਸੀ, ਉਹ ਇੱਕ ਸਾਜਿਸ਼ ਸੀ,ਅਤੇ ਸਰਦਾਰ ਬਾਦਲ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੇ ਸਾਰਾ ਕੁਝ ਮੰਨਣ ਤੋਂ ਬਾਅਦ ਮੁਕਰ ਜਾਣਾ ਅਤੇ ਸਾਜਿਸ਼ ਕਹਿਣਾ ਸ਼੍ਰੀ ਅਕਾਲ ਤਖਤ ਸਾਹਿਬ ਦੀ ਤੌਹੀਨ ਕਰਨ ਦੇ ਬਰਾਬਰ ਹੈ, ਵਫਦ ਮਿਲ ਕੇ ਜਥੇਦਾਰ ਸਹਿਬਾਂਨ ਤੋਂ ਮੰਗ ਕਰੇਗਾ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਤਲਬ ਕੀਤਾ ਜਾਵੇ ਅਤੇ ਪੰਥਕ ਰਵਾਇਤਾਂ ਅਨੁਸਾਰ ਕਾਰਵਾਈ ਕਰਕੇ ਉਸਨੂੰ ਤਨਖਾਹੀਆ ਕਰਾਰ ਦਿੱਤਾ ਜਾਵੇ।

ਉਹਨਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਅੱਜ ਤੱਕ ਮਹਾਰਾਜਾ ਰਣਜੀਤ ਸਿੰਘ, ਗਿਆਨੀ ਜੈਲ ਸਿੰਘ, ਸਰਦਾਰ ਸੁਰਜੀਤ ਸਿੰਘ ਬਰਨਾਲਾ ਅਤੇ ਹੋਰ ਮਹਾਨ ਪੰਥਕ ਸ਼ਖਸ਼ੀਅਤਾਂ ਨੂੰ ਸਮੇਂ ਸਮੇਂ ਤੇ ਤਲਬ ਕਰਕੇ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਜੋ ਤਨਖਾਹ ਲਾਈ ਜਾਂਦੀ ਰਹੀ ਹੈ, ਨੂੰ ਸਭਨਾਂ ਨੇ ਖਿੜੇ ਮੱਥੇ ਪ੍ਰਵਾਨ ਕੀਤਾ ਹੈ,ਉਨਾਂ ਵਲੋਂ ਕਿਸੇ ਕਿਸਮ ਦੀ ਨੁਕਤਾਚੀਨੀ ਨਹੀਂ ਕੀਤੀ ਗਈ, ਪ੍ਰੰਤੂ ਸੁਖਬੀਰ ਸਿੰਘ ਬਾਦਲ ਵਲੋਂ ਹੁਕਮਨਾਮੇ ਨੂੰ ਸਾਜਿਸ਼ ਕਰਾਰ ਦੇਣਾ ਅਤਿ ਦੁਖਦਾਈ ਹੈ, ਜਿਸ ਨਾਲ ਹਰ ਇੱਕ ਗੁਰੂ ਨਾਨਕ ਨਾਮ ਲੇਵਾ ਅਤੇ ਗੁਰਸਿੱਖ ਦੇ ਹਿਰਦੇ ਨੂੰ ਠੇਸ ਪਹੁੰਚੀ ਹੈ, ਇਸ ਲਈ ਸਰਦਾਰ ਬਾਦਲ ਤੇ ਕਾਰਵਾਈ ਕਰਨ ਦੀ ਵਫਦ ਮੰਗ ਕਰੇਗਾ, ਕਿ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਵਲੋਂ ਸਖਤ ਕਾਰਵਾਈ ਕਰਕੇ ਸਰਦਾਰ ਬਾਦਲ ਨੂੰ ਪੰਥ ਵਿੱਚੋਂ ਛੇਕਿਆ ਜਾਵੇ,ਤਾਂ ਕਿ ਅੱਗੇ ਤੋਂ ਕੋਈ ਵੀ ਵਿਅਕਤੀ ਭਾਵੇਂ ਕਿੰਨੇ ਵੀ ਵੱਡੇ ਰੁਤਵੇ ਤੇ ਕਿਉਂ ਨਾਂ ਹੋਵੇ, ਉਹ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੋਏ ਹੁਕਮਨਾਮੇ ਤੇ ਨੁਕਤਾਚੀਨੀ ਕਰਨ ਦੀ ਜੁਅਰਤ ਨਾ ਕਰ ਸਕੇ, ਇਸ ਸਮੇਂ ਬਹਿਣੀਵਾਲ ਨਾਲ ਜਥੇਦਾਰ ਸੁਰਜੀਤ ਸਿੰਘ ਲਹਿਲ ਖੁਰਦ, ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ, ਚਮਕੌਰ ਸਿੰਘ ਬਾਦਲਗੜ, ਕਾਬਲ ਸਿੰਘ ਸੇਖੋਂ, ਕੁਲਦੀਪ ਸਿੰਘ ਭੁਟਾਲ, ਪਾਲ ਸਿੰਘ ਗੇਹਲਾ , ਗੁਰਮੀਤ ਸਿੰਘ ਹਾਂਡਾਡਾ ਮੌਜੂਦ ਸਨ।

# ਸਿਹਤ ਵਿਭਾਗ ਨੇ ਵਿਸ਼ਵ ਮਲੇਰੀਆ ਦਿਵਸ ਮਨਾਇਆ

ਤਲਵੰਡੀ ਸਾਬੋ, 25 ਅਪ੍ਰੈਲ (ਰਾਮ ਜਿੰਦਲ ਜਗਾ): ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐਚ ਤਲਵੰਡੀ ਸਾਬੋ ਡਾ ਰਵਿਕਾਂਤ ਗੁਪਤਾ ਜੀ ਦੀ ਅਗਵਾਈ ਹੇਠ ਬਲਾਕ ਤਲਵੰਡੀ ਸਾਬੋ ਅਧੀਨ ਖਾਲਸਾ ਸੀਨੀਅਰ ਸਕੈਂਡਰੀ ਸਕੂਲ (ਲੜਕੀਆਂ) ਤਲਵੰਡੀ ਸਾਬੋ ਵਿਖੇ ਬਲਾਕ ਪੱਧਰੀ ਵਿਸ਼ਵ ਮਲੇਰੀਆ ਦਿਵਸ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਅਮਨਦੀਪ ਸਿੰਘ ਮ.ਪ.ਹ.ਵ (ਮੇਲ) ਨੇ ਮਲੇਰੀਆ ਬਿਮਾਰੀ ਸਬੰਧੀ ਵਿਦਿਆਰਥੀਆਂ ਅਤੇ ਸਟਾਫ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਉਨ੍ਹਾਂ ਕਿਹਾ ਕਿ ਮਲੇਰੀਆ ਬਿਮਾਰੀ ਮੱਛਰਾਂ ਦੁਆਰਾ ਫੈਲਦੀ ਹੈ ਅਤੇ ਇਹ ਬਿਮਾਰੀ ਜ਼ਿਆਦਾਤਰ ਗਰਮੀ ਦੇ ਮੌਸਮ ਵਿੱਚ ਫੈਲਦੀ ਹੈ। ਇਸ ਤੋਂ ਬਚਾਅ ਲਈ ਸਫਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ



ਹੈ ਅਤੇ ਘਰਾਂ ਦੇ ਆਲੇ ਦੁਆਲੇ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮੱਛਰ ਦੇ ਜੀਵਨ ਚੱਕਰ ਬਾਰੇ ਵਿਸਥਾਰਪੂਰਵਕ ਦੱਸਿਆ ਅਤੇ ਕਿਹਾ ਕਿ ਮਲੇਰੀਆ ਦੇ ਲੱਛਣਾਂ ਵਿੱਚ ਬੁਖਾਰ, ਕੰਬਣ, ਸਿਰ ਦਰਦ ਆਦਿ ਸ਼ਾਮਲ ਹਨ। ਮਲੇਰੀਆ ਦੀ ਰੋਕਥਾਮ ਲਈ ਲੋਕਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ।

ਇਸ ਮੌਕੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵਿਦਿਆਰਥੀਆਂ ਨੂੰ ਸੈਮੀਨਾਰ ਰਾਹੀਂ ਜਾਣਕਾਰੀ ਦਿੱਤੀ ਗਈ ਅਤੇ ਪੋਸਟਰਾਂ ਰਾਹੀਂ ਵੀ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਘਰ ਅਤੇ ਆਲੇ ਦੁਆਲੇ ਸਫਾਈ ਰੱਖੋ, ਪਾਣੀ ਇਕੱਠਾ ਨਾ ਹੋਣ ਦਿਓ ਅਤੇ ਮੱਛਰਾਂ ਤੋਂ ਬਚਾਅ ਲਈ ਮੱਛਰਦਾਨੀ ਦਾ ਪ੍ਰਯੋਗ ਕਰੋ। ਇਸ ਮੌਕੇ ਸਿਹਤ ਕਰਮਚਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਮਲੇਰੀਆ ਤੋਂ ਬਚਾਅ ਸਬੰਧੀ ਪੰਫਲਿਟ ਵੀ ਵੰਡੇ ਗਏ। ਇਸ ਮੌਕੇ ਮੌਜੂਦ ਸਟਾਫ ਮੈਂਬਰਾਂ ਵਿੱਚ ਗੁਰਮੀਤ ਕੌਰ ਬੀ.ਈ.ਈ, ਰਮਨਦੀਪ ਕੌਰ ਸੀ.ਐਚ.ਓ, ਅਮਨਦੀਪ ਸਿੰਘ ਮ.ਪ.ਹ.ਵ (ਮੇਲ), ਗੁਰਪ੍ਰੀਤ ਸਿੰਘ ਮ.ਪ.ਹ.ਵ (ਮੇਲ), ਗੁਰਸੇਵਕ ਸਿੰਘ ਮ.ਪ.ਹ.ਵ (ਮੇਲ) ਆਦਿ ਹਾਜ਼ਰ ਸਨ।

# ਆਤਮਾ ਰਾਮ ਮੈਸੋਰੀਆਲ ਕਾਨਵੈਂਟ ਸਕੂਲ ਦੀਆਂ ਵਿਦਿਆਰਥਆਂ ਨੇ ਨੁੱਕੜ ਨਾਟਕ ਪੇਸ਼ ਕੀਤਾ




ਬਰੇਟਾ, 25 ਅਪ੍ਰੈਲ (ਵਿਨੋਦ ਸਿੰਗਲਾ, ਨਰਿੰਦਰ ਬਾਂਸਲ) ਧਰਤੀ ਦਿਵਸ ਮਨਾਉਣ ਲਈ ਆਤਮਾ ਰਾਮ ਮੈਸੋਰੀਆਲ ਕਾਨਵੈਂਟ ਸਕੂਲ ਦੀਆਂ ਵਿਦਿਆਰਥਆਂ ਵੱਲੋਂ ਨੁੱਕੜਨਾਟਕ ਪੇਸ਼ ਕੀਤਾ ਗਿਆ ਇਸ ਨਾਟਕ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਧਰਤੀ ਦੀ ਸਮੱਸਿਆ ਪ੍ਰਤੀ ਕੀਤਾ ਜਾਗਰੂਕ। ਇਸ ਨਾਟਕ ਵਿੱਚ ਉਹਨਾਂ ਨੇ ਧਰਤੀ ਬਚਾਉਣ ਅਤੇ ਵੱਧ ਰਹੇ ਪ੍ਰਦੂਸ਼ਣ ਤੇ ਹਰ ਕੋਈ ਸਮੱਸਿਆ ਨੂੰ ਦਰਸਾਉਣ ਤੇ ਮੰਡੀ ਵਾਲੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ।ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਗਰਗ ਨੇ ਦੱਸਿਆ ਕਿ ਸਕੂਲ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ ਤਾਂ ਕਿ ਬੱਚਿਆ ਨੂੰ ਤੇ ਜਿਆਦਾ ਤੋ ਜਿਆਦਾ ਲੋਕਾ ਨੇ ਜਾਗਰੂਕ ਕੀਤਾ ਜਾਵੇ।

ਇਸ ਮੌਕੇ ਤੇ ਸਕੂਲ ਵਿੱਚ ਵੀ ਵੱਖ -ਵੱਖ ਗਤੀਵਿਧੀਆ ਕਰਵਾਈ ਗਿਆ ਜਿਵੇਂ ਕੀ ਬੱਚੇ ਨੇ ਪੌਦੇ ਲਗਾਏ ਅਤੇ ਧਰਤੀ ਦਿਵਸ ਤੇ ਸਲੋਗਨ ਬਣਾਏ। ਪਿਛਲੇ ਦੋ ਸਾਲਾਂ ਤੋਂ ਸਕੂਲ ਇੱਕਲਾ ਪੜ੍ਹਾਈ ਵਾਲੇ ਪਾਸੇ ਹੀ ਨਹੀਂ ਬਲਕਿ ਇਸ ਤਰ੍ਹਾਂ ਦੀਆਂ ਗਤੀਵਿਧੀਆ ਵਿੱਚ ਵੀ ਸਾਨਦਾਰ ਪ੍ਰਦੇਸ਼ਨ ਦਿਖਾ ਰਿਹਾ ਹਾਂ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ 34 ਮੁਕੱਦਮੇ ਦਰਜ, 52 ਦੋਸ਼ੀ ਕਾਬੂ

ਸੰਗਰੂਰ, 25 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 18.04.2026 ਤੋਂ 24.04.2026 ਤੱਕ ਡਰੱਗ ਦੇ 22 ਮੁਕੱਦਮੇਂ ਦਰਜ ਕਰਕੇ 38 ਦੋਸ਼ੀਆਂ ਨੂੰ ਕਾਬੂ ਕਰਕੇ 103 ਗ੍ਰਾਮ ਹੈਰੋਇਨ ਅਤੇ 923 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 12 ਮੁਕੱਦਮੇਂ ਦਰਜ ਕਰਕੇ 14 ਦੋਸ਼ੀਆਂ ਨੂੰ ਕਾਬੂ ਕਰਕੇ 432.750 ਲੀਟਰ ਸ਼ਰਾਬ ਠੇਕਾ ਦੇਸੀ, 45 ਲੀਟਰ ਸਰਾਬ ਨਜਾਇਜ, 124.500 ਲੀਟਰ ਸਰਾਬ ਅੰਗਰੇਜੀ ਅਤੇ 230 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਅਰਸੇ ਦੌਰਾਨ 2 ਪੀ.ਓਜ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਐਨ.ਡੀ.ਪੀ.ਐਸ ਐਕਟ ਦੇ 42 ਮੁਕੱਦਮਿਆਂ ਵਿੱਚ 3 ਕਿੱਲੋ 542 ਗ੍ਰਾਮ ਹੈਰੋਇਨ 4 ਕੁਇੰਟਲ 8 ਕਿੱਲੋ 300 ਗ੍ਰਾਮ ਭੁੱਕੀ ਚੂਰਾ ਪੋਸਤ, 1 ਕਿੱਲੋ 680 ਗ੍ਰਾਮ ਗਾਂਜਾ/ਸੁਲਫਾ, 100 ਗ੍ਰਾਮ ਚਰਸ, 30 ਗ੍ਰਾਮ ਨਸ਼ੀਲਾ ਪਾਊਡਰ, 13 ਨਸ਼ੀਲੀਆਂ ਸੀਸ਼ੀਆਂ ਤੇ 8660 ਨਸ਼ੀਲੀਆਂ ਗੋਲੀਆਂ ਤਲਫ ਕਰਵਾਈਆਂ ਗਈਆਂ। ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜਟਿਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 35 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਤੇ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖ਼ਿਲਾਫ਼ ਜੰਗ ਜਾਰੀ ਹੈ।

# ਸਾਬਕਾ ਮੰਤਰੀ ਢੀਂਡਸਾ ਨੇ ਗੋਇਲ ਪਰਿਵਾਰ ਨਾਲ ਦੁਖ ਸਾਂਝਾ ਕੀਤਾ



ਲਹਿਰਾਗਾਗਾ, 25 ਅਪ੍ਰੈਲ (ਗੁਰਦੀਪ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਪ੍ਰਮਿੰਦਰ ਸਿੰਘ ਢੀਂਡਸਾ ਨੇ ਪ੍ਰੈਸ ਕਲੱਬ ਲਹਿਰਾਗਾਗਾ ਦੇ ਚੇਅਰਮੈਨ ਸ਼ੰਭੂ ਗੋਇਲ ਤੇ ਰਾਮ ਲਾਲ ਗੋਇਲ ਦੇ ਮਾਤਾ ਬਿਮਲਾ ਦੇਵੀ ਦੀ ਮੌਤ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਮਾਤਾ ਬਿਮਲਾ ਦੇਵੀ ਦੇ ਅਕਾਲ ਚਲਾਣਾ ਕਰ ਜਾਣ ਨਾਲ ਪਰਿਵਾਰ ਨੂੰ ਹੀ ਨਹੀਂ ਸਗੋਂ ਸਮਾਜ ਨੂੰ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਕੇ.ਜੀ. ਐਸ ਚੀਮਾਂ, ਗਗਨਦੀਪ ਸਿੰਘ ਖੰਡੇਬਾਦ, ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਵੀ ਮਾਤਾ ਬਿਮਲਾ ਦੇਵੀ ਦੀ ਮੌਤ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਇਸ ਮੌਕੇ ਸੀਨੀਅਰ ਪੱਤਰਕਾਰ ਨਰੇਸ਼ ਗਰਗ, ਨਗਰ ਕੌਂਸਲ ਲਹਿਰਾਗਾਗਾ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਮਹੇਸ਼ ਸ਼ਰਮਾਂ ਨੀਟੂ, ਕੌਂਸਲਰ ਕਿਰਪਾਲ ਸਿੰਘ ਨਾਥਾ, ਜਸਵੰਤ ਸਿੰਘ ਹੈਪੀ, ਸੁਰੇਸ਼ ਕੁਮਾਰ ਪਾਲਾ, ਸਤਪਾਲ ਪਾਲੀ, ਗੁਰੂ ਗੋਬਿੰਦ ਕਾਲਜ ਦੇ ਰਾਕੇਸ਼ ਸ਼ਰਮਾ, ਰਿੰਕੂ ਖਰੌੜ, ਜਸਵੰਤ ਸਿੰਘ ਹੈਪੀ ਨੇ ਵੀ ਪਰਿਵਾਰ ਨਾਲ ਦੁਖ ਸਾਂਝਾ ਕੀਤਾ।

# ਨਗਰ ਕੌਂਸਲ ਚੋਣਾਂ ਸਬੰਧੀ ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ ਵੱਲੋਂ ਮੀਟਿੰਗ

ਭਵਾਨੀਗੜ੍ਹ, 25 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਸਾਬਕਾ ਕੈਬਨਿਟ ਮੰਤਰੀ ਪੰਜਾਬ ਵਿਜੈਇੰਦਰ ਸਿੰਗਲਾ ਵੱਲੋਂ ਭਵਾਨੀਗੜ੍ਹ ਨਗਰ ਕੌਂਸਲ ਦੀ ਚੋਣ ਸਬੰਧੀ ਭਵਾਨੀਗੜ੍ਹ ਕਾਂਗਰਸ ਦੇ ਸੀਨੀਅਰ ਆਗੂਆਂ ਅਤੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਨੇ ਇਸ ਮੌਕੇ ਕਿਹਾ ਕਿ ਕਾਂਗਰਸ ਪਾਰਟੀ ਦੇ ਸਾਰੇ ਆਗੂ ਅਤੇ ਵਰਕਰ ਅੱਜ ਤੋਂ ਹੀ ਚੋਣਾਂ ਦੀ ਤਿਆਰੀ ਵਿੱਚ ਜੁੱਟ ਹੋ ਜਾਣ। ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਬਲਾਕ ਸੰਮਤੀ ਅਤੇ ਜਿਲ੍ਹਾ ਪ੍ਰੀਸ਼ਦ ਚੋਣਾਂ ਦੀ ਤਰ੍ਹਾਂ ਇਸ ਚੋਣ ਵਿੱਚ ਵੀ ਅਸੀਂ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਨਗਰ ਕੌਂਸਲ ਦੀ ਚੋਣ ਵਿੱਚ ਹਿੱਸਾ ਲੈ ਕੇ ਵੱਡੀ ਜਿੱਤ ਦਰਜ ਕਰਾਂਗੇ। ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਭਵਾਨੀਗੜ੍ਹ ਦੇ ਵੱਖ-ਵੱਖ ਵਾਰਡਾਂ ਵਿੱਚੋਂ ਜਿਸ ਵੀ ਉਮੀਦਵਾਰ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਜਾਵੇਗਾ, ਸਾਰੇ ਆਗੂ ਅਤੇ ਵਰਕਰ ਉਸਨੂੰ ਜਿਤਾਉਣ ਲਈ



ਦਿਨ-ਰਾਤ ਪੂਰੀ ਮਿਹਨਤ ਕਰਨਗੇ। ਇਸ ਮੌਕੇ ਗੁਰਦੀਪ ਸਿੰਘ ਘਰਾਚੋਂ ਬਲਾਕ ਪ੍ਰਧਾਨ, ਸੁਖਮਹਿੰਦਰਪਾਲ ਸਿੰਘ ਤੂਰ ਸਾਬਕਾ ਪ੍ਰਧਾਨ ਨਗਰ ਕੌਂਸਲ/ਟਰੱਕ ਯੂਨੀਅਨ, ਬਲਵਿੰਦਰ ਸਿੰਘ ਘਾਬਦੀਆ ਸਾਬਕਾ ਪ੍ਰਧਾਨ ਨਗਰ ਕੌਂਸਲ, ਰਣਜੀਤ ਸਿੰਘ ਤੂਰ, ਵਰਿੰਦਰ ਮਿੱਤਲ, ਗੁਰਪ੍ਰੀਤ ਸਿੰਘ ਕੰਧੋਲਾ, ਜਗਤਾਰ ਨਮਾਦਾ, ਹਰਪ੍ਰੀਤ ਸਿੰਘ ਬਾਜਵਾ, ਗੋਲਡੀ ਕਾਕੜਾ, ਹਰਦੀਪ ਸਿੰਘ ਤੂਰ ਸਾਬਕਾ ਟਰੱਕ ਯੂਨੀਅਨ ਪ੍ਰਧਾਨ ਸਮੇਤ ਸੀਨੀਅਰ ਆਗੂ ਸ਼ਾਮਲ ਸਨ।

# ਜੀ.ਆਈ.ਐਮ.ਟੀ. ਕਾਲਜ 'ਚ ਸੁਖਮਨੀ ਸਾਹਿਬ ਦਾ ਪਾਠ ਸ਼ਰਧਾ ਤੇ ਭਾਵਨਾ ਨਾਲ ਸੰਪੰਨ

ਬੁਢਲਾਡਾ, 25 ਅਪ੍ਰੈਲ (ਦਵਿੰਦਰ ਸਿੰਘ ਕੋਹਲੀ): ਜੀ.ਆਈ.ਐਮ.ਟੀ. ਕਾਲਜ ਬੁਢਲਾਡਾ ਵਿੱਚ ਸੁਖਮਨੀ ਸਾਹਿਬ ਦਾ ਪਾਠ ਬਹੁਤ ਹੀ ਸ਼ਰਧਾਪੂਰਵਕ ਅਤੇ ਆਤਮਿਕ ਮਾਹੌਲ ਵਿੱਚ ਸੰਪੰਨ ਕੀਤਾ ਗਿਆ। ਇਸ ਪਵਿੱਤਰ ਮੌਕੇ 'ਤੇ ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਤੇ ਉਹਨਾਂ ਦੇ ਪਰਿਵਾਰ ਸਮੇਤ ਕਾਲਜ ਦੀ ਐਡਮਿਨਿਸਟ੍ਰੇਸ਼ਨ ਟੀਮ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਵੱਡੀ ਸੰਖਿਆ ਵਿੱਚ ਹਾਜ਼ਰੀ ਭਰੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਗੁਰੂ ਸਾਹਿਬਾਨ ਨੂੰ ਫੁੱਲਾਂ ਦੀ ਵਰਖਾ ਕਰਕੇ ਸਤਿਕਾਰ ਸਹਿਤ ਕਾਲਜ ਪ੍ਰਾਂਗਣ ਵਿੱਚ ਬਿਰਾਜਮਾਨ ਕਰਨ ਨਾਲ ਹੋਈ। ਇਸ ਤੋਂ ਬਾਅਦ ਗੁਰਬਾਣੀ ਦਾ ਪਾਠ ਕੀਤਾ ਗਿਆ ਜਿਸ ਨਾਲ ਸਾਰਾ ਮਾਹੌਲ ਭਗਤੀਮਈ ਹੋ ਗਿਆ। ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਮਿਲਜੁਲ ਕੇ ਸੰਗਤ ਦੀ ਸੇਵਾ ਕੀਤੀ ਗਈ ਅਤੇ ਸਾਰੇ ਹਾਜ਼ਰੀਨਾਂ ਨੂੰ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਮਾਤਾ ਗੁਜਰੀ ਪਲਾਈ ਕੇਂਦਰ ਵੱਲੋਂ ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਨਾ ਸਿਰਫ ਧਾਰਮਿਕ ਸ਼ਰਧਾ ਦਾ ਪ੍ਰਗਟਾਵਾ ਸੀ, ਸਗੋਂ ਆਪਸੀ ਸਹਿਯੋਗ, ਇਕਤਾ ਅਤੇ ਸਾਂਝ ਦੀ ਭਾਵਨਾ ਦੀ ਵੀ ਇੱਕ ਪ੍ਰੇਰਨਾਦਾਇਕ ਮਿਸਾਲ ਬਣ ਕੇ ਸਾਹਮਣੇ ਆਇਆ।

# ਸਿਵਲ ਹਸਪਤਾਲ ਮਲੋਟ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ



ਮਲੋਟ, 25 ਅਪ੍ਰੈਲ (ਅਮਨਦੀਪ ਸਿੰਘ ਮਹਿਰਾ): ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਸੁਨੀਲ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਰਾਜਿੰਦਰ ਕੁਮਾਰ ਦੀ ਅਗਵਾਈ ਵਿੱਚ ਸਿਵਲ ਹਸਪਤਾਲ ਮਲੋਟ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਸਾਲ ਦਾ ਥੀਮ "Driven to End Malaria: Now We Can. Now We Must." ਰੱਖਿਆ ਗਿਆ। ਇਸ ਮੌਕੇ ਡਾ. ਰਾਜਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਲੇਰੀਆ ਹੋਣ 'ਤੇ ਠੰਡ ਅਤੇ ਕਾਂਬੇ ਨਾਲ ਤੇਜ਼ ਬੁਖਾਰ, ਸਿਰ ਦਰਦ, ਥਕਾਵਟ, ਕਮਜ਼ੋਰੀ ਅਤੇ ਸ਼ਰੀਰ ਵਿੱਚ ਪਸੀਨਾ ਆਉਣਾ ਵਰਗੇ ਲੱਛਣ ਸਾਹਮਣੇ ਆ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੇ ਲੱਛਣ ਨਜ਼ਰ ਆਉਣ 'ਤੇ ਤੁਰੰਤ ਸਰਕਾਰੀ ਸਿਹਤ ਸੰਸਥਾ ਤੋਂ ਟੈਸਟ ਕਰਵਾ ਕੇ ਇਲਾਜ ਸ਼ੁਰੂ ਕਰਵਾਇਆ ਜਾਵੇ। ਇਸ ਦੌਰਾਨ ਸੁਖਨਪਾਲ ਸਿੰਘ ਨੇ ਦੱਸਿਆ ਕਿ ਮਲੇਰੀਆ ਐਨਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਜੋ ਦਿਨ ਅਤੇ ਰਾਤ ਦੋਵੇਂ ਸਮਿਆਂ ਵਿੱਚ ਕੱਟ ਸਕਦਾ ਹੈ ਅਤੇ ਖੜ੍ਹੇ ਗੰਦੇ ਪਾਣੀ ਵਿੱਚ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਛੱਪੜਾਂ, ਟੋਇਆਂ ਤੇ ਕਬਾੜ ਵਾਲੀਆਂ ਚੀਜ਼ਾਂ ਵਿੱਚ ਖੜ੍ਹੇ ਪਾਣੀ ਨੂੰ ਖਤਮ ਕਰਨਾ ਚਾਹੀਦਾ ਹੈ ਅਤੇ ਲੋੜ ਪੈਣ 'ਤੇ ਕਾਲਾ ਤੇਲ ਪਾਇਆ ਜਾਵੇ, ਤਾਂ ਜੋ ਮੱਛਰਾਂ ਦੀ ਪੈਦਾਵਾਰ ਰੋਕੀ ਜਾ ਸਕੇ।

ਉਨ੍ਹਾਂ ਬਚਾਅ ਸੰਬੰਧੀ ਦੱਸਿਆ ਕਿ ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨੇ ਜਾਣ, ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕੀਤੀ ਜਾਵੇ ਤੇ ਮੱਛਰ ਭਜਾਊ ਕ੍ਰੀਮ ਜਾਂ ਤੇਲ ਲਗਾਇਆ ਜਾਵੇ। ਇਸ ਤੋਂ ਇਲਾਵਾ ਹਰ ਸ਼ੁੱਕਰਵਾਰ ਨੂੰ "ਡਰਾਈ ਡੇਅ" ਵਜੋਂ ਮਨਾਉਂਦੇ ਹੋਏ ਘਰਾਂ ਤੇ ਆਲੇ-ਦੁਆਲੇ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ। ਇਸ ਮੌਕੇ ਹਰਜੀਤ ਸਿੰਘ ਹੈਲਥ ਸੁਪਰਵਾਈਜ਼ਰ, ਬਲਾਕ ਆਲਮਵਾਲਾ ਅਤੇ ਲੰਬੀ ਦੇ ਮਲਟੀਪਰਪਜ਼ ਹੈਲਥ ਵਰਕਰ, ਨਰਸਿੰਗ ਵਿਦਿਆਰਥੀ, ਬ੍ਰੀਡਿੰਗ ਚੈਕਰ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਪਿੰਡ ਬੱਲ੍ਹੋ ਦੇ ਸਰਕਾਰੀ ਸਕੂਲਾਂ ਦਾ ਮਿਆਰ ਉੱਚਾ ਚੁੱਕਣ ਲਈ ਪੰਚਾਇਤ ਨੇ 'ਤਰਨਜੋਤ ਸੁਸਾਇਟੀ' ਨਾਲ ਮਿਲਾਇਆ ਹੱਥ

ਚਾਉਕੇ, 25 ਅਪ੍ਰੈਲ (ਮਨਪ੍ਰੀਤ ਮਿੰਟੂ): ਪਿੰਡ ਬੱਲ੍ਹੋ ਦੀ ਪੰਚਾਇਤ ਨੇ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ 'ਪੰਚਾਇਤ ਦਿਵਸ' ਨੂੰ ਯਾਦਗਾਰੀ ਬਣਾ ਦਿੱਤਾ ਹੈ। ਰਾਸ਼ਟਰੀ ਪੰਚਾਇਤ ਦਿਵਸ ਮੌਕੇ ਪਿੰਡ ਦੀ ਪੰਚਾਇਤ ਨੇ'ਤਰਨਜੋਤ ਵੈਲਫੇਅਰ ਸੁਸਾਇਟੀ' ਦੇ ਸਹਿਯੋਗ ਨਾਲ ਪਿੰਡ ਦੀ ਯੂਥ ਲਾਇਬਰੇਰੀ ਵਿੱਚ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ। 'ਵਿੱਦਿਆ ਰਤਨ ਸਕੀਮ' ਰਾਹੀਂ ਆਪਣੇ ਸਰਕਾਰੀ ਸਕੂਲਾਂ ਵਿੱਚ 100 ਫੀਸਦੀ ਹਾਜ਼ਰੀ ਦਰਜ ਕਰਵਾਉਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ 2100-2100 ਰੁਪਏ ਦੀ ਨਕਦ ਰਾਸ਼ੀ ਤੇ ਸਨਮਾਨ ਪੱਤਰਾਂ ਨਾਲ ਨਿਵਾਜਿਆ ਗਿਆ। ਸਨਮਾਨ ਮਿਲਣ ਤੇ ਖੁਸ਼ੀ ਚ ਖੀਵੇ ਹੋਏ ਬੱਚਿਆਂ ਨੇ ਪ੍ਰੋਗਰਾਮ ਦੀਆਂ ਰੌਣਕਾਂ ਚ ਢੇਰ ਵਾਧਾ ਕੀਤਾ। ਇਹ ਰਸਮ ਰਸਮ ਸ਼ੂਗਰਫੈੱਡ ਪੰਜਾਬ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਅਦਾ ਕੀਤੀ।ਸਰਪੰਚ ਅਮਰਜੀਤ ਕੌਰ ਦੀ ਪ੍ਰਧਾਨਗੀ ਤੇ ਚੇਅਰਮੈਨ ਐਡ. ਨਵਦੀਪ ਸਿੰਘ ਜੀਦਾ ਦੀ ਮੁੱਖ ਪ੍ਰਾਹੁਣਚਾਰੀ ਹੇਠ ਹੋਏ ਇਸ ਸਮਾਗਮ ਨੇ ਜਿੱਥੇ 73 ਵੀਂ ਸੰਵਿਧਾਨਕ ਸੋਧ ਰਾਹੀ ਮਿਲੇ ਪੰਚਾਇਤੀ ਅਧਿਕਾਰਾਂ ਦੀ ਗੂੰਜ ਪਾਈ; ਉੱਥੇ ਹੀ ਪਿੰਡ ਦੇ ਸਰਬਪੱਖੀ ਵਿਕਾਸ ਲਈ ਇੱਕ ਨਵਾਂ ਤੇ ਮਜ਼ਬੂਤ ਰੋਡਮੈਪ ਵੀ ਪੇਸ਼ ਕੀਤਾ।

ਚੇਅਰਮੈਨ ਜੀਦਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਚਾਇਤ ਅਤੇ ਤਰਨਜੋਤ ਵੈਲਫੇਅਰ ਸੁਸਾਇਟੀ ਵਧਾਈ ਦੀ ਪਾਤਰ ਹੈ, ਜਿਸ ਨੇ ਸਿੱਖਿਆ ਨੂੰ ਤਰਜੀਹ ਦੇ ਕੇ ਸਾਬਤ ਕਰ ਦਿੱਤਾ ਹੈ ਕਿ ਇੱਕ ਜਾਗਰੂਕ ਪੰਚਾਇਤ ਪਿੰਡ ਦੀ ਨੁਹਾਰ ਕਿਵੇਂ ਬਦਲ ਸਕਦੀ ਹੈ। ਇਹ ਵੀ ਕਿ ਅਜ ਪੰਚਾਇਤਾਂ ਗਲੀਆਂ ਨਾਲੀਆਂ ਦੇ ਕੰਮਾਂ ਤੱਕ ਸੀਮਤ ਨਹੀਂ ਸਗੋਂ ਪਿੰਡ ਦੇ ਵਿਕਾਸ ਸਿੱਖਿਆ ਤੇ ਸਿਹਤ ਵਰਗੇ, ਅਹਿਮ ਫੈਸਲੇ ਲੈਣ ਲਈ ਸੁਤੰਤਰ ਹਨ ਤੇ ਗ੍ਰਾਮ ਸਭਾ ਲੋਕਤੰਤਰ ਦੀ ਸਭ ਤੋਂ ਮਜਬੂਤ



ਇਕਾਈ ਹੈ। ਮੈਨ ਆਫ਼ ਦੀ ਵਿਲੇਜ ਬਣਿਆ ਅਵਤਾਰ ਸਿੰਘ ਟੌਫੀ ਪੰਚਾਇਤ ਨੂੰ ਲੜਾਈ ਝਗੜੇ ਨਿਬੇੜਨ ਅਤੇ ਵਿਕਾਸ ਕਾਰਜਾਂ ਵਿੱਚ ਵੱਧ ਸਹਿਯੋਗ ਦੇਣ ਵਾਲੇ ਅਵਤਾਰ ਸਿੰਘ ਟੌਫੀ ਨੰਬਰਦਾਰ ਨੂੰ ਸਮਾਗਮ ਦੌਰਾਨ 'ਮੈਨ ਆਫ ਦਾ ਵਿਲੇਜ' ਚੁਣਨ ਤੇ 5100 ਰੁਪਏ ਦੀ ਰਾਸ਼ੀ ਦਾ ਚੈੱਕ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।ਵੱਖ ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਸਰਕਾਰੀ ਸਕੀਮਾਂ ਤੇ ਪੰਚਾਇਤ ਦਿਵਸ ਦੀ ਮਹੱਤਤਾ ਤੋਂ ਹਾਜ਼ਰੀਨ ਨੂੰ ਜਾਣੂੰ ਕਰਵਾਇਆ। ਬਾਖੂਬੀ ਸਟੇਜ ਸੰਚਾਲਨ ਭੂਪਿੰਦਰ ਸਿੰਘ ਜਟਾਣਾ ਨੇ ਕੀਤਾ। ਇਸ ਮੌਕੇ ਸੰਸਥਾ ਦੇ ਪ੍ਰਧਾਨ ਕਰਮਜੀਤ ਸਿੰਘ , ਡਾ: ਰਾਘਵ ਸ਼ਰਮਾ ,ਬਲਾਕ ਕੋਆਰਡੀਨੇਟਰ ਹਰਿੰਦਰ ਸਿੰਘ, ਮੁੱਖ ਅਧਿਆਪਕਾ ਜੋਤੀ ਗਰਗ, ਅਧਿਆਪਕ ਰਾਜੇਸ਼ ਕੁਮਾਰ, ਪ੍ਰਧਾਨ ਰਣਜੀਤ ਸਿੰਘ, ਅਵਤਾਰ ਸਿੰਘ ਨੰਬਰਦਾਰ, ਪ੍ਰਧਾਨ ਹਰਬੰਸ ਸਿੰਘ, ਪੰਚ ਹਰਬੰਸ ਸਿੰਘ ਹਾਕਮ ਸਿੰਘ, ਕਰਮਜੀਤ ਸਿੰਘ ਰਾਮ ਸਿੰਘ, ਰਣਜੀਤ ਕੌਰ, ਪਰਮਜੀਤ ਕੌਰ ਰਾਜਵੀਰ ਕੌਰ, ਹਰਵਿੰਦਰ ਕੌਰ ਤੇ ਵੀਡੀਓ ਪਰਮਜੀਤ ਸਿੰਘ ਹਾਜ਼ਰ ਸਨ।

# ਸੇਂਟ ਜ਼ੇਵੀਅਰਜ਼ ਸਕੂਲ ਵਿਖੇ 'ਕਾਊਂਸਲ ਇੰਡਕਸ਼ਨ ਇਨਵੈਸਟਰ ਸੈਰੇਮਨੀ' ਕਰਵਾਈ



ਰਾਮਪੁਰਾ ਫੂਲ, 25 ਅਪ੍ਰੈਲ (ਮਨਪ੍ਰੀਤ ਮਿੰਟੂ): ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਵਿਖੇ ਇਨਵੈਸਟਰ ਸੈਰੇਮਨੀ ਸਮਾਰੋਹ 25 ਅਪ੍ਰੈਲ 2026 ਨੂੰ "ਕਾਊਂਸਿਲ ਇੰਡਕਸ਼ਨ ਲੀਡਰਸ਼ਿਪ ਦਾ ਇਕਰਾਰਨਾਮਾ" ਥੀਮ ਅਨੁਸਾਰ ਬੜੇ ਹੀ ਉਤਸਾਹ ਨਾਲ ਕਰਵਾਇਆ ਗਿਆ।ਮੁੱਖ ਮਹਿਮਾਨ ਸਿਵਲ ਜੱਜ ਮਿਸ ਪ੍ਰੀਆ ਮਿੱਤਲ ਪੁੱਤਰੀ ਮਿਸਟਰ ਜਗਦੀਸ਼ ਮਿੱਤਲ ਦਾ ਸਕੂਲ ਦੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ, ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਤੇ ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਅੰਜੂ ਬਾਲਾ ਨੇ ਨਿੱਘਾ ਸਵਾਗਤ ਕੀਤਾ ਗਿਆ।ਮੁੱਖ ਮਹਿਮਾਨ ਕੋਲੋਂ ਦੀਪ ਜਗਵਾ ਕੇ ਪਰਮਾਤਮਾ ਤੋਂ ਪ੍ਰੋਗਰਾਮ ਸ਼ੁਰੂ ਕਰਨ ਦਾ ਅਸ਼ੀਰਵਾਦ ਲਿਆ ਗਿਆ।ਵਿਦਿਆਰਥੀਆਂ ਨੇ ਕਲਾਸੀਕਲ ਡਾਂਸ ਪੇਸ਼ ਕਰਕੇ ਭਾਰਤੀ ਸੱਭਿਆਚਾਰ ਦੀ ਇੱਕ ਖੂਬਸੂਰਤ ਤਸਵੀਰ ਸਭ ਦੇ ਮਨਾਂ ਵਿੱਚ ਰੂਪਮਾਨ ਕਰ ਦਿੱਤੀ।ਗਰੁੱਪ ਡਾਂਸ ਨੇ ਵੀ ਚੰਗਾ ਰੰਗ ਬੰਨ੍ਹਿਆ।ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਨਵੇਂ ਚੁਣੇ ਹੋਏ ਕੈਬਨਿਟ ਮੈਂਬਰਾਂ ਨੂੰ ਮੁਬਾਰਕਾਂ ਦਿੰਦੇ ਹੋਏ ਆਪਣੀਆਂ ਜਿੰਮੇਵਾਰੀਆਂ ਨਿਮਰਤਾ ਤੇ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਤੋਂ ਬਾਅਦ ਨਵੇਂ ਚੁਣੇ ਹੋਏ ਕੈਬਨਿਟ ਮੈਂਬਰਾਂ ਦੀ ਜਾਣ -ਪਛਾਣ ਕਰਵਾ ਕੇ ਉਹਨਾਂ ਨੂੰ ਬੈਜ਼ ਤੇ ਸੈਸ਼ੇ ਪਹਿਨਾਏ ਗਏ।ਨਵੀਂ ਚੁਣੀ ਹੋਈ ਕੈਬਨਿਟ ਵੱਲੋਂ ਆਪਣੀਆਂ ਡਿਊਟੀਆਂ ਜਿੰਮੇਵਾਰੀ ਤੇ ਇਮਾਨਦਾਰੀ ਨਾਲ ਨਿਭਾਉਣ ਲਈ ਸੌਂਹ ਚੁੱਕੀ ਗਈ।ਵਿਦਿਆਰਥੀਆਂ ਵੱਲੋਂ ਜ਼ੇਵੀਅਰ ਗੀਤ ਵੀ ਪੇਸ਼ ਕੀਤਾ ਗਿਆ।ਸਿਵਲ ਜੱਜ ਪ੍ਰੀਆ ਮਿੱਤਲ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਵਿਦਿਆਰਥੀਆਂ ਨਾਲ ਸੇਂਟ ਜ਼ੇਵੀਅਰਜ ਸਕੂਲ ਤੋਂ ਪ੍ਰਾਪਤ ਕੀਤੀ ਵਿੱਦਿਆ ਬਾਰੇ ਵਿਚਾਰ ਸਾਂਝੇ ਕੀਤੇ ਤੇ ਆਪਣੇ ਸਕੂਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅੱਜ ਮੈਨੂੰ ਇਸ ਤਰ੍ਹਾਂ ਲੱਗਦਾ ਜਿਵੇਂ ਮੈਂ ਆਪਣੇ ਪੁਰਾਣੇ ਘਰ ਵਿੱਚ ਆ ਗਈ ਹਾਂ।ਸਿਵਲ ਜੱਜ ਸਾਹਿਬਾਂ ਨੇ ਵਿਦਿਆਰਥੀਆਂ ਨੂੰ ਕੈਬਨਿਟ ਦੀ ਯੋਗ ਅਗਵਾਈ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਕੂਲ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕੀਤਾ ਗਿਆ।ਇਹ ਸੈਰੇਮਨੀ ਜ਼ੇਵੀਅਰ ਪਰਿਵਾਰ ਲਈ ਇੱਕ ਬਹੁਤ ਹੀ ਮਾਣ ਵਾਲਾ ਪਲ ਸੀ।

# ਅਮਰਜੀਤ ਸਿੰਘ ਜੀਤ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਰਕਲ ਪ੍ਰਧਾਨ ਨਿਯੁਕਤ

ਸੰਗਰੂਰ, 24 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਪਾਰਟੀ 'ਚ ਸਰਗਰਮੀਆਂ ਨੂੰ ਤੇਜ਼ ਕਰਦਿਆਂ ਵੱਖੋ-ਵੱਖ ਸਰਕਲਾਂ ਤੇ ਬਲਾਕਾਂ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ ਜਿਸਦੇ ਤਹਿਤ ਪਾਰਟੀ ਦੇ ਸੀਨੀਅਰ ਤੇ ਟਕਸਾਲੀ ਆਗੂ ਅਮਰਜੀਤ ਸਿੰਘ ਜੀਤ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ



ਸਰਕਲ ਮੰਗਵਾਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਪਾਰਟੀ ਦੇ ਸੀਨੀਅਰ ਆਗੂ ਅਰਵਿੰਦ ਖੰਨਾ ਦੀ ਸਿਫਾਰਿਸ਼ ਤਹਿਤ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤਜਿੰਦਰ ਸਿੰਘ ਸੰਘਰੇੜੀ ਵੱਲੋਂ ਅਮਰਜੀਤ ਸਿੰਘ ਜੀਤ ਵਾਸੀ ਮੰਗਵਾਲ ਨੂੰ ਇਹ ਨਿਯੁਕਤੀ ਪੱਤਰ ਜਾਰੀ ਕੀਤਾ ਗਿਆ।

ਅਮਰਜੀਤ ਸਿੰਘ ਜੀਤ ਇੱਕ ਉੱਘੇ ਕਾਰੋਬਾਰੀ ਤੇ ਟਰੱਕ ਯੂਨੀਅਨ ਸੰਗਰੂਰ ਦੇ ਪ੍ਰਧਾਨ ਵੀ ਰਹੇ ਹਨ। ਉਹਨਾਂ ਦੇ ਪਰਿਵਾਰ ਨਾਲ ਅਰਵਿੰਦ ਖੰਨਾ ਦੇ ਨਿੱਘੇ ਸਬੰਧ ਹਨ। ਅਮਰਜੀਤ ਸਿੰਘ ਦੀ ਇਸ ਨਿਯੁਕਤੀ ਪ੍ਰਤੀ ਖੁਸ਼ੀ ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਅਮਰਜੀਤ ਸਿੰਘ ਦਾ ਪਰਿਵਾਰ ਇੱਕ ਟਕਸਾਲੀ ਅਕਾਲੀ ਪਰਿਵਾਰ ਹੈ ਜੋ ਹਮੇਸ਼ਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਖੜ੍ਹਿਆ ਹੈ ਤੇ ਇਸ ਪਰਿਵਾਰ ਦੀਆਂ ਪਾਰਟੀ ਨੂੰ ਵੱਡੀਆਂ ਸੇਵਾਵਾਂ ਮਿਲੀਆਂ ਹਨ।

ਇਸ ਮੌਕੇ ਅਪਣੀ ਨਿਯੁਕਤੀ ਪ੍ਰਤੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਅਰਵਿੰਦ ਖੰਨਾ, ਤਜਿੰਦਰ ਸਿੰਘ ਸੰਘਰੇੜੀ ਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਪ੍ਰਧਾਨ ਅਮਰਜੀਤ ਸਿੰਘ ਜੀਤ ਨੇ ਕਿਹਾ ਕਿ ਉਹਨਾਂ ਦੇ ਪਰਿਵਾਰ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਸਰਕਲ ਪ੍ਰਧਾਨ ਦੀ ਜੋ ਜਿੰਮੇਵਾਰੀ ਦਿੱਤੀ ਗਈ ਹੈ ਉਸਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੰਦਿਆਂ ਉਹਨਾਂ ਪਾਰਟੀ ਹਾਈਕਮਾਨ ਦਾ ਧੰਨਵਾਦ ਕੀਤਾ।

# ਵਪਾਰੀ ਨੇ ਸਰਕਾਰੀ ਅਹੁਦਿਆਂ ਦੇ ਨਸ਼ੇ 'ਚ ਚੂਰ ਜੋੜੇ ਤੋਂ ਤੰਗ ਆ ਕੇ ਕੀਤੀ ਖ਼ੁਦਕੁਸ਼ੀ!

ਬਠਿੰਡਾ, 25 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਦੇ ਇੱਕ ਰੇਤ-ਬਜਰੀ ਕਾਰੋਬਾਰੀ ਵੱਲੋਂ ਕੀਤੀ ਗਈ ਖੁਦਕੁਸ਼ੀ ਨੇ ਸਰਕਾਰੀ ਅਹੁਦਿਆਂ ਦੀ ਦੁਰਵਰਤੋਂ ਤੇ ਪ੍ਰਸ਼ਾਸਨਿਕ ਦਬਾਅ ਦੇ ਘਿਨਾਉਣੇ ਚਿਹਰੇ ਨੂੰ ਨੰਗਾ ਕਰ ਦਿੱਤਾ ਹੈ। ਨਵੀਂ ਬਸਤੀ ਦੇ ਰਹਿਣ ਵਾਲੇ 33 ਸਾਲਾ ਸੰਦੀਪ ਕੁਮਾਰ ਉਰਫ਼ ਸੋਨੂ ਬੰਸਲ ਨੇ ਜ਼ਹਿਰੀਲੀ ਵਸਤੂ ਨਿਗਲ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਮਰਨ ਤੋਂ ਪਹਿਲਾਂ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ 10 ਮਿੰਟ ਦੀ ਵੀਡੀਓ ਵਿੱਚ ਸੋਨੂ ਨੇ ਬੜੇ ਦੁਖੀ ਮਨ ਨਾਲ ਬਿਆਨ ਕੀਤਾ ਕਿ ਕਿਵੇਂ ਕੁਝ ਵਿਅਕਤੀਆਂ ਨੇ ਉਸ ਦਾ ਜਿਊਣਾ ਮੁਹਾਲ ਕਰ ਦਿੱਤਾ ਸੀ। ਜਾਣਕਾਰੀ ਅਨੁਸਾਰ, "ਡੀਐਲ ਐਂਡ ਕੰਪਨੀ" ਦੇ ਮਾਲਕ ਸੋਨੂ ਬੰਸਲ ਨੇ ਸ਼ਹਿਰ ਦੀ ਇੱਕ ਪੌਸ਼ ਕਲੋਨੀ ਵਿੱਚ ਬਣ ਰਹੇ ਮਕਾਨ ਲਈ ਅਦਾਲਤੀ ਸਟਾਫ਼ ਨਾਲ ਜੁੜੇ ਇੱਕ ਜੋੜੇ ਨੂੰ ਸੀਮਿੰਟ ਤੇ ਬਜਰੀ ਸਪਲਾਈ ਕੀਤੀ ਸੀ। ਪਰਿਵਾਰਕ ਮੈਂਬਰਾਂ ਮੁਤਾਬਕ, ਸੋਨੂ ਨੇ ਸਬੰਧਾਂ ਦਾ ਲਿਹਾਜ਼ ਕਰਦਿਆਂ ਘੱਟ ਰੇਟ 'ਤੇ ਮਾਲ ਦਿੱਤਾ ਸੀ, ਪਰ ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਮਾਲ ਸਪਲਾਈ ਹੋਣ ਦੇ ਬਾਵਜੂਦ ਉਲਟਾ ਉਸ 'ਤੇ ਹੀ ਪੈਸੇ ਵਾਪਸ ਕਰਨ ਦਾ ਨਾਜਾਇਜ਼ ਦਬਾਅ ਬਣਾਇਆ ਜਾਣ ਲੱਗਾ। ਸੋਨੂ ਨੇ ਆਪਣੀ ਵੀਡੀਓ 'ਚ ਕਬੂਲਿਆ ਕਿ ਬਿਨਾਂ ਪੱਕੀ ਰਸੀਦ (ਕੱਚੀ ਪਰਚੀ) ਦੇ ਮਾਲ ਦੇਣਾ



ਉਸ ਦੀ ਸਭ ਤੋਂ ਵੱਡੀ ਭੁੱਲ ਬਣ ਗਈ।

ਸੋਨੂ ਨੇ ਮਰਨ ਤੋਂ ਪਹਿਲਾਂ ਬੇਹੱਦ ਭਾਵੁਕ ਹੁੰਦਿਆਂ ਦੱਸਿਆ ਕਿ ਉਸ ਨੂੰ ਸਾਹ ਲੈਣ ਤੱਕ ਦੀ ਮੋਹਲਤ ਨਹੀਂ ਦਿੱਤੀ ਜਾ ਰਹੀ ਸੀ। ਉਸ ਨੇ ਦੋਸ਼ ਲਾਇਆ ਕਿ ਸੈਸ਼ਨ ਜੱਜ ਦੀ ਰੀਡਰ, ਉਸ ਦੇ ਟਾਈਪਿਸਟ ਪਤੀ ਤੇ ਇੱਕ ਵਕੀਲ ਨੇ ਮਿਲ ਕੇ ਆਪਣੀ ਪਹੁੰਚ ਦੀ ਦੁਰਵਰਤੋਂ ਕੀਤੀ ਅਤੇ ਉਸ ਨੂੰ ਝੂਠੇ ਕੇਸ ਵਿੱਚ ਫਸਾਉਣ ਦੀਆਂ ਧਮਕੀਆਂ ਦਿੱਤੀਆਂ। ਵੀਡੀਓ ਵਿੱਚ ਉਸ ਨੇ ਇਹ ਵੀ ਕਿਹਾ ਕਿ ਪੁਲਿਸ ਪ੍ਰਸ਼ਾਸਨ ਦੇ ਕੁਝ ਅਧਿਕਾਰੀ ਵੀ ਉਸ 'ਤੇ ਲਗਾਤਾਰ ਦਬਾਅ ਬਣਾ ਰਹੇ ਸਨ, ਜਿਸ ਕਾਰਨ ਉਹ ਮਾਨਸਿਕ ਤੌਰ 'ਤੇ ਪੂਰੀ ਤਰ੍ਹਾਂ ਟੁੱਟ ਚੁੱਕਾ ਸੀ। ਇਸ ਘਟਨਾ ਤੋਂ ਬਾਅਦ ਸ਼ਹਿਰ ਦੇ ਵਪਾਰੀਆਂ ਤੇ ਮ੍ਰਿਤਕ ਦੇ ਰਿਸ਼ਤੇਦਾਰਾਂ ਵਿੱਚ ਭਾਰੀ ਗੁੱਸਾ ਦੇਖਣ ਨੂੰ ਮਿਲਿਆ। ਦੇਰ ਰਾਤ ਸਿਵਲ ਹਸਪਤਾਲ ਦੇ ਬਾਹਰ ਲਗਾਏ ਗਏ ਧਰਨੇ ਤੋਂ ਬਾਅਦ ਹਰਕਤ ਵਿੱਚ ਆਈ ਕੋਤਵਾਲੀ ਪੁਲਿਸ ਨੇ ਮ੍ਰਿਤਕ ਦੇ ਭਰਾ ਮਨੀਸ਼ ਕੁਮਾਰ ਦੇ ਬਿਆਨਾਂ 'ਤੇ ਰੀਡਰ ਰੇਣੂ ਬਾਲਾ, ਉਸ ਦੇ ਪਤੀ ਰਮਨ ਜੈਨ ਤੇ ਐਡ. ਚਰਨ ਪਾਲ ਬਰਾੜ ਖ਼ਿਲਾਫ਼ ਖੁਦਕੁਸ਼ੀ ਲਈ ਮਜਬੂਰ ਕਰਨ ਦੇ ਇਲਜ਼ਾਮ ਹੇਠ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਨੇ ਤੇਜ਼ੀ ਦਿਖਾਉਂਦੇ ਹੋਏ ਕਥਿਤ ਦੋਸ਼ੀ ਰੇਣੂ ਬਾਲਾ ਤੇ ਰਮਨ ਜੈਨ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦਕਿ ਤੀਜੇ ਦੀ ਭਾਲ ਜਾਰੀ ਹੈ। ਇਸ ਦੇ ਨਾਲ ਹੀ ਪੁਲਿਸ ਅਧਿਕਾਰੀਆਂ ਨੇ ਭਰੋਸਾ ਦਿੱਤਾ ਹੈ ਕਿ ਵੀਡੀਓ ਵਿੱਚ ਡੀਐਸਪੀ 'ਤੇ ਲਗਾਏ ਗਏ ਦੋਸ਼ਾਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ। ਸ਼ਨੀਵਾਰ ਨੂੰ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

# ਵਿਸ਼ਵ ਮਲੇਰੀਆ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ

ਬਾਜਾਖਾਨਾ, 25 ਅਪ੍ਰੈਲ (ਅਵਤਾਰ ਸਿੰਘ ਮੱਲਾ): ਸਿਵਲ ਸਰਜਨ ਫਰੀਦਕੋਟ ਡਾ. ਪਰਵਜੀਤ ਸਿੰਘ ਗੁਲਾਟੀ ਅਤੇ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਬਾਜਾਖਾਨਾ ਡਾ ਨਵਪ੍ਰੀਤ ਗਰੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਪੰਜਗਰਾਈਂ ਕਲਾਂ, ਔਲਖ, ਜੀਵਨ ਵਾਲਾ ਤੇ ਘਣੀਏ ਵਾਲਾ ਵਿਖੇ ਵਿਸ਼ਵ ਮਲੇਰੀਆ ਦਿਵਸ ਨੂੰ ਸਮਰਪਿਤ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤੇ ਗਏ।ਇਸ ਮੌਕੇ ਬੀ ਈ ਈ ਫਲੈਗ ਚਾਵਲਾ ਅਤੇ ਸਿਹਤ ਸੁਪਰਵਾਇਜਰ ਗੁਰਸ਼ਵਿੰਦਰ ਸਿੰਘ ਨੇ ਮਲੇਰੀਆ ਹੋਣ ਦੇ ਕਾਰਨ, ਲੱਛਣ ਅਤੇ ਬਚਾਅ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨਾਂ ਨੇ ਦੱਸਿਆ ਕਿ ਸਾਨੂੰ ਮੱਛਰਾਂ ਦੀ ਪਦਾਇਸ਼ ਰੋਕਨ ਲਈ ਅੱਜ ਹੀ ਕਾਰਵਾਈ ਪਾਉਣੀ ਚਾਹੀਦੀ ਹੈ, ਘਰਾਂ ਵਿੱਚ ਪਾਣੀ ਵਾਲੇ ਬਰਤਨਾਂ ਨੂੰ ਢੱਕ ਕੇ ਰੱਖੀਏ, ਹਫਤੇ ਤੋਂ ਪਹਿਲਾਂ ਖਾਲੀ ਕਰਕੇ ਸੁਕਾਉਣਾ ਬਹੁਤ ਜ਼ਰੂਰੀ ਹੈ, ਕੋਠਿਆਂ ਦੀਆਂ ਛੱਤਾਂ ਉਪਰ ਪਏ ਪੁਰਾਣੇ ਟਾਇਰ, ਕਬਾੜ ਆਦਿ ਨੂੰ ਛੱਤ ਹੇਠਾਂ ਰੱਖੀਏ, ਪਸ਼ੂਆਂ ਨੂੰ ਪਾਣੀ ਪਿਲਾਉਣ ਵਾਲੀਆਂ ਖੇਲਾਂ ਨੂੰ ਹਫ਼ਤੇ ਤੋਂ ਪਹਿਲਾਂ ਖਾਲੀ ਕਰਕੇ ਸੁਕਾਈਏ, ਕੂਲਰਾਂ ਨੂੰ ਖਾਲੀ ਕਰਕੇ ਸੁਕਾਉਣਾ ਬਹੁਤ ਜ਼ਰੂਰੀ ਹੈ। ਉਨਾਂ ਨੇ ਕਿਹਾ ਕਿ ਫਰਿੱਜ ਦੇ ਪਿਛਲੇ ਪਾਸੇ ਮੋਟਰ ਕੋਲ ਲੱਗੀ ਟ੍ਰੇਅ ਨੂੰ ਵੀ ਹਰ ਹਫਤੇ ਖਾਲੀ



ਕਰਕੇ ਸੁਕਾਈਏ। ਪੰਛੀਆਂ ਦੇ ਪੀਣ ਲਈ ਪਾਣੀ ਵਾਲੇ ਕਟੋਰੇ ਦੀ ਸਫਾਈ ਕਰਨੀ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਮੱਛਰਾਂ ਦੇ ਵਾਧੇ ਵਾਲੀਆ ਥਾਵਾਂ ਹਨ। ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਉਪਰ ਕਾਲਾ ਤੇਲ, ਮਿੱਟੀ ਦਾ ਤੇਲ ਜਾਂ ਡੀਜ਼ਲ ਪਾ ਕੇ ਮੱਛਰਾਂ ਦੇ ਵਾਧੇ ਨੂੰ ਰੋਕ ਸਕਦੇ ਹਾਂ। ਬੁਖਾਰ ਹੋਣ ਦੀ ਹਾਲਤ ਵਿਚ ਸਰਕਾਰੀ ਹਸਪਤਾਲ ਵਿੱਚ ਜਾ ਕੇ ਮਲੇਰੀਆ ਡੇਂਗੂ ਦਾ ਟੈਸਟ ਜੋ ਕਿ ਮੁਫ਼ਤ ਕੀਤਾ ਜਾਂਦਾ ਹੈ, ਕਰਵਾਉਣਾ ਚਾਹੀਦਾ ਹੈ।

ਉਨਾਂ ਦੱਸਿਆਂ ਕਿ ਇਸ ਲਈ ਸਿਹਤ ਵਿਭਾਗ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਅਤੇ ਲੋਕਾਂ ਦੀ ਸ਼ਮੂਲੀਅਤ ਨਾਲ ਜਾਗਰੂਕਤਾ ਕਰਨ ਲਈ ਹਰ ਸ਼ੁਕਰਵਾਰ ਨੂੰ ਮੱਛਰ ਦਾ ਲਾਰਵਾ ਖਤਮ ਕਰਨ ਲਈ ਡਰਾਈ-ਡੇਅ ਮਨਾਇਆ ਜਾਂਦਾ ਹੈ ਤਾਂ ਜੋ ਇਹੋ ਜਿਹੀਆਂ ਬਿਮਾਰੀਆਂ ਤੋਂ ਹੋਣ ਵਾਲੇ ਸਰੀਰਕ, ਆਰਥਿਕ, ਸਮਾਜਿਕ ਨੁਕਸਾਨ ਤੋਂ ਬਚਾਅ ਹੋ ਸਕੇ। ਇਸ ਮੌਕੇ ਮਪਹਵ ਅਮਨਦੀਪ ਸਿੰਘ, ਜਸਕਰਨ ਸਿੰਘ, ਪਰਮਜੀਤ ਸਿੰਘ, ਇੰਦਰਪ੍ਰੀਤ ਸਿੰਘ, ਹਰਦੀਪ ਕੌਰ, ਜੋਤੀ, ਸੀ ਐਚ ਓ ਕਿਰਨਦੀਪ ਕੌਰ, ਸਮੂਹ ਅਧਿਆਪਕ ਸਹਿਬਾਨ, ਸਮੂਹ ਆਸ਼ਾ, ਸਕੂਲੀ ਵਿਦਿਆਰਥੀ ਤੇ ਲੋਕ ਹਾਜ਼ਰ ਸਨ।

# ਵਿਸ਼ਵ ਮਲੇਰੀਆ ਦਿਵਸ: ਮਲੇਰੀਆ ਦੀ ਰੋਕਥਾਮ ਲਈ ਜਾਗਰੂਕਤਾ ਜ਼ਰੂਰੀ : ਸਿਵਲ ਸਰਜਨ

ਬਰਨਾਲਾ, 25 ਅਪ੍ਰੈਲ ( ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਵੱਲੋਂ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਆਈ ਏ ਐਸ ਦੇ ਹੁਕਮਾਂ ਅਨੁਸਾਰ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਜ਼ਿਲ੍ਹਾ ਬਰਨਾਲਾ ਦੀਆਂ ਸਿਹਤ ਸੰਸਥਾਵਾਂ, ਵਿੱਦਿਅਕ ਅਦਾਰਿਆਂ ਅਤੇ ਘਰ-ਘਰ ਜਾ ਕੇ ਜਾਗਰੂਕਤਾ ਅਭਿਆਨ ਚਲਾ ਕੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ, ਤਾਂ ਜੋ ਮਲੇਰੀਆ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਡਾ. ਮੁਨੀਸ਼ ਕੁਮਾਰ ਜ਼ਿਲ੍ਹਾ ਐਪੀਡੋਮੋਲੋਜਿਸਟ ਨੇ ਦੱਸਿਆ ਕਿ ਮਲੇਰੀਆ ਮਾਦਾ ਐਨਾਫਲੀਜ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ਼ ਖੜ੍ਹੇ ਪਾਣੀ ਵਿੱਚ ਪੈਦਾ ਹੁੰਦੇ ਹਨ। ਗੁਰਮੇਲ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸਹਿਣਾ ਅਤੇ ਸੁਰਿੰਦਰ ਸਿੰਘ ਹੈਲਥ ਇੰਸਪੈਕਟਰ ਨੇ ਦੱਸਿਆ ਕਿ ਮਲੇਰੀਆ ਨੂੰ ਰੋਕਣ ਅਤੇ ਬਚਾਅ ਲਈ ਵਿਸ਼ਵ ਸਿਹਤ ਸੰਸਥਾ ਵੱਲੋਂ ਹਰੇਕ ਸਾਲ 25 ਅਪ੍ਰੈਲ ਨੂੰ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾਂਦਾ ਹੈ। ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਮਲੇਰੀਆ ਦੇ ਖ਼ਾਤਮੇ ਲਈ ਮੁਹਿੰਮ ਵਿੱਚ ਬਰਨਾਲਾ ਨਿਵਾਸੀਆਂ ਨੂੰ ਆਪਣਾ ਬਣਦਾ ਸਹਿਯੋਗ ਦੇਣਾ ਚਾਹੀਦਾ ਹੈ। ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਪੈਂਫਲੈਟਸ, ਪੋਸਟਰ ਅਤੇ ਪ੍ਰੈੱਸ ਤੇ ਸੋਸ਼ਲ ਮੀਡੀਆ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਕੋਈ ਵੀ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਸ ਸਮੇਂ ਗਣੇਸ਼ ਦੱਤ, ਜਸਵਿੰਦਰ ਸਿੰਘ, ਮਨਪ੍ਰੀਤ ਸ਼ਰਮਾ ਅਤੇ ਗੁਲਾਬ ਸਿੰਘ ਸਿਹਤ ਕਰਮਚਾਰੀ ਅਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।



# ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ 'ਚ ਨੈਤਿਕ ਕਦਰਾਂ-ਕੀਮਤਾਂ ਦਾ ਮਹੱਤਵਪੂਰਨ ਯੋਗਦਾਨ



ਬਰਨਾਲਾ, 25 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਵੱਲੋਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੀ ਉਸਾਰੀ 'ਚ ਨੈਤਿਕ ਕਦਰਾਂ ਕੀਮਤਾਂ ਦੇ ਮਹੱਤਵਪੂਰਨ ਯੋਗਦਾਨ ਬਾਰੇ ਵਿਚਾਰ ਗੋਸ਼ਟੀ ਕਰਵਾਈ ਗਈ। ਇਸ ਮੌਕੇ ਬੋਲਦਿਆਂ ਪ੍ਰਧਾਨ ਗੁਰਮੀਤ ਸਿੰਘ ਮੀਮਸਾ ਨੇ ਕਿਹਾ ਕਿ ਬਜ਼ੁਰਗ, ਨੌਜਵਾਨ, ਔਰਤ ਹਰ ਉਮਰ ਦੇ ਇਨਸਾਨ ਨੂੰ ਨੈਤਿਕ ਕਦਰਾਂ-ਕੀਮਤਾਂ ਦਾ ਧਾਰਨੀ ਹੋਣਾ ਬਹੁਤ ਜ਼ਰੂਰੀ ਹੈ। ਨੈਤਿਕ ਕਦਰਾਂ-ਕੀਮਤਾਂ ਦੀ ਪਾਲਣਾ ਕਰਨ ਵਾਲੇ ਇਨਸਾਨ ਦੀ ਸੋਚ ਅਤੇ ਕੰਮ ਸੰਸਕਾਰੀ ਹੁੰਦੇ ਹਨ। ਪਹਿਲੇ ਬੱਚੇ ਗੁਰੂਕੁਲ ਵਿੱਚ ਰਿਸ਼ੀਆਂ-ਮੁਨੀਆਂ ਕੋਲ ਪੜ੍ਹਦੇ ਸਨ, ਤਾਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਚੰਗੇ ਸੰਸਕਾਰਾਂ, ਚੰਗਾ ਇਨਸਾਨ, ਇਮਾਨਦਾਰੀ, ਬਜ਼ੁਰਗਾਂ ਦਾ ਸਤਿਕਾਰ, ਆਗਿਆਕਾਰੀ, ਨਿਮਰਤਾ ਆਦਿ ਦੀ ਸਿੱਖਿਆ ਦਿੱਤੀ ਜਾਂਦੀ ਸੀ। ਜੇ ਘਰ ਵਿੱਚ ਮਾਂ-ਬਾਪ ਬੱਚਿਆਂ ਨੂੰ ਆਪਸੀ ਪ੍ਰੇਮ, ਪਿਆਰ, ਸਹਿਣਸ਼ੀਲਤਾ ਵਰਗੇ ਗੁਣ ਦੇਣਗੇ ਤੇ ਬੱਚਿਆਂ ਨੂੰ ਦੱਸਣਗੇ ਕਿ ਸਮਾਜ ਵਿਚ ਕਿਸ ਤਰ੍ਹਾਂ ਵਿਚਰਨਾ ਹੈ, ਤਾਂ ਬੱਚਾ ਬਾਹਰ ਜਾ ਕੇ ਕਦੇ ਵੀ ਗਲਤੀ ਨਹੀਂ ਕਰੇਗਾ। ਮਾਂ-ਬਾਪ ਨੂੰ ਬੱਚਿਆਂ ਨੂੰ ਇਤਿਹਾਸ ਬਾਰੇ ਵੀ ਜਾਣੂੰ ਕਰਵਾਉਣਾ ਚਾਹੀਦਾ ਹੈ । ਮਾਂ-ਬਾਪ ਨੂੰ ਬੱਚਿਆਂ ਨੂੰ ਚੰਗੇ ਗੁਣਾਂ ਦੀ ਸਿੱਖਿਆ ਦੇਣੀ ਚਾਹੀਦੀ ਹੈ। ਮਹਿੰਦਰ ਪਾਲ ਕੰਪਿਊਟਰ ਫੈਕਲਟੀ ਸਹਸ ਨਾਈਵਾਲਾ ਨੇ ਕਿਹਾ ਕਿ ਪਹਿਲਾਂ ਤਾਂ ਮਾਂ-ਬਾਪ ਨੂੰ ਆਪਣੇ ਬੱਚਿਆਂ ਨੂੰ ਸ਼ੁਰੂ ਤੋਂ ਹੀ ਨੈਤਿਕ ਸਿੱਖਿਆ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ। ਨੌਜਵਾਨ ਪੀੜ੍ਹੀ ਸੋਸ਼ਲ ਮੀਡੀਆ ਦੀ ਧੜੱਲੇ ਨਾਲ ਵਰਤੋਂ ਕਰ ਰਹੀ ਹੈ। ਉਹਨਾਂ ਨੂੰ ਇਸ ਚੀਜ਼ ਦਾ ਪਤਾ ਹੀ ਨਹੀਂ ਹੈ ਕਿ ਇਸ ਨਾਲ ਕੀ ਨੁਕਸਾਨ ਹੋ ਸਕਦਾ ਹੈ। ਬੱਚਿਆਂ ਦੇ ਅੰਦਰ ਅਨੁਸ਼ਾਸਨ ਹੋਣਾ ਬਹੁਤ ਜ਼ਰੂਰੀ ਹੈ। ਸਮੇਂ ਦੀ ਸੁਚੱਜੀ ਵਰਤੋਂ ਕਰਨੀ ਚਾਹੀਦੀ ਹੈ। ਬੱਚਿਆਂ ਨੂੰ ਆਪਣੇ ਘਰ ਦੇ ਵੱਡੇ ਬਜ਼ੁਰਗਾਂ ਕੋਲ ਬੈਠਣਾ ਚਾਹੀਦਾ ਹੈ।

# ਮੀਰੀ ਪੀਰੀ ਖ਼ਾਲਸਾ ਕਾਲਜ ਭਦੌੜ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ




ਭਦੌੜ, 25 ਅਪ੍ਰੈਲ (ਸੁਖਵਿੰਦਰ ਪਲਾਹਾ): ਮਾਲਵਾ ਖੇਤਰ ਦੀ ਸਿਰਮੌਰ ਸੰਸਥਾ ਮੀਰੀ ਪੀਰੀ ਖ਼ਾਲਸਾ ਕਾਲਜ ਭਦੌੜ ਵਿਖੇ ਧਰਤੀ ਮਾਂ ਦਿਵਸ ਮਨਾਇਆ ਗਿਆ। ਰੈੱਡ ਰਿਬਨ ਕਲੱਬ ਦੇ ਪ੍ਰੋਗਰਾਮ ਕੋਆਰਡੀਨੇਟਰ ਡਾ. ਵੰਦਨਾ ਸੁਖੀਜਾ ਅਤੇ ਐੱਨ. ਐੱਸ. ਐੱਸ. ਯੂਨਿਟ ਦੇ ਪ੍ਰੋ. ਜਸਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵਿਖੇ ਧਰਤੀ ਮਾਂ ਦਿਵਸ ਪੌਦੇ ਲਗਾ ਕੇ ਮਨਾਇਆ ਗਿਆ। ਪ੍ਰੋ. ਜਸਪ੍ਰੀਤ ਸਿੰਘ ਨੇ ਇਸ ਦੌਰਾਨ ਵਿਦਿਆਰਥੀਆਂ ਨੂੰ ਸਸਟੇਨਅਬਿਲਟੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਦੀ ਵਰਤੋਂ ਘੱਟ ਕਰਨ ਅਤੇ ਪ੍ਰਿਥਵੀ ਦੇ ਈਕੋ ਸਿਸਟਮ ਨੂੰ ਬਚਾ ਕੇ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ। ਪ੍ਰੋ. ਭਿੰਦਰਜੀਤ ਕੌਰ ਨੇਂ ਦੱਸਿਆ ਕਿ ਇਸ ਵਾਰ ਧਰਤੀ ਮਾਂ ਦਿਵਸ ਸਾਡੀ ਸ਼ਕਤੀ, ਸਾਡਾ ਗ੍ਰਹਿ, ਥੀਮ ਦੇ ਅੰਤਰਗਤ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਮਲਵਿੰਦਰ ਸਿੰਘ, ਡਾ. ਵੰਦਨਾ ਸੁਖੀਜਾ, ਪ੍ਰੋ. ਭਿੰਦਰਜੀਤ ਕੌਰ, ਪ੍ਰੋ. ਸੁਖਪਾਲ ਸਿੰਘ ਅਤੇ ਵਿਦਿਆਰਥੀਆਂ ਨੇਂ ਪੌਦੇ ਲਗਾ ਕੇ ਧਰਤੀ ਮਾਂ ਨੂੰ ਬਚਾ ਕੇ ਰੱਖਣ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਪ੍ਰਿੰਸੀਪਲ ਮਲਵਿੰਦਰ ਸਿੰਘ ਨੇਂ ਕਿਹਾ ਕਿ ਸੰਸਥਾ ਵਿੱਚ ਗੁਰਬਾਣੀ ਦੇ ਸੰਦੇਸ਼ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦੇ ਅਨੁਸਾਰ ਵਾਤਾਵਰਨ ਅਤੇ ਧਰਤੀ ਨੂੰ ਹਰਿਆ ਭਰਿਆ ਰੱਖਣ ਲਈ ਵੱਧ ਤੋਂ ਵੱਧ ਪੇੜ ਪੌਦੇ ਲਗਾਏ ਗਏ ਹਨ। ਅਸੀਂ ਧਰਤੀ ਅਤੇ ਪੌਣ ਪਾਣੀ ਦੇ ਸਦਕਾ ਹੀ ਜੀਅ ਰਹੇ ਹਾਂ। ਸਾਨੂੰ ਸਾਰਿਆਂ ਨੂੰ ਧਰਤੀ ਅਤੇ ਇਸ ਤੇ ਮੌਜੂਦ ਜੀਵ ਜੰਤੂਆਂ ਪ੍ਰਤੀ ਦਇਆ ਭਾਵ ਰੱਖਣਾ ਚਾਹੀਦਾ ਹੈ ਅਤੇ ਕੁਦਰਤੀ ਸ੍ਰੋਤਾਂ ਦੀ ਦੁਰਵਰਤੋਂ ਨੂੰ ਰੋਕਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪੌਦੇ ਲਗਾ ਕੇ ਧਰਤੀ ਅਤੇ ਕੁਦਰਤੀ ਬਨਸਪਤੀ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਵੰਦਨਾ ਸੁਖੀਜਾ, ਪ੍ਰੋ. ਭਿੰਦਰਜੀਤ ਕੌਰ, ਪ੍ਰੋ. ਸੁਖਪਾਲ ਸਿੰਘ, ਪ੍ਰੋ. ਜਸਪ੍ਰੀਤ ਸਿੰਘ, ਸ. ਜਸਵੀਰ ਸਿੰਘ ਮਾਲੀ ਅਤੇ ਵਿਦਿਆਰਥੀ ਹਾਜ਼ਰ ਸਨ।

# ਦੁਕਾਨਦਾਰਾਂ ਨੇ ਅਸ਼ਟਮੀ ਦੀ ਕੜਾਹੀ ਦਾ ਭੰਡਾਰਾ ਲਗਾਇਆ



ਬਰਨਾਲਾ, 25 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਵਾਲਮੀਕਿ ਚੌਕ ਬਰਨਾਲਾ ਵਿਖੇ ਸਮੂਹ ਦੁਕਾਨਦਾਰਾਂ ਅਤੇ ਮਾਤਾ ਰਾਣੀ ਦੇ ਭਗਤਾਂ ਵੱਲੋਂ ਅਪ੍ਰੈਲ ਮਹੀਨੇ ਦੀ ਅਸ਼ਟਮੀ ਦੀ ਕੜਾਹੀ ਦਾ ਸਰਵ ਸਾਂਝਾ ਭੰਡਾਰਾ ਧਰਮ ਪਾਲ ਹਮੀਦੀ ਵਾਲੇ ਦੀ ਦੁਕਾਨ 'ਤੇ ਲਾਇਆ ਗਿਆ। ਇਸ ਦੌਰਾਨ ਬੋਲਦਿਆਂ ਚਿੰਤਪੁਰਨੀ ਲੰਗਰ ਕਮੇਟੀ ਦੇ ਪ੍ਰਧਾਨ ਧਰਮਪਾਲ ਹਮੀਦੀ ਵਾਲੇ ਨੇ ਕਿਹਾ ਕਿ ਹਰ ਮਹੀਨੇ ਦੀ ਅਸ਼ਟਮੀ ਨੂੰ ਭੰਡਾਰਾ ਲਾਇਆ ਜਾਂਦਾ ਹੈ। ਇਸ ਮੌਕੇ ਮਾਤਾ ਦੁਰਗਾ ਦੀ ਆਰਤੀ ਕਰਨ ਉਪਰੰਤ ਕੰਨਿਆ ਪੂਜਨ ਕੀਤਾ ਗਿਆ। ਇਸ ਤੋਂ ਬਾਅਦ ਕੰਨਿਆਵਾਂ ਨੂੰ ਭੋਜ ਕਰਵਾਇਆ ਗਿਆ ਅਤੇ ਭੰਡਾਰਾ ਵਰਤਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਮੌਕੇ ਕੰਨਿਆਵਾਂ ਨੂੰ ਪੂਜਣ ਦਾ ਮਤਲਬ ਲੋਕਾਂ ਨੂੰ ਕੰਨਿਆਂ ਭਰੂਣ ਹੱਤਿਆ ਖ਼ਿਲਾਫ਼ ਜਾਗਰੂਕ ਕਰਨ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਵੇਦ ਪ੍ਰਕਾਸ਼ ਸੋਨੂੰ, ਸੁਖਵਿੰਦਰ ਸਿੰਘ ਭੰਡਾਰੀ, ਸੰਦੀਪ ਕੁਮਾਰ ਬਾਂਸਲ, ਪਵਨ ਕੁਮਾਰ, ਆਸ਼ੂ ਬਾਂਸਲ, ਵਿਨੋਦ ਰਾਣੀ, ਵੀਨਾ ਰਾਣੀ, ਵੇਦ ਪ੍ਰਕਾਸ਼ ਸੋਨੂੰ, ਕੇਵਲ ਕ੍ਰਿਸ਼ਨ ਗਰਗ ਆਦਿ ਨੇ ਭੰਡਾਰਾ ਵਰਤਾਉਣ 'ਚ ਸੇਵਾ ਨਿਭਾਈ। ਪਿਛਲੇ ਪੰਜ ਸਾਲਾਂ ਤੋਂ ਬਿਨਾਂ ਨਾਗਾ ਅਸ਼ਟਮੀ ਦੀ ਕੜਾਹੀ ਦਾ ਭੰਡਾਰਾ ਲਾਇਆ ਜਾ ਰਿਹਾ ਹੈ।

# ਮਲੇਰੀਆ ਦਿਵਸ : ਝੁੱਗੀਆਂ ਵਿੱਚ ਜਾ ਕੇ ਬੁਖ਼ਾਰ ਨਾਲ ਪੀੜ੍ਹਤ ਪ੍ਰਵਾਸੀਆਂ ਦੀ ਕੀਤੀ ਮਲੇਰੀਆ ਜਾਂਚ

ਧਨੌਲਾ, 25 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਧਨੌਲਾ ਦੇ ਪ੍ਰਵਾਸੀ ਆਬਾਦੀ ਵਾਲੇ ਵੱਖ ਵੱਖ ਇਲਾਕਿਆਂ ਦਾ ਦੌਰਾ ਕਰਕੇ ਮਲੇਰੀਆ ਦੇ ਸ਼ੱਕੀ ਮਰੀਜ਼ਾਂ ਦਾ ਫੀਵਰ ਸਰਵੇ ਕੀਤਾ ਗਿਆ, ਤਾਂ ਜੋ ਰੋਗ ਦਾ ਪਤਾ ਲਗਾ ਕੇ ਸਮੇਂ ਸਿਰ ਇਲਾਜ ਸ਼ੁਰੂ ਕੀਤਾ ਜਾ ਸਕੇ। ਵਿਸ਼ਵ ਮਲੇਰੀਆ ਦਿਵਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਐੱਸ.ਆਈ ਪਰਵਿੰਦਰ ਸਿੰਘ, ਹਰਜਿੰਦਰ ਸਿੰਘ ਅਤੇ ਦਰਸ਼ਪ੍ਰੀਤ ਸਿੰਘ ਦੀ ਅਗਵਾਈ ਵਾਲੀ ਟੀਮ ਵੱਲੋਂ ਬਲਾਕ ਧਨੌਲਾ ਦੇ ਝੁੱਗੀਆਂ, ਝੌਂਪੜੀਆਂ ਵਾਲੇ ਇਲਾਕਿਆਂ ਦਾ ਦੌਰਾ ਕੀਤਾ ਗਿਆ ਅਤੇ ਇਸ ਦੌਰਾਨ ਕਈ ਦਿਨਾਂ ਤੋਂ ਬੁਖ਼ਾਰ ਨਾਲ ਪੀੜ੍ਹਤ ਪ੍ਰਵਾਸੀਆਂ ਦਾ ਫੀਵਰ ਸਰਵੇ ਕੀਤਾ ਗਿਆ। ਡਾਕਟਰ ਔਜਲਾ ਨੇ ਦੱਸਿਆ ਕਿ ਕੋਈ ਵੀ ਬੁਖ਼ਾਰ ਮਲੇਰੀਆ ਜਾਂ ਡੇਂਗੂ ਹੋ ਸਕਦਾ ਹੈ, ਇਸ ਕਰਕੇ ਬੁਖ਼ਾਰ ਹੋਣ ਦੀ ਸੂਰਤ ਵਿੱਚ ਅਣਗਹਿਲੀ ਨਾ ਵਰਤੀ ਜਾਵੇ ਅਤੇ ਤੁਰੰਤ ਨੇੜਲੇ ਸਿਹਤ ਕੇਂਦਰ ਵਿੱਚ ਚੈੱਕ-ਅਪ ਅਤੇ ਖ਼ੂਨ ਦੀ ਜਾਂਚ ਕਰਵਾਈ ਜਾਵੇ, ਤਾਂ ਜੋ ਸਮੇਂ ਸਿਰ ਸਹੀ ਇਲਾਜ ਹੋ ਸਕੇ। ਉਹਨਾਂ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਦਾ ਟੈਸਟ ਅਤੇ ਮਲੇਰੀਆ ਦੀ ਜਾਂਚ ਤੇ ਇਲਾਜ ਬਿਲਕੁੱਲ ਮੁਫ਼ਤ ਕੀਤਾ ਜਾਂਦਾ ਹੈ। ਐੱਸ.ਐੱਮ.ਆਈ ਹਰਜਿੰਦਰ ਸਿੰਘ ਅਤੇ ਦਰਸ਼ਪ੍ਰੀਤ ਸਿੰਘ ਨੇ ਦੱਸਿਆ ਕਿ ਫ਼ੀਵਰ ਸਰਵੇ ਕਰਨ ਵਾਲੀ ਟੀਮ ਵਿਚ ਮਲਟੀਪਰਪਜ਼ ਹੈਲਥ ਵਰਕਰ ਲਖਵਿੰਦਰ ਸਿੰਘ, ਕੁਲਦੀਪ ਸਿੰਘ ਵਿਰਕ ਅਤੇ ਗੁਰੂ ਨਾਨਕ ਦੇਵ ਨਰਸਿੰਗ ਸਕੂਲ, ਬਰਨਾਲਾ ਦੇ ਵਿਦਿਆਰਥੀ ਲੋਮਹਰਸ਼, ਬਲਵਿੰਦਰ ਸਿੰਘ, ਸੁਖਮਨਪ੍ਰੀਤ, ਸੁਖਪ੍ਰੀਤ, ਜਸਪ੍ਰੀਤ, ਰਮਨ, ਲਖਵੀਰ, ਨੀਤਾ ਅਤੇ ਸੁਮਨਦੀਪ ਸ਼ਾਮਲ ਸਨ।



# ਸਿਵਲ ਡਿਫੈਂਸ ਬਰਨਾਲਾ ਵੱਲੋਂ ਮੌਕ ਅਭਿਆਸ



ਬਰਨਾਲਾ, 25 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਿਵਿਲ ਡਿਫੈਂਸ ਬਰਨਾਲਾ ਵੱਲੋਂ ਟ੍ਰਾਈਡੈਂਟ ਗਰੁੱਪ ਦੇ ਸ਼੍ਰੀ ਅਰੁਣ ਮੈਮੋਰੀਅਲ ਕੈਂਪਸ ਵਿਖੇ ਬੀਤੀ ਸ਼ਾਮ ਫਾਇਰ ਫਾਇਰਿੰਗ/ਏਅਰ ਰੇਡ/ ਬਲੈਕਆਊਟ ਦਾ ਮੌਕ ਅਭਿਆਸ ਕੀਤਾ ਗਿਆ।ਇਹ ਮੌਕ ਡਰਿੱਲ ਗ੍ਰਹਿ ਮੰਤਰਾਲਾ ਭਾਰਤ ਸਰਕਾਰ ਦੇ ਆਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ਼੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਅਤੇ ਐਸਐਸਪੀ ਸਰਫ਼ਰਾਜ਼ ਮੁਹੰਮਦ ਆਲਮ ਆਈ ਪੀ ਐੱਸ ਦੇ ਨਿਰਦੇਸ਼ਾਂ ਤਹਿਤ ਕੀਤੀ ਗਈ। ਡਰਿੱਲ ਅਭਿਆਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਆਈ ਏ ਐੱਸ ਨੇ ਕੀਤੀ। ਇਸ ਮੌਕੇ ਤਹਿਸੀਲਦਾਰ ਕੁਲਦੀਪ ਸਿੰਘ, ਨਾਇਬ ਤਹਿਸਲਦਾਰ ਅਸ਼ਵਨੀ ਜੈਨ, ਪੰਜਾਬ ਹੋਮ ਗਾਰਡਜ਼ ਤੇ ਸਿਵਲ ਡਿਫੈਂਸ ਸੰਗਰੂਰ/ਬਰਨਾਲਾ ਦੇ ਕਮਾਂਡੈਂਟ ਰਛਪਾਲ ਸਿੰਘ ਦੇ ਨਿਰਦੇਸ਼ 'ਤੇ ਕੰਪਨੀ ਕਮਾਂਡਰ ਗੁਰਸੇਵਕ ਸਿੰਘ, ਸੀਡੀਆਈ ਜਤਿੰਦਰ ਕੁਮਾਰ, ਅਮਨਦੀਪ ਸਿੰਘ ਆਪਣੀ ਸਮੁੱਚੀ ਟੀਮ, ਫਾਇਰ ਬ੍ਰਿਗੇਡ ਅਤੇ ਸਿਹਤ ਵਿਭਾਗ ਟੀਮ ਨਾਲ ਪਹੁੰਚੇ। ਸਿਵਿਲ ਡਿਫੈਂਸ ਬਰਨਾਲਾ ਦੇ ਚੀਫ ਵਾਰਡਨ ਸ਼੍ਰੀ ਮੋਹਿੰਦਰ ਕਪਿਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮੌਕ ਡਰਿੱਲ ਦੌਰਾਨ 22+22 ਹੋਮ ਗਾਰਡ ਜਵਾਨਾਂ ਅਤੇ ਸਿਵਿਲ ਡਿਫੈਂਸ ਦੇ ਕਰੀਬ 30 ਮੈਂਬਰਾਂ ਨੇ ਰਾਤ ਦੇ ਸਮੇਂ ਜ਼ਿਲ੍ਹੇ ਦੇ ਵੱਖ ਵੱਖ ਥਾਂਵਾਂ 'ਤੇ ਸਥਾਪਿਤ 22 ਸਾਇਰਨ ਕੰਟਰੋਲ ਅਤੇ ਐਕਟਿਵ ਕੀਤੇ। ਇਸ ਮੌਕੇ ਟਰਾਈਡੈਂਟ ਗਰੁਪ ਤੋਂ ਗਰੁੱਪ ਐਡਮਨ ਰੁਪਿੰਦਰ ਗੁਪਤਾ, ਸੀਨੀਅਰ ਅਧਿਕਾਰੀ ਮੈਡਮ ਸਵਿਤਾ, ਸਿਵਲ ਡਿਫੈਂਸ ਬਰਨਾਲਾ ਦੇ ਪੋਸਟ ਵਾਰਡਨ ਜਗਰਾਜ ਸਿੰਘ ਪੰਡੋਰੀ, ਸਾਹਿਲ ਗੁਲਾਟੀ ਜੀ ਅਤੇ ਪਵਨ ਸਿੰਗਲਾ ਸਮੇਤ ਟਰਾਈਡੈਂਟ ਗਰੁੱਪ ਦੀ ਫਾਇਰ ਬ੍ਰਿਗੇਡ, ਹੈਲਥ, ਫੋਟੋਗ੍ਰਾਫੀ ਅਤੇ ਸਿਵਿਲ ਡਿਫੈਂਸ ਨਾਲ ਸਬੰਧਤ ਸਮੂਹ ਟੀਮਾਂ ਨੇ ਸਿਵਿਲ ਡਿਫੈਂਸ ਸੋਲਜ਼ਰਾਂ ਦਾ ਮੌਕ ਡਰਿੱਲ ਲਈ ਸਹਿਯੋਗ ਦਿੱਤਾ ਗਿਆ। ਸ੍ਰੀ ਕਪਿਲ ਨੇ ਦੱਸਿਆ ਕਿ ਸਿਵਿਲ ਡਿਫੈਂਸ ਦੇ ਮਹਿਲਾ ਸੋਲਜ਼ਰ ਆਪਣੇ ਘਰ ਦੇ ਰੁਝੇਵੇਂ ਇੱਕ ਪਾਸੇ ਰੱਖਕੇ ਦੇਸ਼ ਦੀ ਰੱਖਿਆ ਅਤੇ ਨਾਗਰਿਕ ਸੁਰੱਖਿਆ ਲਈ ਆਪੋ ਆਪਣੀ ਡਿਊਟੀ ਦੀ ਇੰਨ ਬਿੰਨ ਪਾਲਣਾ ਸਮੇਂ ਸਮੇਂ ਉੱਤੇ ਕਰਦੇ ਹਨ ਅਤੇ ਅਭਿਆਸ ਦੌਰਾਨ ਵੀ ਕੀਤੀ। ਇਸ ਮੌਕੇ ਸਿਵਿਲ ਡਿਫੈਂਸ ਦੇ ਡਿਪਟੀ ਚੀਫ਼ ਵਾਰਡਨ ਚਰਨਜੀਤ ਕੁਮਾਰ ਮਿੱਤਲ, ਪੋਸਟ ਵਾਰਡਨ ਅਸ਼ੋਕ ਕੁਮਾਰ, ਪੋਸਟ ਵਾਰਡਨ ਰਜਿੰਦਰ ਕੌਰ, ਪੋਸਟ ਵਾਰਡਨ ਅਤੇ ਸੀਨੀਅਰ ਜਰਨਲਿਸਟ ਅਖਿਲੇਸ਼ ਬਾਂਸਲ, ਸੀਪੀਆਰ ਮਾਹਿਰ ਨਿਸ਼ਚਲ ਸੋਨੂੰ, ਰੈੱਡ ਕਰਾਸ ਵਿਭਾਗ ਦੇ ਮੁੱਖ ਟ੍ਰੇਨਰ ਅਸ਼ੀਸ਼ ਪਾਲ ਵੀ ਹਾਜ਼ਰ ਸਨ।

# ਆਈ.ਐਮ.ਓ. 'ਚ ਚਮਕਦੇ ਗੋਲਡ ਮੈਡਲਿਜ਼

## ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



ਬਰਨਾਲਾ, 25 ਅਪ੍ਰੈਲ (ਹਮੀਰ ਸਿੰਘ): ਵਾਈ ਐਸ ਸਕੂਲ ਵਿੱਚ ਐਚੀਵਰਜ਼ ਐਵਾਰਡ ਸਮਾਰੋਹ ਬੜੀ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਨੇ ਹਰ ਇਕ ਨੂੰ ਪ੍ਰੇਰਿਤ ਕਰਨ ਵਾਲਾ ਮਾਹੌਲ ਪੈਦਾ ਕੀਤਾ।ਇਸ ਮੌਕੇ 'ਤੇ ਓਲੰਪਿਆਡ (IMO, IEO, NSO, ISSO) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਗੋਲਡ ਮੈਡਲਿਸਟ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ, ਨਾਲ ਹੀ ਖੇਡਾਂ ਵਿੱਚ ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਪ੍ਰਾਪਤ ਕੀਤੀਆਂ ਉਪਲੱਬਧੀਆਂ ਲਈ ਵੀ ਵਿਦਿਆਰਥੀਆਂ ਨੂੰ ਮੰਚ 'ਤੇ ਸਨਮਾਨਿਤ ਕੀਤਾ । ਸਮਾਰੋਹ ਦੀ ਖਾਸ ਆਕਰਸ਼ਣ ਪਰਾਊਡ ਵਾਕ ਵਿਦ ਪੇਰੇਂਟਸ ਰਹੀ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਮਾਪਿਆਂ ਨਾਲ ਬੜੇ ਮਾਣ ਨਾਲ ਹਿੱਸਾ ਲਿਆ ਗਿਆ। ਸਮਾਰੋਹ ਦੀ ਸ਼ੋਭਾ ਵਧਾਉਂਦੇ ਹੋਏ ਅੱਜ ਦੇ ਮੁੱਖ ਮਹਿਮਾਨ ਵਜੋਂ ਮਿਸ ਰਾਜਨੀ (ਦੇਵਿਕ ਦੀ ਮਾਤਾ) ਅਤੇ ਮਿਸਟਰ ਰਾਜਪਾਲ (ਇੰਸਪੈਕਟਰ) ਨੇ ਆਪਣੀ ਹਾਜ਼ਰੀ ਨਾਲ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉੱਚੀਆਂ ਉਡਾਣਾਂ ਭਰਨ ਲਈ ਪ੍ਰੇਰਿਤ ਕੀਤਾ। ਇਹ ਸਮਾਰੋਹ ਸਿਰਫ਼ ਇਨਾਮ ਵੰਡ ਸਮਾਰੋਹ ਹੀ ਨਹੀਂ, ਸਗੋਂ ਮਿਹਨਤ, ਲਗਨ ਅਤੇ ਸਫਲਤਾ ਦਾ ਜਸ਼ਨ ਬਣ ਗਿਆ, ਜਿਸ ਨੇ ਹਰ ਕਿਸੇ ਦੇ ਦਿਲ 'ਚ ਇੱਕ ਖਾਸ ਛਾਪ ਛੱਡੀ।

# ਐਸ.ਬੀ.ਐਸ. ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਵਿਦਿਆਰਥੀ ਕੌਂਸਲ ਚੋਣਾਂ ਕਰਵਾਈਆਂ



ਬਰਨਾਲਾ, 25 ਅਪ੍ਰੈਲ (ਹਮੀਰ ਸਿੰਘ) : ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਵਿਦਿਆਰਥੀਆਂ ਵਿੱਚ ਨੇਤ੍ਰਿਤਵ ਗੁਣਾਂ ਨੂੰ ਵਿਕਸਤ ਕਰਨ ਅਤੇ ਲੋਕਤੰਤਰਕ ਪ੍ਰਣਾਲੀ ਬਾਰੇ ਜਾਣਕਾਰੀ ਪ੍ਰਦਾਨ ਕਰਨ ਦੇ ਉਦੇਸ਼ ਨਾਲ ਵਿਦਿਆਰਥੀ ਕੌਂਸਲ ਦੀਆਂ ਚੋਣਾਂ ਕਰਵਾਈਆਂ ਗਈਆਂ। ਇਸ ਚੋਣ ਪ੍ਰਕਿਰਿਆ ਵਿੱਚ ਹਾਊਸ ਕੈਪਟਨ, ਹੈੱਡ ਗਰਲ, ਹੈੱਡ ਬੁਆਏ, ਸਪੋਰਟਸ ਹੈੱਡ ਗਰਲ, ਸਪੋਰਟਸ ਹੈੱਡ ਬੁਆਏ ਅਤੇ ਡਿਸ਼ਪਲਿਨ ਇੰਚਾਰਜ ਦੇ ਅਹੁਦਿਆਂ ਲਈ ਚੋਣਾਂ ਕਰਵਾਈਆਂ ਗਈਆਂ। ਇਸ ਮੌਕੇ 'ਤੇ ਕਲਾਸ 7ਵੀਂ ਤੋਂ 9ਵੀਂ ਤੱਕ ਦੇ ਵਿਦਿਆਰਥੀਆਂ ਨੇ ਆਪਣੇ ਨਾਮ ਦਰਜ ਕਰਵਾਏ। ਉਮੀਦਵਾਰਾਂ ਨੇ ਚੋਣਾਂ ਦੌਰਾਨ ਬਹੁਤ ਹੀ ਸਰਗਰਮ ਭੂਮਿਕਾ ਨਿਭਾਈ ਅਤੇ ਵੋਟਾਂ ਪ੍ਰਾਪਤ ਕਰਨ ਲਈ ਪ੍ਰਚਾਰ ਕੀਤਾ। ਉਨ੍ਹਾਂ ਨੇ ਆਪਣਾ ਮੈਨੀਫੈਸਟੋ ਪੇਸ਼ ਕਰਦੇ ਹੋਏ ਸਕੂਲ ਦੇ ਵਿਕਾਸ, ਅਨੁਸ਼ਾਸਨ ਨੂੰ ਮਜ਼ਬੂਤ ਕਰਨ, ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਤੇ ਹੱਲ ਕਰਨ ਦੇ ਵਾਅਦੇ ਕੀਤੇ। ਚੋਣ ਪ੍ਰਕਿਰਿਆ ਵਿੱਚ ਕਲਾਸ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੀ ਵੋਟ ਦਾ ਸਹੀ ਉਪਯੋਗ ਕੀਤਾ। ਸਕੂਲ ਵਿੱਚ ਵੋਟਿੰਗ ਦੀ ਪੂਰੀ ਪ੍ਰਕਿਰਿਆ ਬਹੁਤ ਹੀ ਸੁਚੱਜੇ ਅਤੇ ਅਨੁਸ਼ਾਸਨਬੱਧ ਢੰਗ ਨਾਲ ਸੰਪੰਨ ਹੋਈ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਚੋਣਾਂ ਵਿਦਿਆਰਥੀਆਂ ਲਈ ਇੱਕ ਮਹੱਤਵਪੂਰਨ ਅਨੁਭਵ ਹਨ, ਜਿਸ ਨਾਲ ਉਹ ਭਵਿੱਖ ਵਿੱਚ ਇੱਕ ਜ਼ਿੰਮੇਵਾਰ ਨਾਗਰਿਕ ਬਣ ਸਕਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਫਰਜਾਂ ਨੂੰ ਇਮਾਨਦਾਰੀ ਨਾਲ ਨਿਭਾਉਣ। ਸਕੂਲ ਦੀ ਪ੍ਰਿੰਸੀਪਲ ਕਮਲਜੀਤ ਕੌਰ ਜੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਚੋਣਾਂ ਨਾਲ ਵਿਦਿਆਰਥੀਆਂ ਵਿੱਚ ਸਹਿਯੋਗ ਅਤੇ ਆਤਮਵਿਸ਼ਵਾਸ ਦੇ ਗੁਣ ਵਿਕਸਤ ਹੁੰਦੇ ਹਨ। ਉਨ੍ਹਾਂ ਨੇ ਸਾਰੇ ਉਮੀਦਵਾਰਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਕਿਰਿਆ ਉਨ੍ਹਾਂ ਨੂੰ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰੇਗੀ।

# ਪਾਵਰ ਕਾਮ ਵੱਲੋਂ ਲਗਾਏ ਜਾ ਰਹੇ ਲੰਬੇ ਬਿਜਲੀ ਕੱਟਾਂ ਤੋਂ ਲੋਕ ਪ੍ਰੇਸ਼ਾਨ



ਭਦੌੜ, 25 ਅਪ੍ਰੈਲ (ਸੁਖਵਿੰਦਰ ਪਲਾਹਾ) : ਬੇਸ਼ੱਕ ਕਣਕ ਦੀ ਕਟਾਈ ਬਿਲਕੁੱਲ ਮੁਕੰਮਲ ਹੋ ਚੁੱਕੀ ਹੈ ਅਤੇ ਕਿਸਾਨਾਂ ਦੇ ਖੇਤ ਵੀ ਖਾਲੀ ਹੋ ਚੁੱਕੇ ਹਨ, ਪਰ ਅਜੇ ਤੱਕ ਇਹ ਗੱਲ ਸਮਝ ਨਹੀਂ ਆਈ ਕਿ ਬਿਜਲੀ ਦੇ ਕੱਟ ਹੁਣ ਵੀ ਲਗਾਤਾਰ ਕਿਉਂ ਜਾਰੀ ਚੱਲ ਰਹੇ ਹਨ, ਕਿਉਂਕਿ ਇਸ ਤੋਂ ਪਹਿਲਾਂ ਤਾਂ ਬਿਜਲੀ ਬੋਰਡ ਪਾਵਰ ਕੱਟ ਦਾ ਇਹ ਕਹਿ ਕੇ ਪੱਲਾ ਝਾੜ ਦਿੰਦੇ ਸੀ ਕਿ ਬਿਜਲੀ ਸਰਕਟ ਕਾਰਨ ਪੱਕੀ ਹੋਈ ਕਣਕ ਦੀ ਫ਼ਸਲ ਨੂੰ ਅੱਗ ਲੱਗਣ ਦਾ ਖਤਰਾ ਬਣਿਆ ਰਹਿੰਦਾ ਹੈ, ਪਰ ਹੁਣ ਤਾਂ ਖੇਤਾਂ ਵਿੱਚ ਤੂੜੀ ਬਣਾਉਣ ਵਾਲਾ ਟਾਂਗਰ ਵੀ ਨਹੀਂ ਬਚਿਆ, ਫਿਰ ਬਿਜਲੀ ਬੋਰਡ ਵੱਲੋਂ ਲੰਬੇ ਲੰਬੇ ਕੱਟ ਲਗਾ ਕੇ ਲੋਕਾਂ ਦੇ ਨੱਕ ਵਿੱਚ ਦਮ ਕਿਉਂ ਕੀਤਾ ਹੋਇਆ ਹੈ। ਲਾਗਲੇ ਪਿੰਡ ਦੇ ਵਸਨੀਕ ਨਿੱਕਾ ਜੰਗੀਆਣਾਂ ਨੇ ਦੱਸਿਆ ਕਿ ਸਾਡਾ ਪਿੰਡ ਭਦੌੜ ਤੋਂ ਸਿਰਫ ਪੰਜ ਕਿੱਲੋਮੀਟਰ ਪੈਂਦਾ ਹੈ, ਪਰ ਜੰਗੀਆਣਾ ਵਿੱਚ ਸਵੇਰ ਤੋਂ ਹੀ ਲਾਈਟ ਨੂੰ ਕੱਟ ਦਿੱਤਾ ਜਾਂਦਾ ਹੈ ਅਤੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਬੀਤੀ ਰਾਤ ਵੀ ਬਿਜਲੀ ਬੋਰਡ ਵੱਲੋਂ ਭਦੌੜ ਵਿੱਚ ਪੂਰੀ ਤਰ੍ਹਾਂ ਬਲੈਕ ਆਊਟ ਕਰਨ ਤੋਂ ਬਾਅਦ ਵੀ ਰਾਤ ਨੂੰ ਤਕਰੀਬਨ ਸਾਢੇ 12 ਵਜੇ ਦੁਬਾਰਾ ਫਿਰ ਬਿਜਲੀ ਕੱਟ ਲਗਾ ਦਿੱਤਾ ਗਿਆ। ਇਸ ਕਾਰਨ ਲੋਕਾਂ ਨੂੰ ਮੱਛਰ ਵਿੱਚ ਬੈਠ ਕੇ ਰਾਤ ਗੁਜ਼ਾਰਨ ਲਈ ਮਜਬੂਰ ਹੋਣਾ ਪਿਆ। ਇਸ ਸਬੰਧੀ ਜਾਣਕਾਰੀ ਲੈਣ ਲਈ ਜਦੋਂ ਬਿਜਲੀ ਬੋਰਡ ਦੇ ਐਸ ਡੀ ਓ ਮਨੀਸ਼ ਕੁਮਾਰ ਗਰਗ ਨਾਲ ਗੱਲ ਕਰਨੀ ਚਾਹੀ ਤਾਂ ਉਹਨਾਂ ਨੇ ਫੋਨ ਚੁੱਕਣਾ ਮੁਨਾਸਬ ਨਹੀਂ ਸਮਝਿਆ। ਇਹਨਾਂ ਲੱਗ ਰਹੇ ਕੱਟਾਂ ਸਬੰਧੀ ਬਿਜਲੀ ਬੋਰਡ ਦੇ ਜੇਈ ਨਵਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਾਵਰ ਕੰਟਰੋਲ ਪਟਿਆਲਾ ਵੱਲੋਂ ਹੀ ਸਾਨੂੰ ਦਿਸ਼ਾ ਨਿਰਦੇਸ਼ ਜਾਂਦੇ ਹਨ, ਜਿਸ ਦੇ ਤਹਿਤ ਹੀ ਬਿਜਲੀ ਕੱਟ ਲਗਾਏ ਜਾਂਦੇ ਹਨ, ਕਿਉਂਕਿ ਬਿਜਲੀ ਦੀ ਖ਼ਪਤ ਜ਼ਿਆਦਾ ਹੋਣ ਕਾਰਨ ਪਾਵਰ ਕੰਟਰੋਲ ਬੋਰਡ ਪਟਿਆਲਾ ਵੱਲੋਂ ਸੰਬੰਧਤ ਬਿਜਲੀ ਗਰਿੱਡਾਂ ਨੂੰ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ।

# ਕੈਂਪਸ ਤੋਂ ਦਲਾਲ ਸਟ੍ਰੀਟ ਤੱਕ : ਆਰੀਆਭੱਟਾ ਗਰੁੱਪ ਵਿੱਚ 9 ਮਈ ਨੂੰ ਸਟਾਕ ਮਾਰਕੀਟ ਸੈਮੀਨਾਰ

ਬਰਨਾਲਾ, 25 ਅਪ੍ਰੈਲ ( ਬਘੇਲ ਸਿੰਘ ਧਾਲੀਵਾਲ) : ਬਰਨਾਲਾ ਦੇ ਮਸ਼ਹੂਰ ਸਿੱਖਿਆ ਸੰਸਥਾਨ ਆਰੀਆਭੱਟਾ ਗਰੁੱਪ ਆਫ ਇੰਸਟੀਚਿਊਟਸ ਵੱਲੋਂ ਵਿਦਿਆਰਥੀਆਂ ਦੀ ਕਰੀਅਰ ਉੱਨਤੀ ਅਤੇ ਵਿੱਤੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ 9 ਮਈ 2026 (ਸ਼ਨੀਵਾਰ) ਨੂੰ "Campus to Dalal Street – Secrets of Stock Market" ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਪ੍ਰੋਗਰਾਮ ਸਵੇਰੇ 11:00 ਵਜੇ ਕਾਲਜ ਕੈਂਪਸ ਵਿੱਚ ਹੋਵੇਗਾ, ਜਿਸ ਵਿੱਚ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਦੇ ਨਾਲ ਚਾਰਟਡ ਅਕਾਊਂਟੈਂਟਸ, ਬੈਂਕ ਮੈਨੇਜਰ ਅਤੇ ਸਟਾਕ ਮਾਰਕੀਟ ਵਿੱਚ ਰੁਚੀ ਰੱਖਣ ਵਾਲੇ ਲੋਕ ਭਾਗ ਲੈਣਗੇ। ਇਸ ਸੈਮੀਨਾਰ ਦੀ ਖਾਸ ਵਿਸ਼ੇਸ਼ਤਾ ਪ੍ਰਸਿੱਧ ਸਟਾਕ ਮਾਰਕੀਟ ਮਾਹਿਰ ਅਤੇ ਸਚਦੇਵਾ ਸਟਾਕਸ ਪ੍ਰਾਈਵੇਟ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਪਰਮਜੀਤ ਸਚਦੇਵਾ ਦੀ ਹਾਜ਼ਰੀ ਹੋਵੇਗੀ, ਜੋ ਨੈਸ਼ਨਲ ਸਟਾਕ ਐਕਸਚੇਂਜ ਅਤੇ ਬੰਬੇ ਸਟਾਕ ਐਕਸਚੇਂਜ ਦੇ ਮੈਂਬਰ ਹਨ। ਉਹ ਆਪਣੇ 35 ਸਾਲਾਂ ਦੇ ਅਨੁਭਵ ਦੇ ਆਧਾਰ 'ਤੇ ਸਟਾਕ ਮਾਰਕੀਟ ਦੇ ਅਸਲੀ ਤਜਰਬੇ, ਨਿਵੇਸ਼ ਦੇ ਤਰੀਕੇ, ਰਿਸਕ ਮੈਨੇਜਮੈਂਟ ਅਤੇ ਲੰਬੇ ਸਮੇਂ ਦੀ ਵੈਲਥ ਕ੍ਰੀਏਸ਼ਨ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਨਗੇ। ਇਸ ਮੌਕੇ 'ਤੇ ਉਹ ਆਪਣੇ ਅਖਬਾਰ ਵੇਚਣ ਤੋਂ ਕਰੋੜਾਂ ਦੀ ਕੰਪਨੀ ਬਣਾਉਣ ਤੱਕ ਦੇ ਪ੍ਰੇਰਣਾਦਾਇਕ ਸਫ਼ਰ ਬਾਰੇ ਵੀ ਵਿਦਿਆਰਥੀਆਂ ਨਾਲ ਸਾਂਝ ਪਾਉਣਗੇ। ਆਰੀਆਭੱਟਾ ਗਰੁੱਪ ਦੇ ਚੇਅਰਮੈਨ ਇੰਜੀਨੀਅਰ ਰਕੇਸ਼ ਗੁਪਤਾ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਰਾਜੀਵ ਮੰਗਲਾ, ਵਿੱਕੀ ਸਿੰਗਲਾ, ਇੰਦਰਪਾਲ ਗੋਇਲ, ਹਰਭਜਨ ਸਿੰਘ, ਮੋਹਿਤ ਮੰਗਲਾ ਅਤੇ ਅਸ਼ਵਨੀ ਸਿੰਗਲਾ ਨੇ ਦੱਸਿਆ ਕਿ ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਸਿਧਾਂਤਕ ਗਿਆਨ ਤੱਕ ਸੀਮਿਤ ਨਾ ਰੱਖ ਕੇ ਉਨ੍ਹਾਂ ਨੂੰ ਪ੍ਰੈਕਟੀਕਲ ਜਾਣਕਾਰੀ ਦੇ ਨਾਲ ਜੋੜਨਾ ਹੈ, ਤਾਂ ਜੋ ਉਹ ਅਸਲ ਜ਼ਿੰਦਗੀ ਵਿੱਚ ਸੂਝਵੰਦੇ ਫਾਇਨੈਂਸ਼ਲ ਫੈਸਲੇ ਲੈ ਸਕਣ। ਇਸ ਦੌਰਾਨ ਮਾਰਕੀਟ ਟ੍ਰੈਂਡਸ, ਚਾਰਟ ਐਨਾਲਿਸਿਸ, ਇਨਵੈਸਟਮੈਂਟ ਪਲਾਨਿੰਗ ਅਤੇ ਡੇ-ਟ੍ਰੇਡਿੰਗ ਵਰਗੇ ਵਿਸ਼ਿਆਂ 'ਤੇ ਵੀ ਚਰਚਾ ਕੀਤੀ ਜਾਵੇਗੀ। ਕਾਲਜ ਦੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਫਾਇਨੈਂਸ਼ਲ ਲਿਟਰੇਸੀ ਬਹੁਤ ਜ਼ਰੂਰੀ ਹੈ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਕੈਂਪਸ ਤੋਂ ਕਾਰਪੋਰੇਟ ਦੁਨੀਆਂ ਤੱਕ ਦੀ ਯਾਤਰਾ ਲਈ ਤਿਆਰ ਕਰਦੇ ਹਨ। ਡੀਨ ਅਕੈਡਮਿਕਸ ਡਾ. ਭਾਵੇਤ ਗਰਗ ਨੇ ਵੀ ਕਿਹਾ ਕਿ ਇਹ ਸੈਮੀਨਾਰ ਵਿਦਿਆਰਥੀਆਂ ਨੂੰ ਮਾਰਕੀਟ ਇਨਸਾਈਟਸ ਅਤੇ ਸਮਾਰਟ ਨਿਵੇਸ਼ ਸਟ੍ਰੈਟੇਜੀਜ਼ ਸਿੱਖਣ ਦਾ ਵਧੀਆ ਮੌਕਾ ਪ੍ਰਦਾਨ ਕਰੇਗਾ।ਸਮਾਗਮ ਦੇ ਕੋਆਰਡੀਨੇਟਰਾਂ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਇਸ ਮਹੱਤਵਪੂਰਨ ਸੈਮੀਨਾਰ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ ਹੈ। ਵਿਦਿਆਰਥੀਆਂ ਵਿੱਚ ਇਸ ਪ੍ਰੋਗਰਾਮ ਲਈ ਕਾਫੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਉਮੀਦ ਹੈ ਕਿ ਇਹ ਇਵੈਂਟ ਉਨ੍ਹਾਂ ਦੇ ਭਵਿੱਖ ਲਈ ਮੀਲ ਪੱਥਰ ਸਾਬਤ ਹੋਵੇਗਾ।

# ਘਰ ਦੀਆਂ ਛੱਤਾਂ 'ਤੇ ਪੰਛੀਆਂ ਦੀ ਸੇਵਾ ਲਈ ਪਾਣੀ, ਦਾਣੇ ਰੱਖਣਾ ਅਤੇ ਦਰੱਖਤਾਂ 'ਤੇ ਆਲ੍ਹਣੇ ਟੰਗਣਾ ਸਭ ਤੋਂ ਵੱਡਾ ਪੁੰਨ



ਬਰਨਾਲਾ, 25 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਛੀਆਂ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ। ਇਹ ਸਾਡੇ ਵਾਤਾਵਰਨ ਨੂੰ ਸਾਫ਼ ਸੁਥਰਾ ਰੱਖਣ ਵਿੱਚ ਅਹਿਮ ਰੋਲ ਅਦਾ ਕਰਦੇ ਹਨ। ਪੰਛੀਆਂ ਦੀ ਸੇਵਾ ਅਤੇ ਸੰਭਾਲ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਕਰਵਾਏ ਗਏ ਸੈਮੀਨਾਰ ਦੌਰਾਨ ਬੋਲਦਿਆਂ ਸੇਵਾ ਮੁਕਤ ਮੁਕਤ ਹੈੱਡਮਾਸਟਰ ਕੁਲਦੀਪ ਕੁਮਾਰ ਸ਼ਹਿਣੇ ਵਾਲੇ, ਕੁਦਰਤ ਪ੍ਰੇਮੀ ਤੇਜ਼ ਕੁਮਾਰ ਤੇਜ਼ੀ ਪਟਵਾਰੀ, ਸੰਜੀਵ ਸ਼ਰਮਾ ਚੇਅਰਮੈਨ ਮਨ ਮਸੀਹਾ ਫਾਉਂਡੇਸ਼ਨ ਬਰਨਾਲਾ, ਸਮਾਜ ਸੇਵੀ ਹੈਪੀ ਠੀਕਰੀਵਾਲਾ, ਸਮਾਜ ਸੇਵੀ ਵਿਸ਼ਨੂੰ ਸਿੰਗਲਾ ਐਮ ਡੀ ਸਨਪਾਰਕ ਹੋਟਲ ਅਤੇ ਐਡਵੋਕੇਟ ਤਲਵਿੰਦਰ ਸਿੰਘ ਮਸੌਣ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਬਰਨਾਲਾ ਨੇ ਕਿਹਾ ਕਿ ਬੇਜ਼ੁਬਾਨ ਪੰਛੀ ਵਾਤਾਵਰਣ ਨੂੰ ਸੰਤੁਲਿਤ ਰੱਖਣ ਚ ਮਦਦ ਕਰਦੇ ਹਨ। ਉਨ੍ਹਾਂ ਕਿਹਾ ਕਿ ਚਿੜੀਆਂ ਦੀ ਮਿੱਠੀ ਚਹਿਕ ਅਤੇ ਟਹਿਕ ਨੂੰ ਅੱਜ ਲੱਭਣਾ ਪੈ ਰਿਹਾ ਹੈ। ਸੈਮੀਨਾਰ ਆਯੋਜਿਤ ਕਰਨ ਦਾ ਮੰਤਵ ਅਲੋਪ ਹੋ ਰਹੇ ਪੰਛੀਆਂ ਵੱਲ ਧਿਆਨ ਦਿਵਾਉਣ ਅਤੇ ਇਨ੍ਹਾਂ ਨਿਰਦੋਸ਼ ਜ਼ਿੰਦਗੀਆਂ ਦੀ ਰੱਖਿਆ ਕਰਨ ਵੱਲ ਲੋਕਾਂ 'ਚ ਜਾਗਰੂਕਤ ਪੈਦਾ ਕਰਨਾ ਹੈ। ਕੁਦਰਤੀ ਸੰਤੁਲਨ ਨੂੰ ਬਣਾਈ ਰੱਖਣ ਲਈ ਪੰਛੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਾਨੂੰ ਚਿੜੀਆਂ ਦੀ ਸੰਭਾਲ ਕਰਨੀ ਚਾਹੀਦੀ ਹੈ। ਆਪਣੇ ਆਲੇ ਦੁਆਲੇ ਸੰਘਣੇ ਰੁੱਖ, ਬੋਗਨ ਵੇਲ, ਝਾੜੀਆਂ, ਕੰਡਿਆਲੇ ਬੂਟੇ ਲਾਉਣੇ ਚਾਹੀਦੇ ਹਨ ਤਾਂ ਜੋ ਚਿੜੀਆਂ ਆਪਣੇ ਆਲ੍ਹਣੇ ਬਣਾ ਕੇ ਆਪਣੇ ਆਪ ਨੂੰ ਸੁਰੱਖਿਅਤ ਰੱਖ ਸਕਣ। ਘਰਾਂ ਦੀਆਂ ਛੱਤਾਂ ਬਾਲਕੋਨੀ ਅਤੇ ਬਾਗਾਂ 'ਚ ਚਿੜੀਆਂ ਲਈ ਦਾਣੇ ਅਤੇ ਪਾਣੀ ਰੱਖਣਾ ਚਾਹੀਦਾ ਹੈ। ਜੈਵਿਕ ਖੇਤੀ ਕਰਕੇ ਚਿੜੀਆਂ ਦੀ ਜ਼ਿੰਦਗੀ ਨੂੰ ਸੁਰੱਖਿਅਤ ਬਣਾਇਆ ਜਾ ਸਕਦਾ ਹੈ। ਕੁਦਰਤ ਦੀ ਇਸ ਮਿੱਠੀ ਚਹਿਕ ਨੂੰ ਸਦੀਵੀ ਬਣਾਉਣ ਲਈ ਚਿੜੀਆਂ ਅਤੇ ਹੋਰ ਪੰਛੀਆਂ ਦੀ ਸਾਂਭ ਸੰਭਾਲ ਕਰੀਏ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪੰਛੀਆਂ ਦੇ ਸੁੰਦਰ ਸੰਗੀਤ ਨੂੰ ਸੁਣਨ ਦਾ ਮੌਕਾ ਮਿਲ ਸਕੇ।

# ਡਾ. ਭਵੇਤ ਗਰਗ ਦੇ ਪਿਤਾ ਗੋਬਿੰਦ ਗੋਪਾਲ ਗਰਗ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



ਬਰਨਾਲਾ, 25 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟ ਕਾਲਜ, ਬਰਨਾਲਾ ਦੇ ਡੀਨ (ਅਕਾਦਮਿਕ) ਡਾ. ਭਵੇਤ ਗਰਗ ਜੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪੂਜਨੀਕ ਪਿਤਾ ਸ੍ਰੀ ਗੋਬਿੰਦ ਗੋਪਾਲ ਗਰਗ ਜੀ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ। ਇਸ ਦੁਖਦਾਈ ਖ਼ਬਰ ਦਾ ਪਤਾ ਲੱਗਦਿਆਂ ਹੀ ਕਾਲਜ ਪ੍ਰਬੰਧਕੀ ਕਮੇਟੀ, ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ। ਕਾਲਜ ਦੇ ਚੇਅਰਮੈਨ ਇੰਜੀ. ਰਾਕੇਸ਼ ਕੁਮਾਰ ਗੁਪਤਾ ਜੀ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸ਼੍ਰੀ ਗੋਬਿੰਦ ਗੋਪਾਲ ਗਰਗ ਜੀ ਇੱਕ ਨੇਕ ਦਿਲ ਅਤੇ ਮਿਲਾਪੜੇ ਇਨਸਾਨ ਸਨ। ਉਨ੍ਹਾਂ ਦਾ ਚਲੇ ਜਾਣਾ ਪਰਿਵਾਰ ਅਤੇ ਸਮਾਜ ਲਈ ਇੱਕ ਨਾ ਪੂਰਿਆ ਜਾਣ ਵਾਲਾ ਘਾਟਾ ਹੈ। ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਜੀ ਸਮੂਹ ਮੈਨੇਜਮੈਂਟ ਮੈਂਬਰ ਸ਼੍ਰੀ ਹਰਭਜਨ ਸਿੰਘ ਜੀ, ਸ਼੍ਰੀ ਅਸ਼ਵਨੀ ਕੁਮਾਰ ਜੀ, ਸ਼੍ਰੀ ਇੰਦਰਪਾਲ ਗੋਇਲ ਜੀ, ਸ਼੍ਰੀ ਰਾਜੀਵ ਮੰਗਲਾ ਜੀ, ਸ਼੍ਰੀ ਨਰੇਸ਼ ਕੁਮਾਰ ਜੀ, ਸ਼੍ਰੀ ਮੋਹਿਤ ਮੰਗਲਾ ਜੀ ਅਤੇ ਸ਼੍ਰੀ ਰੋਹਿਤ ਮੰਗਲਾ ਜੀ ਅਤੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਨੇ ਗਰਗ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਰਹਿ ਗਏ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਬ੍ਰਿਲੀਐਂਟ ਸਕੂਲ ਵਿੱਚ ਹਾਊਸ ਚੋਣ ਪ੍ਰਕਿਰਿਆ ਸ਼ੁਰੂ, ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੇ ਗੁਣਾਂ ਨੂੰ ਮਿਲੀ ਪ੍ਰੇਰਨਾ




ਬਰਨਾਲਾ, 25 ਅਪ੍ਰੈਲ ( ਇਸ਼ੇਨ ਕੰਗ) : ਬ੍ਰਿਲੀਐਂਟ ਸਕੂਲ ਪੱਖੋ ਕਲਾਂ, ਜੋ ਕਿ ਸੰਤ ਬਾਬਾ ਚਰਨਪੁਰੀ ਅਤੇ ਐੱਮ.ਡੀ. ਮੈਡਮ ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਚੱਲ ਰਿਹਾ ਹੈ, ਵਿੱਚ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਹਾਊਸ ਸੈਰੇਮਨੀ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਮਕਸਦ ਤਹਿਤ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਕੂਲ ਵਿੱਚ ਵੱਖ-ਵੱਖ ਹਾਊਸਾਂ ਦੇ ਹੈੱਡ ਅਤੇ ਵਾਈਸ ਹੈੱਡ ਦੀ ਚੋਣ ਲੋਕਤੰਤਰਿਕ ਢੰਗ ਨਾਲ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਉਮੀਦਵਾਰਾਂ ਨੂੰ ਆਪਣੀ ਵੋਟ ਪਾ ਕੇ ਭਾਗ ਲਿਆ। ਸਕੂਲ ਦੀ ਪ੍ਰਿੰਸੀਪਲ ਸੁਮਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਸਹੀ ਅਤੇ ਜ਼ਿੰਮੇਵਾਰ ਵਰਤੋਂ ਬਾਰੇ ਜਾਣੂੰ ਕਰਵਾਇਆ। ਚੋਣ ਪ੍ਰਕਿਰਿਆ ਦੌਰਾਨ ਹਰ ਹਾਊਸ ਦਾ ਕੈਪਟਨ ਅਤੇ ਵਾਈਸ ਕੈਪਟਨ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਚੁਣਿਆ ਗਿਆ। ਇਸ ਮੌਕੇ ਸਕੂਲ ਮੈਨੇਜਰ ਜਸਪਾਲ ਸਿੰਘ ਦਿਓਲ ਨੇ ਕਿਹਾ ਕਿ ਵੋਟਿੰਗ ਪ੍ਰਕਿਰਿਆ ਰਾਹੀਂ ਹੀ ਇੱਕ ਯੋਗ ਅਤੇ ਨਿਰਪੱਖ ਨੇਤ੍ਰਿਤਵ ਦੀ ਚੋਣ ਸੰਭਵ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਲੋਕਤੰਤਰਿਕ ਮੁੱਲਾਂ ਦੀ ਮਹੱਤਤਾ ਸਮਝਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਕੋਆਰਡੀਨੇਟਰ ਨਰਿੰਦਰ ਕੌਰ ਅਤੇ ਸਮੂਹ ਸਟਾਫ ਨੇ ਆਪਣੀਆਂ ਡਿਊਟੀਆਂ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾਈਆਂ, ਜਿਸ ਨਾਲ ਚੋਣ ਪ੍ਰਕਿਰਿਆ ਸੁਚੱਜੇ ਢੰਗ ਨਾਲ ਸੰਪੰਨ ਹੋਈ।



# ਪਟਿਆਲਾ-ਆਸ/ਪਾਸ



## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ ਵਾਰਿਸ ਪੰਜਾਬ ਦਰਮਿਆਨ ਹੋਏ ਗਠਜੋੜ ਕਾਰਨ ਲੋਕਾਂ 'ਚ ਭਾਰੀ ਉਤਸ਼ਾਹ: ਜਥੇਦਾਰ ਟੌਹੜਾ

### ➢ਮਨਪ੍ਰੀਤ ਸਿੰਘ ਇਆਲੀ ਨੂੰ ਤਾਲਮੇਲ ਕਮੇਟੀ ਦਾ ਕਨਵੀਨਰ ਬਣਨ 'ਤੇ ਵਧਾਈ ਦਿੱਤੀ

ਨਾਭਾ, 25 ਅਪ੍ਰੈਲ (ਬਲਜਿੰਦਰ ਮਾਨ) : ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੋਵੇਂ ਪਾਰਟੀਆਂ ਦੇ ਹੋਏ ਸਮਝੌਤੇ ਦੌਰਾਨ ਤਾਲਮੇਲ ਕਮੇਟੀ ਬਣਨ ਨਾਲ ਪੰਥਕ ਹਲਕਿਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਸੰਗਤਾਂ ਦੀਆਂ ਉਮੀਦਾਂ ਅਤੇ ਆਸ਼ਾਵਾਂ ਨੂੰ ਉਸ ਸਮੇਂ ਬੂਰ ਪਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਾਂਝੇ ਯਤਨਾ ਸਦਕਾ ਦੋਵੇਂ ਜਥੇਬੰਦੀਆਂ ਦੇ ਆਗੂਆਂ ਵੱਲੋਂ ਇੱਕ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਤਾਂ ਕਿ ਖੇਰੂ-ਖੇਰੂ ਹੋਈ ਪੰਥਕ ਸ਼ਕਤੀ ਨੂੰ ਇਕੱਠਿਆ ਕਰ ਸਿੱਖ ਮਸਲੇ ਹੱਲ ਕਰਾਉਣ ਲਈ ਅਤੇ ਪੰਜਾਬ ਨੂੰ ਬਚਾਉਣ ਲਈ ਇਕੱਠਿਆਂ ਹੋ ਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤਾਲਮੇਲ ਕਮੇਟੀ ਦਾ ਸਵਾਗਤ ਕਰਦਿਆਂ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਮੈਂਬਰ ਐਸਜੀਪੀਸੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੇ ਰਾਜਨੀਤਕ ਵਤੀਰੇ ਤੋਂ ਅੱਕ ਕੇ ਲੋਕ ਨਿਰਾਸ਼ਾ ਦੇ ਆਲਮ ਵਿੱਚ ਚਲੇ ਗਏ ਸਨਉਂ ਹੁਣ ਦੋਵੇਂ ਪਾਰਟੀਆਂ ਦੇ ਗੱਠਜੋੜ ਹੋਣ ਨਾਲ



ਲੋਕਾਂ ਵਿੱਚ ਇੱਕ ਆਸ ਦੀ ਕਿਰਨ ਬੱਝੀ ਹੈਉਂ ਹੁਣ ਪੰਜਾਬ ਨੂੰ ਰੰਗਲਾ ਬਣਾਉਣ ਲਈ ਸੁਹਿਰਦ ਆਗੂ ਇਕੱਠੇ ਹੋਏ ਹਨ ਉਹਨਾਂ ਨੇ ਮਨਪ੍ਰੀਤ ਸਿੰਘ ਇਆਲੀ ਐਮਐਲਏ ਹਲਕਾ ਦਾਖਾ ਨੂੰ ਤਾਲਮੇਲ ਕਮੇਟੀ ਦਾ ਕਨਵੀਨਰ ਚੁਣੇ ਜਾਣ 'ਤੇ ਜਿੱਥੇ ਵਧਾਈ ਦਿੱਤੀ ਉੱਥੇ ਨਾਲ ਹੀ ਆਸ ਪ੍ਰਗਟ ਕੀਤੀ ਪੰਥਕ ਸ਼ਕਤੀ ਨੂੰ ਇਕੱਠਾ ਕਰਕੇ ਪੰਜਾਬ ਦੀਆਂ ਸੰਗਤਾਂ ਨੂੰ ਨਵਾਂ ਰਾਹ ਦਿਖਾਉਣਗੇ। ਇਹ ਕਮੇਟੀ ਪੰਜਾਬ ਵਸਦਾ ਗੁਰਾਂ ਦੇ ਨਾਂ ਵਾਲੇ ਸਿਧਾਂਤ 'ਤੇ ਅਖੀਰ ਤੱਕ ਪਹਿਰਾ ਦੇਵੇਗੀ ਅਤੇ ਪੰਜਾਬ ਦੇ ਮਸਲਿਆਂ ਨੂੰ ਹੱਲ ਕਰਵਾਇਗੀ । ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਸਿੰਘ ਧਾਰੋਂਕੀ ਸਾਬਕਾ ਚੇਅਰਮੈਨ, ਜਸਪਾਲ ਸਿੰਘ ਕਲਿਆਨ ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ, ਰਣਧੀਰ ਸਿੰਘ ਢੀਂਡਸਾ ਪ੍ਰਧਾਨ ਗੁਰਦੁਆਰਾ ਰੋੜ੍ਹੀ ਸਾਹਿਬ ਟਰੱਸਟ,ਗੁਰਮੀਤ ਸਿੰਘ ਕੋਟ ਜਥੇਦਾਰ ਦਿਹਾਤੀ ਨਾਭਾ,ਬਲਦੇਵ ਸਿੰਘ ਗੁਰਦਿੱਤਪੁਰਾ ਸਾਬਕਾ ਚੇਅਰਮੈਨ, ਜਗਦੀਪ ਸਿੰਘ ਗਲਵੱਟੀ ਰਿਟਾ: ਜੀਐਮ, ਅਮਰਜੀਤ ਸਿੰਘ ਟਿਵਾਣਾ ਪ੍ਰਧਾਨ ਗੁਰਦੁਆਰਾ ਸਾਹਿਬ ਭਾਦਸੋਂ, ਮਹਿੰਗਾ ਸਿੰਘ ਭੜੀ ਸਰਪੰਚ,ਚੇਅਰਮੈਨ ਮਹਿੰਦਰ ਸਿੰਘ ਝੰਬਾਲੀ ਪ੍ਰਧਾਨ ਆੜਤੀਆ ਐਸੋਸੀਏਸ਼ਨ ਭਾਦਸੋਂ, ਅਨਿਲ ਗੁਪਤਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨਾਭਾ ਸ਼ਹਿਰੀ, ਧਰਮਿੰਦਰ ਸਿੰਘ ਭੋਜੋ ਮਾਜਰੀ ਹਲਕਾ ਕੋਆਰਡੀਨੇਟਰ ਨਾਭਾ, ਪਿਆਰਾ ਸਿੰਘ ਮੋਹਲਗਵਾਰਾ ਪ੍ਰਧਾਨ ਸਰਕਲ ਦੰਦਰਾਲਾ ਢੀਂਡਸਾ, ਰਣਜੀਤ ਸਿੰਘ ਦੰਦਰਾਲਾ ਢੀਂਡਸਾ,ਰਣਜੀਤ ਸਿੰਘ ਕਾਲਾ ਸਾਬਕਾ ਸਰਪੰਚ,ਸੁਖਵਿੰਦਰ ਸਿੰਘ ਗੁਦਈਆ,ਜਰਨੈਲ ਸਿੰਘ ਸਾਬਕਾ ਸਰਪੰਚ ਗੁਦਈਆ, ਸੁਖਦੇਵ ਸਿੰਘ ਸੁੱਖਾ ਸਾਬਕਾ ਸਰਪੰਚ ਗੁਰਦਿੱਤਪੁਰਾ, ਬਹਾਦਰ ਸਿੰਘ ਸਾਬਕਾ ਸਰਪੰਚ ਟੌਹੜਾ, ਬਲਵੰਤ ਸਿੰਘ ਥਾਈਲੈਂਡ ਸਾ:ਮੈਂਬਰ ਬਲਾਕ ਸੰਮਤੀ, ਅਮਰਦੀਪ ਸਿੰਘ ਸਾਬਕਾ ਸਰਪੰਚ ਤਰਖੇੜੀ, ਬੇਅੰਤ ਸਿੰਘ ਸੁੱਖੇਵਾਲ, ਧਨਵੰਤ ਸਿੰਘ ਸੁੱਖੇਵਾਲ, ਜਸਪਾਲ ਸਿੰਘ ਅਭੇਪੁਰ, ਨਛੱਤਰ ਸਿੰਘ ਚੱਠੇ, ਜਥੇਦਾਰ ਹਰਮੇਲ ਸਿੰਘ ਗੋਬਿੰਦਪੁਰਾ, ਰਣਧੀਰ ਸਿੰਘ ਸਾ: ਸਰਪੰਚ ਰਹਿਮਲ ਮਾਜਰੀ, ਕੁਲਵੀਰ ਸਿੰਘ ਖਨੌੜਾ, ਉਜਾਗਰ ਸਿੰਘ ਦਰਗਾਪੁਰ ਪਾਲਾ ਸਿੰਘ ਭਾਦਸੋਂ ਤੇਜਿੰਦਰ ਸਿੰਘ ਸਾਬਕਾ ਸਰਪੰਚ ਜੱਸੋ ਮਾਜਰਾ, ਕੇਸਰ ਸਿੰਘ ਸਾਬਕਾ ਸਰਪੰਚ ਪਾਲੀਆ ਕਲਾਂ,ਭਗਵੰਤ ਸਿੰਘ ਰੈਸਲ, ਰਾਮ ਸਿੰਘ ਸਾਬਕਾ ਸਰਪੰਚ ਲੋਪੇ, ਮੱਘਰ ਸਿੰਘ ਨੌਹਰਾ, ਸਤਿਗੁਰ ਸਿੰਘ ਪ੍ਰਧਾਨ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ ਨਾਭਾ, ਸੁਖਪਿੰਦਰ ਸਿੰਘ ਐਸਡੀਓ, ਰਣਜੀਤ ਸਿੰਘ ਰਾਮਗੜ੍ਹ ਬੌੜਾ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਪੁਨਰ ਸੁਰਜੀਤ ਦੇ ਵਰਕਰ ਹਾਜ਼ਰ ਸਨ ।

## ਪੰਜਾਬ ਸਰਕਾਰ ਲੋਕਾਂ ਦੀਆਂ ਆਵਾਜਾਈ ਸਬੰਧੀ ਜ਼ਰੂਰਤਾਂ ਨੂੰ ਧਿਆਨ 'ਚ ਰੱਖਦੇ ਹੋਏ ਹੋਰ ਵੀ ਸੁਧਾਰ ਕਰਨ ਲਈ ਵਚਨਬੱਧ : ਹਰਪਾਲ ਜੁਨੇਜਾ

### ➢ਜ਼ਿਲ੍ਹਾ ਮੀਡੀਆ ਕੁਆਰਡੀਨੇਟਰ ਹਰਪ੍ਰੀਤ ਸਿੰਘ ਰੂਪਰਾਏ ਨੇ ਜ਼ਿਲ੍ਹਾ ਨਿਵਾਸੀਆਂ ਵੱਲੋਂ ਮੁੱਖ ਮੰਤਰੀ ਮਾਨ ਨੂੰ ਦਿੱਤੀ ਵਧਾਈ, ਚੇਅਰਮੈਨ ਹਰਪਾਲ ਜੁਨੇਜਾ ਦਾ ਕੀਤਾ ਧੰਨਵਾਦ
### ➢ਮਲੇਰਕੋਟਲਾ-ਪਟਿਆਲਾ-ਚੰਡੀਗੜ੍ਹ, ਮਾਲੇਰਕੋਟਲਾ-ਸੰਗਰੂਰ ਰੂਟ 'ਤੇ ਏ.ਸੀ. ਬੱਸਾਂ ਚਲਾਉਣ ਦੀ ਵੀ ਮੰਗ

ਮਲੇਰਕੋਟਲਾ, 25 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮੀਡੀਆ ਕੁਆਡੀਨੇਟਰ ਹਰਪ੍ਰੀਤ ਸਿੰਘ ਰੂਪਰਾਏ ਅਤੇ ਕੁਆਡੀਨੇਟਰ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਸਾਹਿਦ ਜੁਬੈਰੀ ਵੱਲੋਂ ਪੰਜਾਬ ਰੋਡਵੇਜ਼ ਟ੍ਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਬੇੜੇ ਵਿੱਚ ਨਵੀਆਂ ਬੱਸਾਂ ਦੇ ਸ਼ਾਮਲ ਹੋਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੂੰ ਵਧਾਈ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹ ਕਦਮ ਸੂਬੇ ਦੇ ਲੋਕਾਂ ਨੂੰ ਸੁਵਿਧਾਜਨਕ ਅਤੇ ਬਿਹਤਰ ਆਵਾਜਾਈ ਸੇਵਾਵਾਂ ਪ੍ਰਦਾਨ ਕਰਨ ਵੱਲ ਇਕ ਮਹੱਤਵਪੂਰਨ ਉਪਰਾਲਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਸ਼ਮਸ਼ਾਦ ਝੋਕ, ਜਗਜੀਤ ਸਿੰਘ ,ਖ਼ਾਲਿਦ,ਪਿਆਰਾ ਸਿੰਘ, ਰਮਨ ਚੱਢਾ,ਵਰਿੰਦਰ ਸਿੰਘ, ਵਿਸ਼ਾਲ ਟਾਂਕ, ਅਕਰਮ ਬੱਗਾ,ਮੁਹੰਮਦ ਸ਼ਰੀਫ ਅਤੇ ਆਸਿਫ ਰਤਨ ਤੋਂ ਇਲਾਵਾ ਪਾਰਟੀ ਵਲੰਟੀਅਰ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਆਮ ਲੋਕਾਂ, ਡੇਲੀ ਪੈਸੇਂਜਰਾਂ ਅਤੇ ਸਰਕਾਰੀ ਮੁਲਾਜ਼ਮਾਂ ਵੱਲੋਂ ਲੰਬੇ ਸਮੇਂ ਤੋਂ ਬੱਸਾਂ ਦੀ ਘਾਟ ਅਤੇ ਰੂਟਾਂ ਵਿੱਚ ਵਾਧੇ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਹੁਣ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਦਾ ਟੈਲੀਫੋਨਿਕ ਮਾਧਿਆਮ ਨਾਲ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਦੇ ਯਤਨਾਂ ਨਾਲ ਇਹ ਸੁਵਿਧਾ ਸੰਭਵ ਹੋਈ ਹੈ। ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਆਵਾਜਾਈ ਸਬੰਧੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹੋਰ ਵੀ ਸੁਧਾਰ ਕਰਨ ਲਈ ਵਚਨਬੱਧ ਹੈ। ਪੀ.ਆਰ.ਟੀ.ਸੀ. ਦੀ ਤਰੱਕੀ ਤੇ ਬੇਹਤਰੀ ਅਤੇ ਆਮ ਜਨਤਾ ਨੂੰ ਵਧੀਆ ਸਫ਼ਰ ਸਹੂਲਤ ਮੁਹੱਈਆ ਕਰਵਾਉਣ ਲਈ ਨਵੀਆਂ ਬੱਸਾਂ ਨੂੰ ਬੰਦ ਪਏ ਰੂਟਾਂ 'ਤੇ ਚਲਾਇਆ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਨਵੀਆਂ ਬੱਸਾਂ ਨੂੰ ਬੰਦ ਪਏ ਰੂਟ ਅਤੇ ਸਵਾਰੀਆਂ ਨੂੰ ਵਧੀਆ ਸਫ਼ਰ ਸਹੂਲਤ ਮੁਹੱਈਆ ਕਰਵਾਉਣ ਲਈ ਵੱਖ-ਵੱਖ ਰੂਟਾਂ 'ਤੇ ਚਲਾਇਆ ਜਾ ਰਿਹਾ ਹੈ, ਤਾਂ ਜੋ ਆਮ ਜਨਤਾ ਨੂੰ ਬਿਹਤਰ ਬੱਸ ਸਰਵਿਸ ਮੁਹੱਈਆ ਕਰਵਾਈ ਜਾ ਸਕੇ। ਜ਼ਿਲ੍ਹਾ ਮੀਡੀਆ ਕੁਆਰਡੀਨੇਟਰ ਹਰਪ੍ਰੀਤ ਸਿੰਘ ਰੂਪਰਾਏ ਅਤੇ ਕੁਆਰਡੀਨੇਟਰ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਸਾਹਿਦ ਜੁਬੈਰੀ ਨੇ ਅੱਗੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਸਕਾਰਾਤਮਕ ਪ੍ਰਤੀਕਿਰਿਆ ਦਰਸਾਉਂਦੀ ਹੈ ਕਿ ਇਹ ਫੈਸਲਾ ਸਮੇਂ ਦੀ ਲੋੜ ਸੀ। ਉਨ੍ਹਾਂ ਨੇ ਦੱਸਿਆ ਕਿ ਡੇਲੀ ਪੈਸੈਂਜਰਾਂ ਅਤੇ ਮੁਲਾਜ਼ਮਾਂ ਵੱਲੋਂ ਵੀ ਚੇਅਰਮੈਨ ਪੀ.ਆਰ.ਟੀ.ਸੀ. ਦਾ ਵਿਸ਼ੇਸ਼ ਧੰਨਵਾਦ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਤੇ ਹਲਕਾ ਮੀਡੀਆ ਕੁਆਰਡੀਨੇਟਰ ਨੇ ਮਾਲੇਰਕੋਟਲਾ-ਪਟਿਆਲਾ-ਚੰਡੀਗੜ੍ਹ, ਮਾਲੇਰਕੋਟਲਾ-ਸੰਗਰੂਰ ਰੂਟ 'ਤੇ ਏ.ਸੀ. ਬੱਸਾਂ ਚਲਾਉਣ ਦੀ ਵੀ ਮੰਗ ਕੀਤੀ, ਤਾਂ ਜੋ ਯਾਤਰੀਆਂ ਨੂੰ ਹੋਰ ਸੁਖਦ ਅਤੇ ਆਰਾਮਦਾਇਕ ਯਾਤਰਾ ਦਾ ਲਾਭ ਮਿਲ ਸਕੇ। ਉਨ੍ਹਾਂ ਮਾਲੇਰਕੋਟਲਾ-ਪਟਿਆਲਾ-ਅੰਬਾਲਾ-ਦਿੱਲੀ ਤੱਕ ਰਾਤ ਨੂੰ ਚੱਲਣ ਵਾਲੀ ਏ.ਸੀ.ਬੱਸ ਸੁਵਿਧਾ ਦੀ ਤਰ੍ਹਾਂ ਸਵੇਰੇ ਤੜਕ ਸਾਰ ਇੱਕ ਹੋਰ ਬੱਸ ਸਰਵਿਸ ਸ਼ੁਰੂ ਕਰਨ ਦੀ ਵੀ ਮੰਗੀ ਕੀਤੀ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਆਵਾਜਾਈ ਸਬੰਧੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹੋਰ ਵੀ ਸੁਧਾਰ ਕਰਨ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੋਕ-ਹਿਤੈਸ਼ੀ ਕਦਮ ਜਾਰੀ ਰਹਿਣਗੇ।



## ਹੁਣ ਕਿਰਾਏ ਦੇ ਖ਼ਰਚੇ ਤੋਂ ਮਿਲੇਗੀ ਨਿਜਾਤ, ਨਿਗਮ ਨੇ 63 ਲੱਖ ਦੀ ਆਪਣੀ ਨਵੀਂ 'ਪੋਕਲੇਨ' ਮਸ਼ੀਨ ਖ਼ਰੀਦੀ

### ➢42 ਫੁੱਟ ਦੂਰੀ ਤੱਕ ਸਫ਼ਾਈ ਕਰਨ ਦੀ ਰੱਖਦੀ ਹੈ ਸਮਰੱਥਾ: ਮੇਅਰ



ਪਟਿਆਲਾ, 25 ਅਪ੍ਰੈਲ (ਗੁਰਮੁੱਖ ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਨੂੰ ਸਾਫ਼-ਸੁਥਰਾ ਬਣਾਉਣ ਅਤੇ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਨੂੰ ਸੁਚਾਰੂ ਰੱਖਣ ਲਈ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਨਗਰ ਨਿਗਮ ਨੇ ਇੱਕ ਇਤਿਹਾਸਕ ਕਦਮ ਚੁੱਕਿਆ ਹੈ। ਨਗਰ ਨਿਗਮ ਪਟਿਆਲਾ ਨੇ ਪਹਿਲੀ ਵਾਰ ਆਪਣੀ ਨਵੀਂ ਪੋਕਲੇਨ ਮਸ਼ੀਨ ਖਰੀਦ ਲਈ ਹੈ, ਜਿਸ ਦੀ ਸ਼ੁਰੂਆਤ ਅੱਜ ਮੇਅਰ ਨੇ ਨਿਗਮ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਮਿਲ ਕੇ ਕੀਤੀ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਨਗਰ ਨਿਗਮ ਵੱਲੋਂ ਨਦੀ-ਨਾਲਿਆਂ ਦੀ ਸਫ਼ਾਈ ਲਈ ਪ੍ਰਾਈਵੇਟ ਕੰਪਨੀਆਂ ਤੋਂ ਮਸ਼ੀਨਾਂ ਕਿਰਾਏ 'ਤੇ ਲਈਆਂ ਜਾਂਦੀਆਂ ਸਨ, ਜਿਸ ਲਈ ਲਗਭਗ 70 ਲੱਖ ਰੁਪਏ ਤੱਕ ਦਾ ਭਾਰੀ ਕਿਰਾਇਆ ਅਦਾ ਕਰਨਾ ਪੈਂਦਾ ਸੀ। ਹੁਣ ਨਿਗਮ ਨੇ ਸਿਰਫ਼ 63 ਲੱਖ ਰੁਪਏ ਦੀ ਲਾਗਤ ਨਾਲ ਆਪਣੀ ਨਵੀਂ ਮਸ਼ੀਨ ਖਰੀਦ ਲਈ ਹੈ। ਇਸ ਨਾਲ ਨਾ ਸਿਰਫ਼ ਸਰਕਾਰੀ ਖ਼ਜ਼ਾਨੇ ਦੀ ਬੱਚਤ ਹੋਵੇਗੀ, ਸਗੋਂ ਸਫ਼ਾਈ ਦਾ ਕੰਮ ਵੀ ਬਿਨਾਂ ਕਿਸੇ ਰੁਕਾਵਟ ਦੇ ਸਾਰਾ ਸਾਲ ਚੱਲ ਸਕੇਗਾ। ਇਹ ਮਸ਼ੀਨ ਆਧੁਨਿਕ ਤਕਨੀਕ ਨਾਲ ਲੈਸ ਹੈ ਅਤੇ ਇਸ ਦੀ ਖ਼ਾਸੀਅਤ ਇਹ ਹੈ ਕਿ ਇਹ 42 ਫੁੱਟ ਦੀ ਦੂਰੀ ਤੱਕ ਨਦੀਆਂ ਅਤੇ ਵੱਡੇ ਨਾਲਿਆਂ ਦੀ ਸਫ਼ਾਈ ਬੇਹੱਦ ਪ੍ਰਭਾਵਸ਼ਾਲੀ ਤਰੀਕੇ ਨਾਲ ਕਰ ਸਕਦੀ ਹੈ। ਮੇਅਰ ਨੇ ਕਿਹਾ ਕਿ ਮਾਨਸੂਨ ਦੇ ਮੌਸਮ ਤੋਂ ਪਹਿਲਾਂ ਵੱਡੇ ਨਾਲਿਆਂ ਅਤੇ ਨਦੀਆਂ ਵਿੱਚੋਂ ਗਾਰ ਕੱਢਣ ਲਈ ਇਹ ਮਸ਼ੀਨ ਮੀਲ ਦਾ ਪੱਥਰ ਸਾਬਤ ਹੋਵੇਗੀ ਅਤੇ ਸ਼ਹਿਰ ਵਾਸੀਆਂ ਨੂੰ ਹੜ੍ਹਾਂ ਵਰਗੀ ਸਥਿਤੀ ਤੋਂ ਬਚਾਉਣ ਵਿੱਚ ਮਦਦਗਾਰ ਰਹੇਗੀ। ਮਸ਼ੀਨ ਦੀ ਸ਼ੁਰੂਆਤ ਮੌਕੇ ਨਗਰ ਨਿਗਮ ਦੇ ਮੁਲਾਜ਼ਮਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਗਿਆ। ਮੇਅਰ ਨੇ ਖ਼ੁਦ ਮੁਲਾਜ਼ਮਾਂ ਨਾਲ ਮਿਲ ਕੇ ਇਸ ਪ੍ਰੋਜੈਕਟ ਨੂੰ ਹਰੀ ਝੰਡੀ ਦਿੱਤੀ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਪਟਿਆਲਾ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨਗਰ ਨਿਗਮ ਦੇ ਬੇੜੇ ਵਿੱਚ ਅਜਿਹੀਆਂ ਹੋਰ ਮਸ਼ੀਨਾਂ ਸ਼ਾਮਲ ਕੀਤੀਆਂ ਜਾਣਗੀਆਂ ਤਾਂ ਜੋ ਪਟਿਆਲਾ ਨੂੰ ਨੰਬਰ ਇੱਕ ਸ਼ਹਿਰ ਬਣਾਇਆ ਜਾ ਸਕੇ। ਇਸ ਮੌਕੇ ਨਗਰ ਨਿਗਮ ਦੇ ਸਿਹਤ ਸ਼ਾਖਾ ਅਤੇ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀ ਅਤੇ ਭਾਰੀ ਗਿਣਤੀ ਵਿੱਚ ਸਫ਼ਾਈ ਸੇਵਕ ਮੌਜੂਦ ਸਨ।

## 'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਡਾ. ਵੀਨੂੰ ਗੋਇਲ ਨੇ ਲੋਕਾਂ ਨੂੰ ਕੀਤਾ ਜਾਗਰੂਕ

ਨਾਭਾ, 25 ਅਪ੍ਰੈਲ ( ਗੁਰਚਰਨ ਸਿੰਘ ਚੌਧਰੀਮਾਜਰਾ) : ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਹਰ ਸ਼ੁੱਕਰਵਾਰ, ਡੇਂਗੂ 'ਤੇ



ਵਾਰ' ਮੁਹਿੰਮ ਤਹਿਤ ਡਾ ਵੀਨੂੰ ਗੋਇਲ ਸੀਨੀਅਰ ਮੈਡੀਕਲ ਅਫ਼ਸਰ ਨਾਭਾ ਨੇ ਐਂਟੀ ਲਾਰਵਾ ਨਾਭਾ ਦੀਆਂ ਟੀਮਾਂ ਨੂੰ ਨਾਲ ਲੈ ਕੇ ਨਾਭਾ ਅਧੀਨ ਹੌਟ ਸਪੌਟ ਖੇਤਰਾਂ ਵਿਚ ਬ੍ਰੀਡ ਚੈਕਿੰਗ ਕੀਤੀ ਗਈ । ਡਾ ਵੀਨੂੰ ਗੋਇਲ ਵੱਲੋਂ ਇਸ ਦੌਰਾਨ ਲੋਕਾਂ ਨੂੰ ਡੇਂਗੂ ਦੀ ਜਾਂਚ,ਤੇ ਇਸ ਦੇ ਇਲਾਜ ਸੰਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਇਸ ਨੂੰ ਕਾਬੂ ਵਿੱਚ ਰੱਖਿਆ ਜਾ ਸਕਦਾ ਹੈ, ਇਸ ਲਈ ਇਸ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਸੁਝਾਏ ਨਿਯਮਾਂ ਦੀ ਪਾਲਣਾ ਕੀਤੀ ਜਾਵੇ।ਇਸ ਮੌਕੇ ਉਨ੍ਹਾਂ ਨੇ ਡੇਂਗੂ ਦੇ ਲੱਛਣ ਤੇ ਬਚਾਅ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਡੇਂਗੂ ਦਾ ਮੱਛਰ 7 ਤੋਂ 10 ਦਿਨ ਵਿਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ, ਇਸ ਲਈ ਹਰ ਸ਼ੁੱਕਰਵਾਰ ਨੂੰ ਡੇਂਗੂ ਦਾ ਲਾਰਵਾ ਪੈਂਦਾ ਹੋਣ ਵਾਲੀਆ ਥਾਵਾਂ ਜਿਵੇਂ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟ੍ਰੇਆਂ ਆਦਿ ਨੂੰ ਸਾਫ ਕਰਨਾ ਤੇ ਸੁਕਾਉਣਾ ਚਾਹੀਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਡੇਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫਤ ਕੀਤਾ ਜਾਂਦਾ ਹੈ ਲੋੜ ਪੈਣ 'ਤੇ ਸਾਨੂੰ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਇਸ ਮੌਕੇ ਹੈਲਥ ਸੁਪਰਵਾਇਜਰ ਚਮਕੌਰ ਸਿੰਘ ਤੇ ਸਮੂਹ ਐਮ ਪੀ ਐੱਚ ਡਬਲਿਊ ਐਂਟੀ ਲਾਰਵਾ ਨਾਭਾ ਅਤੇ ਏ.ਐਨ.ਐਮਜ ਅਤੇ ਆਸ਼ਾ ਵਰਕਰਜ ਆਦਿ ਹਾਜ਼ਰ ਸਨ।

## ਹਲਕਾ ਇੰਚਾਰਜ ਰਣਜੋਧ ਹਡਾਣਾ ਨੇ 1.25 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ

ਦੇਵੀਗੜ੍ਹ, 25 ਅਪ੍ਰੈਲ (ਗੁਰਜੀਤ ਸਿੰਘ ਢੌਟ): ਹਲਕੇ ਵਿੱਚ ਵਿਕਾਸੀ ਕੰਮਾਂ ਨੂੰ ਹੋਰ ਤੇਜ਼ੀ ਦੇਂਦੇ ਹੋਏ ਰਣਜੋਧ ਸਿੰਘ ਹਡਾਣਾ, ਸ਼ਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਕੌਂਸਲ ਦੇਵੀਗੜ੍ਹ ਵਲੋਂ ਦੇਵੀਗੜ੍ਹ ਵਿਖੇ ਨਗਰ ਕੌਂਸਲ ਦਫ਼ਤਰ ਦੇ ਨੇੜੇ ਕਰੀਬ 1 ਕਰੋੜ 25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਸੜਕ ਦਾ ਰਸਮੀ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪ੍ਰਧਾਨ ਬਲਦੇਵ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦੁਧਨਸਾਧਾਂ, ਈਓ ਬੂਟਾ ਸਿੰਧ, ਪ੍ਰੇਮਪਾਲ ਖਨੇਜਾ, ਕਰਮਜੀਤ ਸਿੰਘ ਐਮ ਸੀ, ਲਾਡੀ ਮਹਿਰਾ ਐਮ ਸੀ, ਬੂਟਾ ਸਿੰਘ ਥਿੰਦ ਐਮ.ਸੀ, ਬਲਿਹਾਰ ਰਾਮ ਐਮ ਵੀ, ਰਾਜਪਾਲ ਸਿੰਘ ਐਮ.ਸੀ, ਸੁਖਵਿੰਦਰ ਐਮ.ਸੀ, ਗੁਰਿੰਦਰ ਸਿੰਘ ਰਾਜੂ, ਜੇ ਈ ਕੁਲਜਿੰਦਰ ਸਿੰਘ, ਏ.ਐਮ.ਈ.ਅਮਿਤ ਕੁਮਾਰ, ਵੇਦ ਪ੍ਰਕਾਸ਼ ਪ੍ਰਧਾਨ ਵਪਾਰ ਵਿੰਗ ਤੋਂ ਇਲਾਵਾ ਇਲਾਕੇ ਦੇ ਪਤਵੰਤੇ, ਸਥਾਨਕ ਵਾਸੀ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਦਘਾਟਨ ਮੌਕੇ



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਲਾਕੇ ਦੀਆਂ ਸੜਕਾਂ ਨੂੰ ਮਜ਼ਬੂਤ ਅਤੇ ਸੁਧਾਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ। ਸ਼ਵਿੰਦਰ ਕੌਰ ਧੰਜੂ ਨੇ ਵੀ ਇਸ ਮੌਕੇ ਕਿਹਾ ਕਿ ਸ਼ਹਿਰੀ ਅਤੇ ਪਿੰਡ ਪੱਧਰ 'ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵਧੀਆ ਸਹੂਲਤਾਂ ਦੇਣਾ ਹੀ ਸਰਕਾਰ ਦਾ ਮੁੱਖ ਮਕਸਦ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵਿਕਾਸੀ ਪ੍ਰੋਜੈਕਟ ਲਾਗੂ ਕੀਤੇ ਜਾਣਗੇ। ਇਸ ਮੌਕੇ ਸਥਾਨਕ ਵਾਸੀਆਂ ਨੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਹ ਸੜਕ ਬਣਨ ਨਾਲ ਉਨ੍ਹਾਂ ਦੀਆਂ ਕਾਫ਼ੀ ਸਮੱਸਿਆਵਾਂ ਦਾ ਹੱਲ ਹੋ ਗਿਆ ਹੈ। ਉਨ੍ਹਾਂ ਨੇ ਹਡਾਣਾ ਅਤੇ ਧੰਜੂ ਦਾ ਧੰਨਵਾਦ ਕੀਤਾ। ਅੰਤ ਵਿੱਚ ਆਗੂਆਂ ਨੇ ਭਰੋਸਾ ਦਿਵਾਇਆ ਕਿ ਹਲਕੇ ਦੇ ਹਰ ਖੇਤਰ ਵਿੱਚ ਇਸੇ ਤਰ੍ਹਾਂ ਦੇ ਵਿਕਾਸੀ ਕੰਮ ਜਾਰੀ ਰਹਿਣਗੇ ।

## ਨਿਰਮਲ ਭੱਟੀਆ ਵੱਲੋਂ ਵੱਖ-ਵੱਖ ਪਿੰਡਾਂ ਤੇ ਮੁਹੱਲਿਆਂ 'ਚ ਘਰ-ਘਰ ਜਾ ਕੇ ਬੈਠਕਾਂ ਦਾ ਸਿਲਸਿਲਾ ਜਾਰੀ



ਸਨੌਰ, 25 ਅਪ੍ਰੈਲ (ਪ੍ਰਥਮ ਕੁਮਾਰ) : ਹਲਕਾ ਸਨੌਰ ਵਿੱਚ ਰਾਜਨੀਤਕ ਸਰਗਰਮੀਆਂ ਵਿੱਚ ਤੇਜ਼ੀ ਆ ਰਹੀ ਹੈ। ਸੀਨੀਅਰ ਕਾਂਗਰਸੀ ਆਗੂ ਨਿਰਮਲ ਭੱਟੀਆ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਮੁਹੱਲਿਆਂ ਵਿੱਚ ਘਰ-ਘਰ ਜਾ ਕੇ ਬੈਠਕਾਂ ਕਰਨ ਦਾ ਸਿਲਸਿਲਾ ਜਾਰੀ ਹੈ। ਇਸ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧੀ ਗੱਲਬਾਤ ਕਰਨੀ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਪਾਰਟੀ ਦੀਆਂ ਨਵੀਆਂ ਰਣਨੀਤੀਆਂ ਬਾਰੇ ਜਾਣੂੰ ਕਰਵਾਉਣਾ ਹੈ। ਅੱਜ ਇਸ ਮੁਹਿੰਮ ਦੇ ਤਹਿਤ ਸੀਨੀਅਰ ਕਾਂਗਰਸੀ ਟਕਸਾਲੀ ਆਗੂ ਸੁਰਜੀਤ ਸਿੰਘ ਸਨੌਰ ਦੇ ਘਰ ਪਹੁੰਚੇ। ਇਸ ਮੌਕੇ ਨਿਰਮਲ ਭੱਟੀਆ ਨੇ ਸਥਾਨਕ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਬੈਠਕ ਦੌਰਾਨ ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਦੀਆਂ ਭਵਿੱਖੀ ਯੋਜਨਾਵਾਂ ਅਤੇ ਚੋਣ ਰਣਨੀਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ, ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਤੁਰੰਤ ਹੱਲ ਕਰਨ ਲਈ ਵੀ ਯਤਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ ਸਥਾਨਕ ਲੋਕਾਂ ਨੇ ਵੀ ਇਸ ਮੁਲਾਕਾਤ ਨੂੰ ਸਰਾਹਿਆ ਅਤੇ ਆਪਣੀਆਂ ਸਮੱਸਿਆਵਾਂ ਖੁੱਲ੍ਹ ਕੇ ਸਾਂਝੀਆਂ ਕੀਤੀਆਂ। ਇਸ ਤਰ੍ਹਾਂ ਦੀਆਂ ਬੈਠਕਾਂ ਨਾਲ ਪਾਰਟੀ ਅਤੇ ਜਨਤਾ ਵਿਚਕਾਰ ਦੂਰੀ ਘਟਦੀ ਹੈ ਅਤੇ ਵਿਸ਼ਵਾਸ ਵਧਦਾ ਹੈ। ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਜਾਰੀ ਰਹਿਣ ਦੀ ਸੰਭਾਵਨਾ ਹੈ। ਇਸ ਮੌਕੇ ਸੁਰਜੀਤ ਸਿੰਘ ਟਕਸਾਲੀ ਕਾਂਗਰਸੀ ,ਗੁਰਨਾਮ ਸਿੰਘ ਸੈਕਟਰੀ, ਦਲੇਰ ਸਿੰਘ ਜੋਗੀਪੁਰ, ਕਰਮ ਸਿੰਘ ਸੈਟੀ ,ਪੰਡਤ ਸਨੌਰ ,ਬਲਕਾਰ ਸਿੰਘ, ਮੱਖਣ ਸਿੰਘ, ਤਰਸੇਮ ਸ਼ਰਮਾ, ਰਮੇਸ਼ ਕੁਮਾਰ, ਗੁਰਮੀਤ ਬਾਵਾ ਤੇ ਹੋਰ ਮੌਜੂਦ ਸਨ।

## ਬਿਨਾਂ ਰਜਿਸਟ੍ਰੇਸ਼ਨ ਵਾਲੇ ਈ-ਰਿਕਸ਼ਿਆਂ 'ਤੇ ਸ਼ਿਕੰਜਾ, 15 ਚਾਲਕਾਂ ਦੇ ਕੱਟੇ ਚਲਾਨ

### ➢ਟਰੈਫਿਕ ਨਿਯਮਾਂ ਦੀ ਪਾਲਣਾ ਲਈ ਆਰ.ਟੀ.ਓ. ਅਤੇ ਪੁਲਿਸ ਵੱਲੋਂ ਸਾਂਝੀ ਇਨਫੋਰਸਮੈਂਟ ਡਰਾਇਵ

ਮਲੇਰਕੋਟਲਾ, 25 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਉਪ ਮੰਡਲ ਮੈਜਿਸਟ੍ਰੇਟ ਮਾਲੇਰਕੋਟਲਾ ਕਨੂ ਗਰਗ ਦੀਆਂ ਹਦਾਇਤਾਂ ਤਹਿਤ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ ਸ਼ਹਿਨਾਜ ਪ੍ਰਵੀਨ ਵੱਲੋਂ ਸਥਾਨਕ ਟਰੈਫਿਕ ਪੁਲਿਸ ਦੇ ਸਹਿਯੋਗ ਨਾਲ ਸ਼ਹਿਰ ਦੇ ਵੱਖ-ਵੱਖ ਮਹੱਤਵਪੂਰਨ ਸਥਾਨਾਂ ਜਿਵੇਂ ਕਿ ਦਿੱਲੀ ਗੇਟ, ਟਰੱਕ ਯੂਨੀਅਨ ਅਤੇ ਗਰੇਵਾਲ ਚੌਂਕ ਵਿਖੇ ਵਿਸ਼ੇਸ਼ ਇਨਫੋਰਸਮੈਂਟ ਡਰਾਇਵ ਚਲਾਈ ਗਈ। ਇਸ ਡਰਾਇਵ ਦਾ ਮੁੱਖ ਉਦੇਸ਼ ਈ-ਰਿਕਸ਼ਾ ਚਾਲਕਾਂ ਨੂੰ ਤੰਗ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਗਰੂਕ ਕਰਨਾ ਅਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣਾ ਸੀ। ਕਾਰਵਾਈ ਦੌਰਾਨ ਬਿਨਾਂ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਬਿਨਾਂ ਵੈਧ ਡਰਾਈਵਿੰਗ ਲਾਇਸੈਂਸ ਦੇ



ਈ-ਰਿਕਸ਼ਾ ਚਲਾਉਣ ਵਾਲੇ 15 ਚਾਲਕਾਂ ਦੇ ਚਲਾਨ ਕੀਤੇ ਗਏ। ਇਸ ਤੋਂ ਇਲਾਵਾ, ਬਿਨਾਂ ਨੰਬਰੀ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਈ ਈ-ਰਿਕਸ਼ਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਕੁਝ ਵਾਹਨਾਂ ਨੂੰ ਜ਼ਬਤ ਵੀ ਕੀਤਾ ਗਿਆ। ਅਧਿਕਾਰੀਆਂ ਨੇ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਪ੍ਰਬੰਧ ਨੂੰ ਸੁਚਾਰੂ ਬਣਾਉਣ ਲਈ ਇਸ ਤਰ੍ਹਾਂ ਦੀਆਂ ਮੁਹਿੰਮਾਂ ਆਗਾਮੀ ਸਮੇਂ ਵਿੱਚ ਵੀ ਜਾਰੀ ਰਹਿਣਗੀਆਂ। ਆਰ.ਟੀ.ਓ. ਅਧਿਕਾਰੀਆਂ ਅਤੇ ਪੁਲਿਸ ਵੱਲੋਂ ਸਾਰੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਵਾਹਨਾਂ ਦੇ ਪੂਰੇ ਦਸਤਾਵੇਜ਼ ਨਾਲ ਰੱਖਣ, ਵੈਧ ਡਰਾਈਵਿੰਗ ਲਾਇਸੈਂਸ ਬਣਵਾਉਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਪਾਲਣਾ ਨਾਲ ਹੀ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਜਨਤਾ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ।

## ਵਿਦਿਆਰਥੀ ਜੀਵਨ ਦਾ ਅੰਤਿਮ ਪੜਾਅ: ਯੂਨੀਵਰਸਿਟੀ ਕਾਲਜ ਮੀਰਾਂਪੁਰ ਵਿਖੇ ਵਿਦਾਇਗੀ ਸਮਾਰੋਹ

ਦੇਵੀਗੜ੍ਹ, 25 ਅਪ੍ਰੈਲ (ਗੁਰਜੀਤ ਸਿੰਘ ਢੌਟ) : ਯੂਨੀਵਰਸਿਟੀ ਕਾਲਜ ਮੀਰਾਂਪੁਰ ਵਿਖੇ ਇੰਚਾਰਜ ਡਾ. ਮਨਪ੍ਰੀਤ ਕੌਰ ਦੀ ਨਿਗਰਾਨੀ ਅਤੇ ਧਰਮ ਅਧਿਐਨ ਮੰਚ ਦੇ ਕਨਵੀਨਰ ਡਾ. ਤੇਜਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਬੀ.ਏ ਭਾਗ ਦੂਜਾ ਦੇ




ਵਿਦਿਆਰਥੀਆਂ ਵੱਲੋਂ ਬੀ.ਏ ਭਾਗ ਤੀਜਾ ਦੇ ਵਿਦਿਆਰਥੀਆਂ ਲਈ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਮਾਗਮ ਦਾ ਉਦਘਾਟਨ ਕਰਦਿਆਂ ਕਾਲਜ ਇੰਚਾਰਜ ਨੇ ਵਿਦਿਆਰਥੀਆਂ ਅਤੇ ਸਟਾਫ ਦਾ ਸਵਾਗਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿਖ ਲਈ ਸ਼ੁਭ ਕਾਮਨਾਵਾਂ ਵੀ ਦਿਤੀਆਂ। ਇਸ ਮੌਕੇ ਧਰਮ ਅਧਿਐਨ ਮੰਚ ਦੇ ਕਨਵੀਨਰ ਡਾ. ਤੇਜਿੰਦਰ ਪਾਲ ਸਿੰਘ ਨੇ ਕਿਹਾ ਕਿ ਵਿਦਿਆਰਥੀ ਕਿਸੇ ਵੀ ਸੰਸਥਾ ਦਾ ਸਰਮਾਇਆ ਹੁੰਦੇ ਹਨ। ਇਨ੍ਹਾਂ ਮੁਕਾਬਲਿਆਂ ਦੌਰਾਨ ਲੜਕਿਆਂ ਵਿਚੋਂ ਬੀ.ਏ (ਭਾਗ ਤੀਜਾ) ਦਾ ਵਿਦਿਆਰਥੀ ਲਵਪ੍ਰੀਤ ਸਿੰਘ 'ਮਿਸਟਰ ਫੇਅਰਵੈਲ' ਚੁਣਿਆ ਗਿਆ। ਇਸੇ ਤਰ੍ਹਾਂ ਲੜਕੀਆਂ ਵਿੱਚੋਂ ਵਿਦਿਆਰਥਣ ਪਰਨੀਤ ਕੌਰ 'ਮਿਸ ਫੇਅਰਵੈਲ' ਚੁਣੀ ਗਈ। ਸਮਾਰੋਹ ਦੌਰਾਨ ਜਜਮੈਂਟ ਕਰਨ ਦੀ ਭੂਮਿਕਾ ਡਾ. ਹਰਜੀਤ ਕੌਰ ਅਤੇ ਪ੍ਰੋ. ਜਸਵੀਰ ਕੌਰ ਨੇ ਨਿਭਾਈ। ਸਟੇਜ ਸੰਚਾਲਨ ਦੀ ਭੂਮਿਕਾ ਮਨਪ੍ਰੀਤ ਕੌਰ ਅਤੇ ਨੈਨਸੀ ਨੇ ਨਿਭਾਈ। ਇਸ ਮੌਕੇ ਕਾਲਜ ਦਾ ਸਮੁੱਚਾ ਅਧਿਆਪਨ ਅਤੇ ਪ੍ਰਬੰਧਕੀ ਸਟਾਫ ਹਾਜ਼ਰ ਸੀ।

## ਆਰ.ਪੀ.ਐਫ. ਇੰਟਰ-ਡਵੀਜ਼ਨਲ ਐਥਲੈਟਿਕਸ, ਕ੍ਰਾਸ ਕੰਟਰੀ ਅਤੇ ਕਬੱਡੀ ਟੂਰਨਾਮੈਂਟ ਪੀ.ਐਲ.ਡਬਲਿਊ. ਵਿਖੇ ਸੰਪੰਨ

ਪਟਿਆਲਾ, 25 ਅਪ੍ਰੈਲ (ਰੁਪਾਣਾ) : ਆਰਪੀਐਫ ਇੰਟਰ-ਡਿਵੀਜ਼ਨਲ ਐਥਲੈਟਿਕਸ, ਕ੍ਰਾਸ ਕੰਟਰੀ ਅਤੇ ਕਬੱਡੀ ਟੂਰਨਾਮੈਂਟ-2026 (ਪੁਰਸ਼ ਅਤੇ ਮਹਿਲਾ) 23 ਅਪ੍ਰੈਲ ਤੋਂ 25 ਅਪ੍ਰੈਲ 2026 ਤੱਕ ਪਟਿਆਲਾ ਲੋਕੋਮੋਟਿਵ ਵਰਕਸ (ਪੀਐਲਡਬਲਿਊ), ਪਟਿਆਲਾ ਵਿਖੇ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਤਿੰਨ ਦਿਨਾਂ ਦੇ ਇਸ ਖੇਡ ਸਮਾਗਮ ਵਿੱਚ ਵੱਖ-ਵੱਖ ਆਰਪੀਐਫ ਡਵੀਜ਼ਨਾਂ ਵੱਲੋਂ ਉਤਸ਼ਾਹਪੂਰਵਕ ਭਾਗ ਲਿਆ ਗਿਆ ਅਤੇ ਖਿਡਾਰੀਆਂ ਨੇ ਖੇਡ ਭਾਵਨਾ, ਅਨੁਸ਼ਾਸਨ ਅਤੇ ਟੀਮ ਵਰਕ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਟੂਰਨਾਮੈਂਟ ਦਾ ਉਦਘਾਟਨ ਸ਼੍ਰੀ ਐਸ. ਕੇ. ਸ੍ਰੀਵਾਸਤਵ, ਪ੍ਰਿੰਸੀਪਲ ਚੀਫ ਐਡਮਿਨਿਸਟ੍ਰੇਟਿਵ ਅਫਸਰ



(ਪੀਸੀਏਓ)/ਪੀਐਲਡਬਲਯੂ ਵੱਲੋਂ ਕੀਤਾ ਗਿਆ। ਇਸ ਮੌਕੇ ਏਐਸਸੀ/ਆਰਪੀਐਫ, ਪੀਐਲਡਬਲਿਯੂ ਦੇ ਅਧਿਕਾਰੀ ਅਤੇ ਸਟਾਫ ਵੀ ਮੌਜੂਦ ਸਨ। ਟੂਰਨਾਮੈਂਟ ਦੌਰਾਨ ਵੱਖ-ਵੱਖ ਟਰੈਕ ਅਤੇ ਫੀਲਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਭਾਗੀਦਾਰਾਂ ਨੇ ਆਪਣੀ ਖੇਡ ਯੋਗਤਾ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੇ ਅੰਤਿਮ ਦਿਨ ਕਬੱਡੀ ਦਾ ਫਾਈਨਲ ਮੁਕਾਬਲਾ ਦਿੱਲੀ ਡਵੀਜ਼ਨ ਅਤੇ ਮੁਰਾਦਾਬਾਦ ਡਿਵੀਜ਼ਨ ਵਿਚਕਾਰ ਖੇਡਿਆ ਗਿਆ। ਇਸ ਰੋਮਾਂਚਕ ਅਤੇ ਟੱਕਰਪੂਰਨ ਮੁਕਾਬਲੇ ਵਿੱਚ ਦਿੱਲੀ ਡਵੀਜ਼ਨ ਨੇ ਮੁਰਾਦਾਬਾਦ ਡਿਵੀਜ਼ਨ ਨੂੰ ਹਰਾ ਕੇ ਕਬੱਡੀ ਚੈਂਪੀਅਨਸ਼ਿਪ ਜਿੱਤ ਲਈ। ਇਨਾਮ ਵੰਡ ਸਮਾਰੋਹ ਸ਼੍ਰੀ ਐਸ. ਕੇ. ਸ੍ਰੀਵਾਸਤਵ, ਪੀਸੀਏਓ/ਪੀਐਲਡਬਲਿਯੂ ਵੱਲੋਂ ਏਐਸਸੀ/ਆਰਪੀਐਫ ਅਵਤਾਰ ਸਿੰਘ ਤੂਰ ਅਤੇ ਹੋਰ ਅਧਿਕਾਰੀਆਂ ਦੇ ਸਾਥ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਖੇਡਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ, ਜੋ ਕਿ ਆਰਪੀਐਫ ਕਰਮਚਾਰੀਆਂ ਵਿੱਚ ਤੰਦਰੁਸਤੀ, ਏਕਤਾ ਅਤੇ ਮਨੋਬਲ ਨੂੰ ਮਜ਼ਬੂਤ ਕਰਦੀਆਂ ਹਨ।

## ਜਨ ਸੁਣਵਾਈ ਕੈਂਪ ਲਗਾਇਆ

ਨਾਭਾ, 25 ਅਪ੍ਰੈਲ (ਬਲਜਿੰਦਰ ਮਾਨ) : ਰਿਜ਼ਰਵ ਹਲਕੇ ਦੇ ਪਿੰਡ ਭੋੜੇ ਵਿਖੇ ਨਾਭਾ ਪ੍ਰਸ਼ਾਸਨ ਵੱਲੋਂ ਵਿਸ਼ਾਲ ਜਨ



ਸੁਣਵਾਈ ਕੈਂਪ ਲਗਾਇਆ ਗਿਆ, ਜਿਸ ਦੌਰਾਨ ਡੇਢ ਦਰਜ਼ਨ ਤੋਂ ਵੱਧ ਸਰਕਾਰੀ ਵਿਭਾਗ ਹਾਜ਼ਰ ਰਹੇ। ਕੈਂਪ ਦੌਰਾਨ ਪੁਲਿਸ ਵਿਭਾਗ, ਸਿਹਤ ਵਿਭਾਗ, ਸੀਡੀਪੀਓ, ਬੀਡੀਪੀਓ, ਪੀਡਬਲਿਊਡੀ, ਰੁਜਗਾਰ, ਲੇਬਰ, ਡੀਐਫਐਸਓ, ਵਾਟਰ ਸਪਲਾਈਜ ਅਤੇ ਸੈਨੀਟੇਸ਼ਨ, ਲੇਬਰ, ਖੇਤੀਬਾੜੀ, ਬਾਗਬਾਨੀ, ਭੂਮੀ ਸੁਰੱਖਿਆ ਵਿਭਾਗ, ਬੀਪੀਈਓ, ਲੈਂਡ ਬੈਂਕ, ਮੱਛੀ ਪਾਲਣ, ਇੰਡਸਟਰੀਅਲ, ਪੋਸਟ ਮਾਸਟਰ, ਬਿਜਲੀ ਬੋਰਡ ਅਤੇ ਸੇਵਾ ਕੇਂਦਰ ਇੰਚਾਰਜ ਜਾਂ ਉਨ੍ਹਾਂ ਦੇ ਹਾਜਰ ਸਟਾਫ ਨੇ ਆਮ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਲੋੜੀਂਦੇ ਨਿਰਦੇਸ਼ ਦਿੱਤੇ। ਪਿੰਡ ਭੋੜੇ ਅਤੇ ਲਾਗਲੇ ਪਿੰਡਾਂ ਦੇ ਸੈਂਕੜੇ ਵਾਸੀਆਂ ਵੱਲੋਂ ਉਪਰੋਕਤ ਕੈਂਪ ਦੌਰਾਨ ਆਮ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਰਕਾਰੀ ਸੇਵਾਵਾਂ ਸੰਬੰਧੀ ਜਾਣਕਾਰੀ ਪ੍ਰਾਪਤ ਕਰਦਿਆ ਲਾਹਾ ਲਿਆ। ਪੁਸ਼ਟੀ ਕਰਦਿਆਂ ਐਸ.ਡੀ.ਐਮ. ਨਾਭਾ ਅਰਵਿੰਦਰਪਾਲ ਸਿੰਘ ਸੋਮਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਵਿਸ਼ੇਸ਼ ਹਦਾਇਤਾਂ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਹਲਕਿਆਂ ਦੇ ਪਿੰਡਾਂ ਵਿੱਚ ਪਹੁੰਚ ਕਰਕੇ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ ਅਤੇ ਉਹਨਾਂ ਸਬੰਧੀ ਵਿਸ਼ੇਸ਼ ਹਦਾਇਤਾਂ ਤੁਰੰਤ ਪ੍ਰਭਾਵ ਨਾਲ ਕੀਤੀਆਂ ਜਾ ਰਹੀਆਂ ਹਨ।

## ਡਾ. ਓਬਰਾਏ ਵੱਲੋਂ ਪੰਜਾਬੀ ਪਸਾਰ ਥੀਏਟਰ ਮੁਹਿੰਮ ਦਾ ਉਦਘਾਟਨ, ਪ੍ਰਾਣ ਸੱਭਰਵਾਲ ਸਨਮਾਨਿਤ

ਪਟਿਆਲਾ, 25 ਅਪ੍ਰੈਲ (ਚ.ਨ.ਸ) : ਨੈਸ਼ਨਲ ਥੀਏਟਰ ਆਰਟਸ ਸੁਸਾਇਟੀ ਦਮਪਤੀ ਪਦਮਸ਼੍ਰੀ ਪ੍ਰਾਣ ਸੱਭਰਵਾਲ-ਸਟੇਟ ਅਵਾਰਡੀ ਸ਼੍ਰੀਮਤੀ ਸੁਨੀਤਾ ਸੱਭਰਵਾਲ ਵੱਲੋਂ ਸਰਬਤ ਦਾ ਭਲਾ ਚੈਰੀਟੇਬਲ ਟ੍ਰੱਸਟ ਵਿਖੇ ਆਯੋਜਿਤ ਇਕ ਸਾਦਾ ਪਰ ਸਨੇਹ ਭਰਪੂਰ ਮਿਲਨੀ ਵਿੱਚ ਨਟਾਸ ਵੱਲੋਂ ਉਲੀਕੀ ਪੰਜਾਬੀ ਪਸਾਰ ਥੀਏਟਰ ਮੁਹਿੰਮ ਦਾ ਉਦਘਾਟਨ ਮੁੱਖ ਮਹਿਮਾਨ ਜਗਤ ਪ੍ਰਸਿੱਧ ਪਰਉਪਕਾਰੀ, ਉਦਯੋਗਪਤੀ ਸਮਾਜਿਕ ਸ਼ਖਸੀਅਤ ਡਾ. ਐਸ. ਪੀ. ਸਿੰਘ ਓਬਰਾਏ (ਦੁਬਈ) ਬਾਨੀ ਸਰਬਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਕੀਤਾ। ਉਹਨਾਂ ਨੇ ਕਿਹਾ ਕਿ ਪੰਜਾਬੀ ਭਾਸ਼ਾ ਦੀ ਅਸਲੀ ਤਾਕਤ ਉਸ ਦੇ ਪਸਾਰ, ਪ੍ਰਚਾਰ, ਬਚਾਉਣ ਲਈ ਤੱਤਪਰ ਜਾਗਰੂਕ ਅਤੇ ਸਰਗਰਮ ਸ਼ਖਸੀਅਤਾਂ ਹਨ। ਮੁੱਖ ਮਹਿਮਾਨ ਡਾ. ਓਬਰਾਏ ਨੇ ਪ੍ਰਾਣ ਸੱਭਰਵਾਲ ਨੂੰ ਰਾਜ ਦੀਆਂ ਨਾਮਵਰ ਪ੍ਰਸਿੱਧ ਸਤਕਾਰਿਤ, ਸਮਾਜਿਕ ਸ਼ਖਸੀਅਤਾਂ



ਫਿਊਚਰਿਸਟਿਕ ਯੂਨੀਵਰਸਿਟੀ, ਸ੍ਰੀ ਅਨੰਦਪੁਰ ਸਾਹਿਬ ਦੇ ਵਾਇਸ ਚਾਂਸਲਰ ਪ੍ਰੋ. (ਡਾ. ਸਰਬਜਿੰਦਰ ਸਿੰਘ, ਸੀਨੀਅਰ ਪੱਤਰਕਾਰ ਸ੍ਰ. ਅਮਰਵੀਰ ਸਿੰਘ ਵਾਲੀਆ, ਟ੍ਰਸਟ ਦੇ ਕੌਮੀ ਪ੍ਰਧਾਨ ਸ੍ਰ. ਜੱਸਾ ਸਿੰਘ ਸੰਧੂ, ਟ੍ਰਸਟ ਦੇ ਜਨਰਲ ਸੈਕਟਰੀ ਸ੍ਰ. ਗਗਨਦੀਪ ਸਿੰਘ ਆਹੂਜਾ ਆਦਿ ਦੀ ਮੁਬਾਰਕ ਹਾਜਰੀ ਵਿੱਚ ਸਨਮਾਨਿਤ ਕਰਦੇ ਕਿਹਾ ਕਿ ਸੱਭਰਵਾਲ ਟੀਮ ਵੱਲੋਂ ਥੀਏਟਰ ਪੇਸ਼ਕਾਰੀਆਂ ਰਾਹੀਂ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਨੈਤਿਕਤਾ ਦੀ ਮਜ਼ਬੂਤੀ ਵੱਲ ਨਿਰੰਤਰ ਕੀਤੇ ਜਾ ਰਹੇ ਉਦਮ ਸ਼ਲਾਘਾਯੋਗ ਹਨ। ਨਟਾਸ ਪ੍ਰਧਾਨ ਸ੍ਰ. ਗੁਰਬਚਨ ਸਿੰਘ ਕੱਕੜ ਨੇ ਡਾ. ਓਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੱਛਲੇ 25 ਸਾਲਾਂ ਤੋਂ ਡਾ. ਓਬਰਾਏ ਦੀ ਸਰਪਰਸਤੀ ਹੇਠ ਜਾਰੀ ਭਾਰਤ ਵਿੱਚ ਨਿਵੇਕਲੀ ਮਾਸਿਕ ਗਾਰਡਨ ਥੀਏਟਰ ਲਹਿਰ ਤਹਿਤ ਹੁਣ ਤੱਕ 284 ਸਫਲ ਮਾਸਿਕ ਨਾਟ ਮੇਲੇ ਆਯੋਜਿਤ ਕੀਤੇ ਜਾ ਚੁੱਕੇ ਹਨ, ਜਿਸਦਾ ਦਾ ਸੇਹਰਾ ਡਾ. ਓਬਰਾਏ ਦੇ ਸਿਰ ਬਜਦਾ ਹੈ। ਸ਼੍ਰੀ ਸੱਭਰਵਾਲ ਨੇ ਡਾ. ਓਬਰਾਏ, ਟ੍ਰਸਟ ਦੇ ਸੰਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

## ਘੇਰ ਕੇ ਕੁੱਟਮਾਰ ਕਰਨ ਸਬੰਧੀ ਮਾਮਲਾ ਦਰਜ

ਪਟਿਆਲਾ, 25 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਕੁਲਬੀਰ ਸਿੰਘ ਪੁੱਤਰ ਦਾਰਾ ਸਿੰਘ ਵਾਸੀ ਗਲੀ ਨੰ. 2 ਨਿਊ ਯਾਦਵਿੰਦਰਾ ਕਲੋਨੀ ਪਟਿਆਲਾ ਨੇ ਕਥਿਤ ਦੋਸ਼ੀਆਂ ਰਣਜੀਤ ਸਿੰਘ, ਵਿਕਰਮ ਸਿੰਘ, ਅਮਰਜੀਤ ਸਿੰਘ, ਜੱਗੀ ਸਿੰਘ ਸਾਬਕਾ ਪ੍ਰਧਾਨ ਅਤੇ ਉਸਦਾ ਸਾਲਾ ਪੀਟਰ ਸਮੇਤ 2-3 ਅਣਪਛਾਤੇ ਵਿਅਕਤੀ ਵਾਸੀ ਨਿਊ ਯਾਦਵਿੰਦਰਾ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੇ ਮੁਹੱਲੇ ਦੇ ਗੁਰਦੁਆਰਾ ਸਾਹਿਬ ਵਿੱਚ ਪ੍ਰਧਾਨਗੀ ਨੂੰ ਲੈ ਕੇ ਮੀਟਿੰਗ ਸੱਦੀ ਗਈ ਸੀ ਤਾਂ ਮੀਟਿੰਗ ਦੌਰਾਨ ਉਸ ਦੀ ਪ੍ਰਧਾਨ ਅਮਰਜੀਤ ਸਿੰਘ ਨਾਲ ਤਕਰਾਰਬਾਜ਼ੀ ਹੋ ਗਈ। ਉਹ ਗੁਰਦੁਆਰਾ ਸਾਹਿਬ ਤੋਂ ਬਾਹਰ ਆਇਆ ਤਾਂ ਕਥਿਤ ਦੋਸ਼ੀਆਂ ਨੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆ ਧਮਕੀਆਂ ਵੀ ਦਿੱਤੀਆਂ ਤੇ ਕਥਿਤ ਦੋਸ਼ੀ ਵਿਕਰਮ ਸਿੰਘ ਨੇ ਉਸ 'ਤੇ ਛੂਰੇ ਨਾਲ ਵਾਰ ਕੀਤੇ। ਪੁਲਿਸ ਨੇ ਧਾਰਾ 118(1), 115(2), 126(2), 351(1), 191(2),190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸਰਕਾਰੀ ਕਾਲਜ ਲੜਕੀਆਂ ਵਿਖੇ ਛਾਂਦਾਰ ਬੂਟੇ ਲਗਾਏ

ਪਟਿਆਲਾ, 25 ਅਪ੍ਰੈਲ (ਚ.ਨ.ਸ) : ਸਰਕਾਰੀ ਕਾਲਜ ਲੜਕੀਆਂ, ਪਟਿਆਲਾ ਵਿਖੇ ਈਕੋ ਕਲੱਬ ਦੁਆਰਾ ਇਨਵਾਇਰਮੈਂਟ ਐਜੂਕੇਸ਼ਨ ਪ੍ਰੋਗਰਾਮ ਦੇ ਤਹਿਤ ਅਰਥ ਡੇ ਮਨਾਉਂਦਿਆਂ ਹੋਇਆ ਪੌਦਾ ਰੋਪਣ ਮੁਹਿੰਮ ਆਯੋਜਿਤ ਕੀਤੀ ਗਈ. ਕਾਲਜ ਕੈਂਪਸ ਵਿੱਚ ਵੱਖ-ਵੱਖ ਛਾਂਦਾਰ ਪੇੜਾਂ ਦੇ ਬੂਟੇ ਲਗਾਏ ਗਏ. ਪ੍ਰਿੰਸੀਪਲ ਡਾ. ਸਵਿੰਦਰ ਸਿੰਘ ਰੇਖੀ ਦੁਆਰਾ ਵਿਦਿਆਰਥਣਾਂ ਅਤੇ ਸਟਾਫ਼ ਨੂੰ ਵਾਤਾਵਰਨ ਦੀ ਸੰਭਾਲ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸੇ ਮੁਹਿੰਮ ਤਹਿਤ ਵਿਦਿਆਰਥਣਾਂ ਦੇ



ਵੱਖ-ਵੱਖ ਮੁਕਾਬਲੇ ਵੀ ਕਰਵਾਏ ਗਏ। ਟ੍ਰੈਸ਼ ਟੂ ਟ੍ਰੈਜ਼ਰ ਮੁਕਾਬਲੇ ਵਿੱਚ ਫਾਲਤੂ ਅਤੇ ਬੇਕਾਰ ਸਮਾਨ ਨੂੰ ਸੁੰਦਰ ਅਤੇ ਉਪਯੋਗੀ ਚੀਜ਼ਾਂ ਵਿੱਚ ਬਦਲਦੇ ਹੋਏ ਵਿਦਿਆਰਥਣਾਂ ਨੇ ਰਚਨਾਤਮਕਤਾ ਦਿਖਾਉਂਦੇ ਹੋਏ ਪੁਰਾਣੇ ਕੱਪੜੇ, ਬੋਤਲਾਂ ਕਾਗਜ਼, ਡੱਬਿਆਂ ਅਤੇ ਹੋਰ ਸਮੱਗਰੀ ਨਾਲ ਕਈ ਚੀਜ਼ਾਂ ਤਿਆਰ ਕੀਤੀਆਂ। ਮੁਕਾਬਲੇ ਵਿੱਚ ਐਮ.ਏ. ਫਾਈਨ ਆਰਟਸ ਦੀਆਂ ਵਿਦਿਆਰਥਣਾਂ ਮਨਪ੍ਰੀਤ ਕੌਰ ਅਤੇ ਮੰਜੂ ਨੇ ਪਹਿਲਾ ਅਤੇ ਦੂਜਾ ਸਥਾਨ ਹਾਸਿਲ ਕੀਤਾ। ਮੁਕਾਬਲੇ ਵਿੱਚ ਬੀ.ਏ. ਭਾਗ ਦੂਜਾ ਦੀ ਵਿਦਿਆਰਥਣ ਸਿਮਰਨ ਕੌਰ ਦੁਆਰਾ ਪਹਿਲਾ ਅਤੇ ਬੀ.ਐਸ.ਸੀ. ਬਾਇਓਟੈਕ ਭਾਗ ਪਹਿਲਾ ਦੀ ਵਿਦਿਆਰਥਣ ਅੰਸ਼ਿਕਾ ਦੁਆਰਾ ਦੂਜਾ ਸਥਾਨ ਹਾਸਿਲ ਕੀਤਾ ਗਿਆ। ਦੋਨਾਂ ਮੁਕਾਬਲਿਆਂ ਦੀਆਂ ਜੇਤੂ ਵਿਦਿਆਰਥਣਾਂ ਨੂੰ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ. ਇਸ ਮੌਕੇ ਕਾਲਜ ਵਾਈਸ ਪ੍ਰਿੰਸੀਪਲ ਪ੍ਰੋ. ਰਣਜੀਤ ਕੌਰ, ਡਾ. ਪੁਸ਼ਪਿੰਦਰ, ਡਾ. ਕੁਲਵਿੰਦਰ ਕੌਰ, ਈਕੋ ਕਲੱਬ ਦੇ ਨੋਡਲ ਅਫ਼ਸਰ ਪ੍ਰੋ. ਰਿਚਾ ਬਾਂਸਲ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

## ਜ਼ਹਿਰੀਲੀ ਵਸਤੂ ਨਿਗਲਣ ਨਾਲ ਮੌਤ

ਸਮਾਣਾ, 25 ਅਪ੍ਰੈਲ (ਵਿਜੇ ਕੁਮਾਰ) : ਸਦਰ ਪੁਲਿਸ ਥਾਣੇ ਅਧੀਨ ਪੈਂਦੇ ਪਿੰਡ ਸ਼ਾਹਪੁਰ ਵਿੱਚ 25 ਸਾਲਾ ਨੌਜਵਾਨ ਵੱਲੋਂ ਜ਼ਹਿਰੀਲੀ ਵਸਤੂ ਨਿਗਲ ਲੈਣ ਕਾਰਨ ਉਸ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਲਿਆਂਦਾ ਗਿਆ।ਮਾਮਲੇ ਦੇ ਜਾਂਚ ਅਧਿਕਾਰੀ, ਮਵੀਕਲਾਂ ਪੁਲਿਸ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਅਮਨਪ੍ਰੀਤ ਸਿੰਘ ਦੇ ਪਿਤਾ ਭਗਵਾਨ ਸਿੰਘ, ਵਾਸੀ ਪਿੰਡ ਸ਼ਾਹਪੁਰ, ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਨ੍ਹਾਂ ਦੇ ਪੁੱਤਰ ਨੇ ਕੋਈ ਜ਼ਹਿਰੀਲੀ ਵਸਤੂ ਨਿਗਲ ਲਈ, ਜਿਸ ਨਾਲ ਉਸ ਦੀ ਸਿਹਤ ਅਚਾਨਕ ਵਿਗੜ ਗਈ। ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ, ਦਰਜ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆਂ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਉਪਰੰਤ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ। ਮ੍ਰਿਤਕ ਅਣਵਿਆਹਿਆ ਸੀ ਅਤੇ ਆਪਣੇ ਮਾਤਾ-ਪਿਤਾ ਦਾ ਇਕਲੌਤਾ ਪੁੱਤਰ ਸੀ।



# ਪਟਿਆਲਾ-ਆਸ/ਪਾਸ



## ਡੀ.ਆਈ.ਜੀ. ਕੁਲਦੀਪ ਚਾਹਲ ਵੱਲੋਂ ਕ੍ਰਾਈਮ ਰਿਵਿਊ ਮੀਟਿੰਗ

### ਨਸ਼ਾ ਤਸਕਰੀ ਅਤੇ ਗੈਂਗਸਟਰਵਾਦ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਿਰਦੇਸ਼



ਮਲੇਰਕੋਟਲਾ, 25 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਡੀ.ਆਈ.ਜੀ. ਪਟਿਆਲਾ ਰੇਂਜ ਕੁਲਦੀਪ ਚਾਹਲ ਵੱਲੋਂ ਰੇਂਜ ਦੇ ਜ਼ਿਲ੍ਹੇ ਮਾਲੇਰਕੋਟਲਾ ,ਪਟਿਆਲਾ, ਸੰਗਰੂਰ, ਅਤੇ ਬਰਨਾਲਾ ਦੇ ਸੀਨੀਅਰ ਕਪਤਾਨ ਪੁਲਿਸ ਅਧਿਕਾਰੀਆਂ ਨਾਲ ਵਿਸ਼ੇਸ਼ ਅਪਰਾਧ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਨਸ਼ਾ ਤਸਕਰੀ ਅਤੇ ਗੈਂਗਸਟਰਵਾਦ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਵਿੱਚ ਸੰਗੀਨ ਅਪਰਾਧਾਂ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਡੀ.ਆਈ.ਜੀ. ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੁਰਾਣੇ ਅਤੇ ਵਾਰ-ਵਾਰ ਅਪਰਾਧ ਕਰਨ ਵਾਲੇ ਅਨਸਰਾਂ 'ਤੇ ਕੜੀ ਨਿਗਰਾਨੀ ਰੱਖੀ ਜਾਵੇ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਨਵੇਂ ਕਾਨੂੰਨਾਂ ਦੀ ਪ੍ਰਭਾਵਸ਼ਾਲੀ ਲਾਗੂਅੰਦੀ ਅਤੇ ਤਫ਼ਤੀਸ਼ੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ 'ਤੇ ਵੀ ਜ਼ੋਰ ਦਿੱਤਾ, ਤਾਂ ਜੋ ਕਾਨੂੰਨ ਦੀ ਪਕੜ ਹੋਰ ਮਜ਼ਬੂਤ ਬਣਾਈ ਜਾ ਸਕੇ। ਇਸ ਮੌਕੇ ਮਾਲੇਰਕੋਟਲਾ ਪੁਲਿਸ ਦੀ ਕਾਰਗੁਜ਼ਾਰੀ ਦਾ ਜ਼ਿਕਰ ਕਰਦਿਆਂ ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਦੱਸਿਆ ਗਿਆ ਕਿ 1 ਜਨਵਰੀ 2026 ਤੋਂ 31 ਮਾਰਚ 2026 ਤੱਕ ਨਸ਼ਾ ਤਸਕਰੀ ਸਬੰਧੀ 260 ਮੁਕੱਦਮੇ ਦਰਜ ਕਰਕੇ 301 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਦੌਰਾਨ 954 ਗ੍ਰਾਮ ਹੈਰੋਇਨ, 2 ਕਿੱਲੋ 167 ਗ੍ਰਾਮ ਅਫੀਮ, 167 ਕਿੱਲੋ ਭੁੱਕੀ, 1 ਕਿੱਲੋ 200 ਗ੍ਰਾਮ ਸੁਲਫ਼ਾ, 4001 ਨਸ਼ੀਲੀਆਂ ਗੋਲੀਆਂ, 44 ਨਸ਼ੀਲੀਆਂ ਸ਼ੀਸ਼ੀਆਂ ਅਤੇ 6 ਕਿੱਲੋ 90 ਗ੍ਰਾਮ ਹਰੇ ਪੌਦੇ ਬਰਾਮਦ ਕੀਤੇ ਗਏ। ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਨਸ਼ਾ ਤਸਕਰੀ ਸਬੰਧੀ ਕੋਈ ਵੀ ਜਾਣਕਾਰੀ "Safe Punjab" ਵੱਟਸਐਪ ਨੰਬਰ 9779-100-200 'ਤੇ ਸਾਂਝੀ ਕੀਤੀ ਜਾਵੇ। ਪੁਲਿਸ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇਗੀ।

# ਹਰਚੰਦ ਸਿੰਘ ਬਰਸਟ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ, ਮੌਕੇ 'ਤੇ ਕੀਤਾ ਨਿਪਟਾਰਾ



ਸਮਾਣਾ, 25 ਅਪ੍ਰੈਲ (ਵਿਜੇ ਕੁਮਾਰ/ ਸੁਖਜਿੰਦਰ ਕੁਲਾਰਾਂ/ਜਵੰਦਾ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਲੋਕ ਮਿਲਣੀ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਨਾਲ ਸ. ਹਰਚੰਦ ਸਿੰਘ ਬਰਸਟ ਵੱਲੋਂ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਦੀ ਸਮੱਸਿਆਵਾਂ ਅਤੇ ਮੁੱਦਿਆਂ ਨੂੰ ਬੜੇ ਹੀ ਧਿਆਨ ਨਾਲ ਸੁਣਿਆ ਗਿਆ। ਸ. ਬਰਸਟ ਨੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਆਏ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਦੌਰਾਨ ਹਾਜ਼ਰ ਲੋਕਾਂ ਅਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਮੁੱਖ ਮਨੋਰਥ ਆਮ ਲੋਕਾਂ ਨੂੰ ਖੱਜਲ-ਖੁਆਰੀ ਤੋਂ ਮੁਕਤ ਕਰਨਾ ਅਤੇ ਉਹਨਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨਾ ਹੈ, ਜਿਸਦੇ ਲਈ ਸਰਕਾਰ ਖੁਦ ਲੋਕਾਂ ਤੱਕ ਪਹੁੰਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦਾ ਚਹੁੰਪਖੀ ਵਿਕਾਸ ਕੀਤਾ ਜਾ ਰਿਹਾ ਹੈ। ਆਪ ਵੱਲੋਂ ਚਾਰ ਸਾਲਾਂ ਦੌਰਾਨ ਸਾਰੀਆਂ ਗਰੰਟੀਆਂ ਪੂਰੀਆਂ ਕੀਤੀ ਗਈਆਂ ਹਨ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਦੇ ਆਧੁਨਿਕੀਕਰਨ ਅਤੇ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ ਦੇ ਕੰਮ ਨੂੰ ਵਿਸ਼ੇਸ਼ ਪੱਧਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਕਿਸਾਨਾਂ, ਆੜ੍ਹਤੀਆਂ ਅਤੇ ਮਜਦੂਰਾਂ ਦੀ ਸਹੂਲਤ ਲਈ ਸੂਬੇ ਦੀਆਂ ਸਮੂਹ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲਾ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪ੍ਰਬੰਧ ਕੀਤੇ ਗਏ ਹਨ। ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਸੀਜਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਇਸ ਮੌਕੇ ਕੁਲਦੀਪ ਵਿਰਕ ਹਲਕਾ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਜਤਿੰਦਰ ਸਿੰਘ ਸਰਪੰਚ ਗੁਰੂ ਨਾਨਕ ਨਗਰ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਭੁਪਿੰਦਰ ਸਿੰਘ ਸਰਪੰਚ ਖੇੜੀ ਗੰਡੀਆਂ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ, ਸ਼ੇਰ ਸਿੰਘ ਸਰਪੰਚ ਖੇੜੀ ਮੱਲਾਂ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਜੋਗਿੰਦਰ ਸਿੰਘ ਸਰਪੰਚ ਜੋਹਲਾ, ਭੁਪਿੰਦਰ ਸਿੰਘ ਸਰਪੰਚ ਚੰਨੋਂ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਗੁਰਦੀਪ ਸਿੰਘ ਸਰਪੰਚ ਦਿਆਲਪੁਰਾ, ਜਸਵਿੰਦਰ ਸਿੰਘ ਬਲਾਕ ਪ੍ਰਧਾਨ ਫਤਿਹਪੁਰ, ਹਰਸ਼ ਵਿਰਕ, ਦਵਿੰਦਰ ਸਿੰਘ ਗਿੱਲ, ਰਵਿੰਦਰ ਬੱਲੀ, ਗਿੰਨੀ ਖੰਗੂੜਾ, ਜੈਂਕੀ ਮਹਿਰਾ, ਸ਼ੰਕਰ ਜਿੰਦਲ, ਹਜਾਰੀ ਲਾਲ ਜੋਹਰੀ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੌਛੀ, ਹਰਦਵਿੰਦਰ ਸਿੰਘ ਮੈਂਬਰ ਪੰਚਾਇਤ ਗਾਜੇਵਾਸ, ਜਸਪਾਲ ਸਿੰਘ ਬੀਬੀਪੁਰ, ਗੁਰਪਿਆਰ ਸਿੰਘ ਰਾਮ ਨਗਰ, ਹਮੇਇੰਦਰ ਮਾਲੋਮਾਜਰਾ, ਨਵਦੀਪ ਸਿੰਘ ਸ਼ੇਰਮਾਜਰਾ, ਗੁਰਨੈਬ ਸਿੰਘ ਕੁਲਬੁਰਸ਼ਾ, ਬਿੰਦਰ ਨਾਗਰ, ਕੁਲਦੀਪ ਸਿੰਘ ਅਸਰਪੁਰ, ਲਛਮਣ ਸਿੰਘ ਸਾਬਕਾ ਸਰਪੰਚ ਬਦਨਪੁਰ, ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## ਜੇਲ੍ਹ 'ਚੋਂ ਮੋਬਾਇਲ ਤੇ ਸਿਮ ਬ੍ਰਾਮਦ

ਪਟਿਆਲਾ, 25 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਗੁਰਦਿਆਲ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀ ਕੈਦੀ ਮਨਪ੍ਰੀਤ ਸਿੰਘ ਪੁੱਤਰ ਰਵਿੰਦਰ ਸਿੰਘ ਵਾਸੀ ਮੁਹੱਲਾ ਟਿੱਬਾ ਸਾਹਿਬ ਥਾਣਾ ਮਾਡਲ ਟਾਊਨ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਤਲਾਸ਼ੀ ਦੌਰਾਨ ਬੰਦੀ ਦੀ ਪਾਈ ਹੋਈ ਲੋਅਰ ਵਿੱਚੋਂ 1 ਟੱਚ ਮੋਬਾਇਲ ਫੋਨ ਰੀਅਲਮੀ ਕੰਪਨੀ ਅਤੇ 2 ਸਿਮ ਕਾਰਡ ਬ੍ਰਾਮਦ ਹੋਏ ਅਤੇ ਹਾਤੇ ਵਿੱਚ ਬਣੇ ਬਾਥਰੂਮ ਦੇ ਪਿਛਲੇ ਪਾਸੇ ਤੋਂ 1 ਮੋਬਾਇਲ ਫੋਨ ਕੀਪੈਡ ਕੈਚੇਡਾ ਕੰਪਨੀ ਬਿਨ੍ਹਾ ਸਿਮ ਕਾਰਡ ਅਤੇ ਸਮੇਤ ਬੈਟਰੀ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਲਛਮਣ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀ ਹਵਾਲਾਤੀ ਲਵਪ੍ਰੀਤ ਸਿੰਘ ਵਾਸੀ ਪਿੰਡ ਦਾਦੂ ਜੋਧ ਥਾਣਾ ਫਤਿਹਗੜ੍ਹ ਚੂੜੀਆਂ ਜ਼ਿਲ੍ਹਾ ਗੁਰਦਾਸਪੁਰ ਹਾਲ ਕੇਂਦਰੀ ਜੇਲ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਹਾਤਾ ਨੰ. 7.8.9 ਅਤੇ 9-2 ਦੀ ਬੈਰਕਾਂ ਦੀ ਤਲਾਸ਼ੀ ਦੌਰਾਨ ਹਵਾਲਾਤੀ ਦੀ ਪਾਈ ਹੋਈ ਲੋਅਰ ਦੀ ਖੱਬੀ ਜੇਬ ਵਿੱਚੋਂ 1 ਮੋਬਾਇਲ ਫੋਨ ਕੀਪੈਡ ਕੈਚੇਡਾ ਕੰਪਨੀ ਸਮੇਤ ਬੈਟਰੀ ਅਤੇ ਬਿਨਾ ਸਿਮ ਕਾਰਡ ਦੇ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਵਿਧਾਇਕ ਕੋਹਲੀ ਵੱਲੋਂ ਤੀਰਥ ਯਾਤਰੀਆਂ ਦਾ ਜਥਾ ਰਵਾਨਾ



ਪਟਿਆਲਾ, 25 ਅਪ੍ਰੈਲ (ਰੁਪਾਣਾ) : ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਸਫ਼ਾਵਾਦੀ ਗੇਟ ਤੋਂ ਤੀਰਥ ਯਾਤਰੀਆਂ ਦਾ ਇਕ ਜਥਾ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਰਵਾਨਾ ਕੀਤਾ ਗਿਆ। ਇਸ ਮੌਕੇ ਇਲਾਕਾ ਵਾਸੀਆਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਯਾਤਰੀਆਂ ਨੂੰ ਫੁੱਲਾਂ ਦੀਆਂ ਮਾਲਾਵਾਂ ਪਾ ਕੇ ਅਤੇ ਸ਼ੁਭਕਾਮਨਾਵਾਂ ਦੇ ਕੇ ਵਿਦਾ ਕੀਤਾ ਗਿਆ। ਇਹ ਜਥਾ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਸਥਿਤ ਸ੍ਰੀ ਦਰਬਾਰ ਸਾਹਿਬ ਅਤੇ ਪ੍ਰਸਿੱਧ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਣ ਲਈ ਰਵਾਨਾ ਹੋਇਆ ਹੈ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਹ ਸਕੀਮ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਸੋਚ ਦਾ ਨਤੀਜਾ ਹੈ, ਜਿਸ ਦਾ ਮਕਸਦ ਆਮ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਸ ਸਕੀਮ ਰਾਹੀਂ ਹਜ਼ਾਰਾਂ ਲੋਕ ਲਾਭ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਯਾਤਰੀਆਂ ਦੀ ਸੁਵਿਧਾ ਲਈ ਆਵਾਜਾਈ, ਰਿਹਾਇਸ਼ ਅਤੇ ਭੋਜਨ ਆਦਿ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ, ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਧਾਰਮਿਕ ਯਾਤਰਾ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਨਾਲ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ। ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਕੀਮ ਧਾਰਮਿਕ ਵਿਸ਼ਵਾਸ ਨਾਲ ਜੁੜੇ ਲੋਕਾਂ ਲਈ ਇਕ ਵੱਡੀ ਸੌਗਾਤ ਹੈ।ਇਸ ਮੌਕੇ ਵਾਰਡ ਨੰਬਰ 41 ਤੋਂ ਐਮ ਸੀ ਅਮਨਪ੍ਰੀਤ ਕੌਰ, ਜਸਬੀਰ ਸਿੰਘ ਬਿੱਟੂ, ਹਰਮਿੰਦਰਪਾਲ ਸਿੰਘ ਵਿੰਟੀ ਹਲਕਾ ਕੋਆਰਡੀਨੇਟਰ ਪਟਿਆਲਾ ਤੋਂ ਇਲਾਵਾ ਇਲਾਕਾ ਵਾਸੀ ਵੱਡੀ ਗਿਣਤੀ 'ਚ ਮੌਜੂਦ ਸਨ।

## ਵਿਸ਼ੇਸ਼ ਕੈਂਪਾਂ ਦਾ ਉਦੇਸ਼ ਲੋਕਾਂ 'ਚ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣੀ : ਡਾ. ਸ਼ੈਲੀ ਜੇਤਲੀ

### ➢ਬਾਬੂ ਸਿੰਘ ਕਲੋਨੀ ਵਿਖੇ ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ



ਪਟਿਆਲਾ, 25 ਅਪ੍ਰੈਲ (ਚ.ਨ.ਸ) : ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ਹਿਰਾਂ ਅਤੇ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਵਿੱਚ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣੀ ਅਤੇ ਸਮੇਂ ਸਿਰ ਇਲਾਜ ਯਕੀਨੀ ਬਣਾਉਣ ਵੱਲ ਇੱਕ ਸ਼ਲਾਘਾਯੋਗ ਉਪਰਾਲਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਸ਼ੈਲੀ ਜੇਤਲੀ ਸਿਵਲ ਸਰਜਨ ਪਟਿਆਲਾ ਵੱਲੋਂ ਬਾਬੂ ਸਿੰਘ ਕਲੋਨੀ ਵਿਖੇ ਲਗਾਏ ਗਏ ਅੱਖਾਂ ਦੀ ਜਾਂਚ ਦੇ ਮੁਫਤ ਕੈਂਪ ਦੌਰਾਨ ਕੀਤਾ ਗਿਆ। ਡਾ. ਗੁਰਪ੍ਰੀਤ ਸਿੰਘ ਨਾਗਰਾ ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਵਿਸ਼ੇਸ਼ ਉਪਰਾਲੇ ਸਦਕਾ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਤਹਿਤ ਅੱਜ ਅੱਖਾਂ ਜਾਂਚ ਦਾ ਮੁਫਤ ਕੈਂਪ ਬਾਬੂ ਸਿੰਘ ਕਲੋਨੀ ਵਿਖੇ ਲਗਾਇਆ ਗਿਆ ਹੈ, ਜਿਸ ਵਿੱਚ ਮਾਤਾ ਕੁਸ਼ੱਲਿਆ ਹਸਪਤਾਲ ਤੋਂ ਅੱਖਾਂ ਦੇ ਮਾਹਿਰ ਡਾਕਟਰ ਅਨੁਰੀਤ ਨੇ ਕੈਂਪ ਵਿੱਚ ਪਹੁੰਚ ਕੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਇਸ ਬਾਰੇ ਡਾਕਟਰ ਨਾਗਰਾ ਨੇ ਦੱਸਿਆ ਕਿ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਤਹਿਤ ਅੱਜ ਬਾਬੂ ਸਿੰਘ ਕਲੋਨੀ ਵਿਖੇ 165 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 85 ਦੇ ਲਗਭਗ ਲੋੜਵੰਦਾਂ ਨੂੰ ਐਨਕਾਂ ਵੀ ਵੰਡੀਆਂ ਗਈਆਂ ਅਤੇ 4 ਮਰੀਜ਼ਾਂ ਨੂੰ ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਰੈਫਰ ਕੀਤਾ ਗਿਆ। ਇਸ ਮੌਕੇ ਨੇ ਜਾਣਕਾਰੀ ਦਿੱਤੀ ਕਿ ਆਉਂਦੇ ਦਿਨਾਂ ਵਿੱਚ ਵੀ ਇਹ ਵਿਸ਼ੇਸ਼ ਕੈਂਪ ਜਾਰੀ ਰਹਿਣਗੇ, ਜਿਸ ਤਹਿਤ ਮਿਤੀ 26 ਅਪ੍ਰੈਲ ਨੂੰ ਪਿੰਡ ਲੰਗ ਵਿਖੇ ਅੱਖਾਂ ਦੀ ਜਾਂਚ ਦੇ ਮੁਫਤ ਵਿਸ਼ੇਸ਼ ਕੈਂਪ ਲੱਗੇਗਾ,ਜਿਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਕੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣਾ ਚਾਹੀਦਾ ਹੈ। ਕੈਂਪ ਲਈ ਸਥਾਨਕ ਆਗੂਆਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਡਾ. ਜੈਸਮੀਨ, ਡਾ. ਵਰਿੰਦਰ, ਜ਼ਿਲ੍ਹਾ ਬੀਸੀਸੀ ਕੋਆਰਡੀਨੇਟਰ ਜਸਵੀਰ ਕੌਰ, ਸੁਖਜੀਤ ਸਿੰਘ ਬਲਾਕ ਐਕਸਟੈਂਸ਼ਨ ਐਜੂਕੇਟਰ, ਕੁਮਕੁਮ ਅਪਥੈਲਮਿਕ ਅਫਸਰ ਸਮੇਤ ਸਮੂਹ ਸਿਹਤ ਕਰਮਚਾਰੀ ਹਾਜ਼ਰ ਸਨ।

## ਪੁਰਾਣੇ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ ਦੀ ਕਨਵੈਨਸ਼ਨ



ਪਟਿਆਲਾ, 25 ਅਪ੍ਰੈਲ (ਰੁਪਾਣਾ) : 'ਪੁਰਾਣੇ ਸਕੇਲ, ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ' ਵੱਲੋਂ ਆਪਣੀਆਂ ਮੰਗਾਂ ਮੰਨਵਾਉਣ ਲਈ ਇੱਥੇ ਤਰਕਸ਼ੀਲ ਹਾਲ ਵਿੱਚ ਕਨਵੈਨਸ਼ਨ ਕੀਤੀ ਗਈ। ਇਸ ਦੌਰਾਨ 17 ਮਈ ਨੂੰ ਮੁਹਾਲੀ ਵਿੱਚ ਸੂਬਾਈ ਰੈਲੀ ਕਰ ਕੇ ਮੁੱਖ ਮੰਤਰੀ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ਵੱਲ ਰੋਸ ਮਾਰਚ ਕਰਨ ਸਬੰਧੀ ਜ਼ਿਲ੍ਹੇ ਵਿੱਚ ਤਿਆਰੀ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਗਿਆ। ਇਸ ਕਨਵੈਨਸ਼ਨ ਉਪਰੰਤ ਨਜ਼ਦੀਕ ਹੀ ਸਥਿਤ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਰਿਹਾਇਸ਼ ਵੱਲ ਰੋਸ ਮਾਰਚ ਵੀ ਕੀਤਾ ਗਿਆ ਪਰ ਪੁਲਿਸ ਨੇ ਇਸ ਕਾਫਲੇ ਨੂੰ ਕੋਠੀ ਤੋਂ ਪਹਿਲਾਂ ਹੀ ਰੋਕ ਲਿਆ। ਇਸ ਮੌਕੇ ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਕਨਵੀਨਰ ਅਤਿੰਦਰਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਹਰਵਿੰਦਰ ਰੱਖੜਾ, ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਆਗੂ ਗੁਰਪ੍ਰੀਤ, 6635 ਈ ਟੀ ਟੀ ਯੂਨੀਅਨ ਤੋਂ ਰਾਜਵਿੰਦਰ ਸਿੰਘ, ਐੱਸ ਐੱਸ ਏ ਨਾਨ ਟੀਚਿੰਗ ਦਫ਼ਤਰੀ ਮੁਲਾਜ਼ਮ ਯੂਨੀਅਨ ਦੇ ਆਗੂ ਚਮਕੌਰ ਸਿੰਘ ਆਦਿ ਨੇ ਸੰਬੋਧਨ ਕੀਤਾ। ਉਨ੍ਹਾਂ ਨਵੇਂ ਕੇਂਦਰੀ ਸਕੇਲਾਂ ਆਧਾਰਤ 17 ਜੁਲਾਈ 2020 ਦਾ ਨੋਟੀਫਿਕੇਸ਼ਨ ਰੱਦ ਕਰਵਾ ਕੇ ਛੇਵੇਂ ਪੰਜਾਬ ਤਨਖਾਹ ਕਮਿਸ਼ਨ +15 ਫੀਸਦੀ ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਅਤੇ ਮੁਲਾਜ਼ਮਾਂ ਦੇ ਕੱਟੇ ਹੋਏ 37 ਕਿਸਮ ਦੇ ਭੱਤੇ ਸਮੇਤ ਹੋਰ ਮੰਗਾਂ ਦੀ ਪੂਰਤੀ 'ਤੇ ਵੀ ਜ਼ੋਰ ਦਿੱਤਾ। ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਜ਼ਿਲ੍ਹਾ ਕਨਵੀਨਰ ਸਤਪਾਲ ਸਮਾਣਵੀ ਨੇ ਦੱਸਿਆ ਕਿ ਬਾਕੀ ਮੰਗਾਂ 'ਚ ਪੇਂਡੂ ਇਲਾਕਾ ਤੇ ਬਾਰਡਰ ਏਰੀਆ ਭੱਤੇ ਸਮੇਤ ਏ ਸੀ ਪੀ ਦਾ ਲਾਭ ਅਤੇ ਪੈਂਡਿੰਗ 18 ਫੀਸਦੀ ਮਹਿੰਗਾਈ ਭੱਤਾ ਲਾਗੂ ਕਰਵਾਉਣਾ ਵੀ ਸ਼ਾਮਲ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਆਗੂਆਂ ਰਾਜਿੰਦਰ ਸਮਾਣਾ, ਨਵਦੀਪ ਸਿੰਘ ਅਤੇ ਗੁਰਧਿਆਨ ਸਿੰਘ ਨੇ ਕਿਹਾ ਕਿ ਉਪਰੋਕਤ ਮੰਗਾਂ ਲਈ 15 ਫਰਵਰੀ ਨੂੰ ਸੰਗਰੂਰ ਰੈਲੀ ਤੇ 5 ਮਾਰਚ ਨੂੰ ਸੰਯੁਕਤ ਸਕੱਤਰ ਟੂ ਸੀ ਐੱਮ ਨਾਲ਼ ਕੀਤੀ ਗਈ ਮੁਲਾਕਾਤ ਵਿੱਚ ਮੰਗਾਂ ਮੰਨਣ ਦੇ ਭਰੋਸੇ ਦੇ ਬਾਵਜੂਦ ਪਰਨਾਲਾ ਉਥੇ ਦਾ ਉਥੇ ਹੀ ਹੈ। ਗਗਨ ਰਾਣੂ, ਭੁਪਿੰਦਰ ਮਰਦਾਂਹੇੜੀ, ਗੁਰਵਿੰਦਰ ਖੱਟੜਾ, ਗੁਰਜੀਤ ਘੱਗਾ, ਹਰਿੰਦਰ ਪਟਿਆਲਾ ਨੇ ਕਿਹਾ ਕਿ ਸਰਕਾਰ ਦੇ ਇਸ ਰਵਈਏ ਕਾਰਨ ਅਧਿਆਪਕ ਤੇ ਮੁਲਾਜ਼ਮ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ। ਇਸ ਮੌਕੇ ਹਰਵਿੰਦਰ ਬੇਲੂਮਾਜਰਾ, ਸੰਦੀਪ ਚੌਧਰੀ, ਗੁਰਪ੍ਰੀਤ ਨਾਭਾ, ਰਮਨਪ੍ਰੀਤ ਕੌਰ, ਜਸਬੀਰ ਕੌਰ, ਕ੍ਰਿਸ਼ਨ ਚੁਹਾਨਕੇ, ਜਗਜੀਤ ਸਿੰਘ, ਬਲਜਿੰਦਰ ਘੱਗਾ ਉਪਿੰਦਰ ਸਿੰਘ, ਚਮਕੌਰ ਸਿੰਘ ਤੇ ਮੋਹਿਤ ਬਜਾਜ ਆਦਿ ਹਾਜ਼ਰ ਸਨ।

## ਗੋਇਲਜ਼ ਚੈਰੀਟੇਬਲ ਟਰੱਸਟ ਵੱਲੋਂ ਅੰਗ ਅਤੇ ਅੱਖਾਂ ਦੇ ਦਾਨ ਬਾਰੇ ਲੋਕਾਂ ਨੂੰ ਪ੍ਰੇਰਿਤ ਕਰਨ ਦੀ ਮੁਹਿੰਮ



ਪਟਿਆਲਾ, 25 ਅਪ੍ਰੈਲ (ਚ.ਨ.ਸ) : ਗੋਇਲਜ਼ ਚੈਰੀਟੇਬਲ ਫਾਊਂਡੇਸ਼ਨ ਟਰੱਸਟ (ਰਜਿਸਟ੍ਰਡ) ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਅਤੇ ਅਗਰਵਾਲ ਸਮਾਜ ਸਭਾ ਦੇ ਸਹਿਯੋਗ ਨਾਲ ਮਨੀਪਾਲ ਹਸਪਤਾਲ, ਪਟਿਆਲਾ ਵਿਖੇ ਸਰੀਰ, ਅੰਗ ਅਤੇ ਅੱਖਾਂ ਦੇ ਦਾਨ ਬਾਰੇ ਜਾਗਰੂਕਤਾ ਫੈਲਾਉਣ ਲਈ ਤੀਜਾ ਅੰਤਰ-ਕਿਰਿਆਸ਼ੀਲ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਮਨੀਪਾਲ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵਿੱਚ ਡਾ. ਸੰਦੀਪ ਚੰਬਾ, ਡਾ. ਯੋਗੇਸ਼ ਗਰਗ, ਡਾ. ਨਿਤਿਨ ਗੁਪਤਾ, ਡਾ. ਰਾਜਨ ਸਿੰਗਲਾ, ਸਰਕਾਰੀ ਮੈਡੀਕਲ ਕਾਲਜ ਦੇ ਐਨਾਟੋਮੀ ਵਿਭਾਗ ਦੇ ਮੁਖੀ, ਅੱਖਾਂ ਦੇ ਬੈਂਕ ਦੇ ਡਾਕਟਰ, ਸ਼੍ਰੀ ਸੰਜੇ ਰਾਏ, ਸ਼੍ਰੀ ਪ੍ਰਦੀਪ ਸ਼ਰਮਾ (ਡਿਪਟੀ ਮੈਨੇਜਰ) ਅਤੇ ਹਿਤੇਸ਼ ਗੋਇਲ (ਕਾਰਪੋਰੇਟ ਕਾਰਜਕਾਰੀ) ਨੇ ਹਿੱਸਾ ਲਿਆ। ਟਰੱਸਟ ਦੇ ਪ੍ਰਧਾਨ ਸ਼੍ਰੀ ਪਵਨ ਗੋਇਲ ਨੇ ਸਰੀਰ, ਅੰਗਾਂ ਅਤੇ ਅੱਖਾਂ ਦੇ ਦਾਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇੱਕ ਦਾਨੀ ਅੱਠ ਵਿਅਕਤੀਆਂ ਨੂੰ ਨਵੀਂ ਜ਼ਿੰਦਗੀ ਦੇ ਸਕਦਾ ਹੈ ਅਤੇ ਜੀਵਨ ਕਾਲ ਦੌਰਾਨ ਵੀ ਕੁਝ ਅੰਗਾਂ ਦਾ ਦਾਨ ਕੀਤਾ ਜਾ ਸਕਦਾ ਹੈ। ਸੈਮੀਨਾਰ ਦੌਰਾਨ ਜਾਗਰੂਕਤਾ ਵਧਾਉਣ ਲਈ ਕਈ ਸੁਝਾਅ ਵੀ ਦਿੱਤੇ ਗਏ। ਇਸ ਮੌਕੇ 'ਤੇ 9 ਵਿਅਕਤੀਆਂ ਨੇ ਮੌਤ ਤੋਂ ਬਾਅਦ ਸਰੀਰ ਦਾਨ ਅਤੇ 8 ਵਿਅਕਤੀਆਂ ਨੇ ਅੱਖਾਂ ਦਾਨ ਕਰਨ ਦੀ ਇੱਛਾ ਜਤਾਈ।

## ਭਾਸ਼ਾ ਭਵਨ ਵਿਖੇ ਕੁਇਜ਼ ਮੁਕਾਬਲੇ ਕਰਵਾਏ

ਪਟਿਆਲਾ, 25 ਅਪ੍ਰੈਲ (ਚ.ਨ.ਸ) : ਵਿਸ਼ਵ ਧਰਤੀ ਮਾਂ ਦਿਵਸ ਮੌਕੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਵੱਲੋਂ ਵਿਦਿਆਰਥੀਆਂ ਦੇ ਭਾਸ਼ਣ ਕੁਇਜ਼ ਮੁਕਾਬਲੇ ਭਾਸ਼ਾ ਭਵਨ ਵਿਖੇ ਡਾਕਟਰ ਰਾਕੇਸ਼ ਵਰਮੀ ਪ੍ਰਧਾਨ, ਸ਼੍ਰੀ ਹਰਪ੍ਰੀਤ ਸਿੰਘ ਸੰਧੂ ਸਕੱਤਰ ਦੀ ਅਗਵਾਈ ਹੇਠ ਕਰਵਾਏ ਗਏ। ਵੱਖ ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਅਜ ਦੇ ਬਜ਼ੁਰਗਾਂ ਰਾਜਨੀਤਕ ਲੋਕਾਂ ਅਤੇ ਵਿਉਪਾਰੀਆਂ ਵੱਲੋਂ ਆਪਣੇ ਸੁੱਖ, ਸਹੂਲਤਾਂ, ਵੱਧ ਲਾਭ ਲੈਣ, ਸਮੇਂ ਦੀ ਬੱਚਤ ਕਰਨ ਅਤੇ ਆਲੀਸ਼ਾਨ ਇਮਾਰਤਾਂ ਬਨਾਉਣ ਲਈ ਦਰਖਤਾਂ, ਪੌਦਿਆਂ, ਜੰਗਲਾਂ, ਹਰਿਆ ਭਰਿਆ ਪਸ਼ੂ ਪੰਛੀਆਂ ਨਾਲ ਭਰਪੂਰ ਵਾਤਾਵਰਨ, ਪਾਣੀ, ਹਵਾਵਾਂ, ਭੋਜਨ ਉਪਜਾਊ, ਮਿੱਟੀ ਨਾਲ ਬਲਾਤਕਾਰ ਕੀਤੇ ਹਨ, ਜਿਨ੍ਹਾਂ ਕਰਕੇ ਅੱਜ ਜਿੱਥੇ ਗਲੋਬਲ ਵਾਰਮਿੰਗ ਵੱਲੋਂ ਮਾਨਵਤਾ ਦੀ ਤਬਾਹੀ ਕੀਤੀ ਜਾ ਰਹੀ ਹੈ ਉਥੇ ਰਸਾਇਣਕ ਕੀਟਨਾਸ਼ਕ ਜ਼ਹਿਰਾਂ ਦੀ ਲੋੜ ਤੋਂ ਵੱਧ ਵਰਤੋਂ ਕਰਕੇ, ਮਾਨਵਤਾ ਨੂੰ ਸਾਫ਼ ਸਵੱਛ ਭੋਜਨ ਪਾਣੀ ਹਵਾਵਾਂ ਤੋਂ ਬਾਂਝੇ ਕਰ ਦਿੱਤਾ ਹੈ। ਸ਼੍ਰੀ ਕਾਕਾ ਰਾਮ ਵਰਮਾ ਚੀਫ ਟ੍ਰੇਨਰ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ, ਡਾਕਟਰ ਰਿਸ਼ਮਾਂ ਕੋਹਲੀ ਦਿੱਲੀ ਪਬਲਿਕ ਸਕੂਲ ਪਟਿਆਲਾ ਨੇ ਕਿਹਾ ਕਿ ਕੇਵਲ ਵੱਧ ਤੋਂ ਵੱਧ ਪੌਦੇ ਦਰਖਤ ਲਗਾਕੇ ਗਲੋਬਲ ਵਾਰਮਿੰਗ ਪ੍ਰਦੂਸ਼ਣ ਨੂੰ ਰੋਕਿਆ ਨਹੀਂ ਜਾ ਸਕਦਾ ਸਗੋਂ ਪੈਟਰੋਲੀਅਮ, ਗੈਸਾਂ, ਬਿਜਲੀ ਬਾਲਣ, ਏ ਸੀ, ਕੂਲਰਾ ਦੀ ਘਟ ਕਰਨੀਆਂ ਜ਼ਰੂਰੀ ਹਨ, ਕਿਉਂਕਿ ਗੈਸਾਂ ਬਿਜਲੀ ਪੈਟਰੋਲੀਅਮ ਪਦਾਰਥਾਂ ਦੇ ਜਲਨ ਨਾਲ ਤਬਾਹੀਆਂ ਕਰਨ ਵਾਲੀਆਂ ਰਸਾਇਣਕ ਪ੍ਰਮਾਣੂ ਗੈਸਾਂ ਧੂੰਆਂ ਗਰਮੀ, ਵਾਤਾਵਰਨ ਅਤੇ ਸਿਹਤ, ਤੰਦਰੁਸਤੀ ਅਰੋਗਤਾ ਨੂੰ ਬਰਬਾਦ ਕਰ ਰਹੇ ਹਨ। ਭਾਗ ਲੈਣ ਵਾਲੇ 25 ਵਿਦਿਆਰਥੀਆਂ ਨੂੰ ਇਨਾਮ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

## ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਨੇ ਬੱਚਿਆਂ ਨੂੰ ਕਾਪੀਆਂ ਵੰਡੀਆਂ



ਪਟਿਆਲਾ, 25 ਅਪ੍ਰੈਲ (ਚ.ਨ.ਸ) : ਪਿਛਲੇ ਦਿਨੀਂ ਕੌਮਾਂਤਰੀ ਕਿਤਾਬ ਦਿਹਾੜੇ 'ਤੇ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ (ਰਜਿ) ਪਟਿਆਲਾ ਵੱਲੋਂ ਉਘੇ ਸਮਾਜ ਸੇਵੀ ਉਪਕਾਰ ਸਿੰਘ ਪ੍ਰਧਾਨ ਦੀ ਅਗਵਾਈ ਵਿੱਚ ਸੋਨੀ ਪਬਲਿਕ ਸਕੂਲ ਏਕਤਾ ਨਗਰ ਨੇੜੇ ਫੋਕਲ ਪੁਆਇੰਟ ਜ਼ਰੂਰਤਮੰਦ ਅਤੇ ਹੁਸ਼ਿਆਰ ਵਿਦਿਆਰਥੀਆ ਨੂੰ ਕਾਪੀਆ ਵੰਡੀਆਂ। ਇਸ ਮੌਕੇ ਉਪਕਾਰ ਸਿੰਘ ਨੇ ਕਿਹਾ ਕਿ ਕਿਤਾਬਾਂ ਸਿਰਫ਼ ਕਾਗਜ਼ਾਂ ਦਾ ਢੇਰ ਨਹੀ, ਸਗੋਂ ਸਾਡੇ ਵਿਚਾਰਾਂ ਦੀ ਅਮੀਰੀ ਹੈ,ਚੰਗੀਆਂ ਕਿਤਾਬਾਂ ਸਾਡੇ ਮਨ ਨੂੰ ਰੌਸ਼ਨ ਕਰਦੀਆਂ ਹਨ। ਜਿਸ ਘਰ ਵਿੱਚ ਸਾਹਿਤ ਨਾ ਹੋਵੇ।ਇਸ ਮੌਕੇ ਮੁਰਾਰੀ ਲਾਲ ਸਰਮਾ ਪ੍ਰਧਾਨ ਰਾਇਟ ਥਿੰਕਿੰਗ ਵੈਲਫੇਅਰ ਸੁਸਾਇਟੀ ਨੇ ਵਿਦਿਆਰਥੀਆਂ ਨੂੰ ਜੰਕ ਫੂਡ, ਤਲੀਆਂ ਚੀਜ਼ਾ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਇਸ ਮੌਕੇ ਕਾਕਾ ਰਾਮ ਵਰਮਾ, ਜਤਿੰਦਰਪਾਲ ਸਿੰਘ, ਸਕੂਲ ਡਾਇਰੈਕਟਰ ਵਰਿੰਦਰ ਸਿੰਘ ਅਤੇ ਸਕੂਲ ਪ੍ਰਿੰਸੀਪਲ ਮੌਜੂਦ ਸਨ।

## ਮਾਤਾ ਕੁਸ਼ੱਲਿਆ ਹਸਪਤਾਲ 'ਚ ਵਿਸ਼ਵ ਮਲੇਰੀਆ ਦਿਵਸ ਮਨਾਇਆ



ਪਟਿਆਲਾ, 25 ਅਪ੍ਰੈਲ (ਚ.ਨ.ਸ) : ਅੱਜ ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਤਲੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੈਡੀਕਲ ਸੁਪਰਡੈਂਟ ਡਾ. ਵਿਕਾਸ ਗੋਇਲ ਦੀ ਅਗਵਾਈ ਹੇਠ ਪਟਿਆਲਾ ਵਿੱਚ ਮਾਤਾ ਕੁਸ਼ੱਲਿਆ ਹਸਪਤਾਲ ਵਿੱਚ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਸਾਲ ਦਾ ਥੀਮ ਮਲੇਰੀਏ ਨੂੰ ਖਤਮ ਕਰਨ ਲਈ ਪ੍ਰੇਰਿਤ, ਹੁਣ ਅਸੀਂ ਕਰ ਸਕਦੇ ਹਾਂ, ਸਾਨੂੰ ਕਰਨਾ ਚਾਹੀਦਾ ਰੱਖਿਆ ਗਿਆ, ਜਿਸਦਾ ਮਕਸਦ ਮਲੇਰੀਏ ਦੇ ਖਾਤਮੇ ਲਈ ਤੁਰੰਤ ਕਾਰਵਾਈ, ਨਵੀਂ ਸੋਚ ਅਤੇ ਸਾਂਝੀ ਜ਼ਿੰਮੇਵਾਰੀ ਨੂੰ ਉਭਾਰਨਾ ਹੈ। ਇਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਮਲੇਰੀਏ ਤੋਂ ਬਚਾਅ ਅਤੇ ਇਲਾਜ ਬਾਰੇ ਜਾਗਰੂਕ ਕੀਤਾ ਗਿਆ। ਮਲੇਰੀਆ ਇੱਕ ਸੰਕਰਾਮਕ ਬਿਮਾਰੀ ਹੈ ਜੋ ਸੰਕਰਮਿਤ ਮਾਦਾ ਐਨੋਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਮੱਛਰ ਦੇ ਕੱਟਣ ਤੋਂ ਬਾਅਦ ਪਰਜੀਵੀ ਖੂਨ ਵਿੱਚ ਦਾਖਲ ਹੋ ਕੇ ਜਿਗਰ ਵਿੱਚ ਵਧਦੇ ਹਨ ਅਤੇ ਫਿਰ ਲਾਲ ਖੂਨ ਦੇ ਸੈੱਲਾਂ ਨੂੰ ਪ੍ਰਭਾਵਿਤ ਕਰਦੇ ਹਨ। ਮਲੇਰੀਏ ਦੇ ਲੱਛਣ ਆਮ ਤੌਰ 'ਤੇ 10 ਤੋਂ 15 ਦਿਨਾਂ ਵਿੱਚ ਸਾਹਮਣੇ ਆਉਂਦੇ ਹਨ। ਇਸ ਦੇ ਆਮ ਲੱਛਣਾਂ ਵਿੱਚ ਤੇਜ਼ ਬੁਖਾਰ, ਕੰਬਣੀ ਛਿੜਨਾ, ਤਰੇਲੀਆਂ ਆਉਣਾ, ਸਿਰ ਦਰਦ, ਜੀ ਕੱਚਾ ਹੋਣਾ, ਉਲਟੀਆਂ, ਮਾਸਪੇਸ਼ੀਆਂ ਵਿੱਚ ਦਰਦ ਅਤੇ ਥਕਾਵਟ ਸ਼ਾਮਲ ਹਨ। ਸਿਵਲ ਸਰਜਨ ਨੇ ਦੱਸਿਆ ਕਿ ਗਰਭਵਤੀ ਮਹਿਲਾਵਾਂ, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ, ਅਤੇ ਕਮਜ਼ੋਰ ਰੋਗ ਪ੍ਰਤੀਰੋਧਕ ਸ਼ਕਤੀ ਵਾਲੇ ਵਿਅਕਤੀਆਂ ਨੂੰ ਮਲੇਰੀਆ ਹੋਣ ਦਾ ਵੱਧ ਖ਼ਤਰਾ ਹੈ। ਇਸ ਤੋਂ ਇਲਾਵਾ ਜਿੱਥੇ ਗੰਦਗੀ ਅਤੇ ਖੜ੍ਹਾ ਪਾਣੀ ਹੁੰਦਾ ਹੈ, ਉੱਥੇ ਮੱਛਰਾਂ ਦੀ ਵਾਧੂ ਪੈਦਾਵਾਰ ਹੁੰਦੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮਲੇਰੀਏ ਤੋਂ ਬਚਾਅ ਲਈ ਆਪਣੇ ਆਲੇ-ਦੁਆਲੇ ਖੜ੍ਹਾ ਪਾਣੀ ਨਾ ਰਹਿਣ ਦਿਉ, ਪਾਣੀ ਵਾਲੇ ਭਾਂਡੇ ਢੱਕ ਕੇ ਰੱਖੋ, ਪੂਰੀਆਂ ਬਾਂਹਾਂ ਵਾਲੇ ਕੱਪੜੇ ਪਹਿਨੋ ਅਤੇ ਮੱਛਰਦਾਨੀਆਂ ਅਤੇ ਮੌਸਕੀਟੋ ਰੈਪੈਲੈਂਟ ਦਾ ਇਸਤੇਮਾਲ ਕਰੋ। ਮਾਨਸੂਨ ਦੇ ਦੌਰਾਨ ਖਾਸ ਸਾਵਧਾਨੀ ਵਰਤਣ ਦੀ ਲੋੜ ਹੈ। ਇਸ ਮੌਕੇ ਜਿਲਾ ਐਪਿਡੇਮੋਲੋਜਿਸਟ ਡਾ.ਸੁਮਿਤ ਨੇ ਦੱਸਿਆ ਕਿ 2024 ਵਿੱਚ ਪੰਜਾਬ 'ਚ ਮਲੇਰੀਏ ਦੇ 23 ਅਤੇ 2025 'ਚ 16 ਕੇਸ ਦਰਜ ਕੀਤੇ ਗਏ ਸਨ ਪਰ ਸਿਹਤ ਵਿਭਾਗ ਦੇ ਉਪਰਾਲਿਆਂ ਸਦਕਾ ਪਿਛਲੇ ਪੰਜ ਸਾਲਾਂ ਤੋਂ ਲੋਕਲ ਅਬਾਦੀ ਵਿੱਚ ਮਲੇਰੀਏ ਦਾ ਕੋਈ ਕੇਸ ਨਹੀਂ ਆਇਆ। ਇਸ ਮੌਕੇ ਡਾ.ਯਾਦਵਿੰਦਰ ਸਿੰਘ, ਡਾ.ਪਵਿੱਤਰ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੀਰ ਕੌਰ, ਜ਼ਿਲ੍ਹਾ ਬੀਸੀਸੀ ਕੋਆਰਡੀਨੇਟਰ ਜਸਵੀਰ ਕੌਰ, ਐਸਆਈ ਰਣ ਸਿੰਘ ਅਤੇ ਪਰਮਜੀਤ ਸਿੰਘ ਤੋਂ ਇਲਾਵਾ ਐਲਐਚਵੀ ਅਨੀਤਾ ਰਾਣੀ ਮੌਜੂਦ ਸਨ।

## ਵਿਧਾਇਕ ਜੌੜਾਮਾਜਰਾ ਵੱਲੋਂ ਸਕੂਲ ਦੀ ਨਵੀਂ ਬਣੀ ਇਮਾਰਤ ਦਾ ਉਦਘਾਟਨ



ਸਮਾਣਾ, 25 ਅਪ੍ਰੈਲ (ਵਿਜੇ ਕੁਮਾਰ) : ਪੀ.ਐਮ. ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਮਾਣਾ 'ਚ ਸਕੂਲ ਇੰਚਾਰਜ ਸਤਨਾਮ ਸਿੰਘ ਅਤੇ ਸਮੁੱਚੇ ਸਟਾਫ ਦੀ ਅਗਵਾਈ ਵਿਚ ਇਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਨਵੀਂ ਬਣੀ ਇਮਾਰਤ ਦਾ ਉਦਘਾਟਨ ਆਪਣੇ ਕਰ-ਕਮਲਾ ਰਾਹੀ ਕੀਤਾ। ਇਸ ਮੌਕੇ ਉਨ੍ਹਾਂ ਨਾਲ ਆਪ ਆਗੂ ਸੁਨੈਨਾ ਮਿੱਤਲ, ਸੰਜੇ ਮੰਤਰੀ,ਬੀ.ਈ.ਓ. ਗੁਰਪ੍ਰੀਤ ਗੋਲਡੀ ਵੀ ਮੌਜੂਦ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਬੇਟੀਆਂ ਦੀ ਸਿੱਖਿਆ ਸਾਡੀ ਸਰਕਾਰ ਦੀ ਸਰਵਉੱਚ ਤਰਜੀਹ ਹੈ। ਅੰਤ ਵਿਚ ਸਕੂਲ ਇੰਚਾਰਜ ਸਤਨਾਮ ਸਿੰਘ ਨੇ ਮੁੱਖ ਮਹਿਮਾਨ ਅਤੇ ਸਮੁੱਚੇ ਪਤਵੰਤਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਵਿਧਾਇਕ ਜੌੜਾਮਾਜਰਾ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਦੇ ਸਹਿਯੋਗ ਅਤੇ ਅਗਵਾਈ ਸਦਕਾ ਇਹ ਸੁਫਨਾ ਸਾਕਾਰ ਹੋਇਆ।

## ਡੀ.ਬੀ.ਜੀ. ਵੱਲੋਂ ਹਰ ਰੋਜ਼ 100 ਤੋਂ ਵੱਧ ਲੋਕਾਂ ਨੂੰ ਦੁਪਹਿਰ ਦਾ ਖਾਣਾ ਖਿਲਾਉਣਾ ਪ੍ਰਸ਼ੰਸਾਯੋਗ : ਮੋਹਿਤ ਮਹਿੰਦਰਾ



ਪਟਿਆਲਾ, 25 ਅਪ੍ਰੈਲ (ਚ.ਨ.ਸ) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਦੇ ਸੰਸਥਾਪਕ ਅਤੇ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਵੱਖ-ਵੱਖ 35 ਪ੍ਰਾਜੈਕਟਾਂ ਰਾਹੀ ਮਨੁੱਖਤਾ ਦੀ ਭਲਾਈ ਲਈ ਸੇਵਾ ਕੀਤੀ ਜਾ ਰਹੀ ਹੈ। ਫੈਕਟਰੀ ਏਰੀਆ ਪਟਿਆਲਾ ਵਿਖੇ ਹਰ ਰੋਜ 100 ਤੋਂ ਵੱਧ ਲੋਕਾਂ ਨੂੰ ਦੁਪਹਿਰ ਦਾ ਭੋਜਨ ਖਿਲਾਉਣ ਦੀ ਸੇਵਾ ਬਹੁਤ ਹੀ ਪ੍ਰਸੰਸਾਯੋਗ ਹੈ। ਇਹ ਵਿਚਾਰ ਮੋਹਿਤ ਮਹਿੰਦਰਾ ਯੂਥ ਕਾਂਗਰਸ ਪੰਜਾਬ ਦੇ ਪ੍ਰਧਾਨ ਨੇ ਦਿੱਤੇ ਉਨ੍ਹਾਂ ਕਿਹਾ ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ 31 ਸਾਲਾਂ ਤੋਂ ਵੱਖ-ਵੱਖ ਵਰਗ ਦੇ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ।ਇਸ ਮੌਕੇ ਸੰਸਥਾ ਰਾਹੀਂ 96 ਪ੍ਰਤੀਸ਼ਤ ਤੋਂ ਵੱਧ ਅੰਕ ਲੈਣ ਵਾਲੀ ਸਰਕਾਰੀ ਸਕੂਲ ਦੀ 10ਵੀਂ ਕਲਾਸ ਦੀ ਵਿਦਿਆਰਥਣ ਨੂੰ ਸਾਰੇ ਸਾਲ ਦੀ ਫੀਸ ਅਤੇ ਹੋਰ ਖਰਚੇ ਵੀ ਦਿੱਤੇ ਗਏ। ਇਸ ਤੇਜ਼ ਗਰਮੀ ਵਿੱਚ ਜ਼ਰੂਰਤਮੰਦ ਬੱਚਿਆਂ ਨੂੰ ਚੱਪਲਾਂ ਦਿੱਤੀਆਂ ਗਈਆਂ। ਅੰਨਪੂਰਨਾ ਡੀ.ਬੀ.ਜੀ ਦੀ ਰਸੋਈ ਵਿੱਚ ਮੋਹਿਤ ਮਹਿੰਦਰਾ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਰਿਚੀ ਡਕਾਲਾ, ਗੁਲਾਬ ਰਾਏ ਗਰਗ, ਕੁਮਾਰ ਵਿਸ਼ੇਸ਼, ਰਾਜੇਸ਼ ਸ਼ਰਮਾ ਬਲਾਕ ਪ੍ਰਧਾਨ, ਮਿਓਸਪਲ ਕੋਂਸਲਰ ਹਰਵਿੰਦਰ ਸ਼ੁਕਲਾ, ਮਨਜੀਤ ਫਰਿਆਦੀ ਸੀਨੀਅਰ ਆਗੂ ਨੂੰ ਪੰਡਿਤ ਜੀ ਨੇ ਤਿਲਕ ਲਗਾ ਕੇ ਜੀ ਆਇਆਂ ਆਖਿਆ। ਡੀ.ਬੀ.ਜੀ ਪ੍ਰਧਾਨ ਡਾ.ਰਾਕੇਸ਼ ਵਰਮੀ ਅਤੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਸੰਧੂ ਨੇ ਸਵਾਗਤ ਕੀਤਾ। ਪੰਜਾਬ ਯੂਥ ਕਾਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਨੇ ਡੀ.ਬੀ.ਜੀ ਦੀ ਟੀਮ ਅਮਨਜੀਤ ਕੌਰ, ਰਾਜ ਕੌਰ ਦੇ ਨਾਲ ਮਿਹਨਤੀ ਮਜ਼ਦੂਰ ਲੋਕਾਂ ਨੂੰ ਖਾਣਾ ਖਿਲਾਉਣ ਦੀ ਸੇਵਾ ਕੀਤੀ। ਕੁਮਾਰ ਵਿਸ਼ੇਸ਼ ਨੇ ਸੰਬੋਧਨ ਕਰਦੇ ਹੋਏ ਕਿਹਾ ਬਤੌਰ ਡੀ.ਬੀ.ਜੀ ਮੈਂਬਰ ਮੈਨੂੰ ਫਖਰ ਹੈ ਸਾਡੀ ਸੰਸਥਾ ਘੱਟ ਖਰਚ ਵਿੱਚ ਵਧੀਆ ਸੇਵਾਵਾਂ ਦੇ ਰਹੀ ਹੈ। ਹਰਪ੍ਰੀਤ ਸਿੰਘ ਸੰਧੂ ਸਕੱਤਰ ਮਹਾਰਾਣੀ ਰਜਿੰਦਰਾ ਜਿੰਮਖਾਨਾ ਮਹਿੰਦਰਾ ਕਲੱਬ ਨੇ ਕਿਹਾ ਡੀ.ਬੀ.ਜੀ ਨੇ ਫੈਸਲਾ ਲਿਆ ਕਿ ਮਿਹਨਤੀ ਲੋਕਾਂ ਨੂੰ ਦੁਪਹਿਰ ਦਾ ਭੋਜਨ ਸਨਮਾਨ ਸਹਿਤ ਦਿੱਤਾ ਜਾਵੇ। ਜਿਸ ਵਿੱਚ ਰੋਟੀ, ਸਬਜੀ, ਚਾਵਲ, ਕੜਾਹ ਪ੍ਰਸ਼ਾਦ ਦਿੱਤਾ ਜਾਂਦਾ ਹੈ। ਮਨਜੀਤ ਫਰਿਆਦੀ ਕਾਂਗਰਸ ਪਾਰਟੀ ਦੇ ਪੁਰਾਣੇ ਅਤੇ ਵਿਸਵਾਸ਼ਪਾਤਰ ਆਗੂ ਨੇ ਪਹੁੰਚੀ ਸਮੂਚੀ ਟੀਮ ਦਾ ਧੰਨਵਾਦ ਕੀਤਾ। ਮਨਜੀਤ ਸਿੰਘ ਪੂਰਬਾ, ਵਿਕਾਸ ਮਿੱਤਲ, ਦਿਲਪ੍ਰੀਤ ਸਿੰਘ ਬੈਨੀਪਾਲ, ਅਮਨਇੰਦਰ ਸਿੰਘ ਸੈਣੀ, ਜੋਗਿੰਦਰ ਸਿੰਘ ਭਾਟੀਆ, ਮਨਜੀਤ ਕੌਰ, ਚਮਨ ਲਾਲ ਦੱਤ, ਜੋਨੀ, ਅਸ਼ੋਕ ਸ਼ਰਮਾਂ, ਵਿਕਾਸ ਗੋਇਲ, ਓਮ ਪ੍ਰਕਾਸ਼ ਸਿੰਗਲਾ, ਅਮਰਜੀਤ ਕੌਰ, ਰਾਜ ਕੌਰ, ਮਨੋਜ ਕੁਮਾਰ, ਧਰਮਵੀਰ, ਗੁਲਾਬ ਸਿੰਘ, ਮਲਕੀਅਤ ਸਿੰਘ ਨੇ ਪ੍ਰੋਗਰਾਮ ਦੀ ਸਫਲਤਾ ਲਈ ਸਹਿਯੋਗ ਦਿੱਤਾ। ਇਹ ਜਾਣਕਾਰੀ ਅਮਨਇੰਦਰ ਸਿੰਘ ਸੈਣੀ ਨੇ ਦਿੱਤੀ।

## ਦੁਕਾਨ 'ਚ ਦਾਖਲ ਹੋ ਕੇ ਕੀਤੀ ਕੁੱਟਮਾਰ

ਪਟਿਆਲਾ, 25 ਅਪ੍ਰੈਲ (ਵਿਨੋਦ ਸ਼ਰਮਾ): ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਕਰਨਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਭਰਪੂਰ ਗਾਰਡਨ ਪਟਿਆਲਾ ਹਾਲ ਕਿਰਾਏਦਾਰ ਨਿਊ ਅਫਸਰ ਇਨਕਲੇਵ ਪਟਿਆਲਾ ਨੇ ਕਥਿਤ ਦੋਸ਼ੀਆਂ ਕਰਮਵੀਰ ਸਿੰਘ, ਅਮਰਜੀਤ ਸਿੰਘ ਵਾਸੀ ਭਰਪੂਰ ਗਾਰਡਨ ਪ੍ਰੀਤ ਨਗਰ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦੀ ਜੰਡ ਗਲੀ ਪਟਿਆਲਾ ਵਿਖੇ ਕੱਪੜੇ ਦੀ ਦੁਕਾਨ ਹੈ, ਜੋ ਉਹ ਆਪਣੀ ਦੁਕਾਨ ਵਿੱਚ ਬੈਠਾ ਸੀ ਤਾਂ ਉਸ ਦਾ ਭਰਾ ਕਥਿਤ ਦੋਸ਼ੀ ਕਰਮਵੀਰ ਸਿੰਘ ਅਤੇ ਪਿਤਾ ਅਮਰਜੀਤ ਸਿੰਘ ਨੇ ਦੁਕਾਨ ਅੰਦਰ ਦਾਖਲ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਜਾਨੋ ਮਾਰਨ ਦੀਆ ਧਮਕੀਆਂ ਵੀ ਦਿੱਤੀਆਂ। ਵਜਾ ਰੰਜਸ਼ ਇਹ ਹੈ ਕਿ ਦੋਵਾਂ ਧਿਰਾਂ ਦਾ ਪ੍ਰਾਪਰਟੀ ਸਬੰਧੀ ਕੇਸ ਚੱਲਦਾ ਹੈ। ਪੁਲਿਸ ਨੇ ਧਾਰਾ 333,115(2), 351(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਜਨਗਣਨਾ-2026 ਲਈ 'ਸਵੈ-ਗਣਨਾ' ਮੁਹਿੰਮ ਦੀ ਸ਼ੁਰੂਆਤ

### ➢ਨਗਰ ਨਿਗਮ ਕਮਿਸ਼ਨਰ ਵੱਲੋਂ ਸ਼ਹਿਰ ਵਾਸੀਆਂ ਨੂੰ ਪੋਰਟਲ ਰਾਹੀਂ ਵੇਰਵੇ ਦਰਜ ਕਰਨ ਦੀ ਅਪੀਲ



ਪਟਿਆਲਾ, 25 ਅਪ੍ਰੈਲ (ਰੁਪਾਣਾ) : ਭਾਰਤ ਦੀ ਅਗਲੀ ਜਨਗਣਨਾ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜਨਗਣਨਾ ਕਾਰਜ ਪੰਜਾਬ ਦੇ ਡਿਪਟੀ ਡਾਇਰੈਕਟਰ ਸ਼੍ਰੀ ਅਮਿਤ ਕੁਮਾਰ ਭਾਰਗਵ ਅਤੇ ਸਟੈਟਿਸਟੀਕਲ ਇਨਵੈਸਟੀਗੇਟਰ ਗ੍ਰੇਡ-2 ਮਿਸ ਨਿਧੀ ਵੱਲੋਂ ਅੱਜ ਪਟਿਆਲਾ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨਾਲ ਮੁਲਾਕਾਤ ਕਰਕੇ ਜਨਗਣਨਾ ਦੀ ਪ੍ਰਕਿਰਿਆ ਅਤੇ ਖ਼ਾਸ ਕਰਕੇ 'ਸਵੈ-ਗਣਨਾ' ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ। ਡਿਪਟੀ ਡਾਇਰੈਕਟਰ ਅਮਿਤ ਭਾਰਗਵ ਨੇ ਦੱਸਿਆ ਕਿ ਜਨਗਣਨਾ ਵਿਭਾਗ ਵੱਲੋਂ ਲੋਕਾਂ ਦੀ ਸਹੂਲਤ ਲਈ ਇਸ ਵਾਰ ਸਵੈ-ਗਣਨਾ' ਦਾ ਮੌਕਾ ਦਿੱਤਾ ਜਾ ਰਿਹਾ ਹੈ। ਇਸ ਤਹਿਤ ਲੋਕ 30 ਅਪ੍ਰੈਲ ਤੋਂ 14 ਮਈ 2026 ਤੱਕ ਸਰਕਾਰੀ ਪੋਰਟਲ https://se.census.gov.in/ 'ਤੇ ਜਾ ਕੇ ਆਪਣੇ ਅਤੇ ਆਪਣੇ ਪਰਿਵਾਰ ਦੇ ਵੇਰਵੇ ਖੁਦ ਦਰਜ ਕਰ ਸਕਦੇ ਹਨ। ਵੇਰਵੇ ਦਰਜ ਕਰਨ ਤੋਂ ਬਾਅਦ ਇੱਕ ਸਵੈ-ਗਣਨਾ ਆਈ.ਡੀ. ਤਿਆਰ ਹੋਵੇਗੀ। ਇਹ ਆਈ.ਡੀ. ਸੰਭਾਲ ਕੇ ਰੱਖਣੀ ਹੋਵੇਗੀ ਅਤੇ ਜਦੋਂ ਗਣਨਾਕਾਰ ਘਰ-ਘਰ ਆਉਣਗੇ, ਤਾਂ ਉਨ੍ਹਾਂ ਨਾਲ ਇਹ ਆਈ.ਡੀ. ਸਾਂਝੀ ਕਰਨੀ ਹੋਵੇਗੀ। ਨਗਰ ਨਿਗਮ ਕਮਿਸ਼ਨਰ ਨੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਭਰੋਸਾ ਦਿੱਤਾ ਕਿ ਪਟਿਆਲਾ ਸ਼ਹਿਰ ਵਿੱਚ ਜਨਗਣਨਾ ਦੇ ਕੰਮ ਨੂੰ ਸਫ਼ਲਤਾਪੂਰਵਕ ਪੂਰਾ ਕਰਨ ਲਈ ਨਗਰ ਨਿਗਮ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਡਿਜੀਟਲ ਇੰਡੀਆ ਮੁਹਿੰਮ ਦਾ ਹਿੱਸਾ ਬਣਦੇ ਹੋਏ ਵੱਧ ਤੋਂ ਵੱਧ ਇਸ ਪੋਰਟਲ ਦੀ ਵਰਤੋਂ ਕਰਨ ਤਾਂ ਜੋ ਜਨਗਣਨਾ ਦਾ ਕੰਮ ਪਾਰਦਰਸ਼ੀ ਅਤੇ ਸਹੀ ਢੰਗ ਨਾਲ ਹੋ ਸਕੇ। ਇਸ ਤੋਂ ਬਾਅਦ ਟੀਮ ਨੇ ਡਿਪਟੀ ਈ.ਐਸ.ਏ. ਦਫ਼ਤਰ ਵਿਖੇ ਵੀ ਮੀਟਿੰਗ ਕੀਤੀ ਅਤੇ ਅੰਕੜਾ ਇਕੱਤਰ ਕਰਨ ਦੀ ਵਿਧੀ ਬਾਰੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ ਅਤੇ ਜਨਗਣਨਾ ਵਿਭਾਗ ਦੇ ਕਰਮਚਾਰੀ ਹਾਜ਼ਰ ਸਨ।